26-JUNE-PAGE-1.qxd 6/25/2023 8:40 PM Page 1

ਸੋਮਵਾਰ, 26 ਜੂਨ, 2023
12 ਹਾੜ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 25

# ਨਵਾਂ ਜ਼ਮਾਨਾ

DAILY NAWAN ZAMANA • MONDAY, 26 JUNE, 2023    ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਪੀ ਡੀ ਏ ਹੋ ਸਕਦਾ ਹੈ ਨਵੇਂ ਮੋਰਚੇ ਦਾ ਨਾਂਅ

## ਕਰਨਾਟਕ 'ਚ ਹਾਰ ਤੋਂ ਬਾਅਦ ਭਾਜਪਾ ਬੌਂਦਲੀ ਫਿਰਦੀ : ਡੀ ਰਾਜਾ

**ਪਟਨਾ** : ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਜਨਰਲ ਸਕੱਤਰ ਡੀ ਰਾਜਾ ਨੇ ਕਿਹਾ ਹੈ ਕਿ ਪ੍ਰਸਤਾਵਤ ਆਪੋਜ਼ੀਸ਼ਨ ਮੋਰਚੇ ਦਾ ਨਾਂਅ ਪੈਟ੍ਰਿਓਟਿਕ ਡੈਮੋਕਰੇਟਿਕ ਅਲਾਇੰਸ ਜਾਂ ਪੀ ਡੀ ਏ ਹੋ ਸਕਦਾ ਹੈ ਅਤੇ ਇਸ ਬਾਰੇ ਅੰਤਮ ਫੈਸਲਾ 10-12 ਜੁਲਾਈ ਨੂੰ ਸ਼ਿਮਲਾ ਵਿਚ ਹੋਣ ਵਾਲੀ ਬੈਠਕ 'ਚ ਲਿਆ ਜਾਵੇਗਾ।

ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਆਪੋਜ਼ੀਸ਼ਨ ਪਾਰਟੀਆਂ ਦੀ ਬੈਠਕ ਤੋਂ ਬਾਅਦ ਪ੍ਰੈੱਸ ਕਾਨਫਰੰਸ ਵਿਚ ਕਿਹਾ ਸੀ— ਇਨ੍ਹਾਂ ਪਾਰਟੀਆਂ ਨੂੰ 'ਆਪੋਜ਼ੀਸ਼ਨ' ਨਹੀਂ, ਸਗੋਂ 'ਪੈਟ੍ਰਿਓਟਿਕ' ਕਹਿਣਾ ਚਾਹੀਦਾ ਹੈ, ਕਿਉਂਕਿ ਅਸੀਂ ਸਾਰੇ ਭਾਰਤ ਦੇ ਨਾਗਰਿਕ ਹਾਂ।

ਇਸੇ ਦੌਰਾਨ ਕਾਮਰੇਡ ਰਾਜਾ ਨੇ ਇਕ ਖਬਰ ਏਜੰਸੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕ ਸਭਾ ਚੋਣਾਂ 'ਚ ਭਾਜਪਾ ਨੂੰ ਹਰਾਉਣ ਲਈ ਇਕੱਠੀਆਂ ਹੋ ਰਹੀਆਂ ਆਪੋਜ਼ੀਸ਼ਨ ਪਾਰਟੀਆਂ ਲਈ ਇਸ ਵੇਲੇ ਇਹ ਕੋਈ ਮੁੱਦਾ ਨਹੀਂ ਕਿ ਗੱਠਜੋੜ ਦਾ ਆਗੂ ਕੌਣ ਹੋਵੇਗਾ। ਉਨ੍ਹਾ ਕਿਹਾ ਕਿ ਬੈਠਕ ਵਿਚ ਹਿੱਸਾ ਲੈਣ ਵਾਲੀਆਂ ਸੈਕੂਲਰ ਜਮਹੂਰੀ ਪਾਰਟੀਆਂ ਕਿਸੇ ਵੀ ਮੁੱਦੇ 'ਤੇ ਸਮੂਹਕ ਤੌਰ 'ਤੇ ਫੈਸਲਾ ਲੈਣ ਦੇ ਸਮਰੱਥ ਹਨ।



ਇਹ ਪੁੱਛੇ ਜਾਣ 'ਤੇ ਕਿ ਕੀ ਆਪੋਜ਼ੀਸ਼ਨ ਗੱਠਜੋੜ ਦਾ ਅਗਲਾ ਕਦਮ ਸੀਟਾਂ ਦੀ ਵੰਡ ਤੇ ਸਾਂਝੇ ਏਜੰਡੇ ਨੂੰ ਅੰਤਮ ਰੂਪ ਦੇਣਾ ਹੋਵੇਗਾ, ਕਾਮਰੇਡ ਰਾਜਾ ਨੇ ਕਿਹਾ ਕਿ ਆਪੋਜ਼ੀਸ਼ਨ ਪਾਰਟੀਆਂ ਨੇ ਬੈਠਕ ਤੋਂ ਬਾਅਦ ਪ੍ਰੈੱਸ ਕਾਨਫਰੰਸ ਵਿਚ ਇਸ ਦੇਸ਼ ਦੇ ਲੋਕਾਂ ਨੂੰ ਦੱਸਿਆ ਹੈ ਕਿ ਉਹ ਸਾਰੀਆਂ ਇਕੱਠੀਆਂ ਹਨ ਤੇ ਉਨ੍ਹਾਂ ਸੰਵਿਧਾਨ ਨੂੰ ਬਚਾਉਣ ਲਈ ਭਾਜਪਾ ਨੂੰ ਹਰਾਉਣ ਦਾ ਤਹੱਈਆ ਕੀਤਾ ਹੋਇਆ ਹੈ। ਹੋਰਨਾਂ ਮੁੱਦਿਆਂ 'ਤੇ ਚਰਚਾ ਕਰਕੇ ਫੈਸਲੇ ਲਏ ਜਾਂਦੇ ਰਹਿਣਗੇ।

ਇਹ ਪੁੱਛੇ ਜਾਣ 'ਤੇ ਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਬੈਠਕ ਵਿਚ ਹਿੱਸਾ ਲੈਣ ਤੋਂ ਬਾਅਦ ਪ੍ਰੈੱਸ ਕਾਨਫਰੰਸ 'ਚ ਮੌਜੂਦ ਨਾ ਰਹਿਣ ਨਾਲ ਆਪੋਜ਼ੀਸ਼ਨ ਏਕਤਾ ਨੂੰ ਧੱਕਾ ਤਾਂ ਨਹੀਂ ਲੱਗਾ, ਕਾਮਰੇਡ ਰਾਜਾ ਨੇ ਕਿਹਾ—ਮੈਂ ਇਸ ਨੂੰ ਧੱਕਾ ਨਹੀਂ ਸਮਝਦਾ। ਇਕ ਤਰ੍ਹਾਂ ਨਾਲ ਇਸ ਨੂੰ ਹਾਂ-ਪੱਖੀ ਵੀ ਸਮਝਣਾ ਚਾਹੀਦਾ ਹੈ, ਕਿਉਂਕਿ ਅਸੀਂ ਸਾਰੀਆਂ ਆਜ਼ਾਦ ਪਾਰਟੀਆਂ ਹਾਂ, ਕੁਝ ਮੁੱਦਿਆਂ 'ਤੇ ਵਿਚਾਰਾਂ 'ਚ ਛੋਟਾ-ਮੋਟਾ ਵਖਰੇਵਾਂ ਹੋ ਸਕਦਾ ਹੈ, ਪਰ ਅਸੀਂ ਇਸ ਨੂੰ ਦੂਰ ਕਰਦੇ ਜਾ ਰਹੇ ਹਾਂ ਤੇ ਅਸੀਂ ਇਕੱਠਿਆਂ ਚੱਲਣ ਦਾ ਫੈਸਲਾ ਕੀਤਾ ਹੈ। ਅਸੀਂ ਸਾਰੇ ਸਮਝਦੇ ਹਾਂ ਕਿ ਦੇਸ਼ ਚੁਣੌਤੀਆਂ ਦੇ ਦੌਰ 'ਚੋਂ ਲੰਘ ਰਿਹਾ ਹੈ ਅਤੇ ਸੰਵਿਧਾਨ, ਜਮਹੂਰੀਅਤ, ਸੈਕੂਲਰਿਜ਼ਮ ਤੇ ਦੇਸ਼ ਦੀ ਵਿਭਿੰਨਤਾ ਹਮਲੇ ਹੇਠ ਹਨ।

ਕਾਮਰੇਡ ਰਾਜਾ ਨੇ ਇਹ ਵੀ ਕਿਹਾ ਕਿ ਕੇਜਰੀਵਾਲ ਤੇ ਮਾਨ ਨੇ ਜਹਾਜ਼ ਫੜਨੇ ਸਨ, ਇਸ ਕਰਕੇ ਉਹ ਪ੍ਰੈੱਸ ਕਾਨਫਰੰਸ ਤੋਂ ਪਹਿਲਾਂ ਨਿਕਲ ਗਏ। ਇਹ ਗੱਲ ਸਮਝਣੀ ਚਾਹੀਦੀ ਹੈ ਕਿ ਉਹ ਪੂਰੀ ਬੈਠਕ ਵਿਚ ਮੌਜੂਦ ਰਹੇ। ਇਹ ਪੁੱਛੇ ਜਾਣ 'ਤੇ ਕਿ ਕੀ ਆਮ ਆਦਮੀ ਪਾਰਟੀ ਭਾਜਪਾ ਵਿਰੋਧੀ ਗੱਠਜੋੜ ਦਾ ਹਿੱਸਾ ਬਣੇਗੀ, ਕਾਮਰੇਡ ਰਾਜਾ ਨੇ ਕਿਹਾ ਕਿ ਇਹ ਫੈਸਲਾ ਉਨ੍ਹਾਂ ਨੇ ਕਰਨਾ ਹੈ।

ਭਾਜਪਾ ਵੱਲੋਂ ਆਪੋਜ਼ੀਸ਼ਨ ਦੀ ਬੈਠਕ ਨੂੰ ਮੌਕਾਪ੍ਰਸਤਾਂ ਦੀ ਮਿਲਣੀ ਕਹਿਣ 'ਤੇ ਕਾਮਰੇਡ ਰਾਜਾ ਨੇ ਕਿਹਾ ਕਿ ਕਰਨਾਟਕ ਦੇ ਲੋਕਾਂ ਵੱਲੋਂ ਝਟਕਾ ਦੇਣ ਤੋਂ ਬਾਅਦ ਭਾਜਪਾ ਬੌਂਦਲ ਗਈ ਹੈ। ਉਸ ਨੂੰ ਪਤਾ ਹੈ ਕਿ ਦੇਸ਼ ਵਿਚ ਲੋਕ ਉਸ ਤੋਂ ਉਪਰਾਮ ਹਨ ਤੇ ਕਰਨਾਟਕ ਤੋਂ ਬਾਅਦ ਉਸ ਦੇ ਕੌਮੀ ਪੱਧਰ 'ਤੇ ਹਾਰਨ ਦੀ ਸ਼ੁਰੂਆਤ ਹੋ ਚੁੱਕੀ ਹੈ। ਇਸੇ ਕਰਕੇ ਉਹ ਆਪੋਜ਼ੀਸ਼ਨ ਪਾਰਟੀਆਂ ਨੂੰ ਗਾਲ੍ਹਾਂ ਕੱਢ ਰਹੀ ਹੈ।

ਆਪੋਜ਼ੀਸ਼ਨ ਪਾਰਟੀਆਂ ਨੂੰ ਬਿਨਾਂ ਲਾੜੇ ਦੀ ਜੰਞ ਦੱਸਣ 'ਤੇ ਕਾਮਰੇਡ ਰਾਜਾ ਨੇ ਕਿਹਾ ਕਿ ਭਾਜਪਾ ਨੂੰ ਅਜਿਹੇ ਬੇਤੁਕੇ ਬਿਆਨ ਨਹੀਂ ਦੇਣੇ ਚਾਹੀਦੇ।

ਦੇਸ਼ ਜਾਣਦਾ ਹੈ ਕਿ ਜਦੋਂ 1990ਵਿਆਂ ਵਿਚ ਸਾਂਝੇ ਮੋਰਚੇ ਦੀ ਸਰਕਾਰ ਬਣੀ ਸੀ ਤਾਂ ਕਿਵੇਂ ਐੱਚ ਦੀ ਦੇਵੇਗੌਂੜਾ ਤੇ ਆਈ ਕੇ ਗੁਜਰਾਲ ਪ੍ਰਧਾਨ ਮੰਤਰੀ ਚੁਣੇ ਗਏ ਸਨ। ਮੌਕਾ ਆਉਣ 'ਤੇ ਪਾਰਟੀਆਂ ਪ੍ਰਧਾਨ ਮੰਤਰੀ ਦਾ ਸਮੂਹਕ ਤੌਰ 'ਤੇ ਫੈਸਲਾ ਕਰ ਲੈਣਗੀਆਂ।

# ਇੰਫਾਲ 'ਚ 12 ਦਹਿਸ਼ਤਗਰਦ ਛੱਡੇ



**ਇੰਫਾਲ** : ਮਨੀਪੁਰ ਦੇ ਪੂਰਬੀ ਇੰਫਾਲ ਜ਼ਿਲ੍ਹੇ 'ਚ ਸੁਰੱਖਿਆ ਬਲਾਂ ਨੇ ਕਾਂਗਲੀ ਯਾਵੋਲ ਕਾਨਾ ਲੁਪ (ਕੇ ਵਾਈ ਕੇ ਐੱਲ) ਜਥੇਬੰਦੀ ਦੇ 12 ਦਹਿਸ਼ਤਗਰਦਾਂ ਨੂੰ ਸਨਿੱਚਰਵਾਰ ਹਿਰਾਸਤ 'ਚ ਲੈਣ ਮਗਰੋਂ ਸਥਾਨਕ ਆਗੂਆਂ ਦੇ ਹਵਾਲੇ ਕਰ ਦਿੱਤਾ। ਇਕ ਅਧਿਕਾਰੀ ਨੇ ਕਿਹਾ ਕਿ ਮਹਿਲਾਵਾਂ ਦੀ ਅਗਵਾਈ ਵਾਲੇ 1500 ਦੇ ਕਰੀਬ ਲੋਕਾਂ ਤੇ ਸਥਾਨਕ ਆਗੂਆਂ ਦੇ ਹਜੂਮ ਨੇ ਜਦੋਂ ਸੁਰੱਖਿਆ ਬਲਾਂ ਨੂੰ ਘੇਰਾ ਪਾ ਕੇ ਅੱਗੇ ਵਧਣ ਤੋਂ ਰੋਕਿਆ ਤਾਂ ਸਲਾਮਤੀ ਦਸਤਿਆਂ ਨੇ ਦਹਿਸ਼ਤਗਰਦਾਂ ਨੂੰ ਸਥਾਨਕ ਆਗੂਆਂ ਦੇ ਹਵਾਲੇ ਕਰ ਦਿੱਤਾ। ਰੱਖਿਆ ਤਰਜਮਾਨ ਮੁਤਾਬਕ ਫੌਜ ਤੇ ਅਸਾਮ ਰਾਈਫਲਜ਼ ਨੇ ਖੁਫੀਆ ਜਾਣਕਾਰੀ ਦੇ ਅਧਾਰ 'ਤੇ ਸਨਿੱਚਰਵਾਰ ਰਾਤ ਨੂੰ ਇਥਾਮ ਪਿੰਡ ਦੀ ਘੇਰਾਬੰਦੀ ਕਰਕੇ ਵਿਸ਼ੇਸ਼ ਤਲਾਸ਼ੀ ਮੁਹਿੰਮ ਚਲਾਈ ਸੀ। ਇਸ ਦੌਰਾਨ ਸੁਰੱਖਿਆ ਬਲਾਂ ਨੇ ਕੇ ਵਾਈ ਕੇ ਐੱਲ ਕੇਡਰ ਦੇ 12 ਕਾਰਕੁਨਾਂ ਨੂੰ ਹਥਿਆਰਾਂ ਤੇ ਹੋਰ ਗੋਲੀ-ਸਿੱਕੇ ਸਮੇਤ ਗ੍ਰਿਫਤਾਰ ਕੀਤਾ। ਇਨ੍ਹਾਂ 'ਚ ਅਖੌਤੀ ਲੈਫਟੀਨੈਂਟ ਕਰਨਲ ਮੋਈਰਾਂਗਥਮ ਤਾਂਬਾ ਉਰਫ ਉੱਤਮ ਵੀ ਸ਼ਾਮਲ ਹੈ। ਤਰਜਮਾਨ ਨੇ ਕਿਹਾ ਕਿ ਉੱਤਮ ਸਾਲ 2015 'ਚ 6ਵੀਂ ਡੋਗਰਾ ਬਟਾਲੀਅਨ ਨੂੰ ਘੇਰਾ ਪਾ ਕੇ ਕੀਤੇ ਮੁਕਾਬਲੇ ਦਾ ਮੁੱਖ ਸਾਜ਼ਿਸ਼ਘਾੜਾ ਸੀ। ਦਹਿਸ਼ਤਗਰਦਾਂ ਨੂੰ ਸਥਾਨਕ ਆਗੂਆਂ ਦੇ ਹਵਾਲੇ ਕਰਨ ਮਗਰੋਂ ਸੁਰੱਖਿਆ ਬਲ ਮੌਕੇ ਤੋਂ ਬਰਾਮਦ ਹਥਿਆਰ ਤੇ ਗੋਲੀ-ਸਿੱਕਾ ਲੈ ਕੇ ਉਥੋਂ ਚਲੇ ਗਏ। ਇਸੇ ਦੌਰਾਨ ਮਨੀਪੁਰ ਦੇ ਮੁੱਖ ਮੰਤਰੀ ਐੱਨ ਬੀਰੇਨ ਸਿੰਘ ਐਤਵਾਰ ਦਿੱਲੀ 'ਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਉਨ੍ਹਾ ਦੀ ਰਿਹਾਇਸ਼ 'ਤੇ ਮਿਲੇ।

ਸੂਤਰਾਂ ਮੁਤਾਬਕ ਸਿੰਘ ਨੇ ਸ਼ਾਹ ਨੂੰ ਸੂਬੇ ਦੇ ਮੌਜੂਦਾ ਹਾਲਾਤ ਬਾਰੇ ਸੰਖੇਪ 'ਚ ਜਾਣਕਾਰੀ ਦਿੱਤੀ। ਮੁੱਖ ਮੰਤਰੀ ਅਜਿਹੇ ਮੌਕੇ ਦਿੱਲੀ ਆਏ ਹਨ, ਜਦੋਂ ਇਕ ਦਿਨ ਪਹਿਲਾਂ ਸ਼ਾਹ ਨੇ ਸਰਬ-ਪਾਰਟੀ ਮੀਟਿੰਗ ਸੱਦ ਕੇ ਦਾਅਵਾ ਕੀਤਾ ਸੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਿੰਸਾ ਦੇ ਝੰਬੇ ਮਨੀਪੁਰ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਤੇ ਉਹ ਇਸ ਸੰਵੇਦਨਸ਼ੀਲ ਮੁੱਦੇ ਦਾ ਹੱਲ ਲੱਭਣ ਲਈ ਸੇਧ ਦੇ ਰਹੇ ਹਨ।

## ਨਵਾਜ਼ ਸ਼ਰੀਫ 37 ਸਾਲ ਪੁਰਾਣੇ ਵੱਢੀ ਦੇ ਮਾਮਲੇ 'ਚੋਂ ਬਰੀ



**ਲਾਹੌਰ** : ਪਾਕਿਸਤਾਨ ਦੀ ਇਹਤਸਾਬ ਕੋਰਟ ਨੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ 37 ਸਾਲ ਪੁਰਾਣੇ ਵੱਢੀ ਮਾਮਲੇ 'ਚ ਬਰੀ ਕਰ ਦਿੱਤਾ ਹੈ। ਸ਼ਰੀਫ 'ਤੇ ਦੋਸ਼ ਸੀ ਕਿ ਉਸ ਨੇ ਇਕ ਉੱਘੇ ਮੀਡੀਆ ਅਦਾਰੇ ਨੂੰ ਰਿਸ਼ਵਤ ਵਜੋਂ ਪੰਜਾਬ ਸੂਬੇ ਦੀ ਰਾਜਧਾਨੀ ਲਾਹੌਰ 'ਚ ਬੇਸ਼ਕੀਮਤੀ ਸਰਕਾਰੀ ਜ਼ਮੀਨ ਤਬਦੀਲ ਕੀਤੀ ਸੀ। ਕੋਰਟ ਨੇ ਇਹ ਫੈਸਲਾ ਅਜਿਹੇ ਮੌਕੇ ਸੁਣਾਇਆ ਹੈ, ਜਦੋਂ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ, ਜੋ ਪਾਕਿਸਤਾਨ ਮੁਸਲਿਮ ਲੀਗ ਨਵਾਜ਼ ਦੇ ਸੁਪਰੀਮੋ ਨਵਾਜ਼ ਸ਼ਰੀਫ ਦੇ ਛੋਟੇ ਭਰਾ ਹਨ, ਦੀ ਅਗਵਾਈ ਵਾਲੀ ਸਰਕਾਰ ਨੇ ਸਿਆਸਤਦਾਨਾਂ 'ਤੇ ਲੱਗੀ ਉਮਰ-ਭਰ ਦੀ ਪਾਬੰਦੀ ਹਟਾਉਣ ਲਈ ਕਾਨੂੰਨਾਂ 'ਚ ਕੁਝ ਅਹਿਮ ਸੋਧਾਂ ਕੀਤੀਆਂ ਹਨ। ਕੋਰਟ ਤੋਂ ਮਿਲੀ ਰਾਹਤ ਨਾਲ ਤਿੰਨ ਵਾਰ ਮੁਲਕ ਦੇ ਪ੍ਰਧਾਨ ਮੰਤਰੀ ਰਹੇ ਨਵਾਜ਼ ਸ਼ਰੀਫ (73) ਲਈ ਸਾਲ ਦੇ ਅਖੀਰ 'ਚ ਹੋਣ ਵਾਲੀਆਂ ਆਮ ਚੋਣਾਂ ਲੜਨ ਦਾ ਰਾਹ ਪੱਧਰਾ ਹੋ ਜਾਵੇਗਾ।

## ਵਿਕਾਸ ਦਰ 6.5 ਰਹਿਣ ਦਾ ਭਰੋਸਾ

**ਮੁੰਬਈ** : ਭਾਰਤੀ ਰਿਜ਼ਰਵ ਬੈਂਕ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਚਾਲੂ ਵਿੱਤੀ ਸਾਲ 'ਚ ਜੀ ਡੀ ਪੀ ਅਧਾਰਤ ਵਿਕਾਸ ਦਰ 6.5 ਫੀਸਦੀ ਰਹਿਣ ਦਾ ਭਰੋਸਾ ਜਤਾਇਆ ਹੈ। ਦਾਸ ਨੇ ਕਿਹਾ ਕਿ ਉਨ੍ਹਾ ਕਈ ਪਹਿਲੂਆਂ 'ਤੇ ਗੌਰ ਕਰਨ ਮਗਰੋਂ ਵਿਕਾਸ ਦਰ ਦਾ ਅਨੁਮਾਨ ਲਾਇਆ ਹੈ ਤੇ ਇਸ ਟੀਚੇ ਨੂੰ ਹਾਸਲ ਕਰਨ ਦੀ ਪੂਰੀ ਉਮੀਦ ਹੈ। ਉਨ੍ਹਾ ਕਿਹਾ ਕਿ ਉਹ ਖਪਤਕਾਰ ਕੀਮਤ ਸੂਚਕ ਅੰਕ ਅਧਾਰਤ ਮਹਿੰਗਾਈ ਨੂੰ 4 ਫੀਸਦੀ 'ਤੇ ਲਿਆਉਣ ਦੀ ਕੋਸ਼ਿਸ਼ ਕਰਨਗੇ। ਉਨ੍ਹਾ ਆਸ ਜਤਾਈ ਕਿ ਮੌਨਸੂਨ ਐਤਕੀਂ ਆਮ ਵਾਂਗ ਰਹੇਗਾ, ਪਰ ਉਨ੍ਹਾ ਅਲ-ਨੀਨੋ ਨੂੰ ਲੈ ਕੇ ਫਿਕਰ ਜਤਾਇਆ, ਜਿਸ ਦਾ ਸਿੱਧਾ ਅਸਰ ਖੁਰਾਕੀ ਮਹਿੰਗਾਈ 'ਤੇ ਪੈ ਸਕਦਾ ਹੈ।

## ਰੂਸ ਪ੍ਰੀਗੋਜ਼ਿਨ ਖਿਲਾਫ ਮੁਕੱਦਮਾ ਨਹੀਂ ਚਲਾਏਗਾ



**ਮਾਸਕੋ** : ਰੂਸ ਨੇ ਕਿਹਾ ਹੈ ਕਿ ਉਹ ਸਰਕਾਰ ਖਿਲਾਫ ਬਾਗੀ ਤੇਵਰ ਦਿਖਾਉਣ ਵਾਲੇ ਵੈਗਨਰ ਗਰੁੱਪ (ਨਿੱਜੀ ਸੈਨਾ) ਦੇ ਮੁਖੀ ਯੇਵਗੇਨੀ ਪ੍ਰੀਗੋਜ਼ਿਨ ਤੇ ਉਸ ਦੇ ਲੜਾਕਿਆਂ ਖਿਲਾਫ ਕੋਈ ਮੁਕੱਦਮਾ ਨਹੀਂ ਚਲਾਏਗਾ। ਰੂਸ ਖਿਲਾਫ ਹਥਿਆਰਾਂ ਨਾਲ ਬਗਾਵਤ ਦਾ ਐਲਾਨ ਕਰਨ ਵਾਲੇ ਪ੍ਰੀਗੋਜ਼ਿਨ ਨੇ ਆਪਣੇ ਲੜਾਕਿਆਂ ਨੂੰ ਰੂਸ ਦੀ ਰਾਜਧਾਨੀ ਮਾਸਕੋ ਵੱਲ ਕੂਚ ਕਰਨ ਦੇ ਹੁਕਮ ਦਿੱਤੇ ਸਨ। ਹਾਲਾਂਕਿ ਮਗਰੋਂ ਉਸ ਨੇ ਲੜਾਕਿਆਂ ਨੂੰ ਯਕਦਮ ਰਾਹ ਬਦਲਣ ਨੂੰ ਕਹਿ ਦਿੱਤਾ ਸੀ। ਕਰੈਮਲਿਨ ਨੇ ਕਿਹਾ ਕਿ ਇਕ ਸਮਝੌਤੇ ਤਹਿਤ ਪ੍ਰੀਗੋਜ਼ਿਨ ਖਿਲਾਫ ਕੋਈ ਮੁਕੱਦਮਾ ਨਹੀਂ ਚੱਲੇਗਾ ਤੇ ਉਹ ਗੁਆਂਢੀ ਮੁਲਕ ਬੇਲਾਰੂਸ ਚਲਾ ਜਾਵੇਗਾ। ਪ੍ਰੀਗੋਜ਼ਿਨ ਦੇ ਬਾਗੀ ਸੁਰ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਲਈ ਵੱਡੀ ਚੁਣੌਤੀ ਸਨ। ਰਾਸ਼ਟਰਪਤੀ ਪੁਤਿਨ ਪਿਛਲੇ ਦੋ ਦਹਾਕਿਆਂ ਤੋਂ ਸੱਤਾ ਵਿਚ ਹਨ।

## ਕੁਸ਼ਤੀ ਫੈਡਰੇਸ਼ਨ ਦੀਆਂ ਚੋਣਾਂ 'ਤੇ ਰੋਕ

**ਗੁਹਾਟੀ** : ਅਸਾਮ ਕੁਸ਼ਤੀ ਐਸੋਸੀਏਸ਼ਨ ਦੀ ਪਟੀਸ਼ਨ 'ਤੇ ਗੁਹਾਟੀ ਹਾਈ ਕੋਰਟ ਨੇ 11 ਜੁਲਾਈ ਨੂੰ ਹੋਣ ਵਾਲੀਆਂ ਭਾਰਤੀ ਕੁਸ਼ਤੀ ਫੈਡਰੇਸ਼ਨ ਦੀਆਂ ਚੋਣਾਂ 'ਤੇ ਐਤਵਾਰ ਰੋਕ ਲਾ ਦਿੱਤੀ। ਅਸਾਮ ਕੁਸ਼ਤੀ ਐਸੋਸੀਏਸ਼ਨ ਨੇ ਭਾਰਤੀ ਕੁਸ਼ਤੀ ਫੈਡਰੇਸ਼ਨ, ਭਾਰਤੀ ਉਲੰਪਿਕ ਐਸੋਸੀਏਸ਼ਨ ਦੀ ਐਡਹਾਕ ਬਾਡੀ ਤੇ ਕੇਂਦਰੀ ਖੇਡ ਮੰਤਰਾਲੇ ਖਿਲਾਫ ਆਪਣੀ ਪਟੀਸ਼ਨ ਵਿਚ ਕਿਹਾ ਹੈ ਕਿ 15 ਨਵੰਬਰ 2014 ਨੂੰ ਭਾਰਤੀ ਕੁਸ਼ਤੀ ਫੈਡਰੇਸ਼ਨ ਦੀ ਗੋਂਡਾ ਵਿਚ ਹੋਈ ਜਨਰਲ ਕੌਂਸਲ ਮੀਟਿੰਗ 'ਚ ਫੈਡਰੇਸ਼ਨ ਦੀ ਐਗਜ਼ੈਕਟਿਵ ਕਮੇਟੀ ਨੇ ਉਸ ਦੇ ਫੈਡਰੇਸ਼ਨ ਨਾਲ ਮੈਂਬਰ ਵਜੋਂ ਇਲਹਾਕ ਦੀ ਸਿਫਾਰਸ਼ ਕੀਤੀ ਸੀ, ਪਰ ਉਸ ਨੂੰ ਅਜੇ ਤਕ ਮੈਂਬਰ ਨਹੀਂ ਬਣਾਇਆ ਗਿਆ। ਭਾਰਤੀ ਉਲੰਪਿਕ ਐਸੋਸੀਏਸ਼ਨ ਵੱਲੋਂ ਬਣਾਏ ਗਏ ਪੈਨਲ ਨੇ 11 ਜੁਲਾਈ ਨੂੰ ਚੋਣ ਦਾ ਐਲਾਨ ਕੀਤਾ ਸੀ ਤੇ ਨਾਮਜ਼ਦਗੀਆਂ ਦੀ ਆਖਰੀ ਤਰੀਕ 25 ਜੂਨ ਸੀ। ਅਸਾਮ ਕੁਸ਼ਤੀ ਐਸੋਸੀਏਸ਼ਨ ਨੇ ਕਿਹਾ ਕਿ ਜੇ ਉਸ ਦਾ ਫੈਡਰੇਸ਼ਨ ਨਾਲ ਇਲਹਾਕ ਨਹੀਂ ਹੁੰਦਾ, ਉਹ ਚੋਣਾਂ ਵਿਚ ਵੋਟ ਪਾਉਣ ਲਈ ਪ੍ਰਤੀਨਿਧ ਨੂੰ ਕਿਵੇਂ ਨਾਮਜ਼ਦ ਕਰੇਗੀ, ਇਸ ਕਰਕੇ ਚੋਣ ਅਮਲ ਰੋਕਿਆ ਜਾਵੇ। ਗੁਹਾਟੀ ਹਾਈ ਕੋਰਟ ਨੇ ਫੈਡਰੇਸ਼ਨ ਦੀ ਐਡਹਾਕ ਬਾਡੀ ਤੇ ਖੇਡ ਮੰਤਰਾਲੇ ਨੂੰ ਨੋਟਿਸ ਜਾਰੀ ਕਰਕੇ ਕਿਹਾ ਕਿ ਸੁਣਵਾਈ ਦੀ ਆਖਰੀ ਤਰੀਕ ਤੈਅ ਹੋਣ ਤੱਕ ਐਗਜ਼ੈਕਟਿਵ ਕਮੇਟੀ ਦੀਆਂ ਚੋਣਾਂ ਨਾ ਕਰਾਈਆਂ ਜਾਣ।

## ਏਦਾਂ ਦਾ ਝੂਠਾ ਪ੍ਰਧਾਨ ਮੰਤਰੀ ਨਹੀਂ ਦੇਖਿਆ : ਸਿਧਾਰਮੱਈਆ



**ਸਾਂਗਲੀ** : ਕਰਨਾਟਕ ਦੇ ਮੁੱਖ ਮੰਤਰੀ ਸਿਧਾਰਮਈਆ ਨੇ ਇੱਥੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੂੰ ਘੇਰਦੇ ਹੋਏ ਕਿਹਾ ਕਿ ਉਨ੍ਹਾ ਆਪਣੇ 40 ਸਾਲਾਂ ਦੇ ਸਿਆਸੀ ਕੈਰੀਅਰ ਦੌਰਾਨ ਅਜਿਹਾ ਪ੍ਰਧਾਨ ਮੰਤਰੀ ਨਹੀਂ ਦੇਖਿਆ, ਜੋ ਝੂਠ ਬੋਲਦਾ ਹੋਵੇ। ਉਨ੍ਹਾ ਕਿਹਾ— ਆਪਣੀ 40 ਸਾਲਾਂ ਦੀ ਸਿਆਸੀ ਜ਼ਿੰਦਗੀ 'ਚ ਮੈਂ ਕਦੇ ਅਜਿਹਾ ਪ੍ਰਧਾਨ ਮੰਤਰੀ ਨਹੀਂ ਦੇਖਿਆ, ਜੋ ਝੂਠ ਬੋਲਦਾ ਹੋਵੇ। 2014 'ਚ ਉਸ (ਮੋਦੀ) ਨੇ ਲੋਕਾਂ ਦੇ ਬੈਂਕ ਖਾਤਿਆਂ 'ਚ 15 ਲੱਖ ਰੁਪਏ ਜਮ੍ਹਾਂ ਕਰਨ, ਦੋ ਕਰੋੜ ਨੌਕਰੀਆਂ ਤੇ 'ਅੱਛੇ ਦਿਨ ਲਿਆਉਣ' ਦੀ ਗੱਲ ਕੀਤੀ। ਕੀ ਅਜਿਹਾ ਕੁਝ ਹੋਇਆ?

## ਗਿਆਨੀ ਸੁਲਤਾਨ ਸਿੰਘ ਨੇ ਤਖਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਵਜੋਂ ਸੇਵਾ ਸੰਭਾਲੀ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਐਤਵਾਰ ਪੰਥਕ ਰਵਾਇਤਾਂ ਅਨੁਸਾਰ ਜਥੇਦਾਰ ਵਜੋਂ ਸੇਵਾ ਸੰਭਾਲ ਲਈ। ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਏ ਸੇਵਾ ਸੰਭਾਲ ਸਮਾਗਮ ਮੌਕੇ ਸਕੱਤਰ ਪ੍ਰਤਾਪ ਸਿੰਘ ਨੇ ਸ਼੍ਰੋਮਣੀ ਕਮੇਟੀ ਦੀ 16 ਜੂਨ ਨੂੰ ਹੋਈ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਦਾ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੂੰ ਜਥੇਦਾਰ ਨਿਯੁਕਤ ਕਰਨ ਦਾ ਮਤਾ ਪੜ੍ਹਿਆ। ਉਪਰੰਤ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਵਜੋਂ ਗਿਆਨੀ ਸੁਲਤਾਨ ਸਿੰਘ ਦੇ ਨਾਂਅ ਦਾ ਐਲਾਨ ਕੀਤਾ, ਜਿਸ ਨੂੰ ਹਾਜ਼ਰ ਪੰਥਕ ਸ਼ਖਸੀਅਤਾਂ ਅਤੇ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ।

## ਮਾਨ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਕਾਲੀ ਦਲ 'ਤੇ ਵੱਡਾ ਹਮਲਾ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਅਕਾਲੀ ਦਲ 'ਤੇ ਵੱਡਾ ਹਮਲਾ ਬੋਲਿਆ ਹੈ। ਗੁਰਬਾਣੀ ਪ੍ਰਸਾਰਨ ਸੰਬੰਧੀ ਪੰਜਾਬ ਅਸੰਬਲੀ ਵੱਲੋਂ ਪਾਸ ਕੀਤੇ ਬਿੱਲ ਦੇ ਵਿਰੋਧ ਵਿਚ ਸ਼੍ਰੋਮਣੀ ਕਮੇਟੀ ਦੇ ਸੋਮਵਾਰ ਹੋਣ ਵਾਲੇ ਵਿਸ਼ੇਸ਼ ਅਜਲਾਸ ਮੌਕੇ ਮਾਨ ਨੇ ਟਵੀਟ ਕਰ ਕੇ ਲਿਖਿਆ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਸਾਹਿਬ ਕੱਲ੍ਹ ਹੋਣ ਵਾਲੇ ਅਜਲਾਸ ਲਈ ਚੰਡੀਗੜ੍ਹ ਵਿਖੇ ਅਕਾਲੀ ਦਲ ਦੇ ਦਫਤਰ ਵਿਚ ਤਲਬ।.. ਮਲੂਕਾ, ਚੰਦੂਮਾਜਰਾ, ਭੂੰਦੜ, ਚੀਮਾ, ਗਾਬੜੀਆ ਉਥੇ ਮੌਜੂਦ। ਬੰਦ ਕਮਰਾ ਮੀਟਿੰਗ ਜਾਰੀ। ਬਾਦਲ ਪਰਵਾਰ ਦੁਆਰਾ ਕਰਿਆ-ਕਰਾਇਆ ਤੇ ਲਿਖਿਆ-ਲਿਖਾਇਆ ਫੈਸਲਾ ਅੱਜ ਹੀ ਲੈ ਜਾਣਗੇ ਪ੍ਰਧਾਨ ਜੀ। ਕੱਲ੍ਹ ਸਿਰਫ ਪੜ੍ਹ ਕੇ ਸੁਣਾਇਆ ਜਾਵੇਗਾ।

# ਬਿਸ਼ਨੋਈ ਗੈਂਗ ਦੇ ਨਾਂਅ 'ਤੇ ਜਬਰੀ ਵਸੂਲੀ ਕਰਨ ਵਾਲਾ ਕਾਬੂ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਪੁਲਸ ਨੇ ਬਦਨਾਮ ਲਾਰੈਂਸ ਬਿਸ਼ਨੋਈ ਗੈਂਗ ਦੇ ਨਾਂਅ ਹੇਠ ਫਿਰੌਤੀ ਮੰਗਣ ਵਾਲੇ ਗਰੋਹ ਦੇ ਇੱਕ ਮੈਂਬਰ ਨੂੰ ਟੀ ਡੀ ਆਈ ਵੈਲਿੰਗਟਨ ਸਿਟੀ, ਸੈਕਟਰ-117, ਮੋਹਾਲੀ ਤੋਂ ਗ੍ਰਿਫਤਾਰ ਕਰਕੇ ਇਸ ਗਰੋਹ ਦਾ ਪਰਦਾ ਫਾਸ਼ ਕੀਤਾ ਹੈ। ਜਬਰੀ ਵਸੂਲੀ ਕਰਨ ਵਾਲਾ ਇਹ ਗਰੋਹ ਮੋਹਾਲੀ, ਚੰਡੀਗੜ੍ਹ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਰਗਰਮ ਸੀ। ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਵਿਸ਼ਾਲ ਕੁਮਾਰ (19) ਵਾਸੀ ਮਲੋਆ, ਚੰਡੀਗੜ੍ਹ ਵਜੋਂ ਹੋਈ ਹੈ, ਜੋ ਸਥਾਨਕ ਸੈਲੂਨ ਵਿੱਚ ਕੰਮ ਕਰਦਾ ਸੀ। ਪੁਲਸ ਟੀਮਾਂ ਨੇ ਉਸ ਕੋਲੋਂ .32 ਬੋਰ ਦਾ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ। ਏ ਆਈ ਜੀ ਐੱਸ ਐੱਸ ਓ ਸੀ ਐੱਸ ਏ ਐਸ ਮੋਹਾਲੀ ਅਸ਼ਵਨੀ ਕਪੂਰ ਨੇ ਦੱਸਿਆ ਕਿ ਲਾਰੈਂਸ ਬਿਸ਼ਨੋਈ ਗੈਂਗ ਨਾਲ ਸੰਬੰਧਤ ਹੋਣ ਦਾ ਦਾਅਵਾ ਕਰਨ ਵਾਲੇ ਵਿਅਕਤੀ ਵੱਲੋਂ ਜਬਰੀ ਵਸੂਲੀ ਦੀਆਂ ਕੋਸ਼ਿਸ਼ਾਂ ਅਤੇ ਧਮਕੀ ਭਰੀਆਂ ਫੋਨ ਕਾਲਾਂ ਸੰਬੰਧੀ ਕਈ ਰਿਪੋਰਟਾਂ ਮਿਲਣ ਉਪਰੰਤ ਪੰਜਾਬ ਪੁਲਸ ਨੇ ਇਸ ਮਾਮਲੇ ਦੀ ਵਿਆਪਕ ਜਾਂਚ ਸ਼ੁਰੂ ਕੀਤੀ। ਉਨ੍ਹਾ ਦੱਸਿਆ ਕਿ ਖੁਫੀਆ ਜਾਣਕਾਰੀ ਇਕੱਠੀ ਕਰਨ ਉਪਰੰਤ ਪੁਲਸ ਟੀਮਾਂ ਨੂੰ ਮੁੱਖ ਸ਼ੱਕੀ ਵਜੋਂ ਵਿਸ਼ਾਲ ਕੁਮਾਰ ਅਤੇ ਪਿੰਡ ਘੰਗਰੋਲੀ, ਸਮਾਣਾ, ਪਟਿਆਲਾ ਵਾਸੀ ਉਸ ਦੇ ਸਾਥੀ ਕਸ਼ਮੀਰ ਸਿੰਘ ਉਰਫ ਬੌਬੀ ਦੀ ਪਛਾਣ ਕਰਨ ਵਿੱਚ ਸਫਲਤਾ ਮਿਲੀ। ਉਨ੍ਹਾ ਦੱਸਿਆ ਕਿ ਭਰੋਸੇਮੰਦ ਜਾਣਕਾਰੀ ਉਪਰੰਤ ਐੱਸ ਐੱਸ ਓ ਦੀਆਂ ਪੁਲਸ ਟੀਮਾਂ ਨੇ ਸ਼ੱਕੀ ਵਿਅਕਤੀਆਂ ਦੀਆਂ ਸੰਭਾਵਿਤ ਛੁਪਣਗਾਹਾਂ 'ਤੇ ਛਾਪੇਮਾਰੀ ਕੀਤੀ ਅਤੇ ਟੀ ਡੀ ਆਈ ਵੈਲਿੰਗਟਨ ਸਿਟੀ ਤੋਂ ਵਿਸ਼ਾਲ ਕੁਮਾਰ ਨੂੰ ਜਦੋਂ ਉਹ ਕਸ਼ਮੀਰ ਸਿੰਘ ਉਰਫ ਬੌਬੀ ਨੂੰ ਮਿਲਣ ਜਾ ਰਿਹਾ ਸੀ, ਗ੍ਰਿਫਤਾਰ ਕਰ ਲਿਆ। ਕਸ਼ਮੀਰ ਉਰਫ ਬੌਬੀ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਸਕਿਆ ਤੇ ਪੁਲਸ ਟੀਮਾਂ ਉਸ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ। ਏ ਆਈ ਜੀ ਕਪੂਰ ਨੇ ਦੱਸਿਆ ਕਿ ਕਸ਼ਮੀਰ ਉਰਫ ਬੌਬੀ ਚੰਡੀਗੜ੍ਹ, ਮੋਹਾਲੀ ਅਤੇ ਹੋਰ ਆਸ-ਪਾਸ ਦੇ ਇਲਾਕਿਆਂ ਵਿੱਚ ਨਾਈਟ ਕਲੱਬਾਂ ਅਤੇ ਬਾਰਾਂ ਦੇ ਮਾਲਕਾਂ ਸਮੇਤ ਅਮੀਰ ਵਿਅਕਤੀਆਂ ਨੂੰ ਫੋਨ ਕਰ ਕੇ ਫਿਰੌਤੀ ਮੰਗਦਾ ਸੀ ਅਤੇ ਧਮਕੀਆਂ ਦਿੰਦਾ ਸੀ, ਜਦੋਂਕਿ ਵਿਸ਼ਾਲ ਇਨ੍ਹਾਂ ਵਿਅਕਤੀਆਂ ਤੋਂ ਫਿਰੌਤੀ ਦੀ ਰਕਮ ਵਸੂਲਣ ਲਈ ਉਨ੍ਹਾਂ ਨੂੰ ਡਰਾਉਂਦਾ-ਧਮਕਾਉਂਦਾ ਸੀ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਸ਼ਾਲ ਕੁਮਾਰ ਅਤੇ ਕਸ਼ਮੀਰ ਉਰਫ ਬੌਬੀ ਨੇ ਸਕੱਲ ਕਲੱਬ, ਮੁਹਾਲੀ ਦੇ ਮਾਲਕ ਤੋਂ ਪੈਸੇ ਵਸੂਲ ਕਰਨ ਲਈ 11 ਮਈ ਨੂੰ ਉਸ ਦੇ ਘਰ 'ਤੇ ਹਮਲਾ ਵੀ ਕੀਤਾ ਸੀ। ਹੋਰ ਪੁੱਛਗਿੱਛ ਜਾਰੀ ਹੈ ਅਤੇ ਜਾਂਚ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ। ਇਸ ਸੰਬੰਧੀ ਐੱਫ ਆਈ ਆਰ ਨੰ. 10 ਮਿਤੀ 24-06-2023 ਨੂੰ ਥਾਣਾ ਐੱਸ ਐੱਸ ਓ ਸੀ ਐੱਸ ਏ ਐੱਸ ਨਗਰ ਵਿਖੇ ਅਸਲਾ ਐਕਟ ਦੀ ਧਾਰਾ 25, 54, 59 ਤਹਿਤ ਮਾਮਲਾ ਦਰਜ ਕੀਤਾ ਹੈ।



## ਗਿਆਸਪੁਰਾ ਦਾ ਸੁਖਬੀਰ ਨੂੰ ਚੈਲੰਜ

**ਪਾਇਲ** : ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵਿਧਾਨ ਸਭਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਦੀ ਦਾੜ੍ਹੀ ਨੂੰ ਲੈ ਕੇ ਕੀਤੀ ਗਈ ਟਿੱਪਣੀ ਉਪਰ ਬਹਿਸ ਦਰਮਿਆਨ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਸੁਖਬੀਰ ਬਾਦਲ ਨੂੰ ਵੱਡੀ ਚੁਣੌਤੀ ਦਿੱਤੀ ਹੈ। ਗਿਆਸਪੁਰਾ ਨੇ ਕਿਹਾ ਕਿ ਸੀ ਐਮ ਭਗਵੰਤ ਮਾਨ ਨੇ ਬਿਲਕੁਲ ਸੱਚੀਆਂ ਗੱਲਾਂ ਕਹੀਆਂ ਹਨ। ਵੋਟਾਂ ਦੀ ਰਾਜਨੀਤੀ ਵਿੱਚ ਸੁਖਬੀਰ ਬਾਦਲ ਆਪਣਾ ਰੂਪ ਬਦਲਦੇ ਹਨ। ਉਹ ਸਿੱਖੀ ਦੇ ਰੂਪ 'ਚ ਬਹਿਰੂਪੀਆ ਹਨ।

ਪਹਿਲਾਂ ਸੁਖਬੀਰ ਬਾਦਲ ਆਪਣੀ ਦਾੜ੍ਹੀ ਬੰਨ੍ਹ ਕੇ ਰੱਖਦੇ ਸੀ। ਹੁਣ ਪ੍ਰਕਾਸ਼ ਸਿੰਘ ਬਾਦਲ ਦੀ ਮੌਤ ਤੋਂ ਬਾਅਦ ਸਿੱਖਾਂ ਦੀ ਹਮਦਰਦੀ ਹਾਸਲ ਕਰਨ ਦੇ ਮਕਸਦ ਲਈ ਦਾੜ੍ਹੀ ਖੋਲ੍ਹ ਲਈ ਹੈ। ਜੇਕਰ ਸੱਚਮੁੱਚ ਸੁਖਬੀਰ ਬਾਦਲ ਪੂਰਨ ਸਿੱਖ ਹਨ ਤਾਂ ਜਪੁਜੀ ਸਾਹਿਬ ਦੀਆਂ ਪੰਜ ਪਉੜੀਆਂ ਦਾ ਪਾਠ ਸੁਣਾ ਦੇਣ, ਸੰਗਤ ਨੂੰ ਵੀ ਪਤਾ ਲੱਗ ਜਾਵੇਗਾ।

## ਪੰਜਾਬੀ 'ਵਰਸਿਟੀ ਦੇ ਵੱਖ-ਵੱਖ ਕੋਰਸਾਂ ਲਈ ਵਿਦਿਆਰਥੀਆਂ 'ਚ ਉਤਸ਼ਾਹ ਵਧਿਆ

**ਪਟਿਆਲਾ** : ਪੰਜਾਬ ਸਰਕਾਰ ਦੇ ਚਾਲੂ ਵਿੱਤੀ ਵਰ੍ਹੇ ਵਿੱਚ ਪੰਜਾਬੀ ਯੂਨੀਵਰਸਿਟੀ ਦੀ ਗਰਾਂਟ ਵਧਾਉਣ ਤੋਂ ਬਾਅਦ ਵਧੀ ਮੰਗ ਕਾਰਨ ਕਈ ਕੋਰਸਾਂ ਵਿੱਚ ਸੀਟਾਂ ਵਧਾਉਣੀਆਂ ਪਈਆਂ ਹਨ। ਦੋ ਸਾਲ ਪਹਿਲਾਂ ਸ਼ੁਰੂ ਕੀਤੇ ਨਿਰਾਲੇ ਕਿਸਮ ਦੇ ਪੰਜ ਸਾਲਾ ਏਕੀਕ੍ਰਿਤ ਕੋਰਸਾਂ ਵਿੱਚ ਵਿਦਿਆਰਥੀਆਂ ਦੀ ਦਿਲਚਸਪੀ ਵਧੀ ਹੈ। ਤਕਰੀਬਨ ਅੱਠ ਸੌ ਸੀਟਾਂ ਲਈ ਤਿੰਨ ਹਜ਼ਾਰ ਤੋਂ ਜ਼ਿਆਦਾ ਅਰਜ਼ੀਆਂ ਆਈਆਂ ਹਨ, ਜੋ ਕਿ ਪਿਛਲੇ ਸਾਲ 2600 ਸਨ। ਪਿਛਲੇ ਸਾਲਾਂ ਦੌਰਾਨ ਬੀ ਟੈੱਕ ਦੇ ਕੋਰਸਾਂ ਵਿੱਚ ਦਾਖ਼ਲੇ ਘਟੇ ਸਨ, ਜੋ ਕਿ ਇਸ ਸਾਲ ਵਧ ਗਏ ਹਨ। ਕੰਪਿਊਟਰ ਸਾਇੰਸ ਵਿੱਚ 223 ਸੀਟਾਂ ਭਰ ਗਈਆਂ ਹਨ। ਮਕੈਨੀਕਲ ਇੰਜੀਨੀਅਰਿੰਗ ਵਿੱਚ ਪਿਛਲੇ ਸਾਲ 29 ਵਿਦਿਆਰਥੀਆਂ ਨੇ ਦਾਖ਼ਲਾ ਲਿਆ ਸੀ। ਇਸ ਸਾਲ 51 ਵਿਦਿਆਰਥੀਆਂ ਨੇ ਦਾਖ਼ਲਾ ਲੈਣ ਲਈ ਫੀਸ ਜਮ੍ਹਾਂ ਕਰਾ ਦਿੱਤੀ ਹੈ ਅਤੇ ਅਗਲੇ ਗੇੜ ਵਿੱਚ ਹੋਰ ਵਿਦਿਆਰਥੀ ਲੈਣ ਵਾਲੇ ਹਨ। ਸਿਵਲ ਇੰਜੀਨੀਅਰਿੰਗ ਵਿੱਚ ਪਿਛਲੇ ਸਾਲ 42 ਵਿਦਿਆਰਥੀਆਂ ਨੇ ਦਾਖ਼ਲਾ ਲਿਆ ਸੀ, ਜੋ ਇਸ ਸਾਲ ਵਧ ਕੇ 71 ਹੋ ਗਿਆ ਹੈ। ਫਿਜ਼ੀਓਥਰੈਪੀ ਵਿੱਚ 30 ਸੀਟਾਂ ਲਈ 500 ਅਰਜ਼ੀਆਂ ਆਈਆਂ ਹਨ। ਇਸ ਕੋਰਸ ਦੀ ਲੋੜ ਮੁਤਾਬਕ ਸਹੂਲਤਾਂ ਵਧਾ ਕੇ ਸੀਟਾਂ ਵਧਾਉਣ ਉੱਤੇ ਵਿਚਾਰ ਕੀਤਾ ਜਾ ਰਿਹਾ ਹੈ। ਅੰਡਰ ਗਰੈਜੂਏਟ ਕੋਰਸਾਂ ਵਿੱਚ ਦਾਖਲੇ ਦੇ ਰੁਝਾਨ ਵਿੱਚ ਇਸ ਵਾਰ ਪਿਛਲੇ ਸਾਲ ਨਾਲੋਂ ਵਾਧਾ ਵੇਖਣ ਨੂੰ ਮਿਲਿਆ ਹੈ। ਪੰਜਾਬੀ ਯੂਨੀਵਰਸਿਟੀ ਵਿੱਚ ਮੌਜੂਦਾ ਸਮੇਂ 13 ਤਰ੍ਹਾਂ ਦੇ ਅੰਡਰ ਗਰੈਜੂਏਟ ਕੋਰਸ ਚਲਾਏ ਜਾਂਦੇ ਹਨ। ਕੇਂਦਰੀ ਦਾਖ਼ਲਾ ਸੈੱਲ ਦੇ ਅੰਕੜਿਆਂ ਅਨੁਸਾਰ ਦਾਖ਼ਲਿਆਂ ਲਈ ਅਰਜ਼ੀਆਂ ਦੀ ਗਿਣਤੀ ਇਸ ਸਾਲ ਪਿਛਲੇ ਸਾਲ ਨਾਲੋਂ ਵਧੇਰੇ ਹੈ। ਪੰਜਾਬੀ ਯੂਨੀਵਰਸਿਟੀ ਵੱਲੋਂ ਸ਼ੁਰੂ ਕੀਤੇ ਗਏ ਵੱਖਰੀ ਭਾਂਤ ਦੇ ਪੰਜ ਸਾਲਾ ਏਕੀਕ੍ਰਿਤ ਕੋਰਸਾਂ ਵਿੱਚੋਂ ਭਾਸ਼ਾਵਾਂ ਦੇ ਖੇਤਰ ਵਿਚਲੇ ਪੰਜ ਸਾਲਾ ਏਕੀਕ੍ਰਿਤ ਕੋਰਸ ਲਈ ਪਿਛਲੇ ਸਾਲ 558 ਅਰਜ਼ੀਆਂ ਪ੍ਰਾਪਤ ਹੋਈਆਂ, ਜਦੋਂ ਕਿ 2023 ਦੌਰਾਨ ਇਹ ਗਿਣਤੀ 572 ਰਹੀ। ਇਸ ਕੋਰਸ ਵਿੱਚ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਕੁੱਲ 130 ਸੀਟਾਂ ਭਰੀਆਂ ਗਈਆਂ। ਇਨ੍ਹਾਂ ਪੰਜ ਸਾਲਾ ਕੋਰਸਾਂ ਤੋਂ ਇਲਾਵਾ ਬਾਕੀ ਦੇ ਰਵਾਇਤੀ ਕੋਰਸਾਂ ਵਿੱਚ ਵੀ ਇਹੋ ਰੁਝਾਨ ਵੇਖਣ ਨੂੰ ਮਿਲਿਆ। ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਅਰਵਿੰਦ ਦਾ ਕਹਿਣਾ ਹੈ ਕਿ ਵਿਦਿਆਰਥੀਆਂ ਦੇ ਇਸ ਉਤਸ਼ਾਹ ਦਾ ਸਿਹਰਾ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਿਰ ਬੱਝਦਾ ਹੈ। ਉਨ੍ਹਾ ਵਿੱਤੀ ਸੰਕਟ ਵਿੱਚ ਫਸੇ ਅਦਾਰੇ ਦੀ ਬਾਂਹ ਫੜੀ ਹੈ, ਜੋ ਅਦਾਰੇ ਦੇ ਮੁਲਾਜ਼ਮਾਂ ਵਿੱਚ ਕੰਮ ਕਰਨ ਦਾ ਉਤਸ਼ਾਹ ਵਧਾਉਣ ਅਤੇ ਵਿਦਿਆਰਥੀਆਂ ਦਾ ਭਰੋਸਾ ਵਧਾਉਣ ਵਿੱਚ ਕਾਮਯਾਬ ਹੋਈ ਹੈ। ਫਿਜ਼ੀਓਥਰੈਪੀ ਅਤੇ ਬੀ ਟੈੱਕ ਦੇ ਕੁਝ ਕੋਰਸਾਂ ਵਿੱਚ ਸੀਟਾਂ ਵਧਾਉਣ ਉੱਤੇ ਵਿਚਾਰ ਕੀਤਾ ਜਾ ਰਿਹਾ ਹੈ।

## ਜਨਰਲ ਪਾਂਡੇ ਨੇ ਹਰਿਮੰਦਰ ਸਾਹਿਬ ਮੱਥਾ ਟੇਕਿਆ

**ਅੰਮ੍ਰਿਤਸਰ** : ਥਲ ਸੈਨਾ ਮੁਖੀ ਜਨਰਲ ਮਨੋਜ ਪਾਂਡੇ ਨੇ ਐਤਵਾਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਉਨ੍ਹਾ ਨਾਲ ਧਰਮ ਪਤਨੀ ਅਰਚਨਾ ਪਾਂਡੇ ਅਤੇ ਬ੍ਰਿਗੇਡੀਅਰ ਸੀ ਬੀ ਕੇ ਬੈਨਰਜੀ ਸਨ। ਉਨ੍ਹਾਂ ਕੁਝ ਸਮੇਂ ਲਈ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਸ੍ਰੀ ਅਕਾਲ ਤਖ਼ਤ ਵਿਖੇ ਜਾ ਕੇ ਵੀ ਸ਼ਰਧਾ ਪ੍ਰਗਟਾਈ।



ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਜਨਰਲ ਪਾਂਡੇ ਦਾ ਧਿਆਨ ਕੁਝ ਸਿੱਖ ਮਸਲਿਆਂ ਵੱਲ ਵੀ ਦਿਵਾਇਆ।

## ਅੱਜ-ਨਾਮਾ

ਲਾਇਆ ਬਾਪੂ ਜਦ ਫਲਾਂ ਦਾ ਇੱਕ ਬੂਟਾ,
ਫਲ ਫਿਰ ਮਗਰੋਂ ਔਲਾਦ ਨੇ ਖਾਏ ਬੇਲੀ।
ਕਿੱਸੇ ਸੁਣੇ ਕਈ ਇਹੋ ਜਿਹੇ ਵੱਡਿਆਂ ਤੋਂ,
ਸੁਣ-ਸੁਣ ਅਸਾਂ ਨੇ ਬਹੁਤ ਸੁਣਾਏ ਬੇਲੀ।
ਰਹਿ ਗਈ ਉਹ ਰਿਵਾਇਤ ਹੈ ਦੂਰ ਪਿੱਛੇ,
ਵਕਤ ਨੇ ਰੰਗ ਹਨ ਬਹੁਤ ਵਿਖਾਏ ਬੇਲੀ।
ਰਹੀ ਰਿਵਾਇਤ ਨਾ ਰਹੇ ਰਿਵਾਇਤ ਵਾਲੇ,
ਫਿਰ ਰਿਵਾਇਤ ਉਹ ਕੌਣ ਨਿਭਾਏ ਬੇਲੀ।
ਚਾਰ ਕੁ ਠਹਿਰ ਜਾਓ ਸਾਲ ਤਾਂ ਪਤਾ ਲੱਗੂ,
ਵਕਤ ਕੀ ਨਵਾਂ ਈ ਰੰਗ ਵਿਖਾਉਣ ਵਾਲਾ।
ਪਾਲਣਾ ਰੜੀ-ਰਿਵਾਇਤ ਦੀ ਰਹੀ ਕਿਧਰੇ,
ਮਿਲੂਗਾ ਕਿੱਸਾ ਵੀ ਨਹੀਂ ਸੁਣਾਉਣ ਵਾਲਾ।

-ਤੀਸ ਮਾਰ ਖਾਂ

# ਕੁੱਲੂ ਦੇ ਨਾਲੇ 'ਚ ਵਾਹਨ ਰੁੜ੍ਹੇ, ਘੱਗਰ 'ਚ ਫਸੀ ਮਹਿਲਾ ਮਸਾਂ ਬਚਾਈ

**ਮੰਡੀ** : ਕੁੱਲੂ ਜ਼ਿਲ੍ਹੇ ਦੇ ਮੋਹਾਲ ਨਾਲੇ 'ਚ ਆਏ ਹੜ੍ਹ ਕਾਰਨ ਕਈ ਵਾਹਨ ਰੁੜ੍ਹ ਗਏ। ਸਥਾਨਕ ਪ੍ਰਸ਼ਾਸਨ ਫਸੇ ਤੇ ਨੁਕਸਾਨੇ ਗਏ ਵਾਹਨਾਂ ਨੂੰ ਜੇ ਸੀ ਬੀ ਮਸ਼ੀਨ ਨਾਲ ਬਾਹਰ ਕੱਢ ਰਿਹਾ ਸੀ।

ਪੁਰਾਣਾ ਪੰਚਕੂਲਾ ਵਿਖੇ ਘੱਗਰ ਦੇ ਪੁਲ ਹੇਠਾਂ ਪੂਜਾ ਸਮਗਰੀ ਪਾਣੀ 'ਚ ਵਹਾਉਣ ਗਈ ਮਹਿਲਾ ਕਾਰ ਸਮੇਤ ਘੱਗਰ ਨਦੀ ਦੇ ਤੇਜ਼ ਵਹਾਅ 'ਚ ਫਸ ਗਈ। ਸੈਕਟਰ-4 ਦੀ ਸੰਗੀਤਾ ਆਪਣੀ ਮਾਂ ਨਾਲ ਸਮਗਰੀ ਵਹਾਉਣ ਅਤੇ ਮੱਥਾ ਟੇਕਣ ਆਈ ਸੀ। ਅਚਾਨਕ ਹੀ ਘੱਗਰ ਨਦੀ ਚੜ੍ਹ ਗਈ ਅਤੇ ਪਾਣੀ ਕਾਰ ਉੱਪਰੋਂ ਦੀ ਲੰਘਣ ਲੱਗਾ। ਲੋਕਾਂ ਨੇ ਕਾਫੀ ਜੱਦੋਜਹਿਦ ਕਰਕੇ ਕਾਰ ਨਾਲ ਰੱਸੇ ਬੰਨ੍ਹ ਕੇ ਮਹਿਲਾ ਨੂੰ ਬਚਾਇਆ। ਕਰੇਨ ਨਾਲ ਕਾਰ ਨੂੰ ਪਾਣੀ ਵਿੱਚੋਂ ਕੱਢਿਆ ਗਿਆ। ਲੋਕਾਂ ਨੇ ਦੱਸਿਆ ਕਿ ਕਾਰ 'ਚ ਬੱਚੇ ਸਣੇ ਤਿੰਨ ਜਣੇ ਸਵਾਰ ਸਨ। ਪੰਚਕੂਲਾ 'ਚ ਘੱਗਰ ਨਦੀ ਦੇ ਆਸਪਾਸ ਧਾਰਾ-144 ਲੱਗੀ ਹੋਈ ਹੈ।

ਇਸੇ ਦੌਰਾਨ ਪੰਚਕੂਲਾ ਦੇ ਸੈਕਟਰ-27 'ਚ ਘੱਗਰ ਪਾਰ ਕਰਦੇ 7 ਵਿਅਕਤੀ ਫਸ ਗਏ। ਇਹ ਪੰਚਕੂਲਾ ਤੋਂ ਪੰਜਾਬ ਦੇ ਇਲਾਕੇ ਪੀਰ ਮੁਛੱਲਾ ਵੱਲ ਜਾ ਰਹੇ ਸਨ, ਜਦੋਂ ਕਿ ਰਸਤੇ 'ਚ ਪਾਣੀ ਚੜ੍ਹ ਆਇਆ। ਐੱਨ ਡੀ ਆਰ ਐੱਫ ਦੀ ਮਦਦ ਨਾਲ ਇਨ੍ਹਾਂ ਨੂੰ ਕੱਢਿਆ ਗਿਆ।



ਜੇ ਸੀ ਬੀ ਮਸ਼ੀਨ ਨੁਕਸਾਨੇ ਗਏ ਵਾਹਨਾਂ ਨੂੰ ਕੁੱਲੂ ਦੇ ਮੋਹਾਲ ਨਾਲੇ ਵਿੱਚੋਂ ਕੱਢਦੀ ਹੋਈ।

ਇਸੇ ਦੌਰਾਨ ਦਿੱਲੀ ਤੇ ਮੁੰਬਈ 'ਚ ਮੌਨਸੂਨ ਨੇ ਦਸਤਕ ਦੇ ਦਿੱਤੀ ਹੈ। ਭਾਰਤੀ ਮੌਸਮ ਵਿਭਾਗ ਮੁਤਾਬਕ ਦਿੱਲੀ ਵਿਚ ਮੌਨਸੂਨ ਮਿੱਥੇ ਸਮੇਂ ਨਾਲੋਂ ਦੋ ਦਿਨ ਪਹਿਲਾਂ, ਜਦੋਂਕਿ ਮੁੰਬਈ ਵਿਚ ਦੋ ਹਫਤਿਆਂ ਦੀ ਦੇਰੀ ਨਾਲ ਪਹੁੰਚਿਆ ਹੈ। ਵਿਭਾਗ ਦੇ ਅਧਿਕਾਰੀ ਮੁਤਾਬਕ ਮੌਨਸੂਨ ਦੀ ਸ਼ੁਰੂਆਤ ਮੱਠੀ ਰਹੀ, ਪਰ ਹੁਣ ਇਸ 'ਚ ਤੇਜ਼ੀ ਆ ਰਹੀ ਹੈ ਤੇ ਇਹ ਮਹਾਰਾਸ਼ਟਰ, ਸਮੁੱਚੇ ਕਰਨਾਟਕ, ਕੇਰਲਾ, ਤਾਮਿਲਨਾਡੂ, ਛੱਤੀਸਗੜ੍ਹ, ਓਡੀਸ਼ਾ, ਪੂਰਬੀ ਭਾਰਤ, ਪੱਛਮੀ ਬੰਗਾਲ, ਝਾਰਖੰਡ, ਬਿਹਾਰ, ਪੂਰਬੀ ਯੂ ਪੀ, ਉੱਤਰਾਖੰਡ, ਹਿਮਾਚਲ ਦੇ ਬਹੁਤੇ ਹਿੱਸਿਆਂ ਤੇ ਹਰਿਆਣਾ ਦੇ ਕੁਝ ਹਿੱਸਿਆਂ ਵਿਚ ਪਹੁੰਚ ਗਿਆ ਹੈ। ਆਮ ਤੌਰ 'ਤੇ ਕੇਰਲਾ ਵਿਚ ਮੌਨਸੂਨ 1 ਜੂਨ ਤੱਕ, ਮੁੰਬਈ 'ਚ 11 ਜੂਨ ਤੇ ਕੌਮੀ ਰਾਜਧਾਨੀ 'ਚ 27 ਜੂਨ ਤੱਕ ਪਹੁੰਚਦਾ ਹੈ।

ਮੌਨਸੂਨ ਉੱਤਰੀ ਭਾਰਤ ਦੇ ਜ਼ਿਆਦਾਤਰ ਹਿੱਸਿਆਂ, ਜਿਨ੍ਹਾਂ 'ਚ ਲੱਦਾਖ, ਹਿਮਾਚਲ, ਉੱਤਰਾਖੰਡ ਅਤੇ ਜੰਮੂ-ਕਸ਼ਮੀਰ ਦੇ ਵੱਡੇ ਹਿੱਸੇ ਸ਼ਾਮਲ ਹਨ, ਨਿਰਧਾਰਤ ਸਮੇਂ ਤੋਂ ਜਾਂ ਇਸ ਤੋਂ ਥੋੜ੍ਹਾ ਪਹਿਲਾਂ ਪਹੁੰਚ ਗਿਆ ਹੈ, ਪਰ ਮੱਧ ਭਾਰਤ 'ਚ ਇਹ ਅਜੇ ਵੀ ਨਿਰਧਾਰਤ ਸਮੇਂ ਨਾਲੋਂ 10-12 ਦਿਨ ਪਿੱਛੇ ਹੈ, ਜਿੱਥੇ ਜ਼ਿਆਦਾਤਰ ਕਿਸਾਨ ਖੇਤੀ ਲਈ ਮੀਂਹ 'ਤੇ ਟੇਕ ਰੱਖਦੇ ਹਨ।

## ਹਾਕੀ ਦੇ ਕੌਮੀ ਕੈਂਪ ਲਈ 39 ਖਿਡਾਰੀਆਂ ਦੀ ਚੋਣ

**ਨਵੀਂ ਦਿੱਲੀ** : ਹਾਕੀ ਇੰਡੀਆ ਨੇ ਏਸ਼ੀਅਨ ਚੈਂਪੀਅਨਜ਼ ਟਰਾਫੀ ਤੋਂ ਪਹਿਲਾਂ ਐਤਵਾਰ 26 ਜੂਨ ਤੋਂ 19 ਜੁਲਾਈ ਤੱਕ ਬੇਂਗਲੁਰੂ 'ਚ ਭਾਰਤੀ ਖੇਡ ਅਥਾਰਟੀ ਦੇ ਸੈਂਟਰ 'ਚ ਲੱਗਣ ਵਾਲੇ ਕੌਮੀ ਕੈਂਪ ਲਈ 39 ਮੈਂਬਰੀ ਸੀਨੀਅਰ ਪੁਰਸ਼ ਟੀਮ ਦੇ ਕੋਰ ਗਰੁੱਪ ਦਾ ਐਲਾਨ ਕੀਤਾ। ਕੈਂਪ ਮਗਰੋਂ ਟੀਮ ਸਪੇਨ ਜਾਵੇਗੀ, ਜਿੱਥੇ ਉਹ 25 ਤੋਂ 30 ਜੁਲਾਈ ਤੱਕ ਸਪੈਨਿਸ਼ ਹਾਕੀ ਫੈਡਰੇਸ਼ਨ ਇੰਟਰਨੈਸ਼ਨਲ ਟੂਰਨਾਮੈਂਟ 'ਚ ਇੰਗਲੈਂਡ, ਨੀਦਰਲੈਂਡ ਤੇ ਮੇਜ਼ਬਾਨ ਸਪੇਨ ਨਾਲ ਮੁਕਾਬਲੇ ਖੇਡੇਗੀ। ਚਾਰ ਮੁਲਕੀ ਟੂਰਨਾਮੈਂਟ ਮਗਰੋਂ 3 ਅਗਸਤ ਤੋਂ ਚੇਨਈ ਵਿਚ ਏਸ਼ੀਅਨ ਚੈਂਪੀਅਨਜ਼ ਟਰਾਫੀ ਖੇਡੀ ਜਾਵੇਗੀ, ਜਿਸ 'ਚ ਭਾਰਤ, ਕੋਰੀਆ, ਮਲੇਸ਼ੀਆ, ਪਾਕਿਸਤਾਨ, ਜਪਾਨ ਤੇ ਚੀਨ ਦੀਆਂ ਟੀਮਾਂ ਸ਼ਾਮਲ ਹੋਣਗੀਆਂ। ਕੋਰ ਗਰੁੱਪ 'ਚ ਗੋਲੀਕੀਪਰ ਕ੍ਰਿਸ਼ਨਨ ਬਹਾਦਰ ਪਾਠਕ, ਪੀ ਆਰ ਸ੍ਰੀਜੇਸ਼, ਸੂਰਜ ਕਰਕੇਰਾ, ਪਵਨ ਮਲਿਕ ਤੇ ਪ੍ਰਸ਼ਾਂਤ ਕੁਮਾਰ ਚੌਹਾਨ, ਡਿਫੈਂਡਰ ਹਰਮਨਪ੍ਰੀਤ ਸਿੰਘ, ਜਰਮਨਪ੍ਰੀਤ ਸਿੰਘ, ਸੁਰੇਂਦਰ ਕੁਮਾਰ, ਵਰੁਣ ਕੁਮਾਰ, ਅਮਿਤ ਰੋਹੀਦਾਸ, ਗੁਰਿੰਦਰ ਸਿੰਘ, ਜੁਗਰਾਜ ਸਿੰਘ, ਮਨਦੀਪ ਮੋੜ, ਨੀਲਮ ਸੰਜੀਪ ਸੰਜੇ, ਯਸ਼ਦੀਪ ਸਿਵਾਚ, ਦਿਪਸਨ ਟਿਰਕੀ ਅਤੇ ਮਨਜੀਤ, ਮਿਡਫੀਲਡਰ ਮਨਪ੍ਰੀਤ ਸਿੰਘ, ਹਾਰਦਿਕ ਸਿੰਘ, ਵਿਵੇਕ ਸਾਗਰ ਪ੍ਰਸਾਦ, ਮੋਇਰੰਗਥਮ ਰਬੀਚੰਦਰ ਸਿੰਘ, ਸ਼ਮਸ਼ੇਰ ਸਿੰਘ, ਨੀਲਕਾਂਤ ਸ਼ਰਮਾ, ਰਾਜਕੁਮਾਰ ਪਾਲ, ਸੁਮਿਤ, ਅਕਾਸ਼ਦੀਪ ਸਿੰਘ, ਗੁਰਜੰਟ ਸਿੰਘ, ਮੁਹੰਮਦ ਰਾਹੀਲ ਮੌਸੀਨ ਅਤੇ ਮਨਿੰਦਰ ਸਿੰਘ, ਫਾਰਵਰਡ ਐੱਸ ਕਾਰਤੀ, ਮਨਦੀਪ ਸਿੰਘ, ਲਲਿਤ ਕੁਮਾਰ ਉਪਾਧਿਆਏ, ਅਭਿਸ਼ੇਕ, ਦਿਲਪ੍ਰੀਤ ਸਿੰਘ, ਸੁਖਜੀਤ ਸਿੰਘ, ਸਿਮਰਨਜੀਤ ਸਿੰਘ, ਸ਼ਿਲਾਨੰਦ ਲਾਕੜਾ ਅਤੇ ਪਵਨ ਰਾਜਭਰ ਹਨ।

## ਉਗੋਕੇ ਨੇ ਹਸਪਤਾਲ 'ਚ ਸਸਤੀਆਂ ਦਵਾਈਆਂ ਦੀ ਜਨ ਔਸ਼ਧੀ ਕੇਂਦਰ ਦੀ ਕੀਤੀ ਘੁੰਡ ਚੁਕਾਈ



**ਤਪਾ ਮੰਡੀ (ਅਰੁਣ ਗੋਇਲ)**-ਸਬ-ਡਵੀਜ਼ਨਲ ਹਸਪਤਾਲ ਤਪਾ ਵਿਖੇ ਸਸਤੀਆਂ ਦਵਾਈਆਂ ਦੀ ਜਨ ਔਸ਼ਧੀ ਕੇਂਦਰ ਦਾ ਉਦਘਾਟਨ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉਗੋਕੇ ਨੇ ਪਰਦਾ ਚੁੱਕ ਕੇ ਕੀਤਾ। ਇਸ ਮੌਕੇ ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ ਹਸਪਤਾਲਾਂ 'ਚ ਹੀ ਸਸਤੀਆਂ ਦਵਾਈਆਂ ਮੁਹੱਈਆ ਕਰਵਾਉਣ ਲਈ ਖੋਲ੍ਹੀ ਦੁਕਾਨ ਤੋਂ ਬਾਜ਼ਾਰ ਨਾਲੋਂ ਅੱਧੇ ਰੇਟ 'ਤੇ ਮਿਲ ਸਕੇਗੀ। ਇਹ ਦੁਕਾਨ ਖੁੱਲ੍ਹਣ ਨਾਲ ਗਰੀਬ ਲੋਕਾਂ ਨੂੰ ਬਹੁਤ ਲਾਭ ਹੋਵੇਗਾ, ਕਿਉਂਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਸਿੱਖਿਆ ਤੇ ਸਿਹਤ ਵਜੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।

ਇਸ ਤੋਂ ਪਹਿਲਾਂ ਸੂਬੇ ਦੀ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ 117 ਹਲਕਿਆਂ 'ਚ ਲਗਭਗ 600 ਦੇ ਕਰੀਬ ਮੁਹੱਲਾ ਕਲੀਨਿਕ ਖੋਲ੍ਹੇ ਗਏ, ਜਿਸ ਦਾ ਨੇੜਲੇ ਪਿੰਡਾਂ ਦੇ ਲੋਕ ਫਾਇਦਾ ਲੈ ਰਹੇ ਹਨ। ਇਸ ਮੌਕੇ ਜ਼ਿਲ੍ਹਾ ਸਿਵਲ ਸਰਜਨ ਡਾ. ਜਸਵੀਰ ਸਿੰਘ ਔਲਖ ਨੇ ਦੱਸਿਆ ਕਿ ਅਜਿਹੀਆਂ ਦੁਕਾਨਾਂ ਪਹਿਲਾਂ 2 ਬਰਨਾਲਾ ਤੇ ਇੱਕ ਧਨੌਲਾ ਵਿਖੇ ਚੱਲ ਰਹੀਆਂ ਹਨ। ਉਨ੍ਹਾ ਦੱਸਿਆ ਕਿ ਇਸ ਸਮੇਂ ਕੇਂਦਰ 'ਚ 200 ਕਿਸਮ ਦੀਆਂ ਦਵਾਈਆਂ ਪੁੱਜ ਗਈਆਂ ਹਨ। ਇਸ ਦੁਕਾਨ ਦੀ ਦੇਖ-ਰੇਖ ਸੇਲਜ਼ਮੈਨ ਗਗਨਪ੍ਰੀਤ ਸਿੰਘ ਕਰਨਗੇ। ਇਸ ਮੌਕੇ ਨਾਇਬ ਤਹਿਸੀਲਦਾਰ ਭਦੌੜ ਹਮੀਸ਼ ਕੁਮਾਰ, ਜ਼ਿਲ੍ਹਾ ਸਿਵਲ ਸਰਜਨ ਬਰਨਾਲਾ ਡਾ. ਜਸਵੀਰ ਸਿੰਘ ਔਲਖ, ਡਾ. ਨਵਜੋਤ ਪਾਲ ਸਿੰਘ ਭੁੱਲਰ ਐੱਸ.ਐੱਮ.ਓ. ਤਪਾ, ਸੁਪਰਡੈਂਟ ਸਰਵਣ ਸਿੰਘ ਤੇ ਸਮੂਹ ਸਟਾਫ ਹਾਜ਼ਰ ਸੀ।

## ਖੋਖਰ 'ਚ ਡੰਮੀ ਬੋਲੀ ਦੇਣ ਵਾਲਿਆਂ ਵੱਲੋਂ ਮਜ਼ਦੂਰ ਔਰਤ ਦੀ ਕੁੱਟਮਾਰ

### ਪੀੜਤ ਔਰਤ ਨੂੰ ਇਨਸਾਫ ਨਾ ਮਿਲਿਆ ਤਾਂ ਵਿੱਢਿਆ ਜਾਵੇਗਾ ਸੰਘਰਸ਼ : ਆਗੂ




**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਪਿੰਡ ਖੋਖਰ ਵਿਖੇ ਪਿੰਡ ਦੇ ਖੋਖਰ ਵਿੱਚ ਪੰਚਾਇਤੀ ਜ਼ਮੀਨ ਦੀ ਡੰਮੀ ਬੋਲੀ ਦੇਣ ਵਾਲਿਆਂ ਵੱਲੋਂ ਮਜ਼ਦੂਰ ਔਰਤ ਵੀਰਪਾਲ ਕੌਰ 'ਤੇ ਹਮਲਾ ਕਰਕੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ। ਇਸ ਮੌਕੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਸਤਨਾਮ ਸਿੰਘ ਤੇ ਵੀਰਪਾਲ ਕੌਰ ਨੇ ਦੱਸਿਆ ਕਿ ਪਿਛਲੇ ਦਿਨੀਂ ਵੀਰੂ ਸਿੰਘ ਦੇ ਪਰਿਵਾਰ ਵੱਲੋਂ ਦਲਿਤਾਂ ਲਈ ਰਾਖਵੀਂ ਪੰਚਾਇਤੀ ਜ਼ਮੀਨ ਦੀ ਡੰਮੀ ਬੋਲੀ ਦੇਣ ਵਾਲੇ ਪਿੰਡ ਦੇ ਹੀ ਜ਼ਿਮੀਂਦਾਰ ਕੁਲਵੰਤ ਸਿੰਘ ਨਾਲ ਮਿਲੀਭੁਗਤ ਕਰਕੇ ਦਲਿਤਾਂ ਲਈ ਰਾਖਵੀਂ ਪੰਚਾਇਤੀ ਜ਼ਮੀਨ ਦੀ ਝੂਠੀ ਬੋਲੀ ਕਰਵਾਈ ਗਈ ਸੀ। ਪਲਾਟਾਂ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਮਜ਼ਦੂਰਾਂ ਨੂੰ ਇਹ ਪਰਿਵਾਰ ਕੁਲਵੰਤ ਸਿੰਘ ਦੀ ਸ਼ਹਿ 'ਤੇ ਹੀ ਗਾਲੀ-ਗਲੋਚ ਕਰਦਾ ਤੇ ਧਮਕੀਆਂ ਦਿੰਦਾ ਸੀ ਅਤੇ ਅੱਜ ਜਦੋਂ ਪੀੜਤ ਔਰਤ ਘਰ ਵਿੱਚ ਇਕੱਲੀ ਸੀ ਤਾਂ ਵੀਰੂ ਸਿੰਘ ਨੂੰ ਮਾਮੂਲੀ ਗੱਲ ਦਾ ਬਹਾਨਾ ਬਣਾ ਕੇ ਪੀੜਤ ਔਰਤ ਨੂੰ ਗਾਲੀ-ਗਲੋਚ ਕਰਦਾ ਹੋਇਆ ਕੁੱਟਮਾਰ ਕਰਨੀ ਸ਼ੁਰੂ ਕਰ ਦਿੰਦਾ ਹੈ। ਉਕਤ ਵਿਅਕਤੀ ਪੀੜਤ ਔਰਤ ਨੂੰ ਧੂਹ ਕੇ ਆਪਣੇ ਘਰ ਲੈ ਜਾਣ ਦੀ ਕੋਸ਼ਿਸ਼ ਕਰਦਾ ਹੈ। ਇਸ ਮੌਕੇ ਇਕੱਠੇ ਹੋਏ ਲੋਕ ਪੀੜਤ ਔਰਤ ਦੇ ਬਚਾ ਲਈ ਉਸ ਨੂੰ ਛੁਡਾਉਂਦੇ ਹਨ। ਪੀੜਤ ਔਰਤ ਸਿਵਲ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।

ਇਸ ਸਬੰਧੀ ਪੇਂਡੂ ਮਜ਼ਦੂਰ ਯੂਨੀਅਨ ਦਾ ਵਫਦ ਐੱਸ ਐੱਚ ਓ ਥਾਣਾ ਸਦਰ ਬਰੀਵਾਲਾ ਨੂੰ ਮਿਲਿਆ। ਐੱਸ ਐੱਚ ਓ ਬਰੀਵਾਲਾ ਨੇ ਪੀੜਤ ਔਰਤ ਨੂੰ ਇਨਸਾਫ ਦੁਆਉਣ ਦਾ ਵਿਸ਼ਵਾਸ ਦਵਾਇਆ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਔਰਤਾਂ ਖਿਲਾਫ ਹਿੰਸਾ ਦੀਆਂ ਘਟਨਾਵਾਂ ਦਿਨ-ਬ-ਦਿਨ ਵਧਦੀਆਂ ਜਾ ਰਹੀਆਂ ਹਨ। ਇਸ ਸਮਾਜ ਵਿੱਚ ਔਰਤ ਨੂੰ ਪੈਰ ਦੀ ਜੁੱਤੀ ਸਮਝਦੇ ਪੈਰਾਂ ਹੇਠ ਲਤਾੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਅਜਿਹੀਆਂ ਘਟਨਾਵਾਂ ਨੇ ਨੱਥ ਪਾਉਣ ਲਈ ਪੇਂਡੂ ਮਜ਼ਦੂਰ ਯੂਨੀਅਨ ਦੋਸ਼ੀਆਂ 'ਤੇ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕਰਦੀ ਹੈ। ਇਸ ਮੌਕੇ ਮੰਗਲ ਸਿੰਘ, ਸਤਨਾਮ ਸਿੰਘ, ਚਰਨਜੀਤ ਕੌਰ, ਗੁਰਮੀਤ ਕੌਰ, ਰਸ਼ਪਿੰਦਰ ਕੌਰ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

## ਪੰਜਾਬ 'ਚ ਖੇਤੀ-ਮਸ਼ੀਨਰੀ 'ਤੇ ਸਬਸਿਡੀ ਦੇਣ ਦੀ ਪਹਿਲ ਨੂੰ ਮਿਲੇਗਾ ਹੁਲਾਰਾ : ਖੁੱਡੀਆਂ

### ਕਿਸਾਨ 20 ਜੁਲਾਈ ਤੱਕ ਕਰ ਸਕਦੇ ਹਨ ਅਪਲਾਈ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਵਧਾਉਣ ਲਈ ਸੂਬੇ ਵਿੱਚ ਖੇਤੀ ਵਿਭਿੰਨਤਾ ਤੇ ਖੇਤੀ-ਮਸ਼ੀਨਰੀ ਨੂੰ ਉਤਸ਼ਾਹਤ ਕਰਨ ਵਾਸਤੇ ਕੀਤੇ ਜਾ ਰਹੇ ਯਤਨਾਂ ਤਹਿਤ ਖੇਤੀਬਾੜੀ ਵਿਭਾਗ ਸੂਬੇ ਦੇ ਕਿਸਾਨਾਂ ਨੂੰ ਰਿਆਇਤੀ ਦਰਾਂ 'ਤੇ ਅਤਿ-ਆਧੁਨਿਕ ਖੇਤੀ-ਮਸ਼ੀਨਰੀ ਮੁਹੱਈਆ ਕਰਵਾਉਣ ਦੀ ਪਹਿਲਕਦਮੀ ਨੂੰ ਹੁਲਾਰਾ ਦੇਣ ਲਈ ਰਣਨੀਤੀ 'ਤੇ ਕੰਮ ਕਰ ਰਿਹਾ ਹੈ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਸਬ ਮਿਸ਼ਨ ਆਨ ਐਗਰੀਕਲਚਰਲ ਮਕੈਨਾਈਜ਼ੇਸ਼ਨ (ਸਮੈਮ) ਸਕੀਮ ਤਹਿਤ ਕਿਸਾਨਾਂ ਤੋਂ ਵੱਖ-ਵੱਖ ਖੇਤੀ ਮਸ਼ੀਨਰੀ 'ਤੇ ਸਬਸਿਡੀ ਦਾ ਲਾਭ ਲੈਣ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਉਨ੍ਹਾਂ ਨੇ ਸੂਬੇ ਦੇ ਕਿਸਾਨਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ 20 ਜੁਲਾਈ 2023 ਤੱਕ ਅਪਲਾਈ ਕਰਨ ਦੀ ਅਪੀਲ ਕੀਤੀ ਹੈ।

ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ ਕਿਸਾਨ ਇਸ ਸਕੀਮ ਦਾ ਲਾਭ ਲੈਣ ਲਈ ਵਿਭਾਗ ਦੇ ਪੋਰਟਲ ਉਤੇ 20 ਜੁਲਾਈ 2023 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾ ਦੱਸਿਆ ਕਿ ਇਹ ਸਬਸਿਡੀ ਪੈਡੀ ਟਰਾਂਸਪਲਾਂਟਰਜ਼, ਡੀ.ਐੱਸ.ਆਰ. ਡਰਿੱਲ, ਪੋਟੈਟੋ ਪਲਾਂਟਰ (ਆਟੋਮੈਟਿਕ/ਸੈਮੀ-ਆਟੋਮੈਟਿਕ), ਟਰੈਕਟਰ ਆਪ੍ਰੇਟਿਡ ਬੂਮ ਸਪਰੇਅਰ, ਪੀ.ਟੀ.ਓ. ਆਪਰੇਟਿਡ ਬੰਡ ਫੋਰਮਰ ਆਇਲ ਮਿੱਲ, ਮਿੰਨੀ ਪ੍ਰੋਸੈਸਿੰਗ ਪਲਾਂਟ ਤੇ ਨਰਸਰੀ ਸੀਡਰ ਉੱਤੇ ਦਿੱਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਕਿਸਾਨ ਇਸ ਸਬੰਧੀ ਵਧੇਰੇ ਜਾਣਕਾਰ ਆਪੋ-ਆਪਣੇ ਜ਼ਿਲ੍ਹਿਆਂ ਦੇ ਖੇਤੀਬਾੜੀ ਦਫਤਰਾਂ ਵਿੱਚ ਜਾ ਕੇ ਇਸ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਉਨ੍ਹਾ ਕਿਹਾ ਕਿ ਇਸ ਪਹਿਲਕਦਮੀ ਨਾਲ ਕਿਸਾਨਾਂ ਦੇ ਖੇਤੀ ਖਰਚੇ ਘਟਣਗੇ ਤੇ ਮਸ਼ੀਨ ਆਧਾਰਤ ਖੇਤੀ ਨੂੰ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਇਸ ਨਾਲ ਖੇਤੀ ਸੈਕਟਰ ਵਿੱਚ ਪਾਣੀ ਦੀ ਬੱਚਤ ਸਬੰਧੀ ਤਕਨੀਕਾਂ, ਫਸਲੀ ਵਿਭਿੰਨਤਾ ਤੇ ਐੱਮ.ਐੱਸ.ਐੱਮ.ਈਜ਼ ਨੂੰ ਉਤਸ਼ਾਹਤ ਕਰਨ ਵਿੱਚ ਵੀ ਕਾਫੀ ਮਦਦ ਮਿਲੇਗੀ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਾਰੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾਵੇ।

## ਸਿਮਰਤ ਕੌਰ ਖੰਗੂੜਾ ਵੱਲੋਂ ਬਿਰਧ ਆਸ਼ਰਮ ਦਾ ਦੌਰਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਦੀ ਧਰਮ ਪਤਨੀ ਬੀਬੀ ਸਿਮਰਤ ਕੌਰ ਖੰਗੂੜਾ ਨੇ ਅੱਜ ਬਿਰਧ ਆਸ਼ਰਮ ਮਹਿਲ ਕਲਾਂ ਦਾ ਦੌਰਾ ਕਰਕੇ ਉਥੇ ਰਹਿ ਰਹੇ ਬੇਸਹਾਰਾ ਲੋਕਾਂ ਕੋਲ ਬੈਠ ਕੇ ਮੁਸ਼ਕਲਾਂ ਸੁਣੀਆਂ। ਬੀਬੀ ਖੰਗੂੜਾ ਨੇ ਬਿਰਧ ਆਸ਼ਰਮ ਦੇ ਮੁੱਖ ਪ੍ਰਬੰਧਕ ਭਾਈ ਲਖਵੀਰ ਸਿੰਘ ਗੰਗੋਹਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ, ਬੇਸਹਾਰਾ ਬਜ਼ੁਰਗਾਂ ਦੀ ਸੰਭਾਲ, ਹਸਪਤਾਲਾਂ ਚ ਲੋੜਵੰਦਾਂ ਨੂੰ ਲੰਗਰਾਂ ਦਾ ਪ੍ਰਬੰਧ ਕੀਤੇ ਜਾਣ ਦੀ ਸ਼ਲਾਘਾ ਕਰਦਿਆ ਕਾਂਗਰਸ ਪਾਰਟੀ ਵੱਲੋਂ ਲੰਗਰਾਂ 'ਚ ਯੋਗਦਾਨ ਪਾਇਆ। ਬੀਬੀ ਖੰਗੂੜਾ ਨੇ ਕਿਹਾ ਕਿ ਸਾਡੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਮਾਜ ਸੇਵੀ ਕਾਰਜਾਂ ਲਈ ਉਪਰਾਲਾ ਕਰਨਾ ਬਹੁਤ ਸ਼ਲਾਘਾਯੋਗ ਕਦਮ ਹੈ। ਇਸ ਬਿਰਧ ਆਸ਼ਰਮ ਦੀ ਬਿਹਤਰੀ ਲਈ ਸਮੂਹ ਸਮਾਜ ਸੇਵੀ ਸੰਸਥਾਵਾਂ, ਐੱਨ ਆਰ ਆਈਜ਼ ਨੂੰ ਯੋਗਦਾਨ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਬੀਬੀ ਖੰਗੂੜਾ ਨੇ ਕਿਹਾ ਕਿ ਉਹ ਹਰ ਮਹੀਨੇ ਲੰਗਰਾਂ ਲਈ ਯੋਗਦਾਨ ਦਿੰਦੇ ਰਹਿਣਗੇ। ਮੁੱਖ ਪ੍ਰਬੰਧਕ ਪ੍ਰਧਾਨ ਲਖਵੀਰ ਸਿੰਘ ਗੰਗੋਹਰ, ਡਾ: ਨਾਹਰ ਸਿੰਘ, ਸੰਸਾਰ ਸਿੰਘ ਡੀ ਪੀ ਨੇ ਸਹਿਯੋਗ ਦੇਣ ਲਈ ਧੰਨਵਾਦ ਕਰਦਿਆ ਬੀਬੀ ਖੰਗੂੜਾ ਸਮੇਤ ਵੱਖ ਵੱਖ ਆਗੂਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਚੇਅਰਪਰਸਨ ਹਰਜਿੰਦਰ ਕੌਰ ਹਰੀ, ਗੁਰਮੇਲ ਸਿੰਘ ਮੌੜ, ਨਿਰਮਲ ਸਿੰਘ ਨਿੰਮਾ, ਮਨਜੀਤ ਸਿੰਘ ਮਹਿਲ ਖੁਰਦ, ਬੱਗਾ ਸਿੰਘ ਮਹਿਲ ਕਲਾਂ, ਸੂਰਤ ਸਿੰਘ ਬਾਜਵਾ, ਸਰਬਜੀਤ ਸਿੰਘ ਸਰਬੀ, ਬਾਬਾ ਭੁਪਿੰਦਰਪਾਲ ਸ਼ਰਮਾ, ਬਲਵਿੰਦਰ ਸਿੰਘ ਖੁਰਮੀ, ਸੁਰਜੀਤ ਸਿੰਘ ਹਮੀਦੀ, ਜਗਰਾਜ ਸਿੰਘ ਹਮੀਦੀ, ਬਲੌਰ ਸਿੰਘ ਸੇਖਾ, ਜੁਗਿੰਦਰ ਸਿੰਘ ਢਿੱਲੋਂ, ਸਵਰਨ ਸਿੰਘ ਕ੍ਰਿਪਾਲ ਸਿੰਘ ਵਾਲਾ, ਅਜੀਤ ਸਿੰਘ ਹਰਦਾਸਪੁਰਾ, ਨਾਜਰ ਸਿੰਘ ਵਜੀਦਕੇ ਆਦਿ ਹਾਜ਼ਰ ਸਨ।

## ਦੇਵ ਸਮਾਜ ਕਾਲਜ ਫਾਰ ਵੂਮੈਨ ਸਰਵਸ੍ਰੇਸ਼ਟ ਗ੍ਰੇਡ ਨੂੰ ਲੈ ਕੇ ਮੁੜ ਸੁਰਖੀਆਂ 'ਚ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਗਵਾਨ ਦੇਵ ਆਤਮਾ ਦੇ ਆਸ਼ੀਰਵਾਦ ਨਾਲ ਉੱਤਰੀ ਭਾਰਤ ਦੀ ਸਿਰਮੌਰ ਵਿੱਦਿਅਕ ਸੰਸਥਾ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਦੇ ਸਿਰ ਸਜੇ ਜਿੱਤਾਂ ਦੇ ਤਾਜ ਵਿੱਚ ਇੱਕ ਹੋਰ ਨਗ ਦੀ ਸ਼ਮੂਲੀਅਤ ਉਸ ਮੌਕੇ ਹੋਈ, ਜਦ ਨੈਸ਼ਨਲ ਅਸੈਸਮੈਂਟ ਐਂਡ ਐਕਰਾਡੇਸ਼ਨ ਕੌਂਸਲ (ਨੈਕ) ਬੰਗਲੌਰ ਦੁਆਰਾ ਪਿਛਲੇ ਦਿਨੀਂ ਕੀਤੀ ਅਸੈਸਮੈਂਟ ਦੌਰਾਨ ਇਸ ਦੇ ਤੀਜੇ ਸਾਈਕਲ ਵਿੱਚ ਵੀ ਇਸ ਨੂੰ 3.30 ਸੀਜੀਪੀਏ ਨਾਲ ਏ-ਪਲੱਸ ਗ੍ਰੇਡ ਦੇ ਕੇ ਸਨਮਾਨਤ ਕੀਤਾ। ਕਾਰਜਕਾਰੀ ਪ੍ਰਿੰਸੀਪਲ ਡਾਕਟਰ ਸੰਗੀਤਾ ਨੇ ਦੱਸਿਆ ਕਿ ਇਸ ਨਿਰੀਖਣ ਦੌਰਾਨ ਸਿੱਖਿਆ ਦੀ ਗੁਣਵੱਤਾ, ਇਮਾਰਤ, ਸਟਾਫ਼ ਵਿਦਿਆਰਥੀਆਂ ਦੇ ਆਪਸੀ ਸਬੰਧ, ਸਟਾਫ (ਟੀਚਿੰਗ-ਨਾਨ ਟੀਚਿੰਗ) ਦੀ ਕਾਰਜ ਕੁਸ਼ਲਤਾ, ਵਿਦਿਆਰਥੀਆਂ ਨਾਲ ਹੋਈ ਗੱਲਬਾਤ ਦੇ ਆਧਾਰ 'ਤੇ ਨੈਕ ਟੀਮ ਵੱਲੋਂ ਇਹ ਗੁਪਤ ਰਿਪੋਰਟ ਤਿਆਰ ਕਰਕੇ ਭਾਰਤ ਦੀਆਂ ਸਰਵੋਤਮ ਸਿੱਖਿਆ ਸੰਸਥਾਵਾਂ ਦਾ ਮੁਲਾਂਕਣ ਕੀਤਾ ਜਾਂਦਾ ਹੈ, ਜਿਸ ਵਿੱਚੋਂ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਨੇ ਉੱਚ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦੇ ਸਰਵੋਤਮ ਕਾਲਜਾਂ ਵਿੱਚੋਂ ਇਕ ਵਾਰ ਫਿਰ ਤੋਂ ਏ-ਪਲੱਸ ਗ੍ਰੇਡ ਲੈ ਕੇ ਆਪਣੀ ਜਗ੍ਹਾ ਬਣਾਈ ਹੈ।ਕਾਲਜ ਦੀ ਇਸ ਵੱਡੀ ਉਪਲੱਬਧੀ 'ਤੇ ਪੂਰਾ ਪੰਜਾਬ ਗੌਰਵ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਫਿਰੋਜ਼ਪੁਰ ਨਿਵਾਸੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਬਦੌਲਤ ਹੀ ਇਹ ਸੰਸਥਾ ਨਾਰੀ ਸਿੱਖਿਆ ਦੇ ਖੇਤਰ ਵਿੱਚ ਕਾਰਜ ਕਰਦੇ ਹੋਏ ਸਰਹੱਦੀ ਖੇਤਰ ਵਿੱਚ ਸਿੱਖਿਆ ਦਾ ਚਾਨਣ ਫੈਲਾ ਰਹੀ ਹੈ।ਇਸ ਸਨਮਾਨ ਦਾ ਸਾਰਾ ਸਿਹਰਾ ਨਿਰਮਲ ਸਿੰਘ ਢਿੱਲੋਂ, ਸੈਕਟਰੀ, ਦੇਵ ਸਮਾਜ ਤੇ ਚੇਅਰਮੈਨ, ਦੇਵ ਸਮਾਜ ਕਾਲਜ ਫਾਰ ਵੂਮੈਨ, ਡਾਕਟਰ ਅਗਨੀਜ਼ ਢਿੱਲੋਂ, ਸੈਕਟਰੀ ਦੇਵ ਸਮਾਜ ਕਾਲਜ ਫਾਰ ਵੂਮੈਨ, ਕਾਰਜਕਾਰੀ ਪ੍ਰਿੰਸੀਪਲ ਡਾਕਟਰ ਸੰਗੀਤਾ ਤੇ ਕਾਲਜ ਮੈਨੇਜਮੈਂਟ ਸਿਰ ਸਜਦਾ ਹੈ।ਉਨ੍ਹਾਂ ਕਿਹਾ ਕਿ ਇਸ ਸਫ਼ਲਤਾ ਲਈ ਕਾਲਜ ਦੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਦੁਆਰਾ ਕੀਤੀ ਮਿਹਨਤ ਨੂੰ ਨਜ਼ਰ-ਅੰਦਾਜ਼ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਵਿਦਿਆਰਥੀਆਂ ਤੇ ਮੀਡੀਆ ਪ੍ਰਤੀ ਵੀ ਆਪਣਾ ਸਨਮਾਨ ਪ੍ਰਗਟ ਕੀਤਾ।

## ਹੋਲੀ ਹਾਰਟ ਸਕੂਲ 'ਚ 'ਇੰਟਰਨੈਸ਼ਨਲ ਯੋਗਾ ਡੇ' ਮਨਾਇਆ

### ਵਿਦਿਆਰਥੀਆਂ ਨੂੰ ਯੋਗ ਆਸਣ ਕਰਨ ਦੇ ਦੱਸੇ ਲਾਭ : ਸੁਭਾਸ਼ ਪਲਤਾ




**ਅਜੀਤਵਾਲ (ਨਛੱਤਰ ਸੰਧੂ)**

ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਇੰਟਰਨੈਸ਼ਨਲ ਯੋਗਾ ਡੇ ਤੇ ਸਰੀਰ ਦੀ ਤੰਦਰੁਸਤੀ ਨੂੰ ਮੁੱਖ ਰੱਖਦੇ ਹੋਏ ਸਰੀਰਕ ਸਿੱਖਿਆ ਅਧਿਆਪਕ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਯੋਗ ਆਸਣ ਕਰਨ ਦੇ ਲਾਭ ਦੱਸੇ ਗਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਅੱਜਕੱਲ੍ਹ ਦੀ ਤਨਾਅ ਭਰੀ ਜ਼ਿੰਦਗੀ ਵਿੱਚ ਤਨ ਤੇ ਮਨ ਨੂੰ ਤਾਜ਼ਾ ਰੱਖਣ ਵਾਸਤੇ ਰੋਜ਼ਾਨਾ ਆਸਣ ਕਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਅਲੱਗ-ਅਲੱਗ ਪ੍ਰਕਾਰ ਦੇ ਆਸਣ ਕਰਵਾਏ ਜਿਵੇਂ ਕਿ ਧਨੁਰ ਆਸਣ, ਸੀਸ ਆਸਣ, ਸਰਵਾਂਗ ਆਸਣ, ਚੱਕਰ ਆਸਣ, ਪਦਮ ਆਸਣ, ਹਲ ਆਸਣ ਆਦਿ। ਉਨ੍ਹਾਂ ਨੇ ਯੋਗ ਆਸਣ ਦੀ ਮਹੱਤਤਾ ਬਾਰੇ ਵੀ ਦੱਸਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਪਰਮਜੀਤ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਯੋਗ ਇੱਕ ਅਜਿਹੀ ਕਸਰਤ ਹੈ, ਜਿਸ ਰਾਹੀਂ ਤੰਦਰੁਸਤੀ ਭਰੀ ਜ਼ਿੰਦਗੀ ਦੇ ਨਾਲ ਨਾਲ ਕੈਂਸਰ ਸਮੇਤ ਭਿਆਨਕ ਬਿਮਾਰੀਆਂ ਤੋਂ ਨਿਜਾਤ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬੱਚਿਆਂ ਨੂੰ ਰੋਜ਼ ਅੱਧਾ ਘੰਟਾ ਕਸਰਤ ਕਰਨੀ ਚਾਹੀਦੀ ਹੈ।

## ਨਵਾਂ ਹਸਤਾ 'ਚ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਸਿਵਲ ਸਰਜਨ ਫਾਜ਼ਿਲਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸੀਨੀਅਰ ਮੈਡੀਕਲ ਅਫਸਰ ਸੀ ਐੱਚ ਸੀ ਢਾਬੇ ਵਾਲਾ ਕਲਾਂ ਡਾਕਟਰ ਪੰਕਜ ਚੌਹਾਨ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਰੋਹਿਤ ਗੋਇਲ ਦੀ ਅਗਵਾਈ ਹੇਠ ਫਾਜ਼ਿਲਕਾ ਦੇ ਪਿੰਡ ਨਵਾਂ ਹਸਤਾ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਮੌਕੇ ਇਲਾਕਾ ਵਾਸੀਆਂ ਨੂੰ ਮਲੇਰੀਆ ਬੁਖਾਰ ਦੇ ਲੱਛਣਾਂ ਤੇ ਬਚਾਓ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਕਮਲਜੀਤ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ। ਉਨ੍ਹਾ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਬੁਖਾਰ ਹੁੰਦਾ ਹੈ ਤਾਂ ਆਪਣਾ ਟੈਸਟ ਤੇ ਇਲਾਜ ਸਰਕਾਰੀ ਹਸਪਤਾਲ ਵਿਖੇ ਮੁਫਤ ਕਰਵਾ ਸਕਦਾ ਹੈ। ਉਨ੍ਹਾ ਕਿਹਾ ਕਿ ਆਪਣੇ ਆਲੇ-ਦੁਆਲੇ ਦੀ ਸਫਾਈ ਹਰ ਰੋਜ਼ ਕੀਤੀ ਜਾਵੇ ਤੇ ਕਿਸੇ ਵੀ ਤਰ੍ਹਾਂ ਦਾ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਘਰਾਂ ਵਿੱਚ ਪਏ ਕਬਾੜ ਨੂੰ ਛੱਤ ਦੇ ਥੱਲੇ ਰੱਖਿਆ ਜਾਵੇ, ਕੋਈ ਵੀ ਕਬਾੜ ਖੁੱਲ੍ਹੇ ਵਿੱਚ ਨਾ ਰੱਖਿਆ ਜਾਵੇ ਤਾਂ ਜੋ ਇਸ ਵਿੱਚ ਬਾਰਸ਼ ਦਾ ਪਾਣੀ ਜਮ੍ਹਾਂ ਨਾ ਹੋ ਸਕੇ ਅਤੇ ਮੱਛਰ ਪੈਦਾ ਨਾ ਹੋ ਸਕਣ। ਉਨ੍ਹਾ ਕਿਹਾ ਕਿ ਪਾਣੀ ਵਾਲੀਆਂ ਟੈਂਕੀਆਂ ਤੇ ਭਾਂਡਿਆਂ ਨੂੰ ਹਮੇਸ਼ਾ ਢੱਕ ਕੇ ਰੱਖਿਆ ਜਾਵੇ। ਇਸ ਮੌਕੇ ਗੁਰਜੀਤ ਸਿੰਘ ਐੱਮ ਪੀ ਐੱਚ ਡਬਲਿਊ (ਮੇਨ) ਨੇ ਦੱਸਿਆ ਕਿ ਮਲੇਰੀਆ ਮੱਛਰ ਤੋਂ ਬਚਾਅ ਲਈ ਪਾਣੀ ਵਾਲੀਆਂ ਟੈਂਕੀਆਂ, ਟੋਇਆਂ ਵਿੱਚ ਕਾਲਾ ਤੇਲ ਪਾਇਆ ਜਾਵੇ ਅਤੇ ਰਾਤ ਨੂੰ ਸੌਣ ਵੇਲੇ ਮੱਛਰਦਾਨੀ ਦੀ ਵਰਤੋਂ ਕੀਤੀ ਜਾਵੇ। ਇਸ ਦੇ ਨਾਲ ਹੀ ਪੂਰੀ ਬਾਂਹ ਵਾਲੇ ਕੱਪੜੇ ਪਾਏ ਜਾਣ ਤੇ ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਵਿੱਚ ਖੂਨ ਦੀ ਜਾਂਚ ਕਰਵਾਈ ਜਾਵੇ।

## ਮੁਫ਼ਤ ਮੈਡੀਕਲ ਚੈੱਕਅੱਪ ਕੈਂਪ 'ਚ 290 ਮਰੀਜ਼ਾਂ ਦੀ ਜਾਂਚ



ਮੁਫ਼ਤ ਮੈਡੀਕਲ ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਕਰਦੇ ਹੋਏ ਡਾ. ਸੌਰਵ ਖੋਸਲਾ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਬੱਸ ਸਟੈਂਡ ਰੋਡ 'ਤੇ ਸਥਿਤ ਖੋਸਲਾ ਮਲਟੀਸਪੈਸ਼ਲਿਸਟ ਹਸਪਤਾਲ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ 290 ਮਰੀਜ਼ਾਂ ਦੀ ਜਾਂਚ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਵਿੱਚ ਛਾਤੀ ਤੇ ਦਿਲ ਦੀਆਂ ਬੀਮਾਰੀਆਂ ਦੇ ਮਾਹਰ ਡਾ. ਸੌਰਵ ਖੋਸਲਾ (ਐੱਮ.ਡੀ ਮੈਡੀਸਨ), ਚਮੜੀ ਰੋਗਾਂ ਦੇ ਮਾਹਿਰ ਡਾ. ਆਸਥਾ ਖੋਸਲਾ (ਐੱਮ.ਡੀ. ਮੈਡੀਸਨ) ਤੇ ਸੁਨੀਤਾ ਖੋਸਲਾ ਨੇ ਮਰੀਜ਼ਾਂ ਦੀ ਜਾਂਚ ਕਰ ਉਨ੍ਹਾਂ ਦੇ ਟੈਸਟ ਮੁਫ਼ਤ ਕਰ ਲੋੜੀਂਦੀਆਂ ਦਵਾਈਆਂ ਮੁਫ਼ਤ ਦਿੱਤੀਆਂ।

ਡਾਕਟਰਾਂ ਵੱਲੋਂ ਮਰੀਜ਼ਾਂ ਨੂੰ ਬੀਮਾਰੀਆਂ ਤੋਂ ਬਚਾਅ ਤੇ ਜੰਕ ਫੂਡ ਤੋਂ ਪ੍ਰਹੇਜ਼ ਕਰਨ ਲਈ ਪ੍ਰੇਰਿਤ ਕੀਤਾ। ਡਾ. ਸੌਰਵ ਖੋਸਲਾ ਨੇ ਦੱਸਿਆ ਕਿ ਖੋਸਲਾ ਮਲਟੀਸਪੈਸ਼ਲਿਸਟ ਹਸਪਤਾਲ ਵੱਲੋਂ ਆਉਣ ਵਾਲੇ ਸਮੇਂ 'ਚ ਵੀ ਲੋਕਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ ਲਗਾਏ ਜਾਣਗੇ। ਇਸ ਮੌਕੇ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਅਸ਼ੋਕ ਸੂਦ, ਪ੍ਰਿੰ. ਦਰਸ਼ਨ ਲਾਲ ਜੈਨ, ਸਾਬਕਾ ਕਾਰਜ ਸਾਧਕ ਅਫ਼ਸਰ ਸੁਖਸਾਗਰ ਸਿੰਘ, ਚੰਦਰ ਸੇਖ਼ਰ ਖੋਸਲਾ, ਦਵਿੰਦਰ ਸਿੰਘ ਬਵੇਜਾ ਆਦਿ ਮੌਜੂਦ ਸਨ।

## ਗੁਰਦੁਆਰਾ ਝਾੜ ਸਾਹਿਬ ਵਿਖੇ ਗੁਰਮਤਿ ਸਮਾਗਮ ਤੇ ਕੈਂਪ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**-ਸ਼੍ਰੋਮਣੀ ਨਿਸ਼ਕਾਮ ਗੁਰਸਿੱਖੀ ਪ੍ਰਚਾਰ ਸੁਸਾਇਟੀ ਵੱਲੋਂ ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ 17 ਤੋਂ ਲੈ ਕੇ 25 ਜੂਨ ਤੱਕ ਕਰਵਾਇਆ ਗੁਰਮਤਿ ਸਮਾਗਮ ਦੇ ਨਾਲ-ਨਾਲ ਕੈਂਪ ਵੀ ਲਗਾਇਆ ਗਿਆ। ਸ੍ਰੀ ਗੁਰ ਤੇਗ ਬਹਾਦਰ ਆਯੁਰਵੈਦਿਕ ਡਿਸਪੈਂਸਰੀ, ਸ੍ਰੀ ਚਮਕੌਰ ਸਾਹਿਬ ਵੱਲੋਂ ਕੈਂਪ ਲਗਾਇਆ ਗਿਆ, ਜਿਸ ਵਿਚ ਉਪ ਵੈਦ ਸਤਨਾਮ ਸਿੰਘ ਨੇ 50 ਮਰੀਜ਼ਾਂ ਦੀ ਜਾਂਚ ਕਰ ਮੁਫ਼ਤ ਦਵਾਈ ਦਿੱਤੀ। ਗੁਰਮਤਿ ਸਮਾਗਮ ਦੌਰਾਨ ਨਿਤਨੇਮ ਸੰਥਿਆ ਪਾਠ ਬੋਸ 'ਚ 50 ਪ੍ਰਾਣੀਆਂ ਨੇ ਸੰਥਿਆ ਲਈ। ਬਲਵੀਰ ਸਿੰਘ ਰਸੀਲਾ ਦੇ ਜਥੇ ਵੱਲੋਂ ਸ਼ਹੀਦ ਭਾਈ ਜੈ ਸਿੰਘ ਖਲਕੋਟ ਦਾ ਇਤਿਹਾਸ ਸਣਾਇਆ ਗਿਆ ਤੇ ਕਥਾਵਾਚਕ ਏਕਨਾਮ ਸਿੰਘ ਵੱਲੋਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਸਮਾਗਮ ਵਿਚ ਬੱਚਿਆਂ ਨੇ ਕਵਿਤਾਵਾਂ ਸੁਣਾਈਆਂ, ਜਿਨ੍ਹਾਂ ਨੂੰ ਫ਼ਲਦਾਰ ਬੂਟੇ ਮੁਫ਼ਤ ਵੰਡੇ ਗਏ। ਇਸ ਮੌਕੇ ਮੈਨੇਜਰ ਕਰਮਜੀਤ ਸਿੰਘ ਨਾਭਾ, ਭਜਨ ਸਿੰਘ ਸ਼ੇਰਗਿੱਲ, ਪਰਵਿੰਦਰ ਸਿੰਘ ਪਿੰਦਾ, ਕਥਾਵਾਚਕ ਏਕਨਾਮ ਸਿੰਘ, ਕੁਲਵੰਤ ਸਿੰਘ ਬਹਿਲੋਲਪੁਰ, ਹੀਰਾ ਸਿੰਘ ਬਹਿਲੋਲਪੁਰ, ਇੰਚਾਰਜ਼ ਗੁਰਜੀਤ ਸਿੰਘ, ਗੁਰਮੀਤ ਸਿੰਘ ਬਿਲੋਂ, ਬੀਬੀ ਕਮਲਜੀਤ ਕੌਰ, ਸਤਨਾਮ ਸਿੰਘ ਬਜੀਦਪੁਰ, ਐਕਸ਼ੀਅਨ ਗੁਰਚਰਨ ਸਿੰਘ, ਸੁਖਦੇਵ ਸਿੰਘ ਸਟੋਰ ਕੀਪਰ, ਰਾਜਵਿੰਦਰ ਸਿੰਘ, ਮਨਵੀਰ, ਮਾ. ਨਿਸ਼ਾਨ ਸਿੰਘ, ਜਸਪਾਲ ਸਿੰਘ ਦਿਓਲ, ਡਾ. ਰਾਜਪਾਲ ਸਿੰਘ, ਗ੍ਰੰਥੀ ਭਾਈ ਹਰਫੂਲ ਸਿੰਘ, ਗੁਰਪ੍ਰੀਤ ਸਿੰਘ ਮੌਜੂਦ ਸਨ।

## ਪੰਜਾਬ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਸਥਾਨਕ ਕਲਾਸਿਕ ਹੋਟਲ ਵਿਖੇ ਜ਼ਿਲ੍ਹਾ ਪ੍ਰਧਾਨ ਸ੍ਰੀ ਨਰਿੰਦਰ ਮਿੱਤਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਸੂਬਾ ਪ੍ਰਧਾਨ ਸ. ਰਣਧੀਰ ਸਿੰਘ ਫੱਗੂਵਾਲਾ ਨੇ ਆਪਣੀ ਟੀਮ ਨਾਲ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਸੈਕਟਰੀ ਇੰਦਰਜੀਤ ਧੂਰੀ ਨੇ ਸਾਰੇ ਆਏ ਮਹਿਮਾਨਾਂ ਤੇ ਜ਼ਿਲ੍ਹਾ ਸੰਗਰੂਰ ਦੀਆਂ ਵੱਖੋ-ਵੱਖ ਇਕਾਈਆਂ ਤੋਂ ਆਏ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਨੂੰ ਜੀ ਆਇਆਂ ਆਖਿਆ। ਮੀਟਿੰਗ ਦਾ ਮੁੱਖ ਉਦੇਸ਼ ਪੀ.ਪੀ.ਏ. ਵੱਲੋਂ 3 ਤੇ 4 ਅਗਸਤ ਨੂੰ ਗੁਰਾਇਆਂ ਵਿਖੇ ਹੋ ਰਹੀ ਦੂਸਰੀ ਵਿਸ਼ਾਲ ਦੋ ਰੋਜ਼ਾ "ਫੋਟੋ ਫੇਅਰ" ਲਈ ਵਿਚਾਰ ਵਟਾਂਦਰਾ ਕਰਨਾ ਸੀ। ਇਸ ਮੌਕੇ ਪੰਜਾਬ ਪ੍ਰਧਾਨ ਸ੍ਰ. ਰਣਧੀਰ ਸਿੰਘ ਫੱਗੂਵਾਲਾ ਨੇ ਸੰਬੋਧਨ ਵਿੱਚ ਸਾਰੇ ਫੋਟੋਗ੍ਰਾਫਰਾਂ ਨੂੰ ਪੀ.ਪੀ.ਏ. ਦੇ ਇਤਿਹਾਸ ਬਾਰੇ ਸੰਖੇਪ ਰੂਪ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਭਵਿੱਖ ਵਿੱਚ ਫੋਟੋਗ੍ਰਾਫੀ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਹਾ। ਉਨ੍ਹਾਂ 3 ਤੇ 4 ਅਗਸਤ ਨੂੰ ਹੋਣ ਵਾਲੀ "ਫੋਟੋ ਫੇਅਰ" ਵਿੱਚ ਸਾਰੇ ਫੋਟੋਗ੍ਰਾਫਰਾਂ ਨੂੰ ਹੁੰਮ-ਹੁਮਾ ਕੇ ਪਹੁੰਚਣ ਲਈ ਕਿਹਾ। ਇਸ ਮੌਕੇ ਜ਼ਿਲ੍ਹਾ ਸੰਗਰੂਰ ਦੀਆਂ ਸਾਰੀਆਂ ਇਕਾਈਆਂ ਨੇ ਸ਼ਿਰਕਤ ਕੀਤੀ। ਅਖੀਰ ਵਿੱਚ ਫੋਟੋ ਫੇਅਰ ਦਾ ਸਾਰੇ ਮੈਂਬਰਾਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਸਾਰੀਆਂ ਇਕਾਈਆਂ ਦੇ ਪ੍ਰਧਾਨ ਸਾਹਿਬ ਵੱਲੋਂ ਆਪਣੀ-ਆਪਣੀ ਰਾਏ ਦਿੱਤੀ ਗਈ। ਇਸ ਮੌਕੇ ਪੰਜਾਬ ਟੀਮ ਦੇ ਸੀਨੀਅਰ ਵਾਇਸ ਪ੍ਰਧਾਨ ਸੰਜੀਵ ਕੁਮਾਰ ਲੇਖੀ, ਨਿਪਸ ਡੈਲੀਗੇਟ ਸ੍ਰੀ ਆਰ. ਕੇ. ਪਰਦੀਪ, ਵਾਇਸ ਪ੍ਰਧਾਨ ਗਿਆਨ ਚੰਦ, ਵਾਇਸ ਪ੍ਰਧਾਨ ਕੁਲਵੰਤ ਸਿੰਘ ਗਰਚਾ, ਵਰਕਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਸਿੱਧੂ, ਜ਼ੋਨ ਦੇ ਵਾਇਸ ਪ੍ਰਧਾਨ ਜਤਿੰਦਰ ਰੇਖੀ, ਜ਼ੋਨ ਸੈਕਟਰੀ ਲਖਵੀਰ ਸਿੰਘ ਸੋਨੀ ਢੀਂਡਸਾ, ਜ਼ਿਲ੍ਹਾ ਟੀਮ ਦੇ ਕੈਸ਼ੀਅਰ ਬੂਟਾ ਸਿੰਘ, ਸੀਨੀਅਰ ਵਾਇਸ ਪ੍ਰਧਾਨ ਜਗਸੀਰ ਸਿੰਘ, ਵਾਇਸ ਪ੍ਰਧਾਨ ਕੁਲਵਿੰਦਰ ਸਿੰਘ, ਵਾਇਸ ਪ੍ਰਧਾਨ ਜਸਵਿੰਦਰ ਸਿੰਘ, ਜ਼ਿਲ੍ਹਾ ਸੰਗਰੂਰ ਦੀਆਂ ਸਾਰੀਆਂ ਇਕਾਈਆਂ ਦੇ ਪ੍ਰਧਾਨ, ਸੈਕਟਰੀ, ਕੈਸ਼ੀਅਰ ਤੇ ਮੈਂਬਰ ਸਾਹਿਬਾਨ ਹਾਜ਼ਰ ਸਨ। ਅੰਤ ਵਿੱਚ ਜ਼ਿਲ੍ਹਾ ਪ੍ਰਧਾਨ ਸ੍ਰੀ ਨਰਿੰਦਰ ਮਿੱਤਲ ਨੇ ਸਭ ਦਾ ਧੰਨਵਾਦ ਕੀਤਾ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਦੰਦਾਂ ਦਾ ਮੁਫਤ ਚੈੱਕਅੱਪ ਕੈਂਪ




**ਧੂਰੀ (ਸੁਖਦੇਵ ਧੂਰੀ)**-ਭਾਰਤ ਵਿਕਾਸ ਪ੍ਰੀਸ਼ਦ ਸਵਾਮੀ ਵਿਵੇਕਾਨੰਦ ਸ਼ਾਖਾ ਧੂਰੀ ਵੱਲੋਂ ਪ੍ਰੀਸ਼ਦ ਦੇ ਪ੍ਰਧਾਨ ਤੇ ਉੱਘੇ ਸਮਾਜ ਸੇਵੀ ਸਰੇਸ਼ ਬਾਂਸਲ ਦੀ ਰਹਿਨੁਮਾਈ ਹੇਠ ਹਿੰਮਤਪੁਰਾ ਮੁਹੱਲਾ ਵਿਖੇ ਦੰਦਾਂ ਦੀਆਂ ਬੀਮਾਰੀਆਂ ਸਬੰਧੀ ਅੱਜ ਮੁਫਤ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਮੌਕੇ ਬਾਲਾ ਜੀ ਡੈਂਟਲ ਕਲੀਨਿਕ ਧੂਰੀ ਦੇ ਡਾਕਟਰ ਰਿਸ਼ਵ ਗੋਇਲ ਤੇ ਡਾਕਟਰ ਭਾਰਤੀ ਗੋਇਲ ਵੱਲੋਂ ਤਕਰੀਬਨ 150 ਤੋਂ ਵੱਧ ਦੰਦਾਂ ਦੀਆਂ ਬੀਮਾਰੀਆਂ ਵਾਲੇ ਮਰੀਜ਼ਾਂ ਦਾ ਚੈੱਕਅੱਪ ਕਰਕੇ ਪ੍ਰੀਸ਼ਦ ਵੱਲੋਂ ਮਰੀਜ਼ਾਂ ਨੂੰ ਮੁਫਤ ਦਵਾਈਆਂ, ਟੂੱਥ ਪੇਸਟ ਤੇ ਟੂੱਥ ਬਰੱਸ਼ ਦਿੱਤੇ ਗਏ। ਇਸ ਮੌਕੇ ਪ੍ਰੀਸ਼ਦ ਦੇ ਸਕੱਤਰ ਰਾਜੇਸ਼ ਕੁਮਾਰ ਗੋਇਲ ਰਾਜੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪ੍ਰੀਸ਼ਦ ਨੇ ਪਿਛਲੇ ਹਫਤੇ ਸਮਾਜ ਸੇਵੀ ਕੰਮਾਂ ਨੂੰ ਮੁੱਖ ਰੱਖਦਿਆਂ ਪ੍ਰੀਸ਼ਦ ਵੱਲੋਂ ਤਕਰੀਬਨ 450 ਦੇ ਕਰੀਬ ਤੁਲਸੀ ਦੇ ਬੂਟੇ ਵੀ ਵੰਡੇ ਸਨ। ਅੱਜ ਦੇ ਇਸ ਕੈਂਪ ਦੌਰਾਨ ਨਗਰ ਕੌਂਸਲਰ ਮਨੀ ਤੋਂ ਇਲਾਵਾ ਚਮਨ ਲਾਲ ਪੱਪੂ, ਸਮਾਜ ਸੇਵੀ ਮਲਕੀਤ ਸਿੰਘ ਚਾਂਗਲੀ, ਇੰਦਰ ਵੇਸ ਟੋਨੀ, ਬਸੰਤ ਕੁਮਾਰ, ਗਿਆਨ ਚੰਦ, ਸ਼ਲਿੰਦਰ ਗਰਗ, ਪਰਦੀਪ ਗਰਗ, ਪ੍ਰਿੰਸੀਪਲ ਡਾਕਟਰ ਮੀਨਾ ਕੁਮਾਰੀ ਸਟੇਟ ਮਹਿਲਾ ਪ੍ਰਮੁੱਖ ਹਾਜ਼ਰ ਸਨ। ਮੁਹੱਲਾ ਨਿਵਾਸੀਆਂ ਵੱਲੋਂ ਇਸ ਕਾਰਜ ਦੀ ਭਰਵੀਂ ਪ੍ਰਸੰਸਾ ਕੀਤੀ ਗਈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਟੀਚਰਜ਼ ਹੋਮ, ਨੇੜੇ ਟਰੱਕ ਯੂਨੀਅਨ ਰਾਮਪੁਰਾ ਫੂਲ ਵਿਖੇ ਹੋਈ, ਜਿਸ ਵਿੱਚ ਸਾਰੇ ਸਾਥੀਆਂ ਨੇ ਡਾਕਟਰ ਜਗਤਾਰ ਸਿੰਘ ਫੂਲ ਨੂੰ ਜ਼ਿਲ੍ਹਾ ਬਠਿੰਡਾ ਦਾ ਪ੍ਰਧਾਨ ਬਣਨ 'ਤੇ ਵਧਾਈਆਂ ਦਿੱਤੀਆਂ। ਇਸ ਮੌਕੇ ਡਾਕਟਰ ਰੇਸ਼ਮ ਸਿੰਘ ਫੂਲ ਵੱਲੋਂ ਡਾਕਟਰ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਬੇਨਤੀ ਕੀਤੀ ਗਈ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ ਗਿਆ। ਮੇਲਾ ਬੀਬੀ ਪਾਰੋ ਫੂਲ ਵਿਖੇ ਫਰੀ ਮੈਡੀਕਲ ਕੈਂਪ ਲਾਉਣ ਵਾਲੇ ਸਾਥੀਆਂ ਦਾ ਧੰਨਵਾਦ ਵੀ ਕੀਤਾ ਗਿਆ।

ਡਾਕਟਰ ਮਲਕੀਤ ਸਿੰਘ ਸੰਧੂ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਸਾਰੇ ਸਾਥੀਆਂ ਨੂੰ ਮੀਟਿੰਗ ਵਿੱਚ ਵੱਧ ਤੋਂ ਵੱਧ ਹਾਜ਼ਰ ਹੋਣ ਲਈ ਕਿਹਾ ਗਿਆ। ਡਾਕਟਰ ਬਲਵੀਰ ਸਿੰਘ ਬੱਜੋਆਣਾ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਮੈਂਬਰਾਂ ਦੀ ਗਿਣਤੀ ਵਧਾਉਣ ਲਈ ਕਿਹਾ। ਡਾਕਟਰ ਰਵੇਲ ਸਿੰਘ ਮਹਿਰਾਜ ਨੇ ਕਿਹਾ ਕਿ ਆਪਣੀ ਜਥੇਬੰਦੀ ਦੀਆਂ ਕੀਤੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ ਕਿ ਕਿੰਨੀਆਂ ਮੁਸੀਬਤਾਂ ਵਿੱਚੋਂ ਲੰਘ ਕੇ ਇਹ ਜਥੇਬੰਦੀ ਤਿਆਰ ਕੀਤੀ ਹੈ ਤੇ ਸਾਰੇ ਸਾਥੀਆਂ ਨੂੰ ਜਥੇਬੰਦੀ ਦਾ ਸਾਥ ਦੇਣ ਲਈ ਨੌਜਵਾਨਾਂ ਨੂੰ ਅੱਗੇ ਆਉਣ ਲਈ ਕਿਹਾ ਗਿਆ। ਡਾਕਟਰ ਗੁਰਦੀਪ ਸਿੰਘ ਭੋਲਾ ਨੂੰ ਉਨ੍ਹਾਂ ਦੇ ਪੁੱਤਰ ਦੇ ਕੈਨੇਡਾ ਜਾਣ ਦੀ ਖੁਸ਼ੀ ਵਿੱਚ ਸਾਰੇ ਸਾਥੀਆਂ ਨੇ ਵਧਾਈਆਂ ਦਿੱਤੀਆਂ। ਡਾਕਟਰ ਨਿਰਮਲ ਸਿੰਘ ਚਾਉਕੇ ਬਲਾਕ ਪ੍ਰਧਾਨ ਨੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਮੀਟਿੰਗ ਵਿੱਚ ਡਾਕਟਰ ਹਰਵਿੰਦਰ ਸਿੰਘ ਕੈਸ਼ੀਅਰ, ਡਾਕਟਰ ਜਗਵਿੰਦਰ ਸਿੰਘ ਕੈਸ਼ੀਅਰ, ਡਾਕਟਰ ਦੇਵ ਰਾਜ, ਡਾਕਟਰ ਇਕਬਾਲ ਸਿੰਘ, ਡਾਕਟਰ ਬਲਦੇਵ ਢਿਪਾਲੀ, ਬਹਾਦਰ ਸਿੰਘ, ਹਾਜ਼ਰ ਸਨ। ਅਖੀਰ 'ਚ ਜ਼ਿਲ੍ਹਾ ਪ੍ਰਧਾਨ ਡਾਕਟਰ ਜਗਤਾਰ ਸਿੰਘ ਫੂਲ ਵੱਲੋਂ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

## ਫਤਿਹਗੜ੍ਹ ਛੰਨਾਂ ਵਿਖੇ ਲਾਇਆ ਗੁਰਮਤਿ ਕੈਂਪ




**ਸੰਗਰੂਰ (ਪ੍ਰਵੀਨ ਸਿੰਘ)**

ਪਿੰਡ ਫਤਿਹਗੜ੍ਹ ਛੰਨਾਂ ਦੇ ਗੁਰਦੁਆਰਾ ਅਬਚਲ ਨਗਰ ਸਾਹਿਬ ਵਿਖੇ ਐਜੂਕੇਟ ਪੰਜਾਬ ਪ੍ਰੋਜੈਕਟ ਤੇ ਗੁਰੂ ਨਾਨਕ ਮਲਟੀਵਰਸਿਟੀ ਲੁਧਿਆਣਾ ਵੱਲੋਂ 6 ਰੋਜ਼ਾ ਗਰਮਤਿ ਕੈਂਪ ਲਗਾਇਆ ਗਿਆ, ਜਿਸ ਵਿੱਚ 50 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਇਸ ਵਿੱਚ ਸੰਸਥਾ ਦੇ ਯੂਥ ਕੌਂਸਲਰ ਭਾਈ ਰਾਜਵੀਰ ਸਿੰਘ ਤੇ ਬੀਬੀ ਰਣਜੀਤ ਕੌਰ ਨੇ ਬੱਚਿਆਂ ਨੂੰ ਗੁਰਮਤਿ ਮਰਿਆਦਾ, ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਿਆ। ਇਸ ਕੈਂਪ ਵਿੱਚ ਬੱਚਿਆਂ ਨੇ ਵੱਡੀ ਗਿਣਤੀ 'ਚ ਭਾਗ ਲਿਆ। ਕੈਂਪ ਦੀ ਸਮਾਪਤੀ ਸਮੇਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਟਰਾਫੀਆਂ, ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸੰਸਥਾ ਵੱਲੋਂ ਬੱਚਿਆਂ ਨੂੰ ਧਾਰਮਿਕ ਫਿਲਮਾਂ ਵੀ ਦਿਖਾਈਆਂ ਗਈਆਂ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਗੇ ਤੋਂ ਵੀ ਅਜਿਹੇ ਹੋਰ ਕੈਂਪ ਲਗਾਉਣ ਲਈ ਕਿਹਾ। ਕੈਂਪ ਦੌਰਾਨ ਗੁਰਦੁਆਰਾ ਸਾਹਿਬ ਤੇ ਸੰਗਤ ਵੱਲੋਂ ਬੱਚਿਆਂ ਨੂੰ ਕੇਲਿਆਂ, ਬਿਸਕੁਟਾਂ ਦੀ ਸੇਵਾ ਵੀ ਕੀਤੀ ਗਈ। ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਗੁਰਮੇਲ ਸਿੰਘ ਰੰਗੀਲਾ, ਸੁਖਵਿੰਦਰ ਸਿੰਘ ਗਰਾਜੀ ਤੇ ਹੋਰ ਸੰਗਤਾਂ ਹਾਜ਼ਰ ਸਨ।

## ਸ਼ੇਰਗੜ੍ਹ ਵਿਖੇ ਪੀਰ ਬਾਬਾ ਫਲਾਹੀ ਵਾਲੇ ਦਾ ਮੇਲਾ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਰੋਪੜ ਰੋਡ 'ਤੇ ਸਥਿਤ ਪਿੰਡ ਸ਼ੇਰਗੜ੍ਹ ਵਿਖੇ ਦਰਗਾਹ ਪੀਰ ਬਾਬਾ ਫਲਾਹੀ ਵਾਲਾ ਵਿਖੇ ਬਾਬਾ ਸੰਤੋਖ ਸਿੰਘ ਦੀ 9ਵੀਂ ਬਰਸੀ 'ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਦੋ ਦਿਨਾ ਮੇਲਾ ਕਰਵਾਇਆ ਗਿਆ। ਮੁੱਖ ਸੇਵਾਦਾਰ ਬਾਬਾ ਦੀਪਾ ਜੀ ਦੀ ਅਗਵਾਈ ਵਿਚ ਦੋ ਦਿਨਾਂ ਮੇਲੇ ਵਿਚ ਹਜ਼ਾਰਾਂ ਦੀ ਤਾਦਾਦ ਵਿਚ ਸੰਗਤਾਂ ਨੇ ਪੁੱਜ ਕੇ ਪੀਰ ਬਾਬਾ ਫਲਾਹੀ ਵਾਲੇ ਦੀ ਮਜ਼ਾਰ 'ਤੇ ਸਿਜਦਾ ਕੀਤਾ ਤੇ ਮੇਲੇ ਦਾ ਆਨੰਦ ਮਾਣਿਆ। ਮੇਲੇ ਦੇ ਪਹਿਲੇ ਦਿਨ ਪਿੰਡ ਦੇ ਗੁਰਦੁਆਰਾ ਸਾਹਿਬ ਵਿਚ ਬਾਬਾ ਸੰਤੋਖ ਸਿੰਘ ਦੀ ਯਾਦ ਵਿਚ ਪਾਠ ਦੇ ਭੋਗ ਪਾਏ ਗਏ ਅਤੇ ਬਾਬਾ ਪਰਮਪ੍ਰੀਤ ਸਿੰਘ ਖਾਲਸਾ ਨੱਥਮੱਲਪੁਰਾ ਵਲੋਂ ਸੰਗਤਾਂ ਨੂੰ ਗੁਰਬਾਣੀ ਵਿਚਾਰਾਂ ਨਾਲ ਨਿਹਾਲ ਕੀਤਾ। ਮੇਲੇ ਵਿਚ ਬਿੰਦਰ ਕੱਵਾਲ ਹੰਬੋਵਾਲ ਬੇਟ, ਕੱਵਾਲ ਪ੍ਰਦੀਪ ਮਾਨ, ਗਾਇਕ ਭਗਤ ਸਿੰਘ ਭਗਤੂ ਤੇ ਗਾਇਕ ਜੱਸਾ ਫ਼ਤਹਿਪੁਰੀਆਂ ਨੇ ਸੂਫ਼ੀਆਨਾ ਕਲਾਮ ਸੁਣਾ ਕੇ ਹਾਜ਼ਰੀ ਲਵਾਈ। ਮੰਚ ਸੰਚਾਲਕ ਪਵਨ ਕੌਸ਼ਲ ਦੇ ਬੋਲਾਂ ਨਾਲ ਮੰਚ 'ਤੇ ਆਉਂਦਿਆਂ ਹੀ ਪ੍ਰਸਿੱਧ ਗਾਇਕ ਦੁਰਗਾ ਰੰਗੀਲਾ ਨੇ 'ਆਜਾ ਬਾਪੂ ਮੁੜਿਆ ਚੱਲੀਏ ਮੇਲੇ 'ਤੇ', 'ਸਾਡੀ ਪਿੱਠ 'ਤੇ ਜਿੰਨੇ ਵਾਰ ਕੀਤੇ ਸਭ ਕੀਤੇ ਜਿਗਰੀ ਯਾਰਾਂ ਨੇ' ਗਾ ਕੇ ਦਰਸ਼ਕਾਂ ਤੋਂ ਵਾਹ-ਵਾਹ ਖੱਟੀ। ਮੇਲੇ ਵਿਚ ਪੁੱਜੇ ਕਲਾਕਾਰਾਂ ਤੇ ਜੇਤੂ ਪਹਿਲਵਾਨਾਂ ਨੂੰ ਮੁੱਖ ਸੇਵਾਦਾਰ ਬਾਬਾ ਦੀਪਾ ਜੀ ਤੇ ਪ੍ਰਬੰਧਕ ਕਮੇਟੀ ਵਲੋਂ ਨਗਦ ਰਾਸ਼ੀ ਤੇ ਲੋਈਆਂ ਭੇਟ ਕਰਕੇ ਸਨਮਾਨਿਤ ਕੀਤਾ। ਮੇਲੇ ਦੇ ਅਖੀਰ 'ਚ ਬਾਬਾ ਦੀਪਾ ਜੀ ਨੇ ਆਈ ਸੰਗਤ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

26-June-PAGE-3.qxd 6/25/2023 8:49 PM Page 1



# ਜਨਰਲ ਮਨੋਜ ਪਾਂਡੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਭਾਰਤੀ ਫ਼ੌਜ ਦੇ ਮੁਖੀ ਜਨਰਲ ਮਨੋਜ ਪਾਂਡੇ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਸਮੇਂ ਉਨ੍ਹਾਂ ਦੀ ਧਰਮ ਪਤਨੀ ਅਰਚਨਾ ਪਾਂਡੇ ਅਤੇ ਬ੍ਰਿਗੇਡੀਅਰ ਸੀਬੀਕੇ ਬੈਨਰਜੀ ਵੀ ਮੌਜੂਦ ਸਨ। ਜਨਰਲ ਮਨੋਜ ਪਾਂਡੇ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ਼ਾਹਬਾਜ਼ ਸਿੰਘ ਅਤੇ ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਰਯਾਦਾ, ਸਿੱਖ ਪ੍ਰੰਪਰਾਵਾਂ ਅਤੇ ਇਥੇ ਸਥਿਤ ਅਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਕੁਝ ਸਮੇਂ ਲਈ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਾ ਕੇ ਵੀ ਸ਼ਰਧਾ ਪ੍ਰਗਟਾਈ। ਇਸ ਦੌਰਾਨ ਫ਼ੌਜ ਮੁਖੀ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਹਰਜਾਪ ਸਿੰਘ ਸੁਲਤਾਨਵਿੰਡ, ਸ਼੍ਰੋਮਣੀ ਕਮੇਟੀ ਦੇ ਓਐਸਡੀ ਸਤਬੀਰ ਸਿੰਘ ਧਾਮੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ ਨੇ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ। ਸਨਮਾਨ ਵਿਚ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ, ਲੋਈ ਅਤੇ ਧਾਰਮਿਕ ਪੁਸਤਕਾਂ ਦਿੱਤੀਆਂ ਗਈਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਫ਼ੌਜ ਮੁਖੀ ਦਾ ਧਿਆਨ ਕੁਝ ਸਿੱਖ ਮਸਲਿਆਂ ਵੱਲ ਵੀ ਦਿਵਾਇਆ।

ਫ਼ੌਜ ਮੁਖੀ ਜਨਰਲ ਮਨੋਜ ਪਾਂਡੇ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮੌਕੇ ਦੀਆਂ ਆਪਣੀਆਂ ਭਾਵਨਾਵਾਂ ਨੂੰ ਯਾਤਰੂ ਕਿਤਾਬ ਵਿਚ ਦਰਜ ਕਰਦਿਆਂ ਲਿਖਿਆ, "ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਅਤੇ ਪਰਮਾਤਮਾ ਦਾ ਅਸ਼ੀਰਵਾਦ ਲੈਣ ਦਾ ਸੁਭਾਗ ਪ੍ਰਾਪਤ ਹੋਇਆ। ਵਾਹਿਗੁਰੂ ਜੀ ਅੱਗੇ ਅਰਦਾਸ ਹੈ ਕਿ ਭਾਰਤੀ ਫ਼ੌਜ ਦੇ ਸਾਰੇ ਰੈਂਕਾਂ ਨੂੰ ਚੰਗੀ ਸਿਹਤ ਅਤੇ ਖ਼ੁਸ਼ੀਆਂ ਬਖ਼ਸ਼ਣ।" ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਬੁਲਾਰਾ ਹਰਭਜਨ ਸਿੰਘ ਵਕਤਾ, ਮੈਨੇਜਰ ਨਿਸ਼ਾਨ ਸਿੰਘ, ਬਿਕਰਮਜੀਤ ਸਿੰਘ ਝੰਗੀ, ਡੀ ਸੀ ਪੀ ਪਰਮਿੰਦਰ ਸਿੰਘ ਭੰਡਾਲ, ਸੂਚਨਾ ਅਧਿਕਾਰੀ ਜਤਿੰਦਰਪਾਲ ਸਿੰਘ ਅਤੇ ਹੋਰ ਮੌਜੂਦ ਸਨ।

# 'ਮਾਨ ਸਰਕਾਰ ਦੇ ਫੈਸਲੇ ਸ਼ਾਇਦ ਵਿਰੋਧੀਆਂ ਨੂੰ ਰਾਸ ਨਹੀਂ ਆਉਂਦੇ'



**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਬੁਲਾ ਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਪਾਸ ਕੀਤੇ ਗਏ ਗੁਰਬਾਣੀ ਪ੍ਰਸਾਰਣ ਦੇ ਅਧਿਕਾਰ ਬਿੱਲ ਦੀ ਜਿੱਥੇ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਿੱਖ ਸੰਗਤਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ ਓਥੇ ਹੀ ਅਕਾਲੀ ਦਲ ਦੇ ਆਗੂਆਂ ਵੱਲੋਂ ਧਰਮ ਦੀ ਆੜ ਹੇਠ ਕੋਝੀ ਅਤੇ ਤੱਥਹੀਣ ਰਾਜਨੀਤੀ ਕੀਤੀ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਮਨਦੀਪ ਸਿੰਘ ਗਿੱਲ ਵੱਲੋਂ ਪੱਤਰਕਾਰਾਂ ਨਾਲ ਸਾਂਝਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਧਰਮ ਸਭਨਾਂ ਦਾ ਸਾਂਝਾ ਹੁੰਦਾ ਹੈ ਅਤੇ ਸਾਡੇ ਗੁਰੂਆਂ ਪੀਰਾਂ, ਭਗਤਾਂ ਵਲੋਂ ਉਚਾਰੀ ਗਈ ਗੁਰਬਾਣੀ ਦਾ ਉਪਦੇਸ਼ ਵੀ ਸਰਬ ਮਨੁੱਖਤਾ ਲਈ ਸਾਂਝਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਪੰਜਾਬ ਅਤੇ ਪੰਜਾਬੀਅਤ ਦੀ ਰਾਖੀ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ ਅਤੇ ਬੇਮਿਸਾਲ ਫੈਸਲੇ ਲੈ ਰਹੇ ਹਨ ਜੋ ਕਿ ਰਵਾਇਤੀ ਅਖੌਤੀ ਪੰਥ ਦੇ ਰੱਖਵਾਲਿਆਂ ਕੋਲੋਂ ਬਰਦਾਸ਼ਤ ਨਹੀਂ ਹੋ ਰਹੇ। ਇਸ ਮੌਕੇ ਗੁਰਦੀਪ ਸਿੰਘ ਸਿੱਧੂ, ਰਾਜਬੀਰ ਸਿੰਘ ਰਾਜੂ, ਕੇਵਲ ਸਿੰਘ ਲਾਡੀ, ਚੇਅਰਮੈਨ ਰਾਜਬੀਰ ਸਿੰਘ ਰੰਧਾਵਾ, ਠੇਕੇਦਾਰ ਤਰਸੇਮ ਸਿੰਘ, ਅਮਨਦੀਪ ਸਿੰਘ ਗਿੱਲ, ਲੱਖਵਿੰਦਰ ਸਿੰਘ ਲੱਖਾ, ਸਤਿੰਦਰ ਸਿੰਘ ਕਾਹਲੋਂ, ਦਿਲਬਾਗ ਸਿੰਘ, ਸੁਖਵਿੰਦਰ ਸਿੰਘ ਸੁੱਖਾ ਅਤੇ ਪਰਮਜੀਤ ਸਿੰਘ ਡੁੱਡੀਪੁਰ ਆਦਿ ਹਾਜ਼ਰ ਸਨ।

# ਪੈਨਸ਼ਨਰਾਂ ਨੇ 200 ਰੁਪਏ ਪੈਨਸ਼ਨ ਕਟੌਤੀ ਦਾ ਕੀਤਾ ਤਿੱਖਾ ਵਿਰੋਧ




**ਧਾਰੀਵਾਲ (ਗੁਰਦਾਸਪੁਰ), (ਮਨਦੀਪ ਸਿੰਘ ਵਿੱਕੀ)**-ਅੱਜ ਸਥਾਨਕ ਗੁਰੂ ਨਾਨਕ ਪਾਰਕ ਵਿਖੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਇਕੱਤਰ ਹੋਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀ ਪੈਨਸ਼ਨ 200 ਰੁਪਏ ਪ੍ਰਤੀ ਮਹੀਨਾ ਕਟੌਤੀ ਕਰਨ ਦੇ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਸਮੇਂ ਪੈਨਸ਼ਨਰ ਐਸੋਸੀਏਸ਼ਨ ਦੇ ਆਗੂਆਂ ਅਵਿਨਾਸ਼ ਸਿੰਘ, ਜੇ. ਪੀ. ਸੈਣੀ, ਮੰਗਤ ਚੰਚਲ, ਰੂਪ ਚੰਦ ਸ਼ਰਮਾ, ਅਮਰਜੀਤ ਸਿੰਘ, ਅਜੀਤ ਸਿੰਘ ਅਤੇ ਮੁਲਾਜ਼ਮ ਆਗੂਆਂ ਕੁਲਦੀਪ ਪੂਰੋਵਾਲ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਰਜਨੀ ਪ੍ਰਕਾਸ਼, ਗੁਰਪ੍ਰੀਤ ਰੰਗੀਲਪੁਰ, ਬਲਵਿੰਦਰ ਕੌਰ ਨੇ ਕਿਹਾ ਕਿ ਮੁਲਾਜ਼ਮਾਂ ਦਾ 200 ਰੁਪਏ ਪ੍ਰਤੀ ਮਹੀਨਾ ਕਟੌਤੀ ਨੂੰ ਬਹਾਲ ਕਰਨ ਦੇ ਵਾਅਦੇ ਨਾਲ ਆਈ ਸਰਕਾਰ ਵੱਲੋਂ ਪੈਨਸ਼ਨਰਾਂ ਦੀ ਵੀ ਕਟੌਤੀ ਕਰਕੇ ਧੱਕਾ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਡੀਏ ਦੀਆਂ ਕਿਸ਼ਤਾਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ, 2.59 ਨਾਲ ਗੁਣਾਂਕ ਨਹੀਂ ਦਿੱਤਾ ਜਾ ਰਿਹਾ, 2000 ਰੁਪਏ ਮੈਡੀਕਲ ਭੱਤਾ ਨਹੀਂ ਦਿੱਤਾ ਜਾ ਰਿਹਾ, ਮੁਲਾਜ਼ਮਾਂ ਦੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਗਈ, ਕੱਚੇ ਮੁਲਾਜ਼ਮਾਂ ਨੂੰ ਕੇਵਲ ਲਾਰੇ ਲਾਏ ਜਾ ਰਹੇ ਹਨ। ਆਗੂਆਂ ਚਿਤਾਵਨੀ ਦਿੱਤੀ ਕਿ ਜੇਕਰ 200 ਰੁਪਏ ਜਜ਼ੀਆ ਟੈਕਸ ਵਾਪਸ ਨਾ ਲਿਆ ਗਿਆ ਤਾਂ ਸੂਬਾ ਪੱਧਰੀ ਸੰਘਰਸ਼ ਕੀਤਾ ਜਾਵੇਗਾ।

ਇਸ ਸਮੇਂ ਮਹਿੰਦਰ ਸਿੰਘ, ਨਿਸ਼ਾਨ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਪਰੇਮ ਨਾਥ, ਬਲਜੀਤ ਸਿੰਘ, ਕਪੂਰ ਸਿੰਘ, ਦੌਲਤ ਸਿੰਘ, ਸੁਖਵਿੰਦਰ ਪਾਲ, ਸ਼ਿਵ ਕੁਮਾਰ, ਮੋਹਨ ਸਿੰਘ, ਯਸ਼ਪਾਲ, ਅਸ਼ੋਕ ਕੁਮਾਰ, ਮੁਨਸ਼ੀ ਰਾਮ, ਜਗਦੀਪ ਸਿੰਘ, ਜੋਗਿੰਦਰ ਸਿੰਘ, ਬਲਵਿੰਦਰ ਸਿੰਘ, ਮੱਖਣ ਕੋਹਾੜ, ਗੁਰਵਿੰਦਰ ਸਿੰਘ, ਰਾਜੇਸ਼ ਮਹਾਜਨ ਆਦਿ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਗਿਆਰਾਂ ਮਹੀਨਿਆਂ ਤੋਂ ਲੱਗੇ ਧਰਨੇ ਨੂੰ ਪਿਆ ਬੂਰ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੱਟੀ ਹਲਕੇ ਅੰਦਰ ਅੱਤ ਖਸਤਾ ਹਾਲਤ ਸੜਕਾਂ ਪੱਟੀ ਤੋਂ ਸੰਗਵਾਂ ਵਾਇਆ ਭੱਗੂਪੁਰ ਤੇ ਪੱਟੀ ਤੋਂ ਹਰੀਕੇ ਵਾਇਆ ਪਰਿੰਗੜੀ ਸੜਕ 'ਚ ਡੂੰਘੇ ਟੋਏ ਪੈਣ ਕਾਰਨ ਨਿੱਤ ਵਾਪਰਦੇ ਹਾਦਸਆਂ ਨੂੰ ਰੋਕਣ ਸਮੇਤ ਕਈ ਅਹਿਮ ਮਸਲਿਆਂ ਨੂੰ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਪੱਟੀ ਜ਼ੋਨ ਵੱਲੋਂ ਪੱਟੀ ਐੱਸਡੀਐੱਮ ਦਫਤਰ ਅੱਗੇ ਲੱਗੇ ਮੋਰਚੇ ਨੂੰ ਲਗਭੱਗ ਇਕ ਸਾਲ ਬੀਤਣ 'ਤੇ ਆਖਰਕਾਰ ਬੂਰ ਪੈ ਹੀ ਗਿਆ। ਇਹ ਜਾਣਕਾਰੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜ਼ਿਲਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੰਦੀ, ਬਲਵਿੰਦਰ ਸਿੰਘ ਚੋਹਲਾ, ਤਰਸੇਮ ਸਿੰਘ ਧਾਰੀਵਾਲ, ਮੇਹਰ ਸਿੰਘ ਤਲਵੰਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੀ ਕੀਤੀ। ਕਿਸਾਨ ਆਗੂਆਂ ਨੇ ਕਿਹਾ ਕਿ ਅੱਜ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪਿੰਡ ਸੰਗਵਾਂ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਦੂਜੇ ਪਾਸੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕਿਸਾਨ ਆਗੂ ਗੁਰਭੇਜ ਸਿੰਘ ਧਾਰੀਵਾਲ, ਦਿਲਬਾਗ ਸਿੰਘ ਪਹੁਵਿੰਡ, ਦਲਬੀਰ ਸਿੰਘ ਭੂਰਾ ਕਰੀਮਪੁਰਾ, ਸਵਰਨ ਸਿੰਘ ਹਰੀਕੇ, ਰੂਪ ਸਿੰਘ ਸੈਦੋ ਦੀ ਅਗਵਾਈ ਹੇਠ ਪੱਟੀ ਐੱਸਡੀਐੱਮ ਦਫਤਰ ਅੱਗੇ ਕਿਸਾਨਾਂ ਨੇ ਵੱਡਾ ਇਕੱਠ ਕੀਤਾ। ਨੀਂਹ ਪੱਥਰ ਰੱਖਣ ਤੋਂ ਬਾਅਦ ਕੈਬਨਿਟ ਮੰਤਰੀ ਧਰਨੇ ਵਿੱਚ ਪਹੁੰਚੇ ਅਤੇ ਆਗੂਆਂ ਨਾਲ ਲੰਮਾ ਸਮਾਂ ਮੀਟਿੰਗ ਚੱਲੀ। ਭੁੱਲਰ ਨੇ ਮੀਟਿੰਗ ਵਿੱਚ ਸੀਤੋ ਨੌ ਬਾਅਦ ਰੋਹੀ ਦੀ ਖਲਵਾਈ ਕਰਵਾਉਣ, ਪਿੰਡ ਪਰਿੰਗੜੀ, ਹਰੀਕੇ ਵਾਲੀ ਸੜਕ, ਪਿੰਡਾਂ ਨਾਲ ਲਿੰਕ ਰੱਖਦੀਆਂ ਸੜਕਾਂ, ਪਿੰਡ ਦੁੱਬਲੀ ਗਊਸ਼ਾਲਾ ਵਿਚ ਪੂਰੇ ਪ੍ਰਬੰਧ ਕਰਨ ਅਤੇ ਹੋਰ ਮੰਗ ਪੱਤਰ ਨਾਲ ਸਬੰਧਤ ਮਸਲਿਆਂ ਨੂੰ ਛੇਤੀ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ। ਮੰਤਰੀ ਦੇ ਵਿਸ਼ਵਾਸ 'ਤੇ ਧਰਨਾ ਸਮਾਪਤ ਕਰ ਦਿੱਤਾ।

ਇਸ ਮੌਕੇ ਚਾਨਣ ਸਿੰਘ ਬੰਗਲਾ ਰਾਏ, ਹਰਿੰਦਰ ਸਿੰਘ ਆਸਲ, ਨਿਸ਼ਾਨ ਸਿੰਘ ਪੱਟੀ, ਗੁਰਜੰਟ ਸਿੰਘ ਭੱਗੂਪੁਰ, ਹਰਪਾਲ ਸਿੰਘ ਜੋਧ ਸਿੰਘ ਵਾਲਾ, ਪਰਮਜੀਤ ਸਿੰਘ ਤਲਵੰਡੀ, ਰਵੇਲ ਸਿੰਘ ਮੱਖੀ ਕਲਾਂ, ਅਜਮੇਰ ਸਿੰਘ ਅਮੀਸ਼ਾਹ, ਬਲਵਿੰਦਰ ਸਿੰਘ ਹਰੀਕੇ, ਸ਼ਿੰਦਾ ਸਿੰਘ ਬੂਹ, ਕਿਰਪਾਲ ਬੁਰਜ ਪੂਹਲਾ, ਸੁਖਬੀਰ ਸਿੰਘ ਢਿੱਲੋਂ, ਜਰਨੈਲ ਸਿੰਘ ਧਾਰੀਵਾਲ, ਲਖਵਿੰਦਰ ਸਿੰਘ ਵਰਨਾਲਾ, ਸੁਖਵੰਤ ਸਿੰਘ ਪੱਟੀ, ਸੁਖਚੈਨ ਸਿੰਘ ਪੱਟੀ, ਬੱਗੂ ਭੂਰਾ, ਗੁਰਸ਼ਰਨ ਸਿੰਘ ਕੰਡਿਆਲਾ, ਹਰਚਰਨ ਸਿੰਘ ਆਸਲ, ਖਜ਼ਾਨ ਸਿੰਘ ਕਿਰਤੋਵਾਲ, ਜੋਗਿੰਦਰ ਸਿੰਘ ਗੱਟੀ, ਹੈਪੀ ਸੰਗਵਾ, ਬੀਬੀ ਕੁਲਵੰਤ ਕੌਰ ਧਾਲੀਵਾਲ ਅਤੇ ਮਨਜੀਤ ਕੌਰ ਧਾਲੀਵਾਲ ਆਦਿ ਹਾਜ਼ਰ ਸਨ।

# ਖਾਸਾ ਵਿਖੇ ਡਿੱਗੇ 220 ਕੇ ਵੀ ਟਾਵਰਾਂ ਤੋਂ ਬਿਜਲੀ ਸਪਲਾਈ ਬਹਾਲ : ਈ ਟੀ ਓ



**ਅੰਮ੍ਰਿਤਸਰ, ਜੰਡਿਆਲਾ ਗੁਰੂ (ਨਰਿੰਦਰਜੀਤ ਸਿੰਘ/ਹਰਿੰਦਰਪਾਲ ਸਿੰਘ)**—ਬੀਤੇ ਦਿਨ ਖਾਸਾ ਅਤੇ ਨਰਾਇਣਗੜ੍ਹ ਇਲਾਕੇ ਵਿੱਚ ਮੌਸਮ ਦੀ ਖਰਾਬੀ ਕਾਰਨ ਡਿੱਗੇ 220 ਕੇ ਵੀ ਦੇ ਟਾਵਰਾਂ ਨੂੰ ਐਮਰਜੈਂਸੀ ਪ੍ਰਣਾਲੀ ਤਹਿਤ ਬਿਜਲੀ ਸਪਲਾਈ ਦੇਣ ਲਈ ਬਹਾਲ ਕਰ ਲਿਆ ਗਿਆ ਹੈ, ਜਿਸ ਨਾਲ ਸ਼ਹਿਰ ਵਿੱਚ ਬਿਜਲੀ ਦੀ ਸਪਲਾਈ ਆਮ ਵਾਂਗ ਚਾਲੂ ਹੋ ਸਕੇਗੀ। ਬੀਤੀ ਰਾਤ ਉਕਤ ਸਥਾਨਾਂ ਉਤੇ ਚੱਲ ਰਹੇ ਕੰਮਾਂ ਦੀ ਜਾਂਚ ਲਈ ਗਏ ਬਿਜਲੀ ਮੰਤਰੀ ਸ ਹਰਭਜਨ ਸਿੰਘ ਈ ਟੀ ਓ ਨੇ ਦੱਸਿਆ ਕਿ ਉਕਤ ਵੱਡੀ ਲਾਈਨ ਸ਼ਹਿਰ ਨੂੰ ਬਿਜਲੀ ਸਪਲਾਈ ਦੇਣ ਵਾਲੀਆਂ ਮੁੱਖ ਸਪਲਾਈ ਦਾ ਹਿੱਸਾ ਹੈ ਅਤੇ ਇਸ ਇਲਾਕੇ ਵਿੱਚ ਤੇਜ ਹਨੇਰੀ ਤੇ ਝੱਖੜ ਕਾਰਨ ਜੋ ਵੱਡਾ ਨੁਕਸਾਨ ਹੋਇਆ, ਉਸ ਵਿੱਚ ਬਿਜਲੀ ਦੀ ਇਸ ਲਾਈਨ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਸੀ। ਉਨ੍ਹਾਂ ਦੱਸਿਆ ਕਿ ਬਿਜਲੀ ਵਿਭਾਗ ਦਾ ਵੱਡਾ ਨੁਕਸਾਨ ਇਸ ਖਰਾਬ ਮੌਸਮ ਨੇ ਕੀਤਾ ਸੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਤੂਫਾਨ ਕਾਰਨ 13750 ਬਿਜਲੀ ਦੇ ਖੰਭੇ, 3379 ਟਰਾਂਸਫਾਰਮਰ, 317 ਕਿਲੋਮੀਟਰ ਲੰਮੀਆਂ ਬਿਜਲੀ ਲਾਇਨਾਂ, 66 ਕੇ ਵੀ ਦੇ 17 ਟਾਵਰ ਨੁਕਸਾਨੇ ਗਏ, ਜੋ ਕਿ ਵਿਭਾਗ ਨੂੰ 31 ਕਰੋੜ ਰੁਪਏ ਤੋਂ ਵੱਧ ਦਾ ਵਿੱਤੀ ਨੁਕਸਾਨ ਕਰ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਲਾਈਨ ਦੇ ਟਾਵਰ ਡਿੱਗਣ ਕਾਰਨ ਸ਼ਹਿਰ ਵਿੱਚ ਬਿਜਲੀ ਸਪਲਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਅਤੇ ਅੱਤ ਦੀ ਗਰਮੀ ਵਿੱਚ ਲੋਕਾਂ ਨੂੰ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪਿਆ। ਹੁਣ ਇਨ੍ਹਾਂ ਟਾਵਰਾਂ ਤੋਂ ਬਿਜਲੀ ਸਪਲਾਈ ਬਹਾਲ ਕਰ ਦਿੱਤੀ ਗਈ ਹੈ, ਜਿਸ ਨਾਲ ਬਿਜਲੀ ਕੱਟਾਂ ਤੋਂ ਬਚਾਅ ਹੋਵੇਗਾ। ਉਨ੍ਹਾਂ ਕਿਹਾ ਕਿ ਸਾਡੇ ਕੋਲ ਬਿਜਲੀ ਦੀ ਕਮੀ ਨਹੀਂ ਹੈ, ਬਲਕਿ ਲਾਈਨ ਦੇ ਡਿੱਗਣ ਕਾਰਨ ਬਦਲਵੇਂ ਪ੍ਰਬੰਧ ਤਹਿਤ ਸ਼ਹਿਰ ਨੂੰ ਬਿਜਲੀ ਦੇਣ ਲਈ ਕੱਟ ਲਗਾਉਣੇ ਪਏ ਹਨ। ਉਨ੍ਹਾਂ ਸ਼ਹਿਰ ਵਾਸੀਆਂ ਵੱਲੋਂ ਮਿਲੇ ਇਸ ਸਹਿਯੋਗ ਲਈ ਧੰਨਵਾਦ ਕਰਦੇ ਬਿਜਲੀ ਕਰਮੀ ਜਿਨ੍ਹਾਂ ਨੇ ਇਹ ਲਾਈਨ ਚਾਲੂ ਕਰਨ ਲਈ ਰਾਤ-ਦਿਨ ਕੰਮ ਕੀਤਾ, ਦਾ ਵੀ ਧੰਨਵਾਦ ਕੀਤਾ।

# ਧਾਮੀ ਨੇ ਪਾਕਿ 'ਚ ਸਿੱਖ ਦੁਕਾਨਦਾਰ ਦੀ ਹੋਈ ਹੱਤਿਆ 'ਤੇ ਦੁੱਖ ਪ੍ਰਗਟਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਕਿਸਤਾਨ ਅੰਦਰ ਘੱਟ-ਗਿਣਤੀ ਸਿੱਖਾਂ 'ਤੇ ਹੋ ਰਹੇ ਹਮਲਿਆਂ ਦੀ ਕਰੜੀ ਨਿੰਦਾ ਕਰਦਿਆਂ ਬਿਨਾਂ ਕਿਸੇ ਦੇਰੀ ਤੋਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਕੜੀ ਤੋਂ ਕੜੀ ਸਜ਼ਾ ਦੇਣ ਦੀ ਮੰਗ ਕੀਤੀ ਹੈ। ਜਾਰੀ ਇਕ ਬਿਆਨ ਵਿਚ ਐਡਵੋਕੇਟ ਧਾਮੀ ਨੇ ਆਖਿਆ ਕਿ ਪਾਕਿਸਤਾਨ ਦੇ ਸ਼ਹਿਰ ਪਿਸ਼ਾਵਰ 'ਚ ਸਿੱਖ ਦੁਕਾਨਦਾਰ ਮਨਮੋਹਨ ਸਿੰਘ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦੇਣੀ ਬੇਹੱਦ ਮੰਦਭਾਗੀ ਘਟਨਾ ਹੈ। ਪਾਕਿਸਤਾਨ ਅੰਦਰ ਘੱਟ-ਗਿਣਤੀ ਸਿੱਖਾਂ ਦੀ ਸੁਰੱਖਿਆ ਨੂੰ ਲੈ ਕੇ ਉਥੋਂ ਦੀ ਸਰਕਾਰ ਨੂੰ ਸੰਜੀਦਾ ਹੋਣਾ ਚਾਹੀਦਾ ਹੈ। ਦੋ ਦਿਨਾਂ ਅੰਦਰ ਸਿੱਖਾਂ 'ਤੇ ਹਮਲੇ ਦੀ ਇਹ ਦੂਸਰੀ ਘਟਨਾ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਦੁੱਖ ਦੀ ਗੱਲ ਹੈ ਕਿ ਪਾਕਿਸਤਾਨ ਅੰਦਰ ਇਸ ਤੋਂ ਪਹਿਲਾਂ ਵੀ ਅਜਿਹੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ। ਜੇਕਰ ਸਰਕਾਰ ਨੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਹੁੰਦੀਆਂ ਤਾਂ ਮੁੜ ਅਜਿਹਾ ਨਾ ਵਾਪਰਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਾਕਿਸਤਾਨ ਸਰਕਾਰ ਪਾਸੋਂ ਸਿੱਖ ਦੁਕਾਨਦਾਰ ਮਨਮੋਹਨ ਸਿੰਘ ਦੀ ਹੱਤਿਆ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਭਾਰਤ ਦੇ ਵਿਦੇਸ਼ ਮੰਤਰੀ ਨੂੰ ਵੀ ਅਪੀਲ ਕੀਤੀ ਕਿ ਉਹ ਕੂਟਨੀਤਕ ਪੱਧਰ 'ਤੇ ਇਸ ਮਾਮਲੇ ਵਿਚ ਪਾਕਿਸਤਾਨ ਸਰਕਾਰ ਪਾਸ ਸਖ਼ਤ ਇਤਰਾਜ਼ ਪ੍ਰਗਟ ਕਰਨ ਅਤੇ ਭਵਿੱਖ ਅੰਦਰ ਸਿੱਖਾਂ ਦੀ ਜਾਨ-ਮਾਲ ਦੀ ਸੁਰੱਖਿਆ ਵਾਸਤੇ ਢੁੱਕਵੇਂ ਕਦਮ ਚੁੱਕਣ ਲਈ ਕਹਿਣ।

# ਸੀਵਰੇਜ ਨਾਲਾ ਬੰਦ, ਗੰਦਾ ਪਾਣੀ ਪੈਟਰੋਲ ਪੰਪ ਤੇ ਸੜਕ ਦੀਆਂ ਜੜ੍ਹੀਂ ਬੈਠਾ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਮੁਕੇਰੀਆਂ ਮੁੱਖ ਸੜਕ 'ਤੇ ਪੈਂਦੇ ਪਿੰਡ ਚਾਵਾਂ ਦੇ ਗੰਦੇ ਪਾਣੀ ਦੇ ਨਿਕਾਸ ਵਾਸਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੇ ਨਾਲਾ ਬਣਾਇਆ ਹੈ ਪਰ ਉਹ ਬੰਦ ਹੋਣ ਕਰਕੇ ਗੰਦਾ ਪਾਣੀ ਸੜਕਾਂ 'ਤੇ ਫਿਰਦਾ ਰਹਿੰਦਾ ਹੈ ਅਤੇ ਭਾਰੀ ਨੁਕਸਾਨ ਕਰ ਰਿਹਾ ਹੈ। ਇਸ ਪਾਸੇ ਪਿੰਡ ਚਾਵਾਂ ਤੇ ਨਵਾਂ ਨੌਸ਼ਹਿਰਾ ਦੀਆਂ ਪੰਚਾਇਤਾਂ ਕੋਈ ਵੀ ਧਿਆਨ ਨਹੀਂ ਦੇ ਰਹੀਆਂ ਜਿਸ ਕਰਕੇ ਪਿੰਡ ਦੇ ਲੋਕਾਂ ਦਾ ਮਹਿਕਮਾ ਤੇ ਪੰਚਾਇਤਾਂ ਖ਼ਿਲਾਫ਼ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਪਿੰਡ ਵਾਸੀਆਂ ਤੇ ਰਾਹਗੀਰਾਂ ਨੇ ਦੱਸਿਆ ਕਿ ਲੋਕ ਸੜਕਾਂ ਉਪਰ ਸ਼ਰੇਆਮ ਕੂੜਾ ਕਰਕਟ ਸੁੱਟ ਕੇ ਸੀਵਰੇਜ ਨੂੰ ਬਲਾਕ ਕਰ ਦਿੰਦੇ ਹਨ ਅਤੇ ਇਸ ਨਾਲ ਭੈੜੀ ਬਦਬੂ ਫੈਲਣ ਕਾਰਨ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਫੈਲਣ ਦਾ ਹਰ ਵੇਲੇ ਮਾਹੌਲ ਬਣਿਆ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਕੁਝ ਨੌਜਵਾਨਾਂ ਨੇ ਆਪਣੇ ਪੱਧਰ 'ਤੇ ਨਾਲੇ ਦੀ ਸਫ਼ਾਈ ਕਰਵਾਈ ਸੀ ਪਰ ਉਹ ਹੁਣ ਦੁਬਾਰਾ ਬੰਦ ਹੋ ਗਿਆ ਹੈ। ਲੋਕ ਨਿਰਮਾਣ ਵਿਭਾਗ ਵਲੋਂ ਜਿਸ ਸੜਕ ਦੀ ਮੁਰੰਮਤ ਕਰਵਾਈ ਗਈ ਸੀ, ਉਹ ਵੀ ਪਾਣੀ ਖੜਨ ਨਾਲ ਫ਼ਿਰ ਟੁੱਟਣੀ ਸ਼ੁਰੂ ਹੋ ਗਈ ਹੈ ਅਤੇ ਸੜਕ ਵਿਚਕਾਰ ਖੱਡੇ ਪੈਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਲੋਕ ਨਿਰਮਾਣ ਵਿਭਾਗ ਅਤੇ ਪੰਚਾਇਤਾਂ ਦੇ ਧਿਆਨ ਹਿਤ ਲਿਆ ਦਿੱਤਾ ਗਿਆ ਹੈ ਪਰ ਫ਼ਿਰ ਵੀ ਇਸ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੰਦੇ ਪਾਣੀ ਦੇ ਨਿਕਾਸ ਅਤੇ ਕੂੜਾ ਕਰਕਟ ਦਾ ਕੋਈ ਪੱਕਾ ਹਾਲ ਕੀਤਾ ਜਾਵੇ ਤਾਂ ਜੋ ਲੋਕ ਸੁੱਖ ਦਾ ਸਾਹ ਲੈ ਸਕਣ।

# ਸੇਖੋਂ ਵੱਲੋਂ ਆਪਣੇ 32ਵੇਂ ਜਨਮ ਦਿਨ ਮੌਕੇ ਚੌਂਕੇ ਨੂੰ 5000 ਰੁਪਏ ਭੇਟ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਯੂਥ ਕਾਂਗਰਸ ਦੇ ਸੀਨੀਅਰ ਆਗੂ ਹਰਮਨ ਸੇਖੋਂ ਵੱਲੋਂ ਆਪਣਾ 32ਵਾਂ ਜਨਮ ਦਿਹਾੜਾ ਚੌਂਕਾ ਬੀਬੀ ਰਜਨੀ ਜੀ ਵਿਖੇ ਆਪਣੇ ਸਾਥੀਆਂ ਸਮੇਤ ਪਹੁੰਚ ਕੇ ਚੌਂਕਾ ਮੈਂਬਰਾਂ ਨਾਲ ਕੇਕ ਕੱਟ ਕੇ ਮਨਾਇਆ ਅਤੇ ਚੌਂਕਾ ਬੀਬੀ ਰਜਨੀ ਦੇ ਸਵ: ਸਮਾਜਸੇਵੀ ਪ੍ਰਧਾਨ ਵਿਨੋਦ ਕੁਮਾਰ ਸ਼ਰਮਾ ਦੇ ਸਪੁੱਤਰ ਪ੍ਰਧਾਨ ਜਤਿਨ ਕੁਮਾਰ ਸ਼ਰਮਾ ਨੂੰ 5000 ਰੁਪਏ ਦੀ ਰਾਸ਼ੀ ਭੇਟ ਕੀਤੀ। ਇਸ ਮੌਕੇ ਸੇਖੋਂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੌਂਕਾਂ ਬੀਬੀ ਰਜਨੀ ਜੀ ਦੇ ਬਾਨੀ ਸਵ: ਪ੍ਰਧਾਨ ਵਿਨੋਦ ਕੁਮਾਰ ਸ਼ਰਮਾ ਵੱਲੋਂ ਲੋੜਵੰਦ ਨੂੰ ਢਿੱਡ ਭਰ ਕੇ ਰੋਟੀ ਖਾਣ ਨੂੰ ਮਿਲੇ, ਕੋਈ ਲੋੜਵੰਦ ਵਿਅਕਤੀ ਰਾਤ ਨੂੰ ਭੁੱਖਾ ਨਾ ਸੌਂਵੇ ਇਸ ਮਕਸਦ ਨਾਲ ਇਹ ਚੌਂਕਾ ਬੀਬੀ ਰਜਨੀ ਜੀ ਦਾ ਸ਼ੁਰੂ ਕੀਤਾ ਗਿਆ ਸੀ ਜੋ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਿਹਾ ਹੈ। ਸ਼ਹਿਰ ਅਤੇ ਇਲਾਕੇ ਅੰਦਰ ਚੰਗੀਆਂ ਸੇਵਾਵਾਂ ਨਿਭਾਅ ਰਹੇ ਚੌਂਕਾਂ ਦਾ ਸਾਨੂੰ ਸਭ ਨੂੰ ਰਲ ਮਿਲ ਕੇ ਸਹਿਯੋਗ ਕਰਨਾ ਚਾਹੀਦਾ ਹੈ। ਚੌਂਕਾ ਦੇ ਪ੍ਰਬੰਧਕ ਭਵਨ ਕੁਮਾਰ ਟਾਹ ਨੇ ਸੇਖੋਂ ਪਰਿਵਾਰ ਦਾ ਤਹਿਤ ਦਿੱਲੋ ਧੰਨਵਾਦ ਕਰਦਿਆਂ ਕਿਹਾ ਕਿ ਇਹ ਚੌਂਕਾਂ ਸਮਾਜਸੇਵੀ ਵਿਅਕਤੀਆਂ ਦੇ ਸਹਿਯੋਗ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਿਹਾ ਹੈ ਅਤੇ ਇਸੇ ਤਰ੍ਹਾਂ ਨਿਭਾਉਂਦਾ ਰਹੇਗਾ। ਇਸ ਮੌਕੇ ਸਖਦੀਪ ਸਿੰਘ, ਜਗਰੂਪ ਸਿੰਘ, ਹਰਪ੍ਰੀਤ ਸਿੰਘ, ਗੁਰਬਿੰਦਰ ਸਿੰਘ, ਅਮਨ ਸੰਧੂ, ਹਰਮਨ, ਅਤੇ ਦਿਲਪ੍ਰੀਤ ਸਿੰਘ ਨੇ ਹਰਮਨ ਸੇਖੋਂ ਨੂੰ 32ਵੇਂ ਜਨਮ ਦਿਨ 'ਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਕੇਸ਼ ਜੋਸ਼ੀ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ, ਪ੍ਰਿੰਸੀਪਲ ਮੰਗਤ ਰਾਮ, ਕੁਲਦੀਪ ਰਾਏ ਸ਼ਰਮਾ, ਮਹਿਲ ਸਿੰਘ ਅਤੇ ਵਿਪਨ ਘਰਿਆਲਾ ਆਦਿ ਚੌਂਕਾਂ ਦੇ ਮੈਂਬਰ ਹਾਜ਼ਰ ਸਨ।

# ਪੱਛਮੀ ਦੇਸ਼ਾਂ ਦੀਆਂ ਸਿੱਖ ਸੰਗਤਾਂ 'ਚ ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਦੇ ਦਰਸ਼ਨਾਂ ਲਈ ਭਾਰੀ ਉਤਸ਼ਾਹ : ਦਿਲਜੀਤ ਸਿੰਘ ਬੇਦੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਸ਼ਾਨਾਮੱਤੇ ਇਤਿਹਾਸ ਅਤੇ ਇਸ ਦੇ ਮਹਾਨ ਜਥੇਦਾਰਾਂ ਵੱਲੋਂ ਸਮੇਂ-ਸਮੇਂ ਖਾਲਸਾ ਪੰਥ ਨੂੰ ਦਿੱਤੀ ਸੁਯੋਗ ਇਤਿਹਾਸਕ ਅਗਵਾਈ ਅਤੇ ਗੁਰੂ ਹੁਕਮਾਂ ਸਬੰਧੀ ਦਿੱਤੇ ਪਹਿਰੇ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਵਾਉਣ ਅਤੇ ਬਾਣੀ ਬਾਣੇ ਦੇ ਪ੍ਰਚਾਰ ਪ੍ਰਸਾਰ ਹਿੱਤ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਅੱਜ ਕੱਲ 16 ਜੂਨ ਤੋਂ ਪੱਛਮੀ ਦੇਸ਼ਾਂ ਦੀ ਧਰਮ ਪ੍ਰਚਾਰ ਯਾਤਰਾ 'ਤੇ ਹਨ। ਵਿਦੇਸ਼ਾਂ ਵਿਚ ਰਹਿ ਰਹੀਆਂ ਸਿੱਖ ਸੰਗਤਾਂ ਗੁਰੂ ਸਾਹਿਬਾਨ ਅਤੇ ਸਿੱਖ ਜਰਨੈਲਾਂ ਦੇ ਇਤਿਹਾਸਕ ਜੰਗੀ ਸ਼ਸਤਰਾਂ ਦੇ ਦਰਸ਼ਨਾਂ ਅਤੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਦੇ ਵਿਚਾਰ ਸਰਵਣ ਕਰਨ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਲ ਦੇ ਹੈੱਡਕੁਆਰਟਰ ਤੋਂ ਜਾਰੀ ਪ੍ਰੈਸ ਨੋਟ ਰਾਹੀਂ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦਿੰਦਿਆਂ ਕਿਹਾ ਕਿ ਅਮਰੀਕਾ ਵਿਖੇ 25 ਜੂਨ ਨੂੰ ਸਾਊਥਬੈਂਡ ਇੰਡਿਆਨਾ, 26 ਤੋਂ 27 ਜੂਨ ਨੂੰ ਨਿਊਯਾਰਕ ਸ਼ਹਿਰ, 28 ਤੋਂ 29 ਜੂਨ ਨੂੰ ਵਾਸ਼ਿੰਗਟਨ ਡੀ.ਸੀ. ਦੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਨਗੇ। ਸ. ਬੇਦੀ ਨੇ ਦੱਸਿਆ ਕਿ ਬੁੱਢਾ ਦਲ ਦੇ 14ਵੇਂ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਬੀਤੀ 16-17 ਜੂਨ ਨੂੰ ਸ਼ਿਕਾਗੋ ਅਤੇ 18-19 ਜੂਨ ਨੂੰ ਮਿਲਵਾਕੀ, 20 ਜੂਨ ਨੂੰ ਮੋਲਾਈਨ ਦੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰ ਚੁੱਕੇ ਹਨ। ਸ. ਬੇਦੀ ਅਨੁਸਾਰ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 30 ਜੂਨ ਅਤੇ ਪਹਿਲੀ ਜੁਲਾਈ ਨੂੰ ਵੈਨਕੂਵਰ ਕਨੇਡਾ ਅਤੇ 2 ਅਤੇ 3 ਜੁਲਾਈ ਨੂੰ ਟਰਾਂਟੋ ਕੈਨੇਡਾ ਵਿਚ ਸੰਗਤਾਂ ਦੇ ਦਰਸ਼ਨ ਕਰਨਗੇ ਅਤੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਸੰਗਤਾਂ ਨੂੰ ਕਰਵਾਉਣਗੇ। ਉਨ੍ਹਾਂ ਦੇ ਨਾਲ ਬਾਬਾ ਜਸਵਿੰਦਰ ਸਿੰਘ ਜੱਸੀ, ਬਾਬਾ ਮਨਮੋਹਣ ਸਿੰਘ ਬਾਰਨਵਾਲੇ, ਬਾਬਾ ਸ਼ੇਰ ਸਿੰਘ ਤੇ ਹੋਰ ਪ੍ਰਮੁੱਖ ਸਿੱਖ ਪ੍ਰਚਾਰਕ ਵਿਦਵਾਨ ਸ਼ਾਮਲ ਹਨ।

# ਸਬ-ਸੈਂਟਰ ਮੱਦਰ ਤੇ ਮਹਿਮੂਦਪੁਰਾ 'ਚ ਮਨਾਇਆ ਮਲੇਰੀਆ ਦਿਵਸ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੀ ਯੋਗ ਅਗਵਾਈ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਅਫਸਰ ਤਰਨਤਾਰਨ ਡਾ. ਸਿਮਰਨ ਕੌਰ ਤੇ ਡਾ. ਅਮਨਦੀਪ ਸਿੰਘ ਦੀ ਰਹਿਨੁਮਾਈ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ. ਪਰਿਕਲ ਗੁਪਤਾ ਦੀ ਦੇਖ ਰੇਖ ਹੇਠ ਸਬ ਸੈਂਟਰ ਮੱਦਰ ਤੇ ਮਹਿਮੂਦਪੁਰਾ ਵਿਖੇ ਮਲੇਰੀਆ ਦਿਵਸ ਮਨਾਇਆ ਗਿਆ ਜਿਸ ਨੂੰ ਸੰਬੋਧਨ ਕਰਦਿਆਂ ਸਰਬਜੀਤ ਸਿੰਘ ਐਸਆਈ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫਲੀਜ਼ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਮੱਛਰ ਸਾਡੇ ਘਰਾਂ ਦੇ ਆਲੇ-ਦੁਆਲੇ ਖੜੇ ਪਾਣੀ ਅਤੇ ਗੰਦਗੀ ਵਾਲੀਆਂ ਥਾਵਾਂ 'ਤੇ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਗੰਦਗੀ ਵਾਲੀਆਂ ਥਾਵਾਂ 'ਤੇ ਸਾਫ-ਸਫਾਈ ਜ਼ਰੂਰ ਰੱਖਣੀ ਚਾਹੀਦੀ ਹੈ। ਇਸ ਲਈ ਸਾਨੂੰ ਘਰਾਂ ਵਿੱਚ ਲੱਗੇ ਕੂਲਰਾਂ, ਫਰਿਜਾਂ ਅਤੇ ਗਮਲਿਆਂ ਦੀ ਹਫਤੇ ਵਿਚ ਇਕ ਵਾਰ ਸਾਫ-ਸਫਾਈ ਜ਼ਰੂਰ ਕਰਨੀ ਚਾਹੀਦੀ ਹੈ। ਇਸ ਤੋਂ ਬਚਾਅ ਲਈ ਘਰਾਂ ਵਿੱਚ ਜਾਲੀਦਾਰ ਦਰਵਾਜ਼ਿਆਂ, ਮੱਛਰ ਭਜਾਊ ਕਰੀਮਾਂ, ਛਪੜਾਂ ਵਿੱਚ ਕਾਲੇ ਤੇਲ ਦਾ ਛਿੜਕਾਅ ਅਤੇ ਮੱਛਰਦਾਨੀਆਂ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।। ਬੁਖਾਰ ਹੋਣ ਦੀ ਸੂਰਤ ਵਿਚ ਕਿਸੇ ਵੀ ਨੇੜੇ ਦੇ ਸਿਹਤ ਕੇਂਦਰ ਵਿਚ ਖੂਨ ਦੀ ਜਾਂਚ ਕਰਵਾਈ ਜਾ ਸਕਦੀ ਹੈ। ਇਸ ਮੌਕੇ ਬਲਜਿੰਦਰ ਸਿੰਘ, ਤਰਨਜੀਤ ਸਿੰਘ, ਸੁਰਿੰਦਰ ਸਿੰਘ, ਜਗਤਾਰ ਸਿੰਘ ਐਮਪੀਡਬਲਿਊ ਮੇਲ, ਦਰਜਾਚਾਰ ਆਸ਼ਾ ਵਰਕਰ ਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

# ਸੁਨਿਆਰਿਆਂ ਦੀਆਂ ਦੁਕਾਨਾਂ ਆਮ ਦਿਨਾਂ ਵਾਂਗ ਹੀ ਖੁੱਲ੍ਹਣਗੀਆਂ: ਸੁਖਦੀਪ ਸੂਰੀ



**ਪੱਟੀ, (ਬਲਦੇਵ ਸਿੰਘ ਸੰਧੂ/ਸਮਸੇਰ ਸਿੰਘ ਯੋਧਾ)**-ਸਵਰਨਕਾਰ ਸੰਘ ਪੱਟੀ ਵੱਲੋਂ ਗੁਰਦੁਆਰਾ ਸ਼ਹੀਦ ਭਾਈ ਪ੍ਰਤਾਪ ਸਿੰਘ ਜੀ ਵਿਖੇ ਹੰਗਾਮੀ ਮੀਟਿੰਗ ਸੁਖਦੀਪ ਸਿੰਘ ਸੂਰੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਪਿਛਲੇ ਦਿਨੀਂ ਮੋਗਾ ਵਿਖੇ ਸਰਾਫਾ ਵਪਾਰੀ ਪਰਮਿੰਦਰ ਸਿੰਘ ਵਿੱਕੀ ਦੀ ਬਦਮਾਸ਼ਾਂ ਵੱਲੋਂ ਦਿਨ ਦਿਹਾੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਮ੍ਰਿਤਕ ਪਰਮਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਰੱਖਦਿਆਂ ਪੱਟੀ ਸ਼ਹਿਰ ਦੀ ਸਮੂਹ ਸੁਨਿਆਰਿਆਂ ਦੀਆਂ ਦੁਕਾਨਾਂ 'ਚ ਇਸ ਵਾਰ ਦੀਆਂ ਗਰਮੀਆਂ ਦੀਆਂ ਛੁੱਟੀਆਂ ਨਹੀਂ ਕੀਤੀਆਂ ਜਾਣਗੀਆਂ, ਦੁਕਾਨਾਂ ਆਮ ਦਿਨਾਂ ਵਾਂਗ ਹੀ ਖੁੱਲ੍ਹਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੁਖਦੀਪ ਸਿੰਘ ਸੂਰੀ ਨੇ ਕਿਹਾ ਕਿ ਕੁਝ ਲੋਕਾਂ ਵੱਲੋਂ ਪੱਟੀ ਸ਼ਹਿਰ ਅੰਦਰ ਇਹ ਅਫਵਾਹ ਫੈਲਾਈ ਜਾ ਰਹੀ ਹੈ ਕਿ ਸੁਨਿਆਰਿਆਂ ਦੀਆਂ ਸਾਰੀਆਂ ਦੁਕਾਨਾਂ ਸੋਮਵਾਰ ਅਤੇ ਮੰਗਲਵਾਰ ਬੰਦ ਰਹਿਣਗੀਆਂ। ਗਾਹਕਾਂ ਨੂੰ ਕਿਸੇ ਕਿਸਮ ਦੀ ਦੁੱਚਿਤੀ ਨਾ ਰਹੇ, ਸੋ ਉਹ ਸਪੱਸ਼ਟ ਕਰਦੇ ਹਨ ਕਿ ਅਫਵਾਹਾਂ ਵੱਲ ਧਿਆਨ ਨਾ ਦਿੱਤਾ ਜਾਵੇ। ਸੁਨਿਆਰਿਆਂ ਦੀਆਂ ਦੁਕਾਨਾਂ ਆਮ ਦਿਨਾਂ ਵਾਂਗ ਹੀ ਖੁੱਲ੍ਹਣਗੀਆਂ। ਇਸ ਮੌਕੇ ਗੁਰਦੇਵ ਸਿੰਘ ਬੰਟੀ, ਰਜਿੰਦਰ ਸਿੰਘ ਰਿੰਕੂ, ਗੁਰਜੀਤ ਸਿੰਘ ਕੁੱਕੂ, ਹਰਜਿੰਦਰ ਸਿੰਘ ਬੌਬੀ, ਗੁਰਇਕਬਾਲ ਸਿੰਘ ਦਾਸੂਵਾਲ, ਗੁਰਵਿੰਦਰ ਸਿੰਘ ਧੁੰਨਾ, ਚੇਤਨ ਧੁੰਨਾ, ਮਨਦੀਪ ਸਿੰਘ, ਪਾਰਸ, ਬਰਿੰਦਰ ਸਿੰਘ, ਸਿਮਰਨ ਸਿੰਘ ਅਤੇ ਸਵਰਨਕਾਰ ਸੰਘ ਦੇ ਮੈਂਬਰ ਹਾਜ਼ਰ ਸਨ।

# ਬਾਲਿੰਗ ਮਸ਼ੀਨ, ਸਪੀਡੋ ਮੀਟਰ ਤੇ ਇਲੈਕਟ੍ਰਾਨਿਕ ਸਕੋਰ ਬੋਰਡ ਸਥਾਪਤ

**ਗੁਰਦਾਸਪੁਰ, (ਜਨਕ ਮਹਾਜਨ)**-ਸਰਕਾਰੀ ਕਾਲਜ ਗੁਰਦਾਸਪੁਰ ਦੇ ਕ੍ਰਿਕਟ ਮੈਦਾਨ ਵਿਖੇ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਦੀ ਸਹੂਲਤ ਲਈ ਬਾਲਿੰਗ ਮਸ਼ੀਨ, ਸਪੀਡੋ ਮੀਟਰ ਅਤੇ ਇਲੈਕਟ੍ਰਾਨਿਕ ਸਕੋਰ ਬੋਰਡ ਸਥਾਪਤ ਕੀਤੇ ਗਏ ਹਨ, ਜਿਨ੍ਹਾਂ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਸ ਆਧੁਨਿਕ ਸਾਜ਼ੋ-ਸਾਮਾਨ ਨਾਲ ਲੈਸ ਹੋਣ ਵਾਲਾ ਗੁਰਦਾਸਪੁਰ ਦਾ ਕ੍ਰਿਕਟ ਮੈਦਾਨ ਸੂਬੇ ਦਾ ਦੂਸਰਾ ਅਜਿਹਾ ਖੇਡ ਮੈਦਾਨ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਬਾਲਿੰਗ ਮਸ਼ੀਨ ਦੇ ਲੱਗਣ ਨਾਲ ਕ੍ਰਿਕਟ ਦੇ ਖਿਡਾਰੀ ਹੁਣ ਹੋਰ ਵੀ ਬਿਹਤਰ ਢੰਗ ਨਾਲ ਪ੍ਰੈਕਟਿਸ ਕਰਕੇ ਆਪਣੀ ਖੇਡ ਵਿੱਚ ਨਿਖਾਰ ਲਿਆ ਸਕਣਗੇ। ਇਸ ਦੇ ਨਾਲ ਹੀ ਸਪੀਡੋ ਮੀਟਰ ਬਾਲਰਾਂ ਦੀ ਸਪੀਡ ਮਾਪਣ ਵਿੱਚ ਸਹਾਈ ਹੋਵੇਗੀ ਅਤੇ ਉਹ ਆਪਣੀ ਬਾਲਿੰਗ ਦੀ ਸਪੀਡ ਵਿੱਚ ਹੋਰ ਵੀ ਸੁਧਾਰ ਕਰ ਸਕਣਗੇ। ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਇਸ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰਦਾਸਪੁਰ ਦੇ ਕ੍ਰਿਕਟ ਮੈਦਾਨ ਨੂੰ ਇਹ ਆਧੁਨਿਕ ਮਸ਼ੀਨਾਂ ਮਿਲਣ ਨਾਲ ਖਿਡਾਰੀਆਂ ਦੀ ਖੇਡ ਵਿੱਚ ਨਿਖਾਰ ਆਵੇਗਾ। ਇਸ ਮੌਕੇ ਕ੍ਰਿਕਟ ਕੋਚ ਰਾਕੇਸ਼ ਮਾਰਸ਼ਲ, ਸੰਜੀਵ ਸਰਪਾਲ, ਹੈਪੀ ਗੁਰਦਾਸਪੁਰੀਆ, ਹਰਜੋਤ ਸਿੰਘ, ਪਵਨ ਕੁਮਾਰ ਅਤੇ ਜਤਿੰਦਰ ਕੁਮਾਰ ਆਦਿ ਹਾਜ਼ਰ ਸਨ।

# ਮੇਲਾ ਪੀਰ ਬਾਬਾ ਖਾਕੀ ਸ਼ਾਹ 'ਤੇ ਲੱਗਣ ਵਾਲੀਆਂ ਦੁਕਾਨਾਂ ਦੀ ਹੋਈ ਖੁੱਲ੍ਹੀ ਬੋਲੀ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਪਿੰਡ ਸੋਹਲ ਵਿਖੇ ਸਥਿਤ ਧੰਨ-ਧੰਨ ਪੀਰ ਬਾਬਾ ਖਾਕੀ ਸ਼ਾਹ ਦੀ ਦਰਗਾਹ 'ਤੇ ਸਾਉਣ ਮਹੀਨੇ ਦੇ ਪਹਿਲੇ ਵੀਰਵਾਰ ਤੇ ਸ਼ੁੱਕਰਵਾਰ ਨੂੰ ਮਨਾਏ ਜਾ ਰਹੇ ਦੋ ਰੋਜ਼ਾ ਸੱਭਿਆਚਾਰਕ ਮੇਲੇ ਨੂੰ ਮਨਾਉਣ ਸਬੰਧੀ ਨਗਰ ਤੇ ਇਲਾਕਾ ਵਾਸੀਆਂ ਦੀ ਅਹਿਮ ਮੀਟਿੰਗ ਦਿਨ ਸ਼ਨੀਵਾਰ ਸਵੇਰੇ 10 ਵਜੇ ਦਰਗਾਹ 'ਤੇ ਹੋਈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪੀਰ ਬਾਬਾ ਖਾਕੀ ਸ਼ਾਹ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਉਘੇ ਉਦਯੋਗਪਤੀ ਗੁਰਦੇਵ ਸਿੰਘ ਰਿੰਟੂ ਸੋਹਲ, ਕੈਸ਼ੀਅਰ ਦਲਜੀਤ ਸਿੰਘ ਸੋਹਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਹੀ ਦੋ ਦਿਨਾ ਮੇਲੇ 'ਤੇ ਲੱਗਣ ਵਾਲੀਆਂ ਦੁਕਾਨਾਂ ਦੀ ਖੁੱਲ੍ਹੀ ਬੋਲੀ ਹੋਈ ਜਿਸ ਵਾਸਤੇ ਪੰਜਾਬ ਭਰ 'ਚ ਵਿਅਕਤੀ ਆ ਕੇ ਬੋਲੀ ਦੇਣ ਲਈ ਪਹੁੰਚੇ। ਪ੍ਰਬੰਧਕ ਕਮੇਟੀ ਨੇ ਅਪੀਲ ਕਰਦਿਆਂ ਨਗਰ ਇਲਾਕਾ ਵਾਸੀਆਂ ਤੇ ਬੋਲੀਕਾਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਮੇਲਾ ਮਨਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਮੇਲੇ ਦੌਰਾਨ ਸੇਵਾ ਕਰਨ ਵਾਲੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

# ਭਾਕਿਯੂ ਏਕਤਾ ਉਗਰਾਹਾਂ ਵੱਲੋਂ ਹਵੇਲੀਆਂ ਇਕਾਈ ਦਾ ਗਠਨ

**ਫਤਿਹਗੜ੍ਹ ਚੂੜੀਆ (ਜਸਦੇਵ ਮਾਨ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਵਾਰਡ ਨੰਬਰ 1 ਹਵੇਲੀਆਂ ਬਲਾਕ ਫਤਿਹਗੜ੍ਹ ਚੂੜੀਆਂ ਵਿੱਚ ਅਜੀਤ ਸਿੰਘ ਖੋਖਰ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਪਿੰਡ ਦੇ ਕਿਸਾਨ, ਮਜ਼ਦੂਰ, ਕਿਸਾਨ ਬੀਬੀਆਂ ਅਤੇ ਜ਼ਿਲ੍ਹਾ ਸਕੱਤਰ ਦਲਜੀਤ ਸਿੰਘ ਚਿਤੌੜਗੜ੍ਹ ਦੀ ਹਾਜ਼ਰੀ ਵਿੱਚ ਸਰਬਸੰਮਤੀ ਨਾਲ ਨਵੀਂ ਇਕਾਈ ਦਾ ਗਠਨ ਕੀਤਾ ਗਿਆ ਜਿਸ ਵਿੱਚ ਪ੍ਰਧਾਨ ਰਣਜੀਤ ਸਿੰਘ, ਸਕੱਤਰ ਸਰਦੂਲ ਸਿੰਘ, ਖਜ਼ਾਨਚੀ ਕੁਲਦੀਪ ਸਿੰਘ, ਸਹਾਇਕ ਪ੍ਰਧਾਨ ਇੰਦਰਜੀਤ ਸਿੰਘ, ਸਹਾਇਕ ਸਕੱਤਰ ਕੁਲਜੀਤ ਸਿੰਘ, ਮੈਂਬਰ ਸੰਦੀਪ ਸਿੰਘ, ਇਕਬਾਲ ਸਿੰਘ, ਜਤਿੰਦਰ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਰਜਿੰਦਰ ਸਿੰਘ ਆਦਿ ਆਗੂ ਚੁਣੇ ਗਏ। ਇਸ ਮੀਟਿੰਗ ਵਿੱਚ ਦਲਜੀਤ ਸਿੰਘ ਗਿੱਲਾਂਵਾਲੀ, ਸਾਹਿਬ ਸਿੰਘ ਖੋਖਰ, ਨਿਸ਼ਾਨ ਸਿੰਘ ਘਣੀਏ ਕੇ ਬਾਂਗਰ, ਹਰਦੀਪ ਸਿੰਘ ਚਿਤੌੜਗੜ੍ਹ, ਕੰਵਲਜੀਤ ਕੌਰ, ਸੁਮਿੱਤਰਾ ਕੌਰ, ਸਰਬਜੀਤ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਹਰਭਜਨ ਕੌਰ, ਸੁਖਪ੍ਰੀਤ ਕੌਰ, ਜਸਵੀਰ ਕੌਰ ਆਦਿ ਹਾਜ਼ਰ ਸਨ।

# ਨੈਣੋਵਾਲ ਵੈਦ 'ਚ 30ਵਾਂ ਪੀਰ ਬਾਬਾ ਕੱਲੂ ਸ਼ਾਹ ਯਾਦਗਾਰੀ ਸੱਭਿਆਚਾਰਕ ਮੇਲਾ



**ਅੱਡਾ ਸਰਾਂ (ਕਾਜਲ)**-ਪ੍ਰਬੰਧਕ ਕਮੇਟੀ ਪੀਰ ਬਾਬਾ ਕੱਲੂ ਸ਼ਾਹ ਜੀ ਨੈਣੋਵਾਲ ਵੈਦ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪੀਰ ਬਾਬਾ ਕੱਲੂ ਸ਼ਾਹ ਜੀ ਦੇ ਮੁਕੱਦਸ ਅਸਥਾਨ 'ਤੇ 30ਵਾਂ ਸੱਭਿਆਚਾਰਕ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਪ੍ਰਧਾਨ ਸਤਨਾਮ ਸਿੰਘ ਢਿੱਲੋਂ, ਨੰਬਰਦਾਰ ਸੁਖਵਿੰਦਰ ਸਿੰਘ ਢਿੱਲੋਂ, ਜਰਨੈਲ ਸਿੰਘ ਢਿੱਲੋਂ, ਸੋਮਨਾਥ ਮਹਿਮੀ, ਸੁਖਵੀਰ ਸਿੰਘ ਢਿੱਲੋਂ ਦੀ ਅਗਵਾਈ ਵਿਚ ਕਰਵਾਏ ਗਏ ਇਸ ਮੇਲੇ ਦੌਰਾਨ ਦਰਗਾਹ 'ਤੇ ਚਾਦਰ ਅਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਸੱਭਿਆਚਾਰਕ ਮੇਲੇ ਦਾ ਉਦਘਾਟਨ ਕਰਦਿਆਂ ਸਾਬਕਾ ਮੰਤਰੀ ਚੌਧਰੀ ਬਲਬੀਰ ਸਿੰਘ ਮਿਆਣੀ, ਸਾਬਕਾ ਕਮਿਸ਼ਨਰ ਖਵਿੰਦਰ ਸਿੰਘ ਲੱਖੀ ਗਿਲਜੀਆਂ ਅਤੇ ਅਰਵਿੰਦਰ ਸਿੰਘ ਰਸੂਲਪੁਰ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਨੇ ਸਮੂਹ ਸੰਗਤਾਂ ਨੂੰ ਮੇਲੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਆਖਿਆ ਕਿ ਰਿਸ਼ੀਆ-ਮੁਨੀਆਂ, ਪੀਰਾਂ-ਫਕੀਰਾਂ, ਪੈਗੰਬਰਾਂ ਅਤੇ ਗੁਰੂਆਂ ਦੀ ਇਸ ਧਰਤੀ 'ਤੇ ਅਜਿਹੇ ਮੇਲੇ ਭਾਈਚਾਰਕ ਸਾਂਝ ਵਧਾਉਂਦੇ ਹਨ। ਇਸ ਦੌਰਾਨ ਸਲੀਮ ਸਾਬਰੀ ਮਲੇਰਕੋਟਲਾ ਨੇ ਸੂਫ਼ੀਆਨਾ ਕਲਾਮ ਪੇਸ਼ ਕੀਤੇ। ਅਮਨ ਰੋਜ਼ੀ, ਵਿੰਨੀ ਇੰਦੂ, ਅਵਤਾਰ ਚੜਿਕ, ਇਕਬਾਲ ਚੜਿਕ, ਰਾਣਾ ਕੰਮੇਆਨੀਆ, ਸੁੱਖੀ ਖਾਨ ਅਤੇ ਮਕਬੂਲ ਗਾਇਕ ਜੈਲੀ ਨੇ ਦਰਸ਼ਕਾਂ ਦਾ ਮਨੋਰੰਜਨ ਕੀਤਾ। ਪ੍ਰਬੰਧਕਾਂ ਵੱਲੋਂ ਸਮਾਜਕ ਖੇਤਰ ਵਿੱਚ ਵਿਲੱਖਣ ਸੇਵਾਵਾਂ ਦੇ ਰਹੇ ਡਾ.ਕੇਵਲ ਸਿੰਘ ਕਾਜਲ, ਜਥੇਦਾਰ ਦਵਿੰਦਰ ਸਿੰਘ ਮੂਨਕ, ਮਨਜੋਤ ਸਿੰਘ ਤਲਵੰਡੀ, ਗੀਤਕਾਰ ਹਰਵਿੰਦਰ ਉਹੜਪੁਰੀ, ਰੇਸ਼ਮ ਸਿੰਘ ਢਿੱਲੋਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸ ਮੌਕੇ ਗੁਰਕਮਲ ਸਿੰਘ ਸੋਢੀ, ਸਤਵਿੰਦਰ ਪਾਲ ਸਿੰਘ ਢੱਟ, ਪਰਮਿੰਦਰ ਸਿੰਘ ਪੰਨੂ, ਵਿਕਰਮ ਸਰਮਾ ਬੋਬੀ, ਜੰਗਵੀਰ ਸਿੰਘ ਚੌਹਾਨ, ਮਹਿੰਦਰ ਸਿੰਘ ਗਿੱਲ, ਜਸਵੰਤ ਸਿੰਘ ਚੌਟਾਲਾ, ਪਰਮਵੀਰ ਸਿੰਘ ਪੰਮਾ, ਹੋਸ਼ਿਆਰ ਸਿੰਘ ਥਿਆੜਾ, ਗੁਰਵੀਰ ਚੌਟਾਲਾ, ਕੁਲਜੀਤ ਕੌਰ ਸਰਪੰਚ, ਸੁਖਵਿੰਦਰ ਸਿੰਘ ਮੱਲ੍ਹੀ, ਕੁਲਦੀਪ ਸਿੰਘ ਢੱਟ ਯੂ.ਐਸ.ਏ, ਗੋਗਾ ਧਾਲੀਵਾਲ, ਸੋਨੂੰ ਢੱਟ, ਬਿੱਟਾ ਝਾਂਵਾਂ ਵਾਲਾ, ਨਰਿੰਦਰ ਸਿੰਘ ਸਾਬਕਾ ਸਰਪੰਚ, ਮਾ.ਗੁਰਬਚਨ ਸਿੰਘ, ਡਾ.ਪਿਆਰੇ ਲਾਲ, ਏ.ਐਸ.ਆਈ. ਕੁਲਵਿੰਦਰ ਸਿੰਘ ਬਿੱਟੂ, ਕੁਲਵੀਰ ਸਿੰਘ ਢਿੱਲੋਂ, ਸੁਰਜੀਤ ਪਾਲ, ਪਰਮਜੀਤ ਕੌਰ ਪੰਚ, ਬਖਸ਼ੋ ਦੇਵੀ ਪੰਚ, ਗੁਰਦੀਪ ਕੌਰ ਪੰਚ, ਪਰਸਰਾਮ ਫੌਜੀ, ਲਵਦੀਪ ਸਿੰਘ ਐਸ.ਡੀ.ਓ, ਠੇਕੇਦਾਰ ਬਲਵੀਰ ਸਿੰਘ, ਗੁਰਜੀਤ ਸਿੰਘ ਪੰਚ, ਪਰਮਜੀਤ ਸਿੰਘ ਪੰਚ, ਮੋਹਨ ਸਿੰਘ ਢਿੱਲੋਂ, ਬਲਜਿੰਦਰ ਸਿੰਘ ਢਿੱਲੋਂ, ਗੁਰਦੀਪ ਸਿੰਘ ਲੱਡੂ, ਵਿੱਕੀ ਬਾਲੀ, ਜਸਵਿੰਦਰ ਦੀਸਾ, ਰਣਜੀਤ ਸਿੰਘ, ਸਵਤੰਤਰ ਸਿੰਘ, ਮੋਹਨ ਸਿੰਘ ਹਾਜ਼ਰ ਸਨ।

# ਪੰਜ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਸਮਾਪਤ, ਬੱਚਿਆਂ ਨੇ ਦਿਖਾਇਆ ਭਾਰੀ ਉਤਸ਼ਾਹ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਦਸਤੂਰ-ਏ-ਦਸਤਾਰ ਲਹਿਰ ਵੱਲੋਂ ਗ੍ਰੰਥੀ ਸਿੰਘਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਉੱਦਮ ਸਦਕਾ ਖਾਲਸਾ ਰਾਜ ਦੇ ਬਾਨੀ, ਕਿਸਾਨਾਂ ਦੇ ਹਮਦਰਦ, ਸੂਰਬੀਰ ਯੋਧੇ, ਦੂਰਅੰਦੇਸ਼ੀ ਸੋਚ ਦੇ ਮਾਲਕ ਬਾਬਾ ਬੰਦਾ ਸਿੰਘ ਬਹਾਦਰ ਦੀ ਪਾਕ ਸ਼ਹਾਦਤ ਦਿਵਸ ਨੂੰ ਸਮਰਪਿਤ ਪੰਜ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਗੁਰਦੁਆਰਾ ਪੱਤੀ ਸਾਹੋ ਕੀ ਪਿੰਡ ਕੈਰੋਂ ਜ਼ਿਲਾ ਤਰਨ ਤਾਰਨ ਵਿਖੇ ਲਗਾਇਆ ਗਿਆ, ਜਿਸ ਦੀ ਸਮਾਪਤੀ ਗੁਰੂ ਕਿਰਪਾ ਸਦਕਾ ਬਹੁਤ ਚੜ੍ਹਦੀ ਕਲਾ ਨਾਲ ਕੀਤੀ ਗਈ, ਜਿਸ ਵਿੱਚ ਰੋਜ਼ਾਨਾ ਸਿਖਲਾਈ ਕੈਂਪ ਵਿੱਚ ਆਉਣ ਵਾਲੇ ਲੜਕੇ ਲੜਕੀਆਂ ਅਤੇ ਓਪਨ ਵਿੱਚ ਆਏ ਹੋਏ ਬੱਚਿਆਂ ਦਾ ਸੱਤ ਗਰੁੱਪ ਬਣਾ ਕੇ ਦਸਤਾਰ ਅਤੇ ਦੁਮਾਲਾ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਹਰੇਕ ਗਰੁੱਪ ਵਿਚੋਂ ਕ੍ਰਮਵਾਰ ਪਹਿਲੇ, ਦੂਸਰੇ, ਤੀਸਰੇ ਅਤੇ ਦੋ ਬੱਚਿਆਂ ਦਾ ਵਿਸ਼ੇਸ਼ ਸਨਮਾਨ ਸ਼ੀਲਡਾਂ ਨਾਲ ਕੀਤਾ ਗਿਆ। ਸਿਖਲਾਈ ਪ੍ਰਾਪਤ ਬੱਚਿਆਂ ਅਤੇ ਗੁਰਬਾਣੀ ਸੰਥਿਆ, ਗੁਰਦੁਆਰਾ ਸਾਹਿਬ ਵਿਚ ਸੇਵਾ ਕਰਨ ਵਾਲਿਆਂ ਦਾ ਵੀ ਵਿਸ਼ੇਸ਼ ਸਨਮਾਨ ਸ਼ੀਲਡਾਂ, ਸਰਟੀਫਿਕੇਟ ਅਤੇ ਧਾਰਮਿਕ ਲਿਟਰੇਚਰ ਨਾਲ ਕੀਤਾ ਗਿਆ ਬਾਕੀ ਸਭ ਨੂੰ ਮੈਡਲ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਸਟੇਜ ਦੀ ਸੇਵਾ ਸੁਸਾਇਟੀ ਦੇ ਜ਼ੋਨਲ ਇੰਚਾਰਜ ਭਿੱਖੀਵਿੰਡ ਭਾਈ ਨਿਰਮਲ ਸਿੰਘ ਸੁਰਸਿੰਘ ਨੇ ਬਾਖੂਬੀ ਨਿਭਾਈ। ਬੱਚਿਆਂ ਨੇ ਰਸ ਭਿੰਨੇ ਕੀਰਤਨ ਅਤੇ ਚੜ੍ਹਦੀ ਕਲਾ ਵਾਲੀਆਂ ਕਵਿਤਾਵਾਂ ਰਾਹੀਂ ਆਪਣੇ ਮਾਣਮੱਤੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਿਨ੍ਹਾਂ ਨੂੰ ਪ੍ਰਿੰ. ਗੁਰਪ੍ਰਤਾਪ ਸਿੰਘ ਧਨੋਆ ਵੱਲੋਂ ਨਕਦ ਰਾਸ਼ੀ ਦੇ ਕੇ ਉਤਸ਼ਾਹਿਤ ਕੀਤਾ ਗਿਆ। ਪ੍ਰਿੰ. ਗੁਰਪ੍ਰਤਾਪ ਸਿੰਘ ਧਨੋਆ, ਪ੍ਰੋ. ਗੁਰਸੇਵਕ ਸਿੰਘ ਬੋਪਾਰਾਏ ਮੀਤ ਪ੍ਰਧਾਨ, ਭਾਈ ਸੰਤੋਖ ਸਿੰਘ ਪੱਟੀ ਪ੍ਰਧਾਨ, ਸਿੱਖ ਪਰਚਾਰਕ ਭਾਈ ਜਗਜੀਤ ਸਿੰਘ, ਗਿਆਨੀ ਗੁਰਪ੍ਰੀਤ ਸਿੰਘ ਨੱਥੂ ਚੱਕ, ਭਾਈ ਲਵਪ੍ਰੀਤ ਸਿੰਘ ਵਲੰਟੀਅਰ ਨੇ ਆਪਣੇ ਵਿਚਾਰਾਂ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਅਤੇ ਸੁਸਾਇਟੀ ਵੱਲੋਂ ਕੀਤੇ ਕੀਤੇ ਜਾ ਰਹੇ ਕਾਰਜਾਂ ਤੋਂ ਜਾਣੂ ਕਰਵਾਇਆ। ਭਾਈ ਹਰਦੀਪ ਸਿੰਘ, ਕਮੇਟੀ ਪ੍ਰਧਾਨ ਭਾਈ ਦਲਜੀਤ ਸਿੰਘ ਅਤੇ ਸਰਬਜੀਤ ਸਿੰਘ ਨੇ ਸੁਸਾਇਟੀ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਗੁਰੂ ਦੀ ਬਖਸ਼ਿਸ਼ ਸਿਰੋਪਾਓ ਭੇਟ ਕੀਤੇ। ਦਸਤਾਰ ਕੋਚ ਜਿਨ੍ਹਾਂ ਨੇ ਲਗਾਤਾਰ ਬੱਚਿਆਂ ਨੂੰ ਸਿਖਲਾਈ ਦਿੱਤੀ ਅਤੇ ਜੱਜਮੈਂਟ ਦੀ ਭੂਮਿਕਾ ਨਿਭਾਈ ਉਨ੍ਹਾਂ ਵਿੱਚੋਂ ਦਸਤਾਰ ਇੰਚਾਰਜ ਵੀਰ ਹਰਪ੍ਰੀਤ ਸਿੰਘ ਪੱਟੀ, ਹਰਜੀਤ ਸਿੰਘ ਲਹਿਰੀ ਪੱਟੀ, ਗੁਰਪ੍ਰੀਤ ਸਿੰਘ ਕੈਰੋਂ, ਗੁਰਦੀਪ ਸਿੰਘ ਕੈਰੋਂ, ਭੈਣ ਜਸਪ੍ਰੀਤ ਕੌਰ ਕੈਰੋਂ ਅਤੇ ਅਰਜਨ ਸਿੰਘ ਸਰਹਾਲੀ ਨੂੰ ਗੁਰਦੁਆਰਾ ਕਮੇਟੀ ਵੱਲੋਂ ਸ਼ੀਲਡਾਂ ਅਤੇ ਗੁਰੂ ਜੀ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਬੱਚੇ ਹਾਜ਼ਰ ਸਨ।

# ਨਵਾਂ ਜ਼ਮਾਨਾ

ਸੋਮਵਾਰ, 26 ਜੂਨ 2023


## ਉਸਾਰੂ ਸੋਚ

*2024 ਦੀਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਯੋਜਨਾ ਘੜਨ ਵਾਸਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੇ ਸੱਦੇ 'ਤੇ ਸ਼ੁੱਕਰਵਾਰ ਪਟਨਾ ਵਿਚ ਹੋਈ 17 ਆਪੋਜ਼ੀਸ਼ਨ ਪਾਰਟੀਆਂ ਦੀ ਬੈਠਕ ਤੋਂ ਬਾਅਦ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਨੇ ਸਪੱਸ਼ਟ ਕੀਤਾ ਕਿ ਆਪੋਜ਼ੀਸ਼ਨ ਪਾਰਟੀਆਂ ਦਾ ਦੇਸ਼ਵਿਆਪੀ ਗੱਠਜੋੜ ਕਾਰਆਮਦ ਨਹੀਂ ਰਹਿਣਾ, ਸਗੋਂ ਰਾਜਾਂ 'ਚ ਪਾਰਟੀਆਂ ਦੀ ਤਾਕਤ ਦੇ ਹਿਸਾਬ ਨਾਲ ਸੀਟਾਂ ਦੀ ਵੰਡ ਹੀ ਬਿਹਤਰ ਫਾਰਮੂਲਾ ਰਹੇਗੀ। ਕਾਮਰੇਡ ਰਾਜਾ ਨੇ ਕਿਹਾ—ਸਾਡੀ ਪਾਰਟੀ ਲੋਕ ਸਭਾ ਚੋਣਾਂ ਲਈ ਮੁਤਹਿਦਾ ਗੱਠਜੋੜ ਦਾ ਹਿੱਸਾ ਨਹੀਂ ਬਣੇਗੀ। ਸਾਡੇ ਸੂਬਾਈ ਯੂਨਿਟ ਆਪਣੀ ਲੋੜ ਮੁਤਾਬਕ ਗੱਠਜੋੜ ਤੇ ਸੀਟਾਂ ਦੀ ਵੰਡ ਬਾਰੇ ਫੈਸਲੇ ਕਰਨਗੇ। ਅਸੀਂ ਇਸ ਲਈ ਉਨ੍ਹਾਂ ਨੂੰ ਅਧਿਕਾਰਤ ਕਰ ਚੁੱਕੇ ਹਾਂ। ਅਸੀਂ ਇਹ ਫੈਸਲਾ ਇਸ ਲਈ ਕੀਤਾ ਹੈ, ਕਿਉਂਕਿ ਵੱਖ-ਵੱਖ ਰਾਜਾਂ ਦੀ ਸਿਆਸੀ ਸਥਿਤੀ ਵੱਖ-ਵੱਖ ਹੈ। ਸਾਡਾ ਉਦੇਸ਼ ਭਾਜਪਾ-ਵਿਰੋਧੀ ਵੋਟਾਂ ਨੂੰ ਇਕੱਠੇ ਕਰਨਾ ਹੈ। ਬਿਹਾਰ, ਜਿੱਥੇ ਸੀ ਪੀ ਆਈ, ਸੀ ਪੀ ਆਈ (ਐੱਮ) ਤੇ ਸੀ ਪੀ ਆਈ (ਐੱਮ ਐੱਲ) ਜਨਤਾ ਦਲ (ਯੂਨਾਈਟਿਡ), ਰਾਸ਼ਟਰੀ ਜਨਤਾ ਦਲ ਤੇ ਕਾਂਗਰਸ ਨਾਲ ਹੁਕਮਰਾਨ ਗੱਠਜੋੜ ਵਿਚ ਸ਼ਾਮਲ ਹਨ, ਦੀ ਸਥਿਤੀ ਤਾਮਿਲਨਾਡੂ ਨਾਲੋਂ ਵੱਖਰੀ ਹੈ, ਜਿੱਥੇ ਸੀ ਪੀ ਆਈ ਤੇ ਸੀ ਪੀ ਆਈ (ਐੱਮ) 11 ਪਾਰਟੀ ਸੈਕੂਲਰ ਪ੍ਰੋਗਰੈਸਿਵ ਅਲਾਇੰਸ ਦਾ ਹਿੱਸਾ ਹਨ। ਇਸੇ ਤਰ੍ਹਾਂ ਹੋਰਨਾਂ ਰਾਜਾਂ ਦੀ ਵੀ ਇਕ-ਦੂਜੇ ਨਾਲ ਤੁਲਨਾ ਨਹੀਂ ਕੀਤੀ ਜਾ ਸਕਦੀ। ਕੇਰਲਾ, ਕਰਨਾਟਕ ਜਾਂ ਯੂ ਪੀ ਦੀ ਤੁਲਨਾ ਨਹੀਂ ਕਰ ਸਕਦੇ। ਕਾਮਰੇਡ ਰਾਜਾ ਨੇ ਇਹ ਨੁਕਤਾ ਵੀ ਸਪੱਸ਼ਟ ਕੀਤਾ ਕਿ ਜਿੱਥੇ ਉਨ੍ਹਾ ਦੀ ਪਾਰਟੀ ਦੀ ਚੋਖੀ ਮੌਜੂਦਗੀ ਹੈ, ਉਸ ਰਾਜ ਵਿਚ ਉਹ ਬਣਦੀਆਂ ਸੀਟਾਂ ਨਾ ਮਿਲਣ 'ਤੇ ਗੱਠਜੋੜ ਦਾ ਹਿੱਸਾ ਨਹੀਂ ਬਣੇਗੀ।*

*ਦਰਅਸਲ ਭਾਜਪਾ ਨੂੰ ਹਰਾਉਣ ਲਈ ਇਹੀ ਰਣਨੀਤੀ ਕਾਮਯਾਬ ਰਹੇਗੀ। ਜੇ ਪੱਛਮੀ ਬੰਗਾਲ ਵਿਚ ਕਾਂਗਰਸ ਕਮਿਊਨਿਸਟਾਂ ਦੀਆਂ ਵੋਟਾਂ ਚਾਹੇਗੀ ਤਾਂ ਉਸ ਨੂੰ ਪੰਜਾਬ ਵਿਚ ਵੀ ਸੀਟਾਂ ਬਾਰੇ ਲੈ-ਦੇ ਕਰਨੀ ਹੀ ਪੈਣੀ ਹੈ। ਇਸੇ ਤਰ੍ਹਾਂ ਵੱਖ-ਵੱਖ ਸੂਬਿਆਂ ਵਿਚ ਭਾਰੂ ਪਾਰਟੀਆਂ ਨੂੰ ਕਮਿਊਨਿਸਟਾਂ ਦੀਆਂ ਵੋਟਾਂ ਲਈ ਲੈ-ਦੇ ਕਰਨੀ ਪਵੇਗੀ। ਕੇਰਲਾ, ਪੱਛਮੀ ਬੰਗਾਲ ਤੇ ਤ੍ਰਿਪੁਰਾ ਨੂੰ ਛੱਡ ਕੇ ਹੋਰਨਾਂ ਰਾਜਾਂ ਵਿਚ ਕਮਿਊਨਿਸਟ ਪਾਰਟੀਆਂ ਦੀਆਂ ਕਿਸੇ ਹਲਕੇ ਵਿਚ ਬੱਝਵੀਆਂ ਵੋਟਾਂ ਭਾਵੇਂ ਨਾ ਹੋਣ, ਪਰ ਸੂਬੇ 'ਚ ਸਮੁੱਚੇ ਰੂਪ ਵਿਚ ਮੌਜੂਦ ਉਨ੍ਹਾਂ ਦੇ ਵੋਟਰ ਫਸਵੇਂ ਮੁਕਾਬਲਿਆਂ ਵਿਚ ਅਹਿਮ ਰੋਲ ਅਦਾ ਕਰ ਸਕਦੇ ਹਨ।*

### ਐਮਰਜੈਂਸੀ ਦੀ ਵਰ੍ਹੇਗੰਢ

# ਬੀਤੇ ਤੋਂ ਸਬਕ ਸਿੱਖ ਕੇ ਠੀਕ ਰਾਹ ਚੁਣਨ ਦੀ ਲੋੜ



ਮੰਗਤ ਰਾਮ ਪਾਸਲਾ

26 ਜੂਨ 1975 ਦਾ ਦਿਨ ਭਾਰਤ ਦੀ ਰਾਜਨੀਤੀ 'ਚ 'ਕਾਲੇ ਦਿਨ' ਦੇ ਤੌਰ 'ਤੇ ਯਾਦ ਕੀਤਾ ਜਾਂਦਾ ਹੈ, ਜਦੋਂ ਤਤਕਾਲੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਿਰਾ ਗਾਂਧੀ ਨੇ ਅੰਦਰੂਨੀ ਐਮਰਜੈਂਸੀ ਲਾਗੂ ਕਰਕੇ ਲੋਕਾਂ ਦੇ ਬੁਨਿਆਦੀ ਅਧਿਕਾਰਾਂ ਤੇ ਲੋਕ ਰਾਜੀ ਪ੍ਰਣਾਲੀ ਉਪਰ ਵੱਡਾ ਹਮਲਾ ਕੀਤਾ ਸੀ। ਇਹ ਕਦਮ ਅਲਾਹਾਬਾਦ ਹਾਈ ਕੋਰਟ ਵੱਲੋਂ ਇਕ ਰਿਟ ਪਟੀਸ਼ਨ ਦੀ ਸੁਣਵਾਈ ਸਮੇਂ ਸ੍ਰੀਮਤੀ ਗਾਂਧੀ ਦੀ ਲੋਕ ਸਭਾ ਮੈਂਬਰੀ ਨੂੰ ਰੱਦ ਕਰਨ ਦਾ ਫੈਸਲਾ ਸੁਣਾਉਣ ਤੋਂ ਬਾਅਦ ਚੁੱਕਿਆ ਗਿਆ ਸੀ। ਇਸ ਫੈਸਲੇ ਨੂੰ ਸਵੀਕਾਰ ਕਰਕੇ ਕਿਸੇ ਦੂਸਰੇ ਵਿਅਕਤੀ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਲਈ ਚੁਣਿਆ ਜਾ ਸਕਦਾ ਸੀ, ਪ੍ਰੰਤੂ ਇੰਦਿਰਾ ਗਾਂਧੀ ਨੇ ਆਪਣੀ ਕੁਰਸੀ ਦੀ ਰਾਖੀ ਲਈ ਇਕ ਸਖ਼ਤ ਏਕਾਧਿਕਾਰਵਾਦੀ ਕਦਮ ਚੁਣਨ ਨੂੰ ਤਰਜੀਹ ਦਿੱਤੀ। ਇਸ ਗੈਰ-ਜਮਹੂਰੀ ਕਦਮ ਨੂੰ ਸਹੀ ਸਿੱਧ ਕਰਨ ਲਈ ਕਾਂਗਰਸ ਪਾਰਟੀ ਦੀ ਸਰਕਾਰ ਨੇ ਕਈ ਨਾਮ-ਨਿਹਾਦ ਲੋਕ-ਪੱਖੀ ਐਲਾਨ ਕੀਤੇ, ਜਿਨ੍ਹਾਂ ਅੰਦਰ ਮੁੱਖ ਰੂਪ 'ਚ 20 ਨੁਕਾਤੀ ਪ੍ਰੋਗਰਾਮ ਦਾ ਨਾਂਅ ਲਿਆ ਜਾ ਸਕਦਾ ਹੈ। ਜਦੋਂ ਐਮਰਜੈਂਸੀ ਦੇ ਦੌਰ 'ਚ ਸਰਕਾਰ ਤੇ ਉਸ ਦੀ ਮਸ਼ੀਨਰੀ ਵੱਲੋਂ ਇਕ ਤੋਂ ਬਾਅਦ ਦੂਸਰੇ ਲੋਕ ਵਿਰੋਧੀ ਕਦਮ ਚੁੱਕਣ ਦਾ ਸਿਲਸਿਲਾ ਚੱਲ ਰਿਹਾ ਸੀ ਤਾਂ ਪ੍ਰਧਾਨ ਮੰਤਰੀ ਦੇ ਪੁੱਤਰ ਸੰਜੈ ਗਾਂਧੀ, ਜਿਸ ਨੇ ਯੂਥ ਕਾਂਗਰਸ ਦੀ ਕਮਾਂਡ ਸੰਭਾਲੀ ਹੋਈ ਸੀ, ਨੇ 20 ਨੁਕਾਤੀ ਪ੍ਰੋਗਰਾਮ 'ਚ ਪੰਜ ਨੁਕਤੇ ਹੋਰ ਜੋੜ ਦਿੱਤੇ। ਇਨ੍ਹਾਂ 'ਚ ਜਨ ਸੰਖਿਆ ਨੂੰ ਰੋਕਣ ਲਈ ਜਬਰੀ ਨਸਬੰਦੀ ਕਰਨ ਦਾ ਕਾਰਜ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਗਿਆ। ਉਂਝ ਤਾਂ ਹਰ ਖੇਤਰ 'ਚ ਧੱਕੇਸ਼ਾਹੀਆਂ ਤੇ ਜਬਰ ਦਾ ਦੌਰ ਪੂਰੇ ਜ਼ੋਰ ਨਾਲ ਚਲਾਇਆ ਗਿਆ, ਪ੍ਰੰਤੂ ਜਿਸ ਬੇਰਹਿਮੀ ਤੇ ਧੱਕੇਸ਼ਾਹੀ ਢੰਗ ਨਾਲ ਨਸਬੰਦੀ ਦੀ ਮੁਹਿੰਮ ਚਲਾਈ ਗਈ, ਉਸ ਨੇ ਲੋਕਾਂ 'ਚ ਪੈਦਾ ਹੋਏ ਰੋਸ ਨੂੰ ਗੁੱਸੇ ਦੀ ਜਵਾਲਾ 'ਚ ਤਬਦੀਲ ਕਰ ਦਿੱਤਾ। ਇਹ 'ਗੁੱਸੇ ਦੀ ਜਵਾਲਾ' ਅੰਤਮ ਰੂਪ 'ਚ ਕਾਂਗਰਸ ਪਾਰਟੀ ਨੂੰ ਲੋਕ ਸਭਾ ਚੋਣਾਂ ਅੰਦਰ ਸੱਤਾ ਤੋਂ ਲਾਂਭੇ ਕਰਨ 'ਚ ਮਹੱਤਵਪੂਰਨ ਕਾਰਕ ਸਿੱਧ ਹੋਈ। ਹੋਰ ਬਹੁਤ ਸਾਰੀਆਂ ਜ਼ਿਆਦਤੀਆਂ ਦੀ ਵੱਡੀ ਸੂਚੀ ਹੈ, ਜਿਨ੍ਹਾਂ 'ਚ ਵਿਰੋਧੀ ਦਲਾਂ ਦੇ ਵੱਡੇ ਨੇਤਾਵਾਂ ਤੇ ਵਰਕਰਾਂ ਨੂੰ ਜੇਲ੍ਹਾਂ 'ਚ ਬੰਦ ਕਰਨਾ ਵੀ ਸ਼ਾਮਲ ਹੈ। ਪ੍ਰੈੱਸ ਉਪਰ ਭਾਰੀ ਪਾਬੰਦੀਆਂ ਠੋਸ ਦਿੱਤੀਆਂ ਗਈਆਂ ਸਨ। ਦੇਸ਼ ਦੀ ਜਮਹੂਰੀ ਲਹਿਰ ਨੂੰ ਦਬਾਉਣ ਲਈ ਐਮਰਜੈਂਸੀ ਦਾ ਹਥਿਆਰ ਬਾਖ਼ੂਬੀ ਇਸਤੇਮਾਲ ਕੀਤਾ ਗਿਆ। ਇਸ ਨਾਦਰਸ਼ਾਹੀ ਕਦਮ ਦਾ ਸਾਰੇ ਦੇਸ਼ ਅੰਦਰ ਜਮਹੂਰੀ ਸ਼ਕਤੀਆਂ ਵੱਲੋਂ ਡਟਵਾਂ ਵਿਰੋਧ ਕੀਤਾ ਗਿਆ। ਦੁਨੀਆ ਭਰ 'ਚ ਭਾਰਤੀ ਲੋਕਤੰਤਰ ਉਪਰ ਕੀਤੇ ਗਏ ਕੀਤੇ ਗਏ ਹਮਲੇ ਦੀ ਨਿੰਦਿਆ ਹੋਈ।

ਐਮਰਜੈਂਸੀ ਵਰਗੇ ਗੈਰ-ਜਮਹੂਰੀ ਕਦਮ ਲਈ ਦੇਸ਼ ਅੰਦਰ ਸਰਮਾਏਦਾਰ-ਜਗੀਰਦਾਰ ਜਮਾਤਾਂ ਦੇ ਲੋਕ ਵਿਰੋਧੀ ਪ੍ਰਬੰਧ ਵਿਰੁੱਧ ਉਠ ਰਹੀ ਜਨਤਕ ਲਹਿਰ ਨੂੰ ਦਬਾਉਣ ਦੇ ਪੱਖ ਤੋਂ ਸਮਝਣ ਦੀ ਜ਼ਰੂਰਤ ਹੈ। ਜਦੋਂ ਲੁਟੇਰੀਆਂ ਜਮਾਤਾਂ ਆਪਣੇ ਵਿਰੁੱਧ ਜਨਤਕ ਰੋਹ ਨੂੰ ਦੇਖ ਕੇ ਭੈਭੀਤ ਹੋਣ ਲੱਗਦੀਆਂ ਹਨ, ਤਾਂ ਉਦੋਂ ਉਹ ਜਮਹੂਰੀ ਕਦਰਾਂ-ਕੀਮਤਾਂ (ਸਰਮਾਏਦਾਰ ਜਮਹੂਰੀਅਤ) ਨੂੰ ਮਿੱਟੀ 'ਚ ਮਧੋਲਣ ਤੋਂ ਵੀ ਗੁਰੇਜ਼ ਨਹੀਂ ਕਰਦੀਆਂ। ਜੇਕਰ ਅਦਾਲਤਾਂ ਲੋਕ ਰਾਜੀ ਵਿਵਸਥਾ ਦੇ ਅਧੀਨ ਕੋਈ ਫੈਸਲਾ ਹਾਕਮ ਧਿਰ ਦੇ ਵਿਰੁੱਧ ਕਰ ਵੀ ਦਿੰਦੀਆਂ ਹਨ, ਤਾਂ ਸੱਤਾਧਾਰੀ ਧਿਰ ਇਸ ਨੂੰ ਸਵੀਕਾਰ ਕਰਨ ਤੋਂ ਨਾਂਹ ਕਰਕੇ ਆਪਣੇ ਵੱਲੋਂ ਰਚੇ ਸੰਵਿਧਾਨ ਨੂੰ ਉਲੰਘ ਕੇ ਸੱਤਾ ਨਾਲ ਚਿੰਬੜੀਆਂ ਰਹਿਣ ਨੂੰ ਤਰਜੀਹ ਦਿੰਦੀਆਂ ਹਨ। ਅਲਾਹਾਬਾਦ ਹਾਈ ਕੋਰਟ ਦਾ ਸੰਵਿਧਾਨ ਕਾਨੂੰਨ ਅਧੀਨ ਇੰਦਰਾ ਗਾਂਧੀ ਦੀ ਲੋਕ ਸਭਾ ਮੈਂਬਰੀ ਨੂੰ ਰੱਦ ਕਰਨਾ ਤੇ ਪ੍ਰਧਾਨ ਮੰਤਰੀ ਵੱਲੋਂ ਇਸ ਫੈਸਲੇ ਦੀ ਉਲੰਘਣਾ ਕਰਕੇ ਅਸਤੀਫ਼ਾ ਦੇਣ ਤੋਂ ਨਾਂਹ ਕਰਨੀ ਹਾਕਮ ਜਮਾਤਾਂ ਦੇ ਕਾਰਜ ਖੇਤਰ 'ਚ ਵਧ ਰਹੀ ਏਕਾਧਿਕਾਰਵਾਦੀ ਪਹੁੰਚ ਅਤੇ ਸਰਮਾਏਦਾਰ ਜਮਹੂਰੀਅਤ ਦੀਆਂ ਸਥਾਪਤ ਕਦਰਾਂ-ਕੀਮਤਾਂ ਦੀ ਪਹਿਰੇਦਾਰ ਵਜੋਂ ਡਿਊਟੀ ਨਿਭਾ ਰਹੀ ਨਿਆਂ ਪਾਲਕਾ ਵਿਚਕਾਰ ਟਕਰਾਅ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਆਪਣੇ ਸਲਾਹਕਾਰਾਂ ਤੇ ਸਰਕਾਰੀ ਖ਼ੁਫ਼ੀਆ ਤੰਤਰ ਦੀ ਸਲਾਹ ਨਾਲ ਕਾਂਗਰਸ ਪਾਰਟੀ ਦੀ ਸਰਕਾਰ ਨੇ 1977 'ਚ ਲੋਕ ਸਭਾ ਚੋਣਾਂ ਦਾ ਐਲਾਨ ਕਰ ਦਿੱਤਾ। ਇਹ ਕਦਮ ਲੋਕਾਂ ਦੇ ਮਨਾਂ ਅੰਦਰ ਐਮਰਜੈਂਸੀ ਵਿਰੁੱਧ ਪਨਪੇ ਗੁੱਸੇ ਦੇ ਤੂਫ਼ਾਨ ਬਾਰੇ ਗਲਤ ਸਮਝਦਾਰੀ ਦੇ ਆਧਾਰ 'ਤੇ ਉਠਾਇਆ ਗਿਆ, ਜਿਸ ਦਾ ਸਿੱਟਾ ਚੋਣਾਂ ਅੰਦਰ ਦੇਸ਼ ਭਰ 'ਚ ਕਾਂਗਰਸ ਪਾਰਟੀ ਦੀ ਇਤਿਹਾਸਕ ਹਾਰ 'ਚ ਨਿਕਲਿਆ। ਮਿਲੀ-ਜੁਲੀ ਜਨਤਾ ਸਰਕਾਰ ਦਾ ਗਠਨ ਹੋ ਗਿਆ ਤੇ ਲੋਕਾਂ ਨੇ ਇਸ ਜਿੱਤ ਲਈ ਵੱਡੇ ਜਸ਼ਨ ਮਨਾਏ, ਪ੍ਰੰਤੂ ਇਸ ਵਿਗਿਆਨਕ ਸੇਧ ਉਪਰ ਫਿਰ ਮੋਹਰ ਲੱਗ ਗਈ ਕਿ ਜਦੋਂ ਕੋਈ ਵੀ ਸਰਕਾਰ ਜਮਾਤੀ ਤੌਰ 'ਤੇ ਪਹਿਲੀਆਂ ਸਰਕਾਰਾਂ ਤੋਂ ਕੋਈ ਭਿੰਨ ਲੋਕ ਪੱਖੀ ਨੀਤੀਆਂ ਨਹੀਂ ਅਪਣਾਉਂਦੀ ਤਾਂ ਉਹ ਲੰਮਾ ਸਮਾਂ ਜਮਹੂਰੀ ਚੌਖਟੇ ਅਧੀਨ ਕੰਮ ਨਹੀਂ ਕਰ ਸਕਦੀ। ਜਿਹੜੀ ਲੋਕ ਰਾਜੀ ਧਾਰਾ ਪੂੰਜੀਵਾਦੀ ਪ੍ਰਬੰਧ ਦੇ ਕਰਤਿਆਂ ਨੇ ਆਪ ਘੜੀ ਹੁੰਦੀ ਹੈ, ਉਹ ਉਸ ਨੂੰ ਹੀ ਮੇਟਣ ਦੇ ਰਾਹ ਤੁਰ ਪੈਂਦੇ ਹਨ। ਦੇਸ਼ ਦਾ ਰਾਜਨੀਤਕ ਢਾਂਚਾ ਆਰਥਕ ਖੇਤਰ 'ਚ ਪੈਦਾਵਾਰੀ ਸਾਧਨਾਂ 'ਤੇ ਕਬਜ਼ਾ ਕਰੀ ਬੈਠੀਆਂ ਲੋਟੂ ਜਮਾਤਾਂ ਦੇ ਹਿੱਤਾਂ ਦੇ ਅਨੁਕੂਲ ਹੀ ਚਲਦਾ ਹੈ। ਇਸੇ ਕਰਕੇ ਮੋਰਾਰਜੀ ਦਿਸਾਈ ਦੀ ਅਗਵਾਈ ਵਾਲੀ ਜਨਤਾ ਪਾਰਟੀ ਦੀ ਮਿਲੀ-ਜੁਲੀ ਸਰਕਾਰ, ਜੋ ਏਕਾਧਿਕਾਰਵਾਦੀ ਚੌਖਟੇ ਨੂੰ ਤੋੜ ਕੇ ਜਮਹੂਰੀਅਤ ਦੀ ਕਾਇਮੀ ਦੇ ਨਾਅਰੇ ਹੇਠ ਸੱਤਾ 'ਚ ਆਈ ਸੀ, ਦੋ-ਢਾਈ ਸਾਲਾਂ ਦੇ ਕਾਰਜਕਾਲ ਤੋਂ ਬਾਅਦ ਉਨ੍ਹਾਂ ਹੀ ਗੈਰ-ਜਮਹੂਰੀ ਕਦਮਾਂ 'ਤੇ ਤੁਰਨ ਲੱਗ ਪਈ, ਜਿਨ੍ਹਾਂ ਨੂੰ ਭਾਰਤੀ ਲੋਕਾਂ ਨੇ ਰੱਦ ਕੀਤਾ ਸੀ। ਸਰਕਾਰ ਦਾ ਨਾਂਅ ਹੀ ਬਦਲਿਆ ਸੀ, ਸੱਤਾ 'ਤੇ ਬਿਰਾਜਮਾਨ ਜਮਾਤ ਉਹੋ ਹੀ ਕਾਇਮ ਰਹੀ। ਲੋਕਾਂ 'ਚ ਉਗਮੀ ਜਮਹੂਰੀ ਚੇਤਨਤਾ ਨੂੰ ਜਨਤਾ ਪਾਰਟੀ ਦੀ ਸਰਕਾਰ ਦੀਆਂ ਜਮਾਤੀ ਨੀਤੀਆਂ ਨੇ ਦਰਕਿਨਾਰ ਕਰਨ ਦਾ ਰਾਹ ਚੁਣਿਆ, ਜਿਸ ਦੇ ਸਿੱਟੇ ਵਜੋਂ ਥੋੜ੍ਹੀ ਦੇਰ ਬਾਅਦ ਹੀ ਹੋਈਆਂ ਲੋਕ ਸਭਾ ਚੋਣਾਂ 'ਚ ਜਨਤਾ ਪਾਰਟੀ ਹਾਰ ਗਈ ਤੇ ਕਾਂਗਰਸ ਪਾਰਟੀ ਮੁੜ ਸੱਤਾ 'ਤੇ ਕਾਬਜ਼ ਹੋ ਗਈ।

ਅਜੋਕੇ ਸਮੇਂ 'ਚ ਦੇਸ਼ ਦੀ ਮੋਦੀ ਸਰਕਾਰ, ਜੋ ਕਾਂਗਰਸ ਪਾਰਟੀ ਦੇ ਸ਼ਾਸਨਕਾਲ 'ਚ ਲਾਗੂ ਕੀਤੀਆਂ ਲੋਕ ਵਿਰੋਧੀ ਨੀਤੀਆਂ ਦੇ ਸਿੱਟੇ ਵਜੋਂ ਵਧ ਰਹੀ ਮਹਿੰਗਾਈ, ਗਰੀਬੀ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਵਿਰੁੱਧ ਉਠੀ ਜਨਤਕ ਬੇਚੈਨੀ ਦਾ ਲਾਹਾ ਲੈ ਕੇ ਸੱਤਾ 'ਚ ਆਈ ਹੈ, ਅੱਜ ਪਹਿਲਾਂ ਤੋਂ ਵੀ ਤੇਜ਼ੀ ਨਾਲ ਆਪਣੇ ਜਮਾਤੀ ਰਾਜ ਦੇ ਹਿੱਤਾਂ ਦੀ ਰਾਖੀ ਲਈ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਤੇ ਬਹੁ-ਕੌਮੀ ਕਾਰਪੋਰੇਸ਼ਨਾਂ ਦੀ ਸੇਵਾ 'ਚ ਜੁਟ ਗਈ ਹੈ। ਨਵਉਦਾਰਵਾਦੀ ਆਰਥਕ ਨੀਤੀਆਂ ਲਾਗੂ ਕਰਕੇ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ਿਆਂ 'ਚ ਵਾਧਾ ਕਰਨਾ ਇਸ ਦਾ ਮੂਲ ਮੰਤਵ ਹੈ, ਜਿਸ ਨਾਲ ਬੇਰੁਜ਼ਗਾਰੀ, ਭੁੱਖਮਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ 'ਚ ਵਾਧਾ ਹੋਣਾ ਲਾਜ਼ਮੀ ਹੈ। ਆਰ.ਐੱਸ.ਐੱਸ. ਦੀ ਫਿਰਕੂ ਤੇ ਫਾਸ਼ੀਵਾਦੀ ਵਿਚਾਰਧਾਰਾ ਤੋਂ ਸੇਧ ਲੈ ਕੇ ਮੋਦੀ ਸਰਕਾਰ ਦੇਸ਼ ਦੇ ਜਮਹੂਰੀ, ਧਰਮ ਨਿਰਪੱਖ ਤੇ ਸੰਘੀ ਢਾਂਚੇ ਨੂੰ ਤਬਾਹ ਕਰਕੇ ਇਕ 'ਧਰਮ ਅਧਾਰਤ' ਤੇ ਤਾਨਾਸ਼ਾਹ ਰਾਜ ਦੀ ਸਥਾਪਨਾ ਕਰਨ 'ਚ ਜੁਟੀ ਹੋਈ ਹੈ। ਦੇਸ਼ ਦੇ ਮੌਜੂਦਾ ਸੰਵਿਧਾਨ ਨੂੰ ਪੂਰੀ ਤਰ੍ਹਾਂ ਪੈਰਾਂ ਹੇਠ ਰੌਂਦ ਕੇ ਇਹ ਸੱਤਾ ਦੇ ਸਾਰੇ ਕੇਂਦਰਾਂ ਉਪਰ ਆਰ.ਐੱਸ.ਐੱਸ. ਦੇ ਵਿਚਾਰਕਾਂ ਦਾ ਕਬਜ਼ਾ ਕਰਵਾ ਰਹੀ ਹੈ। ਦੇਸ਼ ਦੇ ਇਤਿਹਾਸ, ਵਿਦਿਅਕ ਸਿਲੇਬਸ ਤੇ ਸਾਰੀਆਂ ਸਮਾਜਕ-ਸੱਭਿਆਚਾਰਕ ਕੀਮਤਾਂ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ।

ਇਤਿਹਾਸ ਨੂੰ ਬਦਲਿਆ ਨਹੀਂ ਜਾ ਸਕਦਾ, ਪ੍ਰੰਤੂ ਇਸ ਦੇ ਤਜਰਬਿਆਂ ਤੋਂ ਸਬਕ ਸਿੱਖ ਕੇ ਭਵਿੱਖ 'ਚ ਠੀਕ ਦਿਸ਼ਾ ਵੱਲ ਵਧਣ ਦੀਆਂ ਸੰਭਾਵਨਾਵਾਂ ਜ਼ਰੂਰ ਤਲਾਸ਼ੀਆਂ ਜਾਣੀਆਂ ਚਾਹੀਦੀਆਂ ਹਨ। ਜਦੋਂ ਅਸੀਂ ਜੂਨ 26, 1975 ਨੂੰ ਐਲਾਨੀ ਅੰਦਰੂਨੀ ਐਮਰਜੈਂਸੀ ਵਰਗੇ ਗੈਰ-ਜਮਹੂਰੀ ਕਦਮਾਂ ਦੀ ਸਮੀਖਿਆ ਕਰ ਰਹੇ ਹਾਂ, ਤਾਂ ਅਜੋਕੀ ਸਥਿਤੀ ਨਾਲ ਨਿਪਟਣ ਲਈ ਫਿਰਕੂ ਤੇ ਫਾਸ਼ੀ ਤਾਕਤਾਂ, ਜੋ ਵਰਤਮਾਨ ਸਮੇਂ ਭਾਰਤੀ ਸੱਤਾ 'ਤੇ ਕਾਬਜ਼ ਹਨ, ਨੂੰ ਸੱਤਾ ਤੋਂ ਲਾਂਭੇ ਕਰਨ ਲਈ ਸਾਰੀਆਂ ਹੀ ਧਰਮ ਨਿਰਪੱਖ ਤੇ ਜਮਹੂਰੀ ਸ਼ਕਤੀਆਂ ਨੂੰ ਉਸੇ ਢੰਗ ਨਾਲ ਇਕਜੁੱਟ ਹੋਣਾ ਹੋਵੇਗਾ, ਜਿਵੇਂ 1977 ਦੀਆਂ ਲੋਕ ਸਭਾ ਚੋਣਾਂ 'ਚ ਸਾਰੀਆਂ ਗੈਰ-ਕਾਂਗਰਸੀ ਰਾਜਸੀ ਧਿਰਾਂ ਇਕਜੁਟ ਹੋ ਕੇ ਮੈਦਾਨ 'ਚ ਨਿਤਰੀਆਂ ਸਨ। ਇਸ ਦੇ ਨਾਲ ਹੀ ਕੋਈ ਲੋਕ ਪੱਖੀ ਕਦਮਾਂ ਉਪਰ ਅਧਾਰਤ ਸਾਂਝਾ ਪ੍ਰੋਗਰਾਮ ਵੀ ਤੈਅ ਕਰਨ ਦੀ ਜ਼ਰੂਰਤ ਹੈ, ਜੋ ਲੋਕਾਂ ਨੂੰ ਆਰਥਕ ਮੁਸ਼ਕਲਾਂ ਤੋਂ ਕੁਝ ਨਾ ਕੁਝ ਰਾਹਤ ਜ਼ਰੂਰ ਦੇ ਸਕੇ। ਗਰੀਬੀ, ਮਹਿੰਗਾਈ, ਬੇਰੁਜ਼ਗਾਰੀ ਵਰਗੀਆਂ ਭਿਆਨਕ ਬਿਮਾਰੀਆਂ ਤੋਂ ਪੂਰਨ ਰੂਪ 'ਚ ਬੰਦ-ਖਲਾਸੀ ਤਾਂ ਸਾਂਝੀਵਾਲਤਾ ਦੇ ਅਸੂਲਾਂ ਉਪਰ ਉਸਰੇ ਸਮਾਜ ਅੰਦਰ ਹੀ ਸੰਭਵ ਹੋ ਸਕੇਗੀ, ਜੋ ਅੱਜ ਦੀਆਂ ਠੋਸ ਪ੍ਰਸਥਿਤੀਆਂ 'ਚ ਅਜੇ ਸੰਭਵ ਨਹੀਂ ਹੈ। ਹਾਂ, ਰਾਜਨੀਤੀ ਦੇ ਖੇਤਰ 'ਚ ਲੁਟੇਰੀਆਂ ਜਮਾਤਾਂ ਦੇ ਕਿਸੇ ਧੜੇ ਵੱਲੋਂ ਜਮਹੂਰੀਅਤ, ਧਰਮ ਨਿਰਪੱਖਤਾ ਤੇ ਸੰਘਾਤਮਕ ਢਾਂਚੇ ਵੱਲ ਅਪਣਾਈ ਪਹੁੰਚ ਦੇ ਆਧਾਰ 'ਤੇ ਕਤਾਰਬੰਦੀ ਜ਼ਰੂਰ ਕੀਤੀ ਜਾ ਸਕਦੀ ਹੈ। ਇਸੇ ਨਜ਼ਰੀਏ ਅਨੁਸਾਰ ਜਮਹੂਰੀਅਤ ਤੇ ਧਰਮ ਨਿਰਪੱਖਤਾ ਦੀ ਰਾਖੀ ਤੇ ਮਜ਼ਬੂਤੀ ਲਈ ਅਪਣਾਈ ਸੇਧ ਅਨੁਸਾਰ ਲੋੜੀਂਦੇ ਦਾਅਪੇਚ ਘੜੇ ਜਾਣੇ ਚਾਹੀਦੇ ਹਨ।

*# ਸੰਪਰਕ : 98141-82998*

### ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ

# ਦ੍ਰਿੜ੍ਹ ਇਰਾਦੇ ਨਾਲ ਨਸ਼ਾ ਛੱਡਣਾ ਸੰਭਵ ਹੈ



ਲਲਿਤ ਗੁਪਤਾ

ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਜਾਨਲੇਵਾ ਬਿਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਲਈ ਹਰ ਸਾਲ 26 ਜੂਨ ਨੂੰ ਨਸ਼ਾ ਵਿਰੋਧੀ ਅਤੇ ਨਸ਼ੇ ਦੀ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰ-ਰਾਸ਼ਟਰੀ ਦਿਵਸ ਮਨਾਇਆ ਜਾਂਦਾ ਹੈ। ਹਰ ਸਾਲ 26 ਜੂਨ ਨੂੰ 'ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ' ਮਨਾਇਆ ਜਾਂਦਾ ਹੈ। ਨਸ਼ਿਆਂ ਅਤੇ ਨਸ਼ਾ ਯੁਕਤ ਪਦਾਰਥਾਂ ਦੀ ਰੋਕਥਾਮ ਲਈ 'ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ' ਨੇ 7 ਦਸੰਬਰ 1987 ਨੂੰ ਇਹ ਮਤਾ ਪਾਸ ਕੀਤਾ ਸੀ ਅਤੇ ਉਦੋਂ ਤੋਂ ਹਰ ਸਾਲ 26 ਜੂਨ ਨੂੰ ਇਹ ਦਿਵਸ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਉਦੇਸ ਨਾਲ ਮਨਾਇਆ ਜਾਂਦਾ ਹੈ।

ਨਸ਼ੇ ਗੁਰਦੇ ਅਤੇ ਜਿਗਰ ਦੇ ਨਾਲ-ਨਾਲ ਦਿਲ ਨੂੰ ਵੀ ਨੁਕਸਾਨ ਪਹੁੰਚਾਉਣ ਦਾ ਕੰਮ ਕਰਦੇ ਹਨ, ਜਿਸ ਨਾਲ ਸਰੀਰ ਅੰਦਰੋਂ ਖੋਖਲਾ ਹੋ ਜਾਂਦਾ ਹੈ। ਏਨਾ ਹੀ ਨਹੀਂ, ਇਹ ਭਰਮ, ਕਿਸੇ ਕੰਮ ਨੂੰ ਕਰਨ ਦਾ ਭੁਲੇਖਾ ਅਤੇ ਮਾਨਸਕ ਕਮਜ਼ੋਰੀ ਦੇ ਨਾਲ-ਨਾਲ ਡਿਪ੍ਰੈਸ਼ਨ ਦਾ ਕਾਰਨ ਵੀ ਬਣਦਾ ਹੈ। ਨਸ਼ੇ ਦੀ ਓਵਰਡੋਜ਼ ਵਿਅਕਤੀ ਦੀ ਮੌਤ ਦਾ ਕਾਰਨ ਵੀ ਬਣ ਸਕਦੀ ਹੈ। ਆਓ, ਜਾਣੀਏ ਕਿ ਨਸ਼ੇ ਦੀਆਂ ਸਾਰੀਆਂ ਕਿਸਮਾਂ ਦੀਆਂ ਦਵਾਈਆਂ ਤੁਹਾਡੀ ਦਿਮਾਗੀ ਪ੍ਰਣਾਲੀ ਨੂੰ ਕਿਵੇਂ ਪ੍ਰਭਾਵਤ ਕਰਦੀਆਂ ਹਨ?

ਨਸ਼ੇ ਕਾਰਨ ਤੁਹਾਡਾ ਦਿਮਾਗ ਠੀਕ ਤਰ੍ਹਾਂ ਕੰਮ ਕਰਨਾ ਬੰਦ ਕਰ ਦਿੰਦਾ ਹੈ। ਨੈਸ਼ਨਲ ਇੰਸਟੀਚਿਊਟ ਆਨ ਡਰੱਗ ਐਬਿਊਜ (ਐੱਨ ਆਈ ਡੀ ਏ) ਦੀ ਰਿਪੋਰਟ ਅਨੁਸਾਰ ਨਸ਼ੀਲੀਆਂ ਦਵਾਈਆਂ ਦੀ ਵਰਤੋਂ ਨਾਲ ਬ੍ਰੇਨ ਸਟੈਮ, ਲਿਮਬਿਕ ਸਿਸਟਮ ਅਤੇ ਸੇਰੇਬ੍ਰਲ ਕਾਰਟੈਕਸ ਸਾਰੇ ਪ੍ਰਭਾਵਿਤ ਹੁੰਦੇ ਹਨ। ਬ੍ਰੇਨ ਸਟੈਮ ਤੁਹਾਡੇ ਰੋਜ਼ਾਨਾ ਜੀਵਨ ਦੇ ਕਾਰਜਾਂ ਨੂੰ ਨਿਯੰਤਰਿਤ ਕਰਦਾ ਹੈ, ਜਿਸ ਵਿੱਚ ਨੀਂਦ, ਸਾਹ ਲੈਣ ਅਤੇ ਦਿਲ ਦੀ ਗਤੀ ਸ਼ਾਮਲ ਹੈ, ਜਦੋਂ ਕਿ ਲਿਮਬਿਕ ਪ੍ਰਣਾਲੀ ਤੁਹਾਡੀਆਂ ਭਾਵਨਾਵਾਂ ਨੂੰ ਨਿਯੰਤਰਿਤ ਕਰਦੀ ਹੈ। ਜਿੰਨੀ ਜ਼ਿਆਦਾ ਨਸ਼ੀਲੀ ਦਵਾਈ ਵਰਤੀ ਜਾਂਦੀ ਹੈ, ਓਨਾ ਹੀ ਇਹ ਬ੍ਰੇਨ ਸਟੈਮ ਅਤੇ ਲਿਮਬਿਕ ਪ੍ਰਣਾਲੀ ਨੂੰ ਪ੍ਰਭਾਵਤ ਕਰਦੀ ਹੈ। ਇਹ ਤੁਹਾਨੂੰ ਨਸ਼ੇ ਦਾ ਆਦੀ ਬਣਾਉਣਾ ਸ਼ੁਰੂ ਕਰ ਦਿੰਦਾ ਹੈ। ਇਸ ਦੇ ਸਿਹਤ 'ਤੇ ਕਈ ਮਾੜੇ ਪ੍ਰਭਾਵ ਹੋ ਸਕਦੇ ਹਨ। ਆਓ, ਜਾਣਦੇ ਹਾਂ ਕਿ ਨਸ਼ੇ ਸਰੀਰ ਅਤੇ ਮਨ ਨੂੰ ਕਿਵੇਂ ਪ੍ਰਭਾਵਤ ਕਰਦੇ ਹਨ?

ਡੋਪਾਮਾਈਨ ਦਵਾਈਆਂ ਨਿਊਰੋਟ੍ਰਾਂਸਮੀਟਰ ਮੂਡ ਨੂੰ ਕੰਟਰੋਲ ਕਰਨ ਦੇ ਨਾਲ-ਨਾਲ ਸਰੀਰ ਨੂੰ ਬਹੁਤ ਸਰਗਰਮ ਬਣਾਉਂਦੀਆਂ ਹਨ। ਇਸ ਦਵਾਈ ਦਾ ਸੇਵਨ ਕਰਨ ਤੋਂ ਬਾਅਦ ਬਹੁਤ ਅਨੰਦ ਦਾ ਅਨੁਭਵ ਹੁੰਦਾ ਹੈ । ਜੇਕਰ ਡੋਪਾਮਾਈਨ ਲੰਮੇ ਸਮੇਂ ਤੱਕ ਲਈ ਜਾਂਦੀ ਹੈ, ਤਾਂ ਇਹ ਹਾਈ ਬੀ ਪੀ ਦਾ ਇੱਕ ਵੱਡਾ ਕਾਰਨ ਬਣ ਜਾਂਦੀ ਹੈ ਅਤੇ ਇਸ ਨਾਲ ਦਿਲ ਤੋਂ ਲੈ ਕੇ ਕਿਡਨੀ ਅਤੇ ਜਿਗਰ ਤੱਕ ਨੁਕਸਾਨ ਦਾ ਖਤਰਾ ਵਧ ਜਾਂਦਾ ਹੈ। ਇਸ ਤੋਂ ਇਲਾਵਾ ਸੇਰੋਟੋਨਿਨ ਨਿਊਰੋਟ੍ਰਾਂਸਮੀਟਰ ਮੂਡ ਨੂੰ ਸਥਿਰ ਕਰਨ ਅਤੇ ਭਾਵਨਾਵਾਂ ਨੂੰ ਕੰਟਰੋਲ ਕਰਨ ਦਾ ਕੰਮ ਕਰਦਾ ਹੈ ਅਤੇ ਜਦੋਂ ਇਸ ਦੀ ਓਵਰਡੋਜ਼ ਸੁਰੂ ਹੋ ਜਾਂਦੀ ਹੈ, ਤਾਂ ਇਹ ਡਿਪਰੈਸ਼ਨ ਲਈ ਵੀ ਜ਼ਿੰਮੇਵਾਰ ਹੈ। ਗਾਮਾ-ਅਮੀਨੋਬਿਊਟੀਰਿਕ ਐਸਿਡ ਇੱਕ ਕੁਦਰਤੀ ਸ਼ਾਂਤ ਕਰਨ ਵਾਲੇ ਕਾਰਕ ਵਜੋਂ ਕੰਮ ਕਰਦਾ ਹੈ, ਤਣਾਅ ਪ੍ਰਤੀਕ੍ਰਿਆ ਨੂੰ ਘਟਾਉਂਦਾ ਹੈ ਅਤੇ ਚਿੰਤਾ ਦੇ ਪੱਧਰ ਨੂੰ ਘਟਾਉਂਦਾ ਹੈ ਅਤੇ ਨਾਲ ਹੀ ਕੇਂਦਰੀ ਨਸ ਪ੍ਰਣਾਲੀ ਦੇ ਕਾਰਜਾਂ ਨੂੰ ਹੌਲੀ ਕਰਦਾ ਹੈ।

ਐਡਰੇਨਾਲੀਨ ਦੇ ਸਮਾਨ ਨੋਰਪੈਨੇਫ੍ਰਾਈਨ ਨੂੰ ਅਕਸਰ 'ਤਣਾਅ ਦਾ ਹਾਰਮੋਨ' ਕਿਹਾ ਜਾਂਦਾ ਹੈ, ਕਿਉਂਕਿ ਇਹ 'ਫਾਇਟ ਐਂਡ ਫਲਾਈਟ' ਪ੍ਰਤੀਕਿਰਿਆ ਦੇ ਜਵਾਬ ਵਿੱਚ ਕੇਂਦਰੀ ਨਸ ਪ੍ਰਣਾਲੀ ਨੂੰ ਹੁੰਗਾਰਾ ਦਿੰਦਾ ਹੈ। ਇਹ ਊਰਜਾ ਦੇ ਪੱਧਰ ਨੂੰ ਵਧਾਉਂਦੇ ਹੋਏ ਫੋਕਸ ਅਤੇ ਧਿਆਨ ਨੂੰ ਵੀ ਸੁਧਾਰਦਾ ਹੈ, ਪਰ ਜੇਕਰ ਲੰਮੇ ਸਮੇਂ ਤੱਕ ਲਿਆ ਜਾਵੇ ਤਾਂ ਇਹ ਉਲਟ ਪ੍ਰਭਾਵ ਦਿਖਾਉਣਾ ਸ਼ੁਰੂ ਕਰ ਦਿੰਦਾ ਹੈ।

ਮਾਰਿਜੁਆਨਾ ਜਾਂ ਭੰਗ, ਗਾਂਜਾ ਸਭ ਤੋਂ ਵੱਧ ਮਾਤਰਾ ਵਿੱਚ ਆਮ ਤੌਰ 'ਤੇ ਵਰਤੇ ਜਾਣ ਵਾਲੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਵਿੱਚੋਂ ਇੱਕ ਹੈ। ਇਸ ਦੀ ਵਰਤੋਂ ਖਾਸ ਤੌਰ 'ਤੇ ਕਿਸ਼ੋਰਾਂ ਅਤੇ ਨੌਜਵਾਨ ਬਾਲਗਾਂ ਵਿੱਚ ਆਮ ਹੈ। ਨੈਸ਼ਨਲ ਇੰਸਟੀਚਿਊਟ ਆਨ ਡਰੱਗ ਐਬਿਊਜ (ਐੱਨ ਆਈ ਡੀ ਏ) ਦੀ ਰਿਪੋਰਟ ਅਨੁਸਾਰ ਇਹ ਤੁਹਾਡੀ ਥੋੜ੍ਹੇ ਸਮੇਂ ਦੀ ਯਾਦਦਾਸ਼ਤ ਦਾ ਪ੍ਰਬੰਧਨ ਕਰਦਾ ਹੈ, ਜਿਸ ਦਾ ਮਤਲਬ ਹੈ ਕਿ ਮਾਰਿਜੁਆਨਾ/ ਗਾਂਜਾ ਦੀ ਵਰਤੋਂ ਤੁਹਾਡੀ ਹਾਲੀਆ ਘਟਨਾਵਾਂ ਨੂੰ ਯਾਦ ਕਰਨ ਵਿੱਚ ਰੁਕਾਵਟ ਪਾ ਸਕਦੀ ਹੈ। ਮਾਰਿਜੁਆਨਾ ਦੀ ਭਾਰੀ ਵਰਤੋਂ ਸਰੀਰ ਦੀਆਂ ਮੋਟਰ ਐਕਟਿਵਿਟੀਜ, ਮੂਡ ਵਿੱਚ ਤਬਦੀਲੀਆਂ, ਯਾਦਾਸ਼ਤ ਵਿੱਚ ਕਮੀ ਅਤੇ ਸਪੱਸ਼ਟ ਤੌਰ 'ਤੇ ਸੋਚਣ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਮੁਸ਼ਕਲਾਂ ਪੈਦਾ ਕਰ ਸਕਦੀ ਹੈ। ਮਾਰਿਜੁਆਨਾ ਦੇ ਦਿਮਾਗ 'ਤੇ ਕਈ ਲੰਮੇ ਸਮੇਂ ਦੇ ਮਾੜੇ ਪ੍ਰਭਾਵ ਵੀ ਹੁੰਦੇ ਹਨ, ਜੋ ਖਾਸ ਤੌਰ 'ਤੇ ਉਹਨਾਂ ਵਿਅਕਤੀਆਂ ਵਿੱਚ ਪ੍ਰਚਲਿਤ ਹੁੰਦੇ ਹਨ, ਜੋ ਘੱਟ ਉਮਰ ਵਿੱਚ ਹੀ ਇਸ ਦੀ ਵਰਤੋਂ ਸੁਰੂ ਕਰਦੇ ਹਨ। ਭੰਗ ਇੱਕ ਨਸ਼ੀਲਾ ਪਦਾਰਥ ਹੈ, ਜੋ ਕਿ ਇੱਕ ਪੌਦੇ ਤੋਂ ਕਈ ਤਰੀਕਿਆਂ ਨਾਲ ਬਣਾਇਆ ਜਾਂਦਾ ਹੈ। ਇਹ ਇੱਕ ਮਨੋਵਿਗਿਆਨਕ ਨਸ਼ੀਲੇ ਪਦਾਰਥ ਵਜੋਂ ਵਰਤਿਆ ਜਾਂਦਾ ਹੈ। ਮਾਦਾ ਕੈਨਾਬਿਸ ਪੌਦੇ ਦੇ ਫੁੱਲਾਂ, ਆਲੇ-ਦੁਆਲੇ ਦੇ ਪੱਤਿਆਂ ਅਤੇ ਤਣਿਆਂ ਨੂੰ ਸੁਕਾ ਕੇ ਬਣਾਇਆ ਗਿਆ ਭੰਗ ਸਭ ਤੋਂ ਆਮ ਵਰਤੋਂ ਵਾਲਾ ਹੈ। ਗਾਂਜੇ ਦਾ ਸੇਵਨ ਕਰਨ ਨਾਲ ਵਿਅਕਤੀ ਦਾ ਉਤਸ਼ਾਹ ਇੱਕ ਵਾਰ ਵਧ ਜਾਂਦਾ ਹੈ। ਭੰਗ ਦੇ ਨਾਲ ਮਿਲਾਇਆ ਤੰਬਾਕੂ ਕੈਂਸਰ ਦਾ ਮੁੱਖ ਕਾਰਨ ਹੈ। ਗਾਂਜੇ ਦੇ ਆਦੀ ਲੋਕਾਂ ਦੇ ਚਿਹਰਿਆਂ 'ਤੇ ਕਾਲੇ ਧੱਬੇ ਪੈ ਜਾਂਦੇ ਹਨ। ਕੋਕੀਨ, ਮੇਥਾਮਫੇਟਾਮਾਈਨ ਅਤੇ ਹੋਰ ਉਤੇਜਕ ਕੇਂਦਰੀ ਨਸ ਪ੍ਰਣਾਲੀ ਦੀ ਗਤੀ ਨੂੰ ਪ੍ਰਭਾਵਤ ਕਰਦੇ ਹਨ। ਇਹ ਦਿਲ ਦੀ ਧੜਕਣ, ਸਰੀਰ ਦਾ ਤਾਪਮਾਨ ਅਤੇ ਬਲੱਡ ਪ੍ਰੈਸ਼ਰ ਵਧਾਉਂਦਾ ਹੈ।

**ਨਸ਼ਾ ਛੱਡਣ ਲਈ ਕੀ ਕਰਨਾ ਚਾਹੀਦਾ ਹੈ?**

ਕਿਸੇ ਵੀ ਪ੍ਰਕਾਰ ਦੇ ਨਸ਼ੇ ਤੋਂ ਛੁਟਕਾਰਾ ਪਾਉਣ ਲਈ ਸਭ ਤੋਂ ਪਹਿਲਾਂ ਆਪਣੀ ਖੁਦ ਦੀ ਕੋਸ਼ਿਸ਼ ਜਰੂਰੀ ਹੈ, ਕਿਉਂਕਿ ਜਦੋਂ ਤੱਕ ਤੁਸੀਂ ਖੁਦ ਨਹੀਂ ਚਾਹੋਗੇ, ਉਦੋਂ ਤੱਕ ਤੁਹਾਨੂੰ ਨਸ਼ਾ ਛੱਡਣ ਲਈ ਕੋਈ ਹੋਰ ਮਦਦ ਨਹੀਂ ਕਰ ਸਕਦਾ। ਸਭ ਤੋਂ ਪਹਿਲਾਂ ਆਪਣੇ ਮਨ ਵਿੱਚ ਪੱਕਾ ਫੈਸਲਾ ਕਰੋ ਕਿ ਤੁਸੀਂ ਨਸ਼ਾ ਛੱਡਣਾ ਚਾਹੁੰਦੇ ਹੋ। ਸ਼ੁਰੂ ਵਿੱਚ ਤੁਹਾਨੂੰ ਆਪਣੀਆਂ ਇਹਨਾਂ ਗੱਲਾਂ 'ਤੇ ਟਿਕੇ ਰਹਿਣ ਵਿੱਚ ਮੁਸਕਲ ਆਵੇਗੀ, ਪਰ ਆਪਣੇ ਮਨ ਨੂੰ ਮਜ਼ਬੂਤ ਰੱਖੋ। ਦਿਨ ਵਿੱਚ ਕਈ ਵਾਰ ਆਪਣੇ ਮਨ ਵਿੱਚ ਨਸ਼ਾ ਛੱਡਣ ਦੇ ਕਾਰਨਾਂ ਨੂੰ ਦੁਹਰਾਓ। ਜੇ ਸੰਭਵ ਹੋਵੇ, ਤਾਂ ਇਸ ਨੂੰ ਲਿਖਤੀ ਰੂਪ ਵਿਚ ਅਜਿਹੀ ਜਗ੍ਹਾ 'ਤੇ ਲਗਾਓ, ਜਿੱਥੇ ਤੁਸੀਂ ਇਸ ਨੂੰ ਵਾਰ-ਵਾਰ ਦੇਖ ਸਕਦੇ ਹੋ। ਨਸ਼ਾ ਛੱਡਣ ਲਈ ਆਪਣੇ ਪਰਵਾਰ ਦੇ ਮੈਂਬਰਾਂ ਦੀ ਫੋਟੋ ਆਪਣੇ ਸਾਹਮਣੇ ਰੱਖੋ ਅਤੇ ਉਸ ਨੂੰ ਵਾਰ-ਵਾਰ ਦੇਖੋ ਕਿ ਤੁਸੀਂ ਪਰਵਾਰ ਲਈ ਕਿੰਨੇ ਮਹੱਤਵਪੂਰਨ ਹੋ ਅਤੇ ਪਰਵਾਰ ਤੁਹਾਡੇ ਲਈ ਕਿੰਨਾ ਜ਼ਰੂਰੀ ਹੈ। ਇਸ ਦੇ ਨਾਲ ਹੀ ਦੋਸਤਾਂ ਦੀ ਮਦਦ ਵੀ ਲਓ। ਆਪਣੇ ਸਾਰੇ ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਦੱਸੋ ਕਿ ਤੁਸੀਂ ਸ਼ਰਾਬ, ਸਿਗਰਟ ਜਾਂ ਗੁਟਖਾ ਜਾਂ ਨਸ਼ੀਲੀਆਂ ਦਵਾਈਆਂ ਦੀ ਵਰਤੋਂ ਨੂੰ ਛੱਡ ਦਿੱਤਾ ਹੈ। ਦੋਸਤਾਂ ਨੂੰ ਕਹੋ ਕਿ ਉਹ ਤੁਹਾਨੂੰ ਇਨ੍ਹਾਂ ਦਾ ਸੇਵਨ ਕਰਨ ਲਈ ਮਜਬੂਰ ਨਾ ਕਰਨ। ਹੋ ਸਕੇ ਤਾਂ ਆਪਣੀ ਸੰਗਤ ਨੂੰ ਬਦਲੋ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਬਿਲਕੁਲ ਵੀ ਇਕੱਲੇ ਨਾ ਰਹੋ। ਜੇ ਤੁਹਾਡਾ ਪਰਵਾਰ ਹੈ, ਖਾਸ ਕਰਕੇ ਛੋਟੇ ਬੱਚੇ, ਤਾਂ ਉਨ੍ਹਾਂ ਨਾਲ ਸਮਾਂ ਬਿਤਾਉਣ ਦੀ ਕੋਸ਼ਿਸ਼ ਕਰੋ। ਇਨ੍ਹਾਂ ਗੱਲਾਂ ਦਾ ਧਿਆਨ ਰੱਖ ਕੇ ਤੁਸੀਂ ਕੁਝ ਹੱਦ ਤੱਕ ਨਸ਼ੇ ਦੀ ਵਰਤੋਂ ਨੂੰ ਛੱਡ ਸਕਦੇ ਹੋ।

*ਸੰਪਰਕ : 97815-90500*

# ਯੋਗਾ ਨੂੰ ਮਾਨਸਿਕ ਚਿੰਤਾ ਦਾ ਹੱਲ ਕਹਿਣਾ ਲੋਕਾਂ ਨਾਲ ਧੋਖਾ



ਜਸਵੰਤ ਜੀਰਖ

ਹੁਣੇ ਹੀ ਯੋਗਾ ਦਿਵਸ ਨੂੰ ਸਰਕਾਰੀ ਤੌਰ 'ਤੇ ਮਨਾਇਆ ਗਿਆ, ਜਿਸ ਦਾ ਵੱਡੀ ਪੱਧਰ 'ਤੇ ਹੋਇਆ ਪ੍ਰਚਾਰ ਸਭ ਨੇ ਵੇਖਿਆ।

ਸਾਡੇ ਦੇਸ਼ ਵਿੱਚ ਯੋਗਾ ਕਰਨ ਦੇ ਫਾਇਦੇ ਦੱਸਣ ਵਾਲੇ ਅਨੇਕਾਂ ਨਰ- ਨਾਰੀ ਟੀ ਵੀ ਚੈਨਲਾਂ ਤੋਂ ਬਾਅਦ ਅੱਜਕੱਲ੍ਹ ਮਹੱਲਿਆਂ ਦੀਆਂ ਪਾਰਕਾਂ ਵਿੱਚ ਅਕਸਰ ਹੀ ਵੇਖਣ ਨੂੰ ਮਿਲਦੇ ਹਨ। ਸਵੇਰੇ ਸਵੇਰੇ ਹਰ ਰੋਜ਼ ਔਰਤਾਂ ਅਤੇ ਮਰਦ, ਨੌਜਵਾਨ ਇਹਨਾਂ ਪਾਰਕਾਂ ਵਿੱਚ ਯੋਗਾ ਦੇ ਤਰ੍ਹਾਂ-ਤਰ੍ਹਾਂ ਦੇ ਆਸਣਾਂ ਦਾ ਅਭਿਆਸ ਕਰਕੇ ਆਪਣੇ ਸਰੀਰ ਨੂੰ ਰੋਗ ਮੁੱਕਤ ਰੱਖਣ ਲਈ ਯਤਨਸ਼ੀਲ ਹਨ, ਪਰ ਜਦੋਂ ਸਰੀਰਕ ਤੰਦਰੁਸਤੀ ਤੋਂ ਅੱਗੇ ਯੋਗਾ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਹੋਣ ਦਾ ਵਸੀਲਾ ਕਹਿ ਕੇ ਚਿੰਤਾ ਮੁਕਤ ਹੋਣ ਦਾ ਜੋ ਦਾਅਵਾ ਕੀਤਾ ਜਾ ਰਿਹਾ ਹੈ , ਉਹ ਸਰਾਸਰ ਲੋਕਾਂ ਨਾਲ ਧੋਖਾ ਕਰਨ ਅਤੇ ਅੰਧਵਿਸ਼ਵਾਸ ਫੈਲਾਉਣ ਦੇ ਬਰਾਬਰ ਹੈ। ਟੀ ਵੀ ਚੈਨਲਾਂ ਰਾਹੀਂ ਯੋਗਾ ਦਾ ਪ੍ਰਚਾਰ ਕਰਨ ਵਾਲੇ ਬਾਬਾ ਰਾਮ ਦੇਵ ਨੇ ਜਦੋਂ ਯੋਗਾ ਦੇ ਨਾਂਅ 'ਤੇ ਵਿਉਪਾਰ ਸ਼ੁਰੂ ਕੀਤਾ , ਤਾਂ ਉਸ ਵੇਲੇ ਯੋਗਾ ਦੇ ਵੱਖ ਵੱਖ ਆਸਣਾਂ ਰਾਹੀਂ ਸਰੀਰਕ ਤੰਦਰੁਸਤੀ ਸਮੇਤ ਮਾਨਸਕ ਚਿੰਤਾਵਾਂ ਨੂੰ ਖਤਮ ਕਰਨ ਦੇ ਉਪਦੇਸ਼ ਵੀ ਦਿੱਤੇ ਜਾਂਦੇ ਰਹੇ। ਸਟੇਜ ਤੋਂ ਉਹਨਾਂ ਵੱਲੋਂ ਦਰਸ਼ਕਾਂ ਨੂੰ ਯੋਗ ਦੇ ਆਸਣ ਕਰਨ ਦੀ ਜਾਚ ਸਿਖਾਉਣ ਵੇਲੇ ਕਦੀ ਸਾਹ ਅੰਦਰ ਖਿੱਚਣਾ, ਕਦੀ ਰੋਕਣਾ ਤੇ ਬਾਹਰ ਕੱਢਣਾ ਸਮੇਤ ਸਰੀਰ ਦੇ ਵੱਖ-ਵੱਖ ਅੰਗਾਂ ਰਾਹੀਂ ਜ਼ੀਰੋ (0) ਬਣਾਉਣਾ, ਕਦੀ ਖੱਬੀ ਲੱਤ ਘੁਮਾਉਣੀ ਤੇ ਕਦੀ ਸੱਜੀ ਜਾਂ ਕਦੀ ਲੱਕ ਘੁਮਾਉਣਾ ਤੇ ਪੇਟ ਅੰਦਰ-ਬਾਹਰ ਕਰਨਾ ਆਦਿ ਦੇ ਫਾਇਦੇ ਵੀ ਗਿਣਾਏ ਜਾਂਦੇ । ਇੱਥੋਂ ਤੱਕ ਤਾਂ ਸਮਝ ਪੈਂਦੀ ਹੈ ਕਿ ਵੱਖ ਵੱਖ ਸਰੀਰਕ ਅੰਗਾਂ ਨੂੰ ਠੀਕ ਚੱਲਦਾ ਰੱਖਣ ਲਈ ਇਹ ਸਹਾਈ ਹੋ ਸਕਦੇ ਹਨ, ਪਰ ਇਸ ਤੋਂ ਪਹਿਲਾਂ ਲੋਕਾਂ ਨੂੰ ਸੰਤੁਲਿਤ ਖੁਰਾਕ ਮਿਲਣੀ ਵੀ ਬੇਹੱਦ ਜ਼ਰੂਰੀ ਹੈ ਅਤੇ ਇਸ ਦੀ ਪੂਰਤੀ ਲਈ ਉਹਨਾਂ ਦੀ ਆਮਦਨ ਇਸ ਸੰਤੁਲਿਤ ਖੁਰਾਕ ਖਰੀਦ ਸਕਣ ਯੋਗ ਹੋਣੀ ਉਸ ਤੋਂ ਵੀ ਜ਼ਰੂਰੀ ਹੈ।

ਜਦੋਂ ਯੋਗਾ ਰਾਹੀਂ ਮਾਨਸਿਕ ਪ੍ਰੇਸ਼ਾਨੀ ਜਾਂ ਚਿੰਤਾ ਰੋਗ ਨੂੰ ਘਟਾਉਣ ਜਾਂ ਖਤਮ ਕਰਨ ਲਈ ਵਰਤਣ ਦੀ ਗੱਲ ਕੀਤੀ ਜਾਂਦੀ ਹੈ , ਤਾਂ ਕੀ ਮਾਨਸਿਕ ਪ੍ਰੇਸ਼ਾਨੀਆਂ ਦਾ ਹੱਲ ਉਹਨਾਂ ਦੇ ਕਾਰਨ ਦੂਰ ਕਰਨ ਤੋਂ ਬਗੈਰ ਹੀ ਯੋਗਾ ਰਾਹੀਂ ਸੰਭਵ ਹੈ ? ਕਿਉਂਕਿ ਸਾਡੇ ਸਮਾਜ ਵਿੱਚ ਵੱਡੀ ਗਿਣਤੀ ਲੋਕਾਂ ਨੂੰ ਵੱਖ-ਵੱਖ ਘਰੇਲੂ, ਆਰਥਿਕ, ਸਮਾਜਿਕ ਸਮੱਸਿਆਵਾਂ ਨੇ ਘੇਰਿਆ ਹੋਇਆ ਹੈ। ਕਿਸੇ ਨੂੰ ਆਪਣੀ ਬੇਰੋਜ਼ਗਾਰੀ ਦੀ ਮਾਨਸਿਕ ਚਿੰਤਾ, ਕਿਸੇ ਨੂੰ ਜੁਆਨ ਧੀ ਦੇ ਵਿਆਹ ਦੀ ਚਿੰਤਾ, ਕਿਸੇ ਨੂੰ ਲਏ ਕਰਜ਼ਾ ਮੋੜਨ ਦੀ ਚਿੰਤਾ, ਕਿਸੇ ਨੂੰ ਆਪਣੀ ਔਲਾਦ ਦੇ ਨਸ਼ਿਆਂ ਵਿੱਚ ਪੈ ਜਾਣ ਦੀ ਚਿੰਤਾ, ਕਿਸੇ ਨੂੰ ਬਿਮਾਰੀ ਦਾ ਇਲਾਜ ਨਾ ਕਰਵਾਏ ਜਾਣ ਪੱਖੋਂ ਅਸਮਰਥ ਹੋਣ ਦੀ ਮਾਨਸਿਕ ਚਿੰਤਾ ਆਦਿ-ਆਦਿ। ਅਜਿਹੀਆਂ ਅਨੇਕਾਂ ਮਾਨਸਿਕ ਚਿੰਤਾਵਾਂ ਹਨ, ਜੋ ਮਨੁੱਖ ਨੂੰ ਦਿਨ- ਰਾਤ ਪ੍ਰੇਸ਼ਾਨ ਕਰ ਰਹੀਆਂ ਹਨ, ਜਿਹਨਾਂ ਵਿੱਚੋਂ ਕੋਈ ਇੱਕ ਵੀ ਅਜਿਹੀ ਨਹੀਂ, ਜੋ ਯੋਗਾ ਕਰਨ ਨਾਲ ਹੱਲ ਹੋ ਸਕਦੀ ਹੋਵੇ, ਪਰ ਪ੍ਰਚਾਰਿਆ ਇਹ ਜਾ ਰਿਹਾ ਹੈ ਕਿ ਯੋਗਾ ਰਾਹੀਂ ਮਾਨਸਿਕ ਅਵਸਥਾ ਨੂੰ ਤਾਕਤ ਮਿਲਦੀ ਹੈ , ਜਿਸ ਕਰਕੇ ਚਿੰਤਾਵਾਂ ਨੂੰ ਘਟਾਇਆ ਜਾਂ ਮੁੱਕਤ ਹੋਇਆ ਜਾ ਸਕਦਾ ਹੈ, ਜਦੋਂ ਕਿ ਇਹ ਸਾਰੀਆਂ ਹੀ ਸਾਡੇ ਦੇਸ਼ ਦੇ ਗਲਤ ਰਾਜ ਪ੍ਰਬੰਧ ਅਤੇ ਬੇਲੋੜੇ ਰੀਤੀ-ਰਿਵਾਜਾਂ ਨਾਲ ਸਬੰਧਤ ਹਨ, ਜਿਹਨਾਂ ਨੂੰ ਬਦਲੇ ਬਿਨਾਂ ਇਹਨਾਂ ਦੇ ਠੀਕ ਹੋਣ ਦਾ ਕੋਈ ਦੂਜਾ ਬਦਲ ਹੈ ਹੀ ਨਹੀਂ । ਪ੍ਰਧਾਨ ਮੰਤਰੀ, ਮੁੱਖ ਮੰਤਰੀਆਂ, ਮੰਤਰੀਆਂ ਸਮੇਤ ਸਕੂਲ, ਕਾਲਜ, ਸਰਕਾਰੀ ਅਦਾਰਿਆਂ ਅੰਦਰ ਇਸ ਯੋਗਾ ਨੂੰ ਹੀ ਹਰ ਮਰਜ਼ ਦਾ ਇਲਾਜ ਹੋਣ ਦਾ ਭਰਮ ਪੈਦਾ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਸਰਕਾਰੀ ਤੌਰ 'ਤੇ ਵੀ ਹੁਣ ਯੋਗਾ ਦਾ ਇਸਤੇਮਾਲ ਸਰੀਰਕ ਤੰਦਰੁਸਤੀ ਬਣਾਈ ਰੱਖਣ ਦੇ ਨਾਲ-ਨਾਲ ਮਾਨਸਿਕ ਚਿੰਤਾਵਾਂ ਤੋਂ ਮੁਕਤ ਹੋਣ ਦੇ ਸਾਧਨ ਵਜੋਂ ਵੀ ਪ੍ਰਚਾਰਿਆ ਜਾਣਾ ਆਮ ਹੋ ਗਿਆ ਹੈ। ਨੌਜਵਾਨਾਂ ਨੂੰ ਯੋਗਾ ਦੇ ਨਾਂਅ ਹੇਠ ਇਕੱਠੇ ਕਰਕੇ ਇਸ ਨੂੰ ਮਾਨਸਿਕ ਚਿੰਤਾ ਤੋਂ ਮੁਕਤੀ ਦਾ ਮਾਰਗ ਕਿਹਾ ਜਾਣਾ ਗੰਭੀਰਤਾ ਨਾਲ ਸੋਚਣ ਦਾ ਵਿਸ਼ਾ ਹੈ। ਚਾਹੀਦਾ ਤਾਂ ਇਹ ਹੈ ਕਿ ਮਨੁੱਖ ਨੂੰ ਇਹਨਾਂ ਚਿੰਤਾਵਾਂ ਤੋਂ ਮੁਕਤ ਕਰਨ ਲਈ ਨੌਜਵਾਨਾਂ ਨੂੰ ਰੋਜ਼ਗਾਰ , ਕਿਸਾਨਾਂ, ਮਜ਼ਦੂਰਾਂ ਦੀ ਗੁਜਾਰੇ ਯੋਗ ਆਮਦਨ, ਨਸ਼ੇ ਦੇ ਵੱਡੇ ਕਾਰੋਬਾਰੀਆਂ ਨੂੰ ਨੱਥ ਪਾਉਣ, ਗੰਭੀਰ ਬਿਮਾਰੀਆਂ ਦੇ ਮੁਫਤ ਇਲਾਜ ਆਦਿ ਵਰਗੇ ਪ੍ਰਬੰਧ ਕੀਤੇ ਜਾਣ , ਨਾ ਕਿ ਦੂਜੇ ਦਰਜੇ ਦੀਆਂ ਗੱਲਾਂ ਨਾਲ ਲੋਕਾਂ ਦੀ ਅਗਿਆਨਤਾ ਦਾ ਮਜ਼ਾਕ ਉਡਾਇਆ ਜਾਵੇ, ਪਰ ਸਰਕਾਰੀ ਤੌਰ 'ਤੇ ਲੋਕਾਂ ਦੀਆਂ ਅਸਲ ਸਮੱਸਿਆਵਾਂ ਦੇ ਮੁੱਦਿਆਂ ਦੀ ਗੱਲ ਕਰਨ ਤੋਂ ਪਾਸਾ ਵੱਟ ਕੇ ਉਹਨਾਂ ਦਾ ਧਿਆਨ ਗੈਰ-ਉਤਪਾਦਤ ਕੰਮਾਂ ਵੱਲ ਲਗਾ ਕੇ ਬੁੱਤਾ ਸਾਰਿਆ ਜਾ ਰਿਹਾ ਹੈ।

ਇਸ ਸਰਮਾਏਦਾਰੀ ਰਾਜ ਪ੍ਰਬੰਧ ਵਿੱਚ ਮਨੁੱਖ ਤੋਂ ਵੱਧ ਮਹੱਤਤਾ ਪੈਸਾ ਕਮਾਉਣ ਨੂੰ ਦਿੱਤੀ ਜਾਂਦੀ ਹੈ । ਕਾਮੇ ਮਨੁੱਖ ਤੋਂ ਵੱਧ ਤੋਂ ਵੱਧ ਕੰਮ ਕਰਵਾਉਣ ਦੇ ਬਦਲ ਵਿੱਚ ਘੱਟ ਤੋਂ ਘੱਟ ਮਿਹਨਤਾਨਾ ਦੇ ਕੇ , ਹਰ ਕੰਮ ਵੱਧ ਤੋਂ ਵੱਧ ਮੁਨਾਫਾ ਕਮਾਉਣ ਲਈ ਕੀਤਾ ਜਾਂਦਾ ਹੈ। ਦੂਜੇ ਪਾਸੇ ਹਰ ਉਹ ਵਸਤੂ, ਜੋ ਕਮਾਊ ਲੋਕਾਂ ਨੇ ਖਰੀਦਣੀ ਹੁੰਦੀ ਹੈ, ਉਸ ਦੀ ਕੀਮਤ ਏਨੀ ਵਧਾ ਦਿੱਤੀ ਜਾਂਦੀ ਹੈ ਕਿ ਮਨੁੱਖ ਕੋਲ ਪ੍ਰੇਸ਼ਾਨੀ ਤੋਂ ਬਿਨਾਂ ਹੋਰ ਕੁੱਝ ਬਚਦਾ ਹੀ ਨਹੀਂ। ਅਜਿਹੇ ਪ੍ਰਬੰਧ ਅੰਦਰ ਯੋਗਾ ਨੂੰ ਪ੍ਰੇਸ਼ਾਨੀ ਘਟਾਉਣ ਲਈ ਪ੍ਰਚਾਰ ਕੇ ਸਰਕਾਰਾਂ ਆਪਣੀਆਂ ਨਾਕਾਮੀਆਂ ਛਿਪਾਉਣ ਲਈ ਵਰਤ ਕੇ, ਆਪਣੀ ਪ੍ਰੇਸ਼ਾਨੀ ਜਰੂਰ ਘੱਟ ਕਰ ਰਹੀਆਂ ਹਨ। ਸਰਕਾਰਾਂ ਦੀ ਜ਼ੁੰਮੇਵਾਰੀ ਬਣਦੀ ਹੈ ਕਿ ਉਹ ਕਮਾਊ ਲੋਕਾਂ ਨੂੰ ਆਰਥਕ ਤੌਰ 'ਤੇ ਉੱਪਰ ਚੁੱਕਣ ਲਈ ਉਹਨਾਂ ਦੀਆਂ ਜੇਬਾਂ 'ਤੇ ਹੋਰ ਕੈਂਚੀ ਚਲਾਉਣ ਤੋਂ ਗੁਰੇਜ਼ ਕਰੇ। ਵੱਡੇ-ਵੱਡੇ ਪੂੰਜੀਪਤੀਆਂ / ਕਾਰਪੋਰੇਟਾਂ ਨੂੰ ਟੈਕਸਾਂ ਤੋਂ ਛੋਟ ਦੇਣ ਅਤੇ ਉਹਨਾਂ ਦੇ ਕਰੋੜਾਂ ਦੇ ਕਰਜੇ ਮੁਆਫ ਕਰਨ ਵਾਲੇ ਫੈਸਲੇ ਵਾਪਸ ਲੈ ਕੇ ਉਹਨਾਂ ਦੀ ਸਮੇਤ ਵਿਆਜ ਵਸੂਲੀ ਕਰੇ, ਕਿਉਂਕਿ ਇਹ ਸਾਰਾ ਸਰਮਾਇਆ ਲੋਕਾਂ ਦੀ ਕਮਾਈ 'ਚੋਂ ਗਿਆ ਹੈ ਜਿਸ ਉੱਪਰ ਲੋਕਾਂ ਹੀ ਹੱਕ ਹੈ। ਇਸ ਕਰਕੇ ਇਸ ਨੂੰ ਵਾਪਸ ਲੈ ਕੇ ਕਮਾਊ ਲੋਕਾਂ ਦੀ ਬੇਹਤਰੀ ਲਈ ਖਰਚਿਆ ਜਾਣਾ ਚਾਹੀਦਾ ਹੈ। ਲੋਕਾਂ ਨੂੰ ਯੋਗਾ ਦਾ ਪਾਠ ਪੜ੍ਹਾ ਕੇ ਪ੍ਰੇਸਾਨੀਆਂ ਤੋਂ ਮੁਕਤ ਹੋਣ ਲਈ ਕੀਤੇ ਜਾ ਰਿਹੇ ਭੰਡੀ ਪ੍ਰਚਾਰ ਦੀ ਬਜਾਏ ਸਹੀ ਪਹੁੰਚ ਅਪਣਾਉਣ ਦੀ ਲੋੜ ਹੈ, ਪਰ ਸਰਕਾਰੀ ਤੌਰ 'ਤੇ ਯੋਗਾ ਦਾ ਪ੍ਰਚਾਰ ਕਰਨ 'ਤੇ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ 'ਤੇ ਖਰਚ ਕਰਕੇ , ਮੁਹੱਲਿਆਂ ਵਿੱਚ ਮੁਫਤ ਯੋਗਾ ਅਧਿਆਪਕ ਦੇਣ ਦੇ ਬੇਲੋੜੇ ਵਾਅਦੇ ਕੀਤੇ ਜਾ ਰਹੇ ਹਨ, ਜਿਹਨਾਂ ਦਾ ਮੋੜਵਾਂ ਬੋਝ ਅਕਸਰ ਲੋਕਾਂ ਉੱਤੇ ਹੀ ਪੈਣਾ ਹੈ। ਦੂਜੇ ਪਾਸੇ ਜੋ ਕਰੋੜਾਂ ਨੌਜਵਾਨ ਰੋਜ਼ਗਾਰ ਪ੍ਰਾਪਤ ਕਰਨ ਲਈ ਤਰਲੇ ਲੈ ਰਹੇ ਹਨ , ਉਹਨਾਂ ਨੂੰ ਰੋਜ਼ਗਾਰ ਦੇਣ ਦਾ ਏਜੰਡਾ ਕਿਧਰੇ ਨਜ਼ਰ ਨਹੀਂ ਆ ਰਿਹਾ।

ਇਸੇ ਲੜੀ ਵਿੱਚ ਬਾਬਾ ਰਾਮ ਦੇਵ ਵਰਗਿਆਂ ਵੱਲੋਂ ਯੋਗਾ ਦੇ ਨਾਂਅ ਹੇਠ ਸਰਕਾਰੀ ਸਰਪ੍ਰਸਤੀ ਹੇਠ ਪ੍ਰਸਿੱਧੀ ਹਾਸਲ ਕਰਕੇ ਹੁਣ ਦਵਾਈਆਂ, ਖਾਧ ਪਦਾਰਥ, ਦੰਦ ਮੰਜਨ, ਗੰਜਿਆਂ ਲਈ ਤੇਲ ਤੇ ਕਰੀਮਾਂ ਆਦਿ ਅਨੇਕਾਂ ਵਸਤਾਂ ਤਿਆਰ ਕਰਕੇ ਵੇਚਣ ਦਾ ਵਿਉਪਾਰ ਸ਼ੁਰੂ ਕਰਕੇ ਮਾਲੋ-ਮਾਲ ਹੋਇਆ ਜਾ ਰਿਹਾ ਹੈ। ਜਿਹੜਾ ਬਾਬਾ ਕਿਸੇ ਵੇਲੇ ਦਵਾਈਆਂ ਦਾ ਵਿਰੋਧ ਕਰਕੇ ਯੋਗਾ ਕਰਨ ਨੂੰ ਰਾਮ ਬਾਣ ਦੱਸ ਰਿਹਾ ਸੀ , ਉਹ ਅੱਜ ਖੁਦ ਆਪਣੀਆਂ ਦਵਾਈਆਂ ਵੇਚਣ ਦੇ ਧੰਦੇ ਵਿੱਚ ਮਸਤ ਹੈ। ਕਿਸੇ ਵੇਲੇ ਉਸ ਨੇ 60-65 ਰੁਪਏ ਲੀਟਰ ਵਾਲਾ ਪੈਟਰੋਲ 30-35 ਰੁ.ਵਿੱਚ ਦੇਣ ਵਾਲੀ ਸਰਕਾਰ ਬਣਾਉਣ ਦਾ ਢੰਡੋਰਾ ਪਿੱਟ ਕੇ, ਲੋਕਾਂ ਨੂੰ ਗੁੰਮਰਾਹ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਸੀ, ਪਰ ਜਦੋਂ ਉਸ ਵੱਲੋਂ ਕੀਤੇ ਗੁੰਮਰਾਹਕੁੰਨ ਪ੍ਰਚਾਰ ਦਾ ਸ਼ਿਕਾਰ ਹੋਏ ਲੋਕਾਂ ਦੀ ਬਣਾਈ ਸਰਕਾਰ ਪੈਟਰੋਲ 100/- ਰੁ. ਤੋਂ ਵੀ ਉੱਪਰ ਵੇਚ ਰਹੀ ਸੀ, ਤਾਂ ਓਦੋਂ ਉਸਨੇ ਆਪਣੀ ਜ਼ੁਬਾਨ ਬੰਦ ਕਰੀ ਰੱਖੀ। ਇੱਥੋਂ ਤੱਕ ਕਿ ਪਿੱਛਲੇ ਕਰੋਨਾ ਦੇ ਦੌਰ ਵਿੱਚ ਇਸ ਯੋਗਾ ਦੇ ਮਾਹਰ ਅਖਵਾਉਣ ਵਾਲੇ ਵੱਲੋਂ ਕਰੋਨਾ ਸੰਬੰਧੀ ਦਵਾਈ ਤਿਆਰ ਕਰਨ ਦਾ ਦਾਅਵਾ ਵੀ ਸਾਡੇ ਦੇਸ਼ ਦੇ ਮੰਤਰੀ ਅਤੇ ਉੱਚ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਭਾਵੇਂ ਇਸ ਦਾਅਵੇ ਨੂੰ ਕਾਨੂੰਨ ਅਨੁਸਾਰ ਦਿੱਤੀ ਚੁਣੌਤੀ ਰਾਹੀਂ ਵਿਰੋਧ ਦਾ ਸਾਹਮਣਾ ਕਰਨ ਕਾਰਨ ਸ਼ਰਮਸਾਰ ਹੋ ਕੇ ਵਾਪਸ ਲੈਣਾ ਪਿਆ, ਪਰ ਸਰਕਾਰ ਵੱਲੋਂ ਇਸ ਦੇ ਝੂਠੇ ਪ੍ਰਾਪੇਗੰਡੇ ਖਿਲਾਫ ਕੋਈ ਕਾਰਵਾਈ ਨਹੀਂ ਹੋਈ। ਇਸ ਤੋਂ ਇਲਾਵਾ ਵੀ ਉਹਨਾਂ ਵੱਲੋਂ ਬਣਾਏ ਜਾਂਦੇ ਕਈ ਵਸਤਾਂ ਦੇ ਸੈਂਪਲ ਗੈਰ-ਮਿਆਰੀ ਹੋਣ ਕਾਰਨ ਫੇਲ ਹੋ ਜਾਣ ਦੇ ਚਰਚੇ ਵੀ ਚੱਲੇ , ਪਰ ਇਸ ਦੇ ਬਾਵਜੂਦ ਸਭ ਜਿਉਂ ਦਾ ਤਿਉਂ ਚੱਲ ਰਿਹਾ ਹੈ, ਜੋ ਸਰਕਾਰੀ ਪੁਸ਼ਤਪਨਾਹੀ ਤੋਂ ਬਿਨਾ ਚੱਲਣਾ ਮੁਸ਼ਕਲ ਹੈ।

ਇਸ ਕਰਕੇ ਅਜਿਹੇ ਲੋਕਾਂ ਵੱਲੋਂ ਕੀਤੇ ਜਾਂਦੇ ਗੁੰਮਰਾਹਕੁੰਨ ਪ੍ਰਚਾਰ ਦੇ ਝਾਂਸੇ ਵਿੱਚ ਆ ਕੇ ਯਕੀਨ ਕਰਨਾ ਲੋਕਾਂ ਨੂੰ ਸਹੀ ਰਸਤਾ ਅਪਨਾਉਣ ਤੋਂ ਭਟਕਾਉਣ ਦੇ ਸਾਧਨ ਤੋਂ ਬਿਨਾ ਕੁਝ ਨਹੀਂ। ਸਰਕਾਰਾਂ ਨੇ ਉਸ ਵੱਲੋਂ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਉਸ ਨੂੰ ਮਾਨਤਾ ਦਿੱਤੀ ਜਾ ਰਹੀ ਹੈ । ਲੋਕਾਂ ਦੇ ਦੁੱਖਾਂ ਦਾ ਸਹੀ ਹੱਲ ਯੋਗਾ ਦੁਆਰਾ ਕਰਨ ਦੇ 'ਕ੍ਰਿਸ਼ਮੇ' ਦਾ ਪ੍ਰਚਾਰ ਕਰਨ ਨਾਲ ਨਹੀਂ, ਸਗੋਂ ਰਾਜ ਪ੍ਰਬੰਧ ਵਿੱਚ ਇਨਕਲਾਬੀ ਤਬਦੀਲੀਆਂ ਨਾਲ ਹੋਣਾ ਹੈ। ਸਰਕਾਰਾਂ ਜੋ ਕਮਾਊ ਲੋਕਾਂ ਤੋਂ ਖੋਹ ਕੇ ਪੂੰਜੀਪਤੀਆਂ/ ਕਾਰਪੋਰੇਟਾਂ ਨੂੰ ਹੋਰ ਧਨਾਢ ਬਣਾਉਣ ਦੇ ਰਾਹ ਪਈਆਂ ਹੋਈਆਂ ਹਨ , ਇਸ ਬਾਰੇ ਲੋਕਾਂ ਨੂੰ ਸਮਝਣ ਦੀ ਲੋੜ ਹੈ ਅਤੇ ਉਸ ਸਮਝ ਨੂੰ ਆਪਣੀਆਂ ਹਰ ਤਰ੍ਹਾਂ ਦੀਆਂ ਸਰੀਰਕ ਤੇ ਮਾਨਸਿਕ ਪ੍ਰੇਸ਼ਾਨੀਆਂ ਖਤਮ ਕਰਨ ਲਈ ਯੋਗਾ ਦੇ ਭਰਮਾਂ- ਭੁਲੇਖਿਆਂ ਵਿੱਚ ਪੈਣ ਦੀ ਬਜਾਏ ਬਹੁ-ਗਿਣਤੀ ਲੋਕਾਂ ਦੇ ਪੱਖੀ ਰਾਜ ਪ੍ਰਬੰਧ ਵਾਲਾ ਬਦਲ ਉਸਾਰਨ ਦੇ ਰਸਤੇ ਪੈਣ ਦੀ ਲੋੜ ਹੈ।

*# ਸੰਪਰਕ : 98151-69825*

26-JUNE-PAGE-5.qxd 6/25/2023 8:46 PM Page 1



# ਡਿਵੈੱਲਪਮੈਂਟ ਟੈਕਸ ਲਾ ਕੇ ਸਰਕਾਰ ਨੇ ਪੈਨਸ਼ਨਰਜ਼ ਨਾਲ ਘੋਰ ਬੇਇਨਸਾਫੀ ਕੀਤੀ : ਆਗੂ

## ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ, ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰ ਦੇ ਨਾਦਰਸ਼ਾਹੀ ਫੁਰਮਾਨ ਦਾ ਜ਼ਬਰਦਸਤ ਵਿਰੋਧ

ਮੋਗਾ (ਅਮਰਜੀਤ ਬੱਬਰੀ)

ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਰਜਿ: ਮੋਗਾ ਦੀ ਮੀਟਿੰਗ ਦਰਸ਼ਨ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ। ਮੀਟਿੰਗ ਦੌਰਾਨ ਚਰਚਾ ਕੀਤੀ ਗਈ ਕਿ ਰਿਟਾਇਰਡ ਪੈਨਸ਼ਨਰਜ਼ ਤੇ ਮੁਲਾਜ਼ਮਾਂ 'ਤੇ ਜੋ ਡਿਵੈਲਪਮੈਂਟ ਟੈਕਸ ਲਾ ਕੇ ਨਾਦਰਸ਼ਾਹੀ ਫੁਰਮਾਨ ਜਾਰੀ ਕੀਤਾ ਗਿਆ, ਇਸ ਦਾ ਪੂਰੇ ਪੰਜਾਬ ਵਿੱਚ ਪੈਨਸ਼ਨਰ ਸਾਥੀਆਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਐਸੋਸੀਏਸ਼ਨ ਦੇ ਪੈਨਸ਼ਨਰ ਸਾਥੀਆਂ ਨੇ ਕਿਹਾ ਕਿ ਸਾਨੂੰ ਰਿਟਾਇਰਮੈਂਟ ਤੋਂ ਬਾਅਦ ਅੱਧੀ ਬੇਸਿਕ ਪੇ ਮਿਲਦੀ ਹੈ, ਜਿਸ 'ਤੇ ਸਿਰਫ਼ ਡੀ ਏ ਤੇ ਬੱਝਵਾਂ ਇਕ ਹਜ਼ਾਰ ਰੁਪਏ ਮੈਡੀਕਲ ਭੱਤਾ ਮਿਲਦਾ ਹੈ। ਇਸ ਤੋਂ ਇਲਾਵਾ ਹੋਰ ਕੋਈ ਵੀ ਭੱਤਾ ਵਗ਼ੈਰਾ ਪੈਨਸ਼ਨਰਜ਼ ਨੂੰ ਨਹੀਂ ਮਿਲਦਾ। ਇਸ ਬੁਢੇਪੇ ਦੀ ਉਮਰ ਵਿੱਚ ਰਿਟਾਇਰਡ ਸਾਥੀਆਂ ਦੇ ਖਰਚੇ ਵੱਧ ਜਾਂਦੇ ਹਨ, ਕਿਉਂਕਿ ਅਠਵੰਜਾ ਸਾਲ ਤੋਂ ਬਾਅਦ ਇਨਸਾਨ ਨੂੰ ਪਰਿਵਾਰਕ ਸਮੱਸਿਆਵਾਂ ਤੋਂ ਇਲਾਵਾ ਨਾਮੁਰਾਦ ਬੀਮਾਰੀਆਂ ਵੀ ਆਪਣੀ ਜਕੜ ਵਿੱਚ ਲੈ ਲੈਂਦੀਆਂ ਹਨ, ਜਿਨ੍ਹਾਂ ਦਾ ਇਲਾਜ ਕਰਵਾਉਣਾ ਬਹੁਤ ਮਹਿੰਗਾ ਹੈ। ਇੱਕ ਮਹਿੰਗਾਈ ਦੀ ਮਾਰ ਦੂਸਰੇ ਡਾਕਟਰੀ ਇਲਾਜ ਮਹਿੰਗੇ, ਤੀਸਰਾ ਪਿਛਲੇ ਲੰਬੇ ਸਮੇਂ ਤੋਂ ਡੀ ਏ ਦੀਆਂ ਕਿਸ਼ਤਾਂ ਦਾ ਸਰਕਾਰ ਵੱਲੋਂ ਜਾਰੀ ਨਾ ਕਰਨਾ ਤੇ ਚੌਥਾ ਦੋ ਸੌ ਰੁਪਏ ਪ੍ਰਤੀ ਮਹੀਨਾ ਡਿਵੈਲਪਮੈਂਟ ਟੈਕਸ ਲਗਾ ਕੇ ਬੋਝ ਪਾਉਣਾ ਸਰਕਾਰ ਦੀ ਪੈਨਸ਼ਨਰਾਂ ਨਾਲ ਘੋਰ ਬੇਇਨਸਾਫੀ ਹੈ। ਸਰਕਾਰ ਨੇ ਜੇ ਪੰਜਾਬ ਦੀ ਡਿਵੈਲਪਮੈਂਟ ਕਰਨੀ ਹੈ ਤਾਂ ਆਪਣੇ ਮੰਤਰੀਆਂ, ਐਮ ਐਲ ਏ, ਐਮ ਪੀ, ਆਈ ਏ ਐਸ, ਆਈ ਪੀ ਐਸ, ਪੀ ਸੀ ਐਸ ਅਧਿਕਾਰੀਆਂ ਤੇ ਬਿਊਰੋਕਰੇਸੀ ਦੇ ਫਜ਼ੂਲ ਖਰਚਿਆਂ ਭੱਤਿਆਂ 'ਤੇ ਰੋਕ ਲਗਾਏ। ਆਪਣੇ ਗੰਨਮੈਨ 'ਤੇ ਵੱਡੀ ਸਕਿਊਰਟੀ ਲੈ ਕੇ ਦਗੜ ਦਗੜ ਕਰਦੇ ਮੰਤਰੀ, ਅਧਿਕਾਰੀ ਬੰਦ ਕਰਨ। ਮੰਤਰੀਆਂ ਦੇ ਸਰਕਾਰੀ, ਪ੍ਰਾਈਵੇਟ ਸਮਾਗਮਾਂ 'ਤੇ ਹੋਣ ਵਾਲੀ ਫਜ਼ੂਲ ਖਰਚੀ ਨੂੰ ਬੰਦ ਕੀਤਾ ਜਾਵੇ। ਸਰਕਾਰ ਵੱਲੋਂ ਦਿੱਤੀ ਜਾਂਦੀ ਇਸ਼ਤਿਹਾਰਬਾਜ਼ੀ ਤੇ ਕੰਧਾਂ, ਚੌਂਕਾਂ, ਸਰਕਾਰੀ ਅਦਾਰਿਆਂ ਵਿੱਚ ਕੰਮਕਾਜ ਸਬੰਧੀ ਲਗਦੇ ਵੱਡੇ ਵੱਡੇ ਇਸ਼ਤਿਹਾਰੀ ਬੋਰਡ ਬੰਦ ਕੀਤੇ ਜਾਣ। ਮੁੱਖ ਮੰਤਰੀ ਵੱਲੋਂ ਫਜ਼ੂਲ ਦੀ ਸ਼ੋਸ਼ੇਬਾਜ਼ੀ ਬੰਦ ਕਰਕੇ ਹਰ ਪੱਖੋਂ ਸਰਕਾਰੀ ਫੰਡਾਂ ਤੇ ਧਨ ਦੀ ਬਚਤ ਕੀਤੀ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਪੈਨਸ਼ਨਰ/ਮੁਲਾਜ਼ਮਾਂ 'ਤੇ ਲਾਇਆ ਡਿਵੈਲਪਮੈਂਟ ਟੈਕਸ ਦਾ ਫੈਸਲਾ ਵਾਪਸ ਲਿਆ ਜਾਵੇ, ਨਹੀਂ ਤਾਂ ਸੰਘਰਸ਼ ਕਰਕੇ ਸਰਕਾਰ ਦੇ ਨੱਕ ਵਿੱਚ ਦਮ ਕਰ ਦਿੱਤਾ ਜਾਵੇਗਾ।

ਮੀਟਿੰਗ ਮੌਕੇ ਮੰਗਲ ਪ੍ਰਕਾਸ਼, ਮੱਖਣ ਜੀਤ, ਪ੍ਰੀਤਮ ਸਿੰਘ, ਗੁਰਮੀਤ ਸਿੰਘ ਕਾਨੂੰਨਗੋ ਘੋਲੀਆ, ਗੁਰਮੇਲ ਸਿੰਘ ਕਾਨੂੰਨਗੋ, ਠਾਣਾ ਸਿੰਘ, ਗੁਰਨਾਮ ਸਿੰਘ ਕਾਨੂੰਨਗੋ, ਜਸਵੰਤ ਸਿੰਘ ਭਾਊ, ਗੁਰਚਰਨ ਸਿੰਘ, ਕਮਲੇਸ਼ ਕੁਮਾਰ, ਸੁਖਦੇਵ ਸਿੰਘ, ਨਾਇਬ ਸਿੰਘ, ਗੁਰਮੇਲ ਸਿੰਘ ਗੌਦਾਰਾ, ਬਲਦੇਵ ਸਿੰਘ ਨਾਇਬ ਤਹਿਸੀਲਦਾਰ, ਦਰਸ਼ਨ ਸਿੰਘ ਬਰਾੜ, ਬਲਦੇਵ ਸਿੰਘ, ਰਸ਼ਪਾਲ ਸਿੰਘ ਕਪੂਰੇ, ਮੱਖਣ ਸਿੰਘ, ਬਲਵਿੰਦਰ ਸਿੰਘ ਪੁਰਬਾ, ਗੁਰਦੋਰ ਸਿੰਘ, ਮੋਹਣ ਸਿੰਘ, ਹਰਚਰਨ ਪਾਲ ਸਿੰਘ ਅਤੇ ਕੁਲਵੰਤ ਸਿੰਘ ਕੁੱਸਾ ਸਮੇਤ ਹੋਰ ਐਸੋਸੀਏਸ਼ਨ ਮੈਂਬਰ ਸ਼ਾਮਲ ਹੋਏ।


ਮੋਗਾ ਦੇ ਨੇਚਰ ਪਾਰਕ ਵਿੱਚ ਮੀਟਿੰਗ ਕਰਦੇ ਹੋਏ ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੇ ਮੈਂਬਰ।

# ਬਚੇਰ 'ਚ ਠੇਕਾ ਖੋਲ੍ਹਣ ਦੇ ਵਿਰੋਧ 'ਚ ਉੱਤਰੇ ਪਿੰਡ ਵਾਸੀ


ਠੇਕਾ ਖੋਲ੍ਹਣ ਦੇ ਵਿਰੋਧ 'ਚ ਉੱਤਰੇ ਪਿੰਡ ਬਚੇਰ ਵਾਸੀ।

ਸਿਰਸਾ (ਸੁਰਿੰਦਰ ਪਾਲ ਸਿੰਘ)

ਹਰਿਆਣਾ ਸਰਕਾਰ ਵੱਲੋਂ ਨਸ਼ਾ ਮੁਕਤੀ ਦੇ ਦਾਅਵਿਆਂ ਦੀ ਪੋਲ ਪਿੰਡਾਂ, ਸ਼ਹਿਰਾਂ ਵਿੱਚ ਸੰਘਣੀ ਅਬਾਦੀ ਵਿਚਕਾਰ ਹਰ ਰੋਜ਼ ਖੁੱਲ੍ਹ ਰਹੇ ਹਨ ਸ਼ਰਾਬ ਦੇ ਠੇਕੇ, ਜਿਸ ਦੀ ਤਾਜ਼ਾ ਉਦਾਹਰਣ ਸਿਰਸਾ ਜ਼ਿਲ੍ਹੇ ਦੇ ਰਾਣੀਆਂ ਬਲਾਕ ਦੇ ਪਿੰਡ ਬਚੇਰ ਵਿੱਚ ਪਿੰਡ ਦੀ ਆਬਾਦੀ ਦੇ ਐਨ ਨੇੜੇ ਖੁੱਲ੍ਹ ਰਿਹਾ ਸ਼ਰਾਬ ਦਾ ਠੇਕਾ ਹੈ। ਪਿੰਡ ਬਚੇਰ ਦੇ ਮੁੱਖ ਬੱਸ ਅੱਡੇ ਤੋਂ ਕਰੀਬ 100 ਮੀਟਰ ਦੀ ਦੂਰੀ 'ਤੇ ਠੇਕਾ ਖੋਲ੍ਹਣ ਨੂੰ ਲੈ ਕੇ ਪਿੰਡ ਵਸੀਆਂ ਤੇ ਔਰਤਾਂ ਵੱਲੋਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਪਿੰਡ ਵਸੀਆਂ ਨੇ ਠੇਕੇ ਵਾਲੀ ਥਾਂ 'ਤੇ ਇਕੱਠੇ ਹੋ ਕੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਦੱਸਿਆ ਕਿ ਇਸ ਸਬੰਧੀ ਉਹ ਡੀ ਸੀ ਤੇ ਆਬਕਾਰੀ ਵਿਭਾਗ ਨੂੰ ਲਿਖਤੀ ਸ਼ਿਕਾਇਤ ਵੀ ਦੇ ਚੁੱਕੇ ਹਨ, ਪਰ ਠੇਕਾ ਫਿਰ ਵੀ ਖੁੱਲ੍ਹ ਰਿਹਾ ਹੈ। ਪਿੰਡ ਦੀਆਂ ਔਰਤਾਂ ਨੇ ਗੁੱਸਾ ਜ਼ਾਹਰ ਕਰਦਿਆਂ ਕਿਹਾ ਕਿ ਜਿਸ ਥਾਂ 'ਤੇ ਸ਼ਰਾਬ ਦਾ ਠੇਕਾ ਬਣਾਇਆ ਜਾ ਰਿਹਾ ਹੈ, ਉਹ ਪਿੰਡ ਦੇ ਮੁੱਖ ਬੱਸ ਅੱਡੇ ਤੋਂ ਕਰੀਬ 100 ਮੀਟਰ ਦੀ ਦੂਰੀ 'ਤੇ ਹੈ। ਇਸ ਜਗ੍ਹਾ 'ਤੇ ਸਕੂਲ ਜਾਣ ਵਾਲੀਆਂ ਲੜਕੀਆਂ ਦੀ ਲਗਾਤਾਰ ਆਵਾਜਾਈ ਰਹਿੰਦੀ ਹੈ।ਇਹੀ ਨਹੀਂ ਪਿੰਡ ਦੇ ਗੁਰਦੁਆਰੇ, ਮੰਦਰ ਤੇ ਗਊਸ਼ਾਲਾ ਨੂੰ ਜਾਣ ਲਈ ਵੀ ਇਹ ਰਸਤਾ ਹੈ।ਪਿੰਡ ਵਾਸੀਆਂ ਵਿੱਚ ਡਰ ਬਣਿਆ ਹੋਇਆ ਹੈ ਕਿ ਸ਼ਰਾਬ ਪੀਣ ਵਾਲੇ ਲੋਕ ਲੰਘਦੀਆਂ ਕੁੜੀਆਂ ਤੇ ਔਰਤਾਂ 'ਤੇ ਫਬਤੀਆਂ ਕੱਸਦੇ ਅਤੇ ਹੁੜਦੰਗ ਮਚਾਉਂਦੇ ਨਜ਼ਰ ਆਉਣਗੇ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਸ਼ਰਾਬ ਦੇ ਠੇਕੇ ਨੂੰ ਦੂਰ ਲਿਜਾਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸ਼ਰਾਬ ਠੇਕੇਦਾਰ ਤੇ ਪ੍ਰਸ਼ਾਸਨ ਦੀ ਜ਼ਿੱਦ ਨੇ ਔਰਤਾਂ ਦੀ ਆਵਾਜ਼ ਨਾ ਸੁਣੀ ਤਾਂ ਆਉਣ ਵਾਲੇ ਦਿਨਾਂ 'ਚ ਤਿੱਖਾ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦਾ ਜ਼ਿੰਮੇਵਾਰ ਪ੍ਰਸ਼ਾਸਨ ਹੋਵੇਗਾ।ਪਿੰਡ ਬਚੇਰ ਵਾਸੀਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਸਮਾਂ ਰਹਿੰਦੇ ਇਸ ਠੇਕੇ ਨੂੰ ਆਬਾਦੀ ਤੋਂ ਹਟਾਇਆ ਜਾਵੇ।

# ਮਕਾਨ ਖਾਲੀ ਕਰਵਾਉਣ 'ਤੇ ਮਕਾਨ ਮਾਲਕ ਨੂੰ ਮਾਰੀ ਗੋਲੀ



**ਬਰੇਟਾ (ਰੀਤਵਾਲ)**-ਕਿਰਾਏਦਾਰਾਂ ਤੋਂ ਮਕਾਨ ਖਾਲੀ ਕਰਵਾਉਣ ਅਤੇ ਪੈਸਿਆਂ ਦੇ ਲੈਣ ਦੇਣ ਦੀ ਰੰਜਿਸ਼ ਵਿੱਚ 2 ਕਿਰਾਏਦਾਰਾਂ ਸਮੇਤ 4 ਵਿਅਕਤੀਆਂ ਵੱਲੋਂ ਘਰ ਅੰਦਰ ਘੁਸ ਕੇ ਮਕਾਨ ਮਾਲਕ ਨੂੰ ਗੋਲੀ ਮਾਰਨ ਦਾ ਸਮਾਚਾਰ ਮਿਲਿਆ ਹੈ। ਇਸ ਸੰਬੰਧੀ ਥਾਣਾ ਮੁਖੀ ਬੂਟਾ ਸਿੰਘ ਨੇ ਦੱਸਿਆ ਕਿ ਵਾਰਡ ਨੰ. 3 ਮੁਹੱਲਾ ਟੋਹਾਣਾ ਬਸਤੀ ਦੇ ਮ੍ਰਿਤਕ ਪ੍ਰੇਮ ਕੁਮਾਰ ਦੀ ਪਤਨੀ ਚੀਨਾ ਰਾਣੀ ਨੇ ਦੱਸਿਆ ਕਿ ਉਨ੍ਹਾਂ ਦੇ ਕਿਰਾਏਦਾਰ ਸੁਰੇਸ਼ ਕੁਮਾਰ ਤੇ ਜਗਦੀਸ਼ ਜੋ ਪਿੰਡ ਜੂਲੋ ਫਤਿਹਾਬਾਦ ਦੇ ਰਹਿਣ ਵਾਲੇ ਸਨ, ਜਿਨ੍ਹਾਂ ਤੋਂ ਉਨ੍ਹਾਂ ਨੇ ਆਪਣਾ ਘਰ ਖਾਲੀ ਕਰਵਾ ਕੇ ਕੁਝ ਪੈਸਿਆਂ ਦਾ ਲੈਣ ਦੇਣ ਬਾਕੀ ਰਹਿੰਦਾ ਸੀ। ਬੀਤੀ ਰਾਤ ਦੋ ਮੋਟਰਸਾਈਕਲਾਂ 'ਤੇ ਸਵਾਰ 2 ਕਿਰਾਏਦਾਰਾਂ ਸਮੇਤ 4 ਵਿਅਕਤੀਆਂ ਨੇ ਦਰਵਾਜ਼ਾ ਖੁੱਲ੍ਹਵਾਉਣ ਤੋਂ ਬਾਅਦ ਘਰ ਵਿੱਚ ਜਾ ਕੇ ਫਾਇਰਿੰਗ ਸ਼ੁਰੂ ਕਰ ਦਿੱਤੀ ਤੇ ਇੱਕ ਗੋਲੀ ਪ੍ਰੇਮ ਕੁਮਾਰ ਦੇ ਲੱਗਣ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ। ਜ਼ਖ਼ਮੀ ਪ੍ਰੇਮ ਕੁਮਾਰ ਨੂੰ ਸਿਵਲ ਹਸਪਤਾਲ ਬੁਢਲਾਡਾ ਵਿਖੇ ਲਿਆਂਦਾ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਉਸ ਦੀ ਪਤਨੀ ਨੇ ਦੱਸਿਆ ਕਿ ਐਤਵਾਰ ਨੂੰ ਉਸ ਦੀ ਛੋਟੀ ਪੁੱਤਰੀ ਦਾ ਸ਼ਗਨ ਹੋਣਾ ਸੀ, ਜਿਸ ਕਾਰਨ ਉਨ੍ਹਾਂ ਨੇ ਆਪਣਾ ਮਕਾਨ 10 ਦਿਨ ਪਹਿਲਾਂ ਹੀ ਖਾਲੀ ਕਰਵਾਇਆ ਸੀ। ਇਸ ਤੋਂ ਬਿਨਾਂ ਸਾਡੀ ਉਨ੍ਹਾਂ ਨਾਲ ਕੋਈ ਰੰਜਿਸ਼ ਨਹੀਂ ਸੀ। ਇਸ ਘਟਨਾ ਕਾਰਨ ਮੁਹੱਲੇ ਅੰਦਰ ਡਰ ਦਾ ਮਾਹੌਲ ਪੈਦਾ ਹੋ ਗਿਆ ਹੈ ਪੁਲਸ ਨੇ ਮ੍ਰਿਤਕ ਦੀ ਪਤਨੀ ਦੇ ਬਿਆਨ 'ਤੇ ਕਤਲ ਦੀ ਧਾਰਾ ਤਹਿਤ 2 ਕਿਰਾਏਦਾਰਾਂ, 2 ਅਣਪਤਾਛੇ ਵਿਅਕਤੀਆਂ ਸਮੇਤ 4 ਖਿਲਾਫ ਮੁਕੱਦਮਾ ਦਰਜ ਕਰਕੇ ਕਾਰਵਾਈ ਅਮਲ ਵਿੱਚ ਲਿਆਂਦੀ ਹੈ। ਪੁਲਸ ਵੱਲੋਂ ਮੌਕੇ ਵਾਲੀ ਜਗ੍ਹਾ 'ਤੇ ਪੁੱਜ ਕੇ ਜਾਇਜ਼ਾ ਲਿਆ ਗਿਆ। ਪੁਲਸ ਨੇ ਦੱਸਿਆ ਕਿ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ। ਮ੍ਰਿਤਕ ਸਰਕਾਰੀ ਸਕੂਲ ਵਿੱਚ ਸੇਵਾਦਾਰ ਦੀ ਡਿਊਟੀ ਤੋਂ ਸੇਵਾ ਮੁਕਤ ਹੋਇਆ ਸੀ।

## ਕਾਤਰਾਂ

### ਹੈਰੋਇਨ ਸਮੇਤ ਨੌਜਵਾਨ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਇੱਕ ਨੌਜਵਾਨ ਦੇ ਕਬਜ਼ੇ 'ਚੋਂ 25 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਕਾਬੂ ਕੀਤੇ ਗਏ ਕਰਨਵੀਰ ਸਿੰਘ ਉਰਫ ਕਰਨ ਦੀ ਜਦੋਂ ਸਹਾਇਕ ਥਾਣੇਦਾਰ ਅਵਤਾਰ ਸਿੰਘ ਵੱਲੋਂ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ 'ਚੋਂ 25 ਗ੍ਰਾਮ ਹੈਰੋਇਨ ਬਰਾਮਦ ਹੋਈ। ਕਰਨਵੀਰ ਸਿੰਘ ਉਰਫ ਕਰਨ ਵਾਸੀ ਨੇੜੇ ਜੋਤੀ ਸਰੂਪ ਮੋੜ ਫ਼ਤਹਿਗੜ੍ਹ ਸਾਹਿਬ ਨੂੰ ਅ/ਧ 21ਬੀ/61/85 ਐੱਨ.ਡੀ.ਪੀ.ਐੱਸ. ਐਕਟ ਤਹਿਤ ਗ੍ਰਿਫ਼ਤਾਰ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

### ਪ੍ਰਵਾਸੀ ਮਜ਼ਦੂਰ ਦੀ ਨਹਿਰ 'ਚ ਡੁੱਬਣ ਕਾਰਨ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜੇ ਵਗਦੀ ਸਰਹਿੰਦ ਨਹਿਰ ਵਿਚ ਪ੍ਰਵਾਸੀ ਮਜ਼ਦੂਰ ਰਕਮਾ (52) ਵਾਸੀ ਅਲਨਪੁਰ, ਚਣਕਾਣਾ ਸਹਾਰਨਪੁਰ ਹਾਲ ਵਾਸੀ ਸਹਿਜੋ ਮਾਜਰਾ ਦੀ ਡੁੱਬਣ ਕਾਰਨ ਮੌਤ ਹੋ ਗਈ। ਮ੍ਰਿਤਕ ਦੇ ਭਰਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸਦਾ ਛੋਟਾ ਭਰਾ ਰਕਮਾ ਕਿਸਾਨ ਕੋਲ ਨੌਕਰੀ ਕਰਦਾ ਸੀ ਤੇ ਸ਼ਰਾਬ ਪੀਣ ਦਾ ਆਦੀ ਸੀ। ਉਸ ਨੇ ਦੱਸਿਆ ਕਿ ਰਕਮਾ ਪਿਛਲੇ ਕੁਝ ਦਿਨਾਂ ਤੋਂ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਚੱਲ ਰਿਹਾ ਸੀ ਤੇ 7-8 ਦਿਨ ਤੋਂ ਲਗਾਤਾਰ ਸ਼ਰਾਬ ਪੀ ਰਿਹਾ ਸੀ। ਲੰਘੀ 21 ਜੂਨ ਨੂੰ ਰਕਮਾ ਘਰੋਂ ਗਿਆ ਤੇ ਪਰਿਵਾਰ ਨੂੰ ਰਾਹਗੀਰਾਂ ਨੇ ਦੱਸਿਆ ਕਿ ਉਹ ਪੁਲ ਪਵਾਤ ਨੇੜੇ ਨਹਿਰ ਵਿਚ ਡਿੱਗ ਗਿਆ। ਕੱਲ੍ਹ ਪ੍ਰਵਾਸੀ ਮਜ਼ਦੂਰ ਰਕਮਾ ਦੀ ਲਾਸ਼ ਗੜ੍ਹੀ ਤਰਖਾਣਾ ਪੁਲ ਨੇੜੇ ਨਹਿਰ ਵਿਚ ਤੈਰਦੀ ਮਿਲੀ, ਜਿਸ ਨੂੰ ਪੁਲਸ ਨੇ ਕਬਜ਼ੇ 'ਚ ਲੈ ਲਿਆ। ਪਰਿਵਾਰਕ ਮੈਂਬਰਾਂ ਅਨੁਸਾਰ ਰਕਮਾ ਦਾ ਨਹਿਰ ਵਿਚ ਡਿੱਗਣਾ ਕੁਦਰਤੀ ਹਾਦਸਾ ਹੈ, ਇਸ ਲਈ ਉਹ ਕੋਈ ਕਾਨੂੰਨੀ ਕਾਰਵਾਈ ਨਹੀਂ ਕਰਵਾਉਣਾ ਚਾਹੁੰਦੇ। ਪੁਲਸ ਵਲੋਂ ਲਾਸ਼ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਨੂੰ ਸੌਂਪ ਦਿੱਤਾ।

### ਆਟਿਜ਼ਮ ਬੱਚਿਆਂ ਦੇ ਮਾਪਿਆਂ ਲਈ ਸੈਮੀਨਾਰ 28 ਨੂੰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਹਾਰਾ ਐਜੂਕੇਸ਼ਨ ਐਂਡ ਰਿਹੈਬਲੀਟੇਸ਼ਨ ਸੁਸਾਇਟੀ ਬਠਿੰਡਾ ਵੱਲੋਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸਹਿਯੋਗ ਨਾਲ ਆਟਿਜ਼ਮ ਬੱਚਿਆਂ ਦੇ ਮਾਪਿਆਂ ਲਈ ਜਾਗਰੂਕਤਾ ਸੈਮੀਨਾਰ 28 ਜੂਨ ਨੂੰ ਕੀਤਾ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਦਿੱਤੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ਼੍ਰੀਮਤੀ ਜਸਵੀਰ ਕੌਰ ਨੇ ਦੱਸਿਆ ਕਿ ਇਹ ਸੈਮੀਨਾਰ 28 ਜੂਨ ਨੂੰ ਸਵੇਰੇ 9 ਵਜੇ ਸਥਾਨਕ ਸਰਕਾਰੀ ਰਾਜਿੰਦਰਾ ਕਾਲਜ ਵਿਖੇ ਕਰਵਾਇਆ ਜਾਵੇਗਾ। ਇਸ ਸੈਮੀਨਾਰ ਵਿੱਚ ਸਥਾਨਕ ਸਹਾਰਾ ਐਜੂਕੇਸ਼ਨ ਐਂਡ ਰਿਹੈਬਲੀਟੇਸ਼ਨ ਸੁਸਾਇਟੀ ਵੱਲੋਂ ਆਟਿਜ਼ਮ ਬੱਚਿਆਂ ਦੇ ਮਾਪਿਆਂ ਨੂੰ ਬੱਚਿਆਂ ਦਾ ਆਪਣੇ ਆਪ ਵਿੱਚ ਗੁੰਮ ਰਹਿਣਾ, ਭਾਸ਼ਾ ਤੇ ਉਨ੍ਹਾਂ ਦੇ ਵਿਕਾਸ ਵਿੱਚ ਦੇਰੀ ਆਦਿ ਬਾਰੇ ਜਾਗਰੂਕ ਕੀਤਾ ਜਾਵੇਗਾ।

# ਕਸ਼ਮੀਰ ਸਿੰਘ ਗਦਾਈਆ 'ਤੇ ਹਮਲਾ ਕਰਨ ਵਾਲਿਆਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ : ਆਗੂ



**ਨਾਭਾ (ਵਰਿੰਦਰ ਵਰਮਾ)**-ਬੀਤੇ ਦਿਨੀਂ ਪਿੰਡ ਸੁੱਖੇਵਾਲ ਵਿਖੇ ਨਰੇਗਾ ਮਜ਼ਦੂਰਾਂ ਨੂੰ ਲਾਮਬੰਦ ਕਰ ਰਹੇ ਸੀ ਪੀ ਆਈ ਦੇ ਸੂਬਾ ਆਗੂ ਤੇ ਨਰੇਗਾ ਮਜ਼ਦੂਰ ਲੀਡਰ ਕਸ਼ਮੀਰ ਸਿੰਘ ਗਦਾਈਆ 'ਤੇ ਹਮਲਾ ਕਰਨ ਵਾਲੇ ਸਰਪੰਚ ਤੇ ਉਸ ਦੇ ਗੁੰਡਿਆਂ ਖਿਲਾਫ ਕਾਰਵਾਈ ਕਰਵਾਉਣ ਤੇ ਮੂੰਹ ਤੋੜਵਾਂ ਜਵਾਬ ਦੇਣ ਲਈ 30 ਜੂਨ ਨੂੰ ਵੱਡਾ ਇਕੱਠ ਕੀਤਾ ਜਾਵੇਗਾ। ਸਥਾਨਕ ਅੰਬੇਡਕਰ ਭਵਨ ਵਿਖੇ ਸੈਂਕੜੇ ਲੋਕਾਂ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਸੀ ਪੀ ਆਈ, ਨਿਰਮਲ ਸਿੰਘ ਧਾਲੀਵਾਲ, ਨਰੇਗਾ ਪ੍ਰਾਪਤ ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ, ਕੁੱਲ ਹਿੰਦ ਕਿਸਾਨ ਸਭਾ ਦੇ ਕੁਲਵੰਤ ਸਿੰਘ ਮੌਲਵੀਵਾਲਾ, ਜਗਤਾਰ ਸਿੰਘ ਫਤਿਹਮਾਜਰੀ, ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਹਰਭਗਵਾਨ ਭੀਖੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਧਰਮਵੀਰ ਸਿੰਘ, ਟਰੇਡ ਯੂਨੀਅਨ ਏਟਕ ਦੇ ਸੋਹਣ ਸਿੰਘ ਸਿੱਧੂ, ਆਈ ਡੀ ਪੀ ਦੇ ਚਮਕੌਰ ਸਿੰਘ, ਸਰਵ ਭਾਰਤ ਨੌਜਵਾਨ ਸਭਾ ਦੇ ਕੁਲਦੀਪ ਸਿੰਘ ਘੋੜੇਨਬ, ਰਵਿਦਾਸ ਸੇਵਾ ਸੁਸਾਇਟੀ ਦੇ ਰਾਮ ਧਨ ਸਿੰਘ ਰਾਮਗੜ੍ਹ, ਐਕਸ ਸਰਵਿਸਮੈਨ ਯੂਨੀਅਨ ਦੇ ਸੋਮ ਸਿੰਘ, ਏਟਕ ਆਗੂ ਭਰਪੂਰ ਸਿੰਘ ਬੁੱਲ੍ਹਾਂਪੁਰ, ਡੀ ਐੱਮ ਐੱਫ, ਕੁਲਵਿੰਦਰ ਕੌਰ ਰਾਮਗੜ੍ਹ, ਰਮਨਜੋਤ ਕੌਰ ਬਾਬਰਪੁਰ, ਕ੍ਰਿਸ਼ਨ ਲੁਬਾਣਾ, ਚਮਕੌਰ ਸਿੰਘ ਅਗੇਤੀ, ਪੰਜਾਬ ਇਸਤਰੀ ਸਭਾ ਦੀ ਆਗੂ ਬਲਜੀਤ ਕੌਰ, ਰਣਧੀਰ ਕੌਰ, ਦਿਹਾਤੀ ਮਜ਼ਦੂਰ ਸਭਾ ਦੇ ਗੁਰਮੀਤ ਸਿੰਘ ਕਾਲਾਝਾੜ, ਅੰਬੇਡਕਰ ਕਿਰਤੀ ਸੰਘ ਦੇ ਕੁਲਵੰਤ ਸਰੋਏ, ਮਨਜੀਤ ਕੌਰ ਸੁੱਖੇਵਾਲ ਜੱਗਾ ਸਿੰਘ, ਬਿਗਲ ਫਰੰਟ ਦੇ ਸੇਬੀ ਖੰਡੇਵਾਦ, ਉਸਾਰੀ ਮਜ਼ਦੂਰਾਂ ਦੇ ਆਗੂ ਕਾਮਰੇਡ ਨਛੱਤਰ ਸਿੰਘ ਗੁਰਦਿੱਤਪੁਰਾ, ਸੁੱਚਾ ਸਿੰਘ ਕੌਲ, ਮਜ਼ਦੂਰ ਆਗੂ ਕ੍ਰਿਸ਼ਨ ਭੜੋਅ ਆਦਿ ਨੇ ਕਿਹਾ ਕਿ ਬਦਲਾਅ ਦੇ ਨਾਮ ਆਈ ਮਾਨ ਸਰਕਾਰ ਦੇ ਰਾਜ ਵਿੱਚ ਮਜ਼ਦੂਰਾਂ 'ਤੇ ਹਮਲੇ ਤੇਜ਼ ਹੋਏ ਹਨ ਤੇ ਨਰੇਗਾ ਕਾਮਿਆਂ ਦੀ ਲੁੱਟ ਤੇਜ਼ ਹੋਣ ਨਾਲ ਘਪਲੇਬਾਜ਼ੀ 'ਚ ਵਾਧਾ ਹੋਇਆ ਹੈ। ਆਗੂਆਂ ਨੇ ਕਿਹਾ ਕਿ ਪਿੰਡ ਸੁੱਖੇਵਾਲਾ 'ਚ ਨਰੇਗਾ ਮਜ਼ਦੂਰਾਂ ਨੂੰ ਸੰਬੋਧਨ ਕਰ ਰਹੇ ਪਿੰਡ ਦੀ ਸਰਪੰਚ ਚਰਨਪ੍ਰੀਤ ਕੌਰ, ਉਸ ਦੇ ਪਤੀ ਧਰਮਿੰਦਰ ਸਿੰਘ ਤੇ ਉਸ ਗੁੰਡਿਆਂ ਨੇ ਕਸ਼ਮੀਰ ਸਿੰਘ ਗਦਾਈਆ ਨੂੰ ਜਾਤੀ ਤੌਰ 'ਤੇ ਜ਼ਲੀਲ ਹੀ ਨਹੀਂ ਕੀਤਾ, ਸਗੋਂ ਕੁੱਟਮਾਰ ਵੀ ਕੀਤੀ। ਉਨ੍ਹਾਂ ਕਿਹਾ ਕਿ ਸਰਪੰਚ ਤੇ ਉਸ ਦੇ ਚਹੇਤੇ ਸਰੇਆਮ ਨਰੇਗਾ 'ਚ ਘਪਲੇਬਾਜ਼ੀ ਕਰ ਰਹੇ ਹਨ, ਜਿਸ ਦੀ ਜਾਂਚ ਪੜਤਾਲ ਹੋਣੀ ਚਾਹੀਦੀ ਹੈ। ਆਗੂਆਂ ਨੇ ਕਿਹਾ ਕਿ ਹਮਲਾਵਰਾਂ ਖਿਲਾਫ ਐੱਸ ਸੀ, ਐੱਸ ਟੀ ਐਕਟ ਤਹਿਤ ਕਾਰਵਾਈ ਕਰਵਾਉਣ ਤੇ ਪੰਚਾਇਤ ਵੱਲੋਂ ਕੀਤੇ ਘਪਲਿਆਂ ਦੀ ਜਾਂਚ ਕਰਵਾਉਣ ਨੂੰ ਲੈ ਕੇ 30 ਜੂਨ ਨੂੰ ਨਾਭਾ ਵਿਖੇ ਵੱਡੀ ਪੱਧਰ ਉੱਤੇ ਇਕੱਠ ਕੀਤਾ ਜਾਵੇਗਾ। ਉਨ੍ਹਾਂ ਸਮੂਹ ਇਨਸਾਫ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਹਿੱਸਾ ਲੈਣ।

# ਕੱਚੇ ਅਧਿਆਪਕਾਂ ਤੇ ਨਾਨ-ਟੀਚਿੰਗ ਨੂੰ ਸਾਰੇ ਲਾਭਾਂ ਸਮੇਤ ਪੱਕਾ ਕਰਨ ਦੀ ਮੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਬੀਤੇ ਵਰ੍ਹੇ ਅਧਿਆਪਕ ਦਿਵਸ ਮੌਕੇ ਵਿਸ਼ੇਸ਼ ਸਮਾਗਮ ਕਰਕੇ ਸਿੱਖਿਆ ਵਿਭਾਗ ਦੇ 8736 ਕੱਚੇ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਨੂੰ ਪੱਕਾ ਕਰਨ ਦਾ ਐਲਾਨ ਕੇਵਲ ਕਾਗਜ਼ਾਂ ਤੱਕ ਹੀ ਸੀਮਤ ਹੋ ਕੇ ਰਹਿ ਗਿਆ ਹੈ, ਕਿਉਂਕਿ ਨੌਂ ਮਹੀਨੇ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਇੱਕ ਵੀ ਅਧਿਆਪਕ ਨੂੰ ਰੈਗੂਲਰ ਕਰਨ ਦੇ ਆਰਡਰ ਨਹੀਂ ਪ੍ਰਾਪਤ ਹੋਏ ਹਨ, ਜਿਸ ਕਾਰਨ ਨਿਗੂਣੀਆਂ ਤਨਖਾਹਾਂ ਲੈਣ ਵਾਲੇ ਇਹ ਕੱਚੇ ਅਧਿਆਪਕ ਹਾਲੇ ਵੀ ਕੱਚੇ ਰੁਜ਼ਗਾਰ ਦਾ ਸੰਤਾਪ ਭੁਗਤ ਰਹੇ ਹਨ ਅਤੇ ਕਈ ਅਧਿਆਪਕ ਕੱਚੇ ਹੀ ਸੇਵਾ ਮੁਕਤ ਹੋ ਕੇ ਖਾਲੀ ਹੱਥ ਘਰਾਂ ਨੂੰ ਜਾ ਰਹੇ ਹਨ।ਇਸ ਸੰਤਾਪ ਤੋਂ ਛੁਟਕਾਰੇ ਦੀ ਆਸ ਵਿੱਚ ਸੰਘਰਸ਼ ਦੇ ਰਾਹ ਪੈਂਦਿਆਂ ਉਨ੍ਹਾਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਸੰਗਰੂਰ ਵਿਖੇ ਪੱਕੇ ਧਰਨਾ ਲਗਾਇਆ ਹੋਇਆ ਹੈ।ਇਨ੍ਹਾਂ ਅਧਿਆਪਕਾਂ ਦੀ ਹਮਾਇਤ ਕਰਦਿਆਂ ਡੀ.ਟੀ.ਐੱਫ. ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮੁਕੇਸ਼ ਕੁਮਾਰ ਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਮੰਗ ਕੀਤੀ ਕਿ ਸਿੱਖਿਆ ਵਿਭਾਗ ਅਧੀਨ ਕੰਮ ਕਰਦੇ ਸਾਰੇ ਦੇ ਸਾਰੇ ਕੱਚੇ ਅਧਿਆਪਕਾਂ ਤੇ ਨਾਨ-ਟੀਚਿੰਗ ਕਰਮਚਾਰੀਆਂ, ਜਿਨ੍ਹਾਂ ਦੀ ਗਿਣਤੀ 14000 ਦੇ ਕਰੀਬ ਹੈ, ਨੂੰ ਸਰਕਾਰੀ ਨੌਕਰੀ ਦੇ ਸਾਰੇ ਲਾਭਾਂ ਸਮੇਤ ਫੌਰੀ ਰੈਗੂਲਰ ਕੀਤਾ ਜਾਵੇ।ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ ਦੇ ਆਗੂਆਂ ਜਗਪਾਲ ਬੰਗੀ, ਬੇਅੰਤ ਫੂਲੇਵਾਲਾ, ਰਾਜੀਵ ਬਰਨਾਲਾ, ਗੁਰਪਿਆਰ ਕੋਟਲੀ, ਜਸਵਿੰਦਰ ਔਜਲਾ, ਰਘਬੀਰ ਭਵਾਨੀਗੜ੍ਹ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਦਲਜੀਤ ਸਫੀਪੁਰ, ਕੁਲਵਿੰਦਰ ਜੋਸ਼ਨ, ਪਵਨ ਕੁਮਾਰ ਮੁਕਤਸਰ, ਮਹਿੰਦਰ ਕੌੜਿਆਂਵਾਲੀ, ਤੇਜਿੰਦਰ ਸਿੰਘ, ਰੁਪਿੰਦਰ ਗਿੱਲ ਤੇ ਸੁਖਦੇਵ ਡਾਨਸੀਵਾਲ ਨੇ ਕਿਹਾ ਕਿ ਪੰਜ ਤੋਂ ਦਸ ਹਾਜ਼ਰ ਪ੍ਰਤੀ ਮਹੀਨਾ ਤਨਖਾਹ 'ਤੇ ਗੁਜ਼ਾਰਾ ਕਰਨ ਵਾਲੇ ਤੇ ਪੰਜਾਬ ਦੇ ਪ੍ਰਾਇਮਰੀ ਸਕੂਲਾਂ ਵਿੱਚ ਕਈ-ਕਈ ਸਾਲਾਂ ਤੋਂ ਪੂਰੇ ਸਿਰੜ ਨਾਲ ਪੜ੍ਹਾਉਣ ਦੇ ਕਾਰਜ ਵਿੱਚ ਲੱਗੇ ਕੱਚੇ ਅਧਿਆਪਕਾਂ ਨੂੰ ਪੱਕਾ ਕਰਨ ਦੀ ਚੋਣਾਵੀ ਗਰੰਟੀ ਨੂੰ ਹਾਲੇ ਤੱਕ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ 'ਆਪ' ਸਰਕਾਰ ਨਾ-ਕਾਮਯਾਬ ਰਹੀ ਹੈ। ਆਗੂਆਂ ਨੇ ਦੱਸਿਆ ਕਿ 8736 ਤੋਂ ਇਲਾਵਾ ਬਾਕੀ ਰਹਿੰਦੇ ਈ ਜੀ ਐੱਸ, ਐੱਸ ਟੀ ਆਰ, ਏ ਆਈ ਈ ਵਲੰਟੀਅਰ ਅਧਿਆਪਕ ਤੇ ਹੋਰ ਨਾਨ-ਟੀਚਿੰਗ ਸਟਾਫ ਵੀ ਨਾ-ਮਾਤਰ ਤਨਖਾਹਾਂ 'ਤੇ ਕੰਮ ਕਰ ਰਿਹਾ ਹੈ, ਜਿਸ ਨਾਲ ਘਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੈ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਆਪਣੇ ਐਲਾਨ ਮੁਤਾਬਕ ਇਨ੍ਹਾਂ 14000 ਦੇ ਕਰੀਬ ਕਰਮਚਾਰੀਆਂ ਨੂੰ ਰੈਗੂਲਰ ਕਰਦਿਆਂ ਪਰਖ ਸਮੇਂ ਦੌਰਾਨ ਪੰਜਾਬ ਤਨਖਾਹ ਸਕੇਲ ਅਨੁਸਾਰ ਰੈਗੂਲਰ ਮੁਲਾਜ਼ਮਾਂ ਵਾਲੇ ਸਾਰੇ ਲਾਭ ਤੇ ਪੂਰੀਆਂ ਤਨਖਾਹਾਂ ਮਿਲਣੀਆਂ ਯਕੀਨੀ ਬਣਾਵੇ ਤਾਂ ਜੋ ਇਹ ਸੁਰੱਖਿਅਤ ਮਹਿਸੂਸ ਕਰਦੇ ਹੋਏ ਸੇਵਾ ਨਿਭਾ ਸਕਣ।

# ਪੈਨਸ਼ਨਰਾਂ ਵੱਲੋਂ ਲਗਾਏ ਵਿਕਾਸ ਟੈਕਸ ਦਾ ਵਿਰੋਧ, ਸਰਕਾਰ ਖਿਲਾਫ ਨਾਅਰੇਬਾਜ਼ੀ

## 4 ਨੂੰ ਮੁੱਖ ਦਫਤਰ ਪਟਿਆਲਾ ਦਾ ਕਰਾਂਗੇ ਘਿਰਾਓ : ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪੈਨਸ਼ਨਰਾਂ 'ਤੇ ਲਗਾਏ 200 ਰੁਪਏ ਪ੍ਰਤੀ ਮਹੀਨਾ ਦੇ ਟੈਕਸ ਦਾ ਪੈਨਸ਼ਨਰਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਰਜਿ: ਸ਼ਹਿਰ, ਦਿਹਾਤੀ ਮੰਡਲ ਬਰਨਾਲਾ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ 'ਤੇ ਲਗਾਏ ਜੰਜੂਆ ਟੈਕਸ ਦਾ ਜ਼ੋਰਦਾਰ ਵਿਰੋਧ ਕੀਤਾ ਹੈ। ਪੰਜਾਬ ਸਰਕਾਰ ਵਿਰੁੱਧ ਪੰਜਾਬ, ਯੂ ਟੀ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨਾਲ ਮਿਲ ਕੇ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ। ਇਹ ਜਾਣਕਾਰੀ ਜਥੇਬੰਦੀ ਦੇ ਸੂਬਾਈ ਵਿੱਤ ਸਕੱਤਰ ਸੁਖਜੰਟ ਸਿੰਘ, ਪ੍ਰਧਾਨ ਕੇਵਲ ਸਿੰਘ ਧਾਲੀਵਾਲ, ਸੁਖਦੇਵ ਸਿੰਘ ਝਲੂਰ ਨੇ ਦਿੰਦਿਆਂ ਕਿਹਾ ਕਿ ਜੇਕਰ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਪੈਨਸ਼ਨਰਜ਼ ਯੂਨੀਅਨ ਨੂੰ ਮੀਟਿੰਗ ਦਾ ਸਮਾਂ ਨਾ ਦਿੱਤਾ ਗਿਆ, ਮੰਗਾਂ ਮਸਲੇ ਹੱਲ ਨਾ ਕੀਤੇ ਗਏ ਤਾਂ 4 ਜੁਲਾਈ 2023 ਨੂੰ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਪਟਿਆਲਾ ਵਿਖੇ ਹੈੱਡ ਆਫਿਸ ਅੱਗੇ ਧਰਨਾ ਮਾਰ ਕੇ ਹੈੱਡ ਆਫਿਸ ਦੇ ਤਿੰਨੇ ਗੇਟ ਘੇਰੇ ਜਾਣਗੇ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਬਿੱਕਰ ਸਿੰਘ ਛੀਨੀਵਾਲ, ਬਿੱਕਰ ਸਿੰਘ ਖਿਆਲੀ, ਜਗਦੇਵ ਸਿੰਘ ਕੁਰੜ, ਦਰਸ਼ਨ ਸਿੰਘ ਕਲਾਲ ਮਾਜਰਾ, ਦਰਸ਼ਨ ਸਿੰਘ ਜੌਹਲਾਂ, ਅਮਰੀਕ ਸਿੰਘ ਸਹੌਰ, ਸਾਧੂ ਸਿੰਘ ਬੜੀ ਆਦਿ ਪੈਨਸ਼ਨਰਾਂ ਨੇ ਦੋ ਸੌ ਰੁਪਏ ਮਹੀਨਾ ਵਿਕਾਸ ਟੈਕਸ ਲਗਾਉਣ ਦੀ ਜ਼ੋਰਦਾਰ ਸ਼ਬਦਾਂ 'ਚ ਨਿੰਦਾ ਕੀਤੀ ਹੈ।

# ਮਾਮਾ-ਭਾਣਜਾ ਨਹਿਰ 'ਚ ਡੁੱਬੇ, ਮਾਮੇ ਦੀ ਲਾਸ਼ ਬਰਾਮਦ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਦਿਆਲਪੁਰਾ ਰੋਡ ਦੇ ਮਾਮੇ ਭਾਣਜੇ ਦੇ ਨਹਿਰ ਵਿੱਚ ਨਹਾਉਣ ਸਮੇਂ ਡੁੱਬਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਮ੍ਰਿਤਕ ਦੇ ਪਰਿਵਾਰਕ ਮੈਂਬਰ ਭੂਸ਼ਣ ਕੁਮਾਰ ਨੇ ਦੱਸਿਆ ਕਿ ਮੇਰਾ ਚਾਚਾ ਰਾਜੇਸ਼ ਕੁਮਾਰ (35) ਤੇ ਉਸ ਦਾ ਭਾਣਜਾ ਨਾਬਾਲਗ ਮੰਗਲ ਸਿੰਘ (15) ਬਾਲਣ ਲਈ ਲੱਕੜਾਂ ਇਕੱਠੀਆਂ ਕਰਨ ਕੁਲਰੀਆਂ ਰੋਡ ਨਹਿਰ 'ਤੇ ਗਏ ਸਨ, ਪ੍ਰੰਤੂ ਜ਼ਿਆਦਾ ਗਰਮੀ ਹੋਣ ਕਾਰਨ ਮੰਗਲ ਸਿੰਘ ਨਹਿਰ ਵਿੱਚ ਨਹਾਉਣ ਲਈ ਉੱਤਰਿਆ ਤੇ ਤੈਰਨਾ ਨਾ ਆਉਣ ਕਾਰਨ ਨਹਿਰ 'ਚ ਰੁੜ੍ਹ ਗਿਆ। ਉਸ ਨੂੰ ਬਚਾਉਣ ਦੀ ਕੋਸ਼ਿਸ਼ 'ਚ ਰਾਜੇਸ਼ ਕੁਮਾਰ ਵੀ ਨਹਿਰ ਵਿੱਚ ਰੁੜ੍ਹ ਗਿਆ। ਉਸ ਨੂੰ ਵੀ ਤੈਰਨਾ ਨਹੀਂ ਆਉਂਦਾ ਸੀ। ਉਨ੍ਹਾਂ ਨਾਲ ਗਏ ਤੀਸਰੇ ਵਿਅਕਤੀ ਨੇ ਘਟਨਾ ਦੀ ਸਾਰੀ ਜਾਣਕਾਰੀ ਘਰ ਆ ਕੇ ਦਿੱਤੀ। ਲੋਕਾਂ ਦੀ ਮਦਦ ਨਾਲ ਭਾਲ ਕਰਦਿਆਂ ਰਾਜੇਸ਼ ਕੁਮਾਰ ਦੀ ਲਾਸ਼ ਮਿਲ ਗਈ ਤੇ ਨਾਬਾਲਗ ਮੰਗਲ ਦੀ ਭਾਲ ਕੀਤੀ ਜਾ ਰਹੀ ਹੈ। ਸਮਾਜਸੇਵੀ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਮ੍ਰਿਤਕਾਂ ਦੇ ਪਰਿਵਾਰ ਦੀ ਆਰਥਿਕ ਤੌਰ 'ਤੇ ਮਦਦ ਕੀਤੀ ਜਾਵੇ, ਕਿਉਂਕਿ ਆਰਥਿਕ ਪੱਖੋਂ ਇਹ ਪਰਿਵਾਰ ਬਹੁਤ ਹੀ ਗਰੀਬ ਹੈ। ਮ੍ਰਿਤਕ ਰਾਜੇਸ਼ ਕੁਮਾਰ ਮਿਹਨਤ ਮਜ਼ਦੂਰੀ ਕਰਕੇ ਆਪਣਾ ਪਰਿਵਾਰ ਪਾਲ ਰਿਹਾ ਸੀ।

# ਪੈਨਸ਼ਨਰਾਂ 'ਤੇ ਲਾਏ ਜਜ਼ੀਆ ਟੈਕਸ ਦੇ ਪੱਤਰਾਂ ਦੀਆਂ ਕਾਪੀਆਂ ਵਿਧਾਇਕਾਂ ਦੀਆਂ ਰਿਹਾਇਸ਼ਾਂ ਅੱਗੇ ਸਾੜੀਆਂ



**ਮਾਨਸਾ (ਪਮਾਰ)**-ਦੀ ਮਾਨਸਾ ਰਿਟਾਇਂਰਡ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਮਾਨਸਾ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਸੱਤਪਾਲ ਭੈਣੀ, ਜਗਦੀਸ਼ ਰਾਏ, ਮੱਖਣ ਸਿੰਘ ਉੱਡਤ ਤੇ ਲੱਖਾ ਸਿੰਘ ਸਹਾਰਨਾ ਦੀ ਅਗਵਾਈ ਵਿੱਚ ਸਥਾਨਕ ਸਿਵਲ ਹਸਪਤਾਲ ਵਿੱਚ ਇੱਕਠੇ ਹੋ ਕੇ ਮਾਨਸਾ ਦੇ ਵਿਧਾਇਕ ਵਿਜੈ ਸਿੰਗਲਾ ਦੇ ਘਰ ਤੱਕ ਰੋਸ ਮੁਜ਼ਾਹਰਾ ਕਰਦੇ ਹੋਏ ਵਿਧਾਇਕ ਦੇ ਘਰ ਅੱਗੇ ਸੇਵਾ ਮੁਕਤ ਮੁਲਾਜ਼ਮਾਂ ਵੱਲੋਂ ਮਾਰੂ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਸਬੰਧੀ ਵਿਧਾਇਕ ਸਿੰਗਲਾ ਨੇ ਵਿਸ਼ਵਾਸ ਦਿਵਾਇਆ ਕਿ ਤੁਹਾਡੀ ਗੱਲ ਵਿਧਾਨ ਸਭਾ ਵਿੱਚ ਪਹੁੰਚਾਈ ਜਾਵੇਗੀ। ਬੜੇ ਅਫੋਸਸ ਨਾਲ ਲਿਖਣਾ ਪੈ ਰਿਹਾ ਹੈ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮਿਤੀ 01-01-2016 ਤੋ ਮਿਤੀ 30-06-2021 ਤੱਕ 5-1/2 ਸਾਲ ਦਾ ਛੇਵੇਂ ਤਨਖਾਹ ਕਮਿਸਨ ਦਾ ਬਕਾਇਆ ਦੱਬੀ ਬੈਠੀ ਹੈ। ਜਿਸ ਕਰਕੇ ਮੰਗ ਕੀਤੀ ਜਾਂਦੀ ਹੈ ਕਿ ਜਜੀਆ ਟੈਕਸ ਵਾਪਸ ਲੈਕੇ ਮੁਲਾਜਮਾਂ ਅਤੇ ਸੇਵਾਮੁਕਤ ਮੁਲਾਜ਼ਮਾਂ ਦੇ ਸਾਰੇ ਬਕਾਏ ਦਿੱਤੇ ਜਾਣ। ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸਤਾਂ ਦਿੱਤੀਆਂ ਜਾਣ। ਬਿਜਲੀ ਬੋਰਡ ਦੇ ਪੈਨਸ਼ਨਰ ਜੱਥੇਬੰਦੀ ਦੇ ਆਗੂ ਮੇਜਰ ਸਿੰਘ ਦੂਲੋਵਾਲ , ਭਗਵਾਨ ਸਿੰਘ ਭਾਟੀਆ ਤੇ ਲਖਣ ਲਾਲ ਨੇ ਕਿਹਾ ਕਿ ਇਹ ਸਰਕਾਰ ਕੁੱਝ ਦੇਣ ਦੀ ਬਜਾਏ, ਮੁਲਾਜ਼ਮਾਂ ਤੋਂ ਖੋਹਣ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ, ਜਿਸ ਦੇ ਮਾੜੇ ਮਨਸੂਬਿਆਂ ਦੇ ਖਿਲਾਫ ਸੰਘਰਸ ਹੋਰ ਤਿੱਖੇ ਕਰਨੇ ਪੈਣਗੇ। ਇਸੇ ਦੌਰਾਨ ਮੁਲਾਜ਼ਮਾਂ ਨੇ ਮੁਜ਼ਾਹਰੇ ਦੇ ਰੂਪ ਵਿੱਚ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਦੀ ਮਾਨਸਾ ਸਥਿਤ ਰਿਹਾਇਸ਼ ਅੱਗੇ ਵੀ ਪੈਨਸ਼ਨਰ ਵਿਰੋਧੀ ਪੱਤਰ ਦੀਆਂ ਕਾਪੀਆਂ ਸਾੜੀਆਂ। ਭਰਾਤਰੀ ਤੌਰ ਤੇ ਪਹੁੰਚੇ ਡੀ.ਐਮ.ਐਫ. ਦੇ ਆਗੂ ਪ੍ਰਮਿੰਦਰ ਸਿੰਘ, ਹੰਸਾ ਸਿੰਘ, ਸੀਤਲ ਸਿੰਘ ਉੱਡਤ ਤੇ ਦਲਵਾਰਾ ਸਿੰਘ ਉੱਡਤ, ਪ.ਸ.ਸ.ਫ. (ਵਿਗਿਆਨਕ) ਤੋਂ ਬਿੱਕਰ ਮਾਖਾ, ਹਿੰਮਤ ਦੂਲੋਵਾਲ, ਪ.ਸ.ਸ.ਫ. (1406,22ਬੀ) ਚੰਡੀਗੜ੍ਹ ਤੋਂ ਜਨਕ ਸਿੰਘ ਫਤਹਿਪੁਰ ਅਤੇ ਬਲਜੀਤ ਸਿੰਘ ਬਰਨਾਲਾ ਤੇ ਆਤਮਾ ਸਿੰਘ ਪਮਾਰ ਆਦਿ ਸਾਥੀਆਂ ਨੇ ਭਰਾਤਰੀ ਹਿਮਾਇਤ ਦਿੰਦਿਆਂ ਮੰਗ ਕੀਤੀ ਕਿ ਆਮ ਆਦਮੀ ਪਾਰਟੀ ਨੇ ਜੋ ਵਾਅਦੇ ਪਿੰਡਾਂ ਦੀਆਂ ਜਨਤਕ ਸਟੇਜਾਂ ਤੋਂ ਕੀਤੇ ਸਨ, ਉਹ ਪੂਰੇ ਕੀਤੇ ਜਾਣ। ਮਿਤੀ 01-01-2004 ਤੋਂ ਬਾਅਦ ਭਰਤੀ ਮੁਲਾਜਮਾਂ ਤੇ ਪੁਰਾਣੀ ਪੈਨਸਨ ਸਕੀਮ ਲਾਗੂ ਕੀਤੀ ਜਾਵੇ। ਖੋਹੇ ਹੋਏ 37 ਭੱਤੇ ਬਹਾਲ ਕੀਤੇ ਜਾਣ।

ਇਨ੍ਹਾਂ ਤੋਂ ਇਲਾਵਾ ਸਾਥੀ ਜਸਵੀਰ ਢੰਡ, ਰਾਜ ਕੁਮਾਰ ਰੰਗਾ ਅਤੇ ਪੁਲਿਸ ਐਸੋਸੀਏਸ਼ਨ ਤੋਂ ਗੁਰਚਰਨ ਸਿੰਘ, ਅਮਰਜੀਤ ਸਿੰਘ, ਲਛਮਣ ਸਿੰਘ, ਪਰਮਜੀਤ ਸਿੰਘ ਨੇ ਵੀ ਪੈਨਸ਼ਨਰ ਮਾਰੂ ਪੱਤਰ ਵਾਪਸ ਲੈਣ ਦੀ ਮੰਗ ਕੀਤੀ।

# ਵਿਧਾਇਕ ਨੇ ਅਗੌਲ 'ਚ 5-5 ਮਰਲੇ ਦੇ ਪਲਾਟ ਅਲਾਟ ਕਰਨ ਦਾ ਨੀਂਹ ਪੱਥਰ ਰੱਖਿਆ

## ਹਲਕੇ 'ਚ ਵਿਕਾਸ ਕਾਰਜ ਬਿਨਾਂ ਕਿਸੇ ਵੀ ਭੇਦਭਾਵ ਤੋਂ ਕਰਵਾਏ ਜਾ ਰਹੇ ਹਨ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਹਲਕਾ ਨਾਭਾ ਦੇ ਪਿੰਡ ਅਗੌਲ ਵਿਖੇ ਤਕਰੀਬਨ 250 ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਲਾਟ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੇਵ ਮਾਨ ਨੇ ਦੱਸਿਆ ਕਿ ਹਲਕਾ ਨਾਭਾ ਦੇ ਸਾਰੇ ਪਿੰਡਾਂ ਵਿੱਚ ਜਿੱਥੇ ਸ਼ਾਮਲਾਟ ਜ਼ਜਮੀਨ ਹੈ, ਉਥੇ ਲੋੜਵੰਦ ਪਰਿਵਾਰਾਂ ਨੂੰ ਮਤਾ ਪਾ ਕੇ 5-5 ਮਰਲੇ ਦੇ ਪਲਾਟ ਅਲਾਟ ਕੀਤੇ ਜਾ ਰਹੇ ਹਨ, ਜਿਸ ਪਿੰਡ ਵਿੱਚ ਕੋਈ ਮੁਸ਼ਕਲ ਆਉਂਦੀ ਹੈ, ਉਹ ਮੇਰੇ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਵਿਕਾਸ ਦੇ ਕਾਰਜ ਬਿਨਾਂ ਕਿਸੇ ਵੀ ਭੇਦਭਾਵ ਤੋਂ ਕਰਵਾਏ ਜਾ ਰਹੇ ਹਨ। ਦੇਵ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪਿੰਡਾਂ ਤੇ ਸ਼ਹਿਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਜੀ ਵੱਲੋਂ ਕਿਸੇ ਪਰਿਵਾਰ ਨੂੰ ਬੇਸਾਹਰਾ ਨਹੀਂ ਦੇਖਿਆ ਜਾਵੇਗਾ, ਹਰੇਕ ਦੇ ਸਿਰ 'ਤੇ ਛੱਤ ਹੋਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਬੇਨਤੀ ਕੀਤੀ ਕਿ ਜੇਕਰ ਕਿਸੇ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਆਮ ਆਦਮੀ ਪਾਰਟੀ ਦੇ ਦਫਤਰ ਵਿਖੇ ਸਿੱਧੇ ਤੌਰ 'ਤੇ ਸੰਪਰਕ ਕਰ ਸਕਦਾ ਹੈ। ਇਸ ਮੌਕੇ ਕਪਿਲ ਮਾਨ, ਦੀਪਾ ਰਾਮਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਭਾਦਸੋਂ, ਨਰਿੰਦਰ ਸਿੰਘ ਪ੍ਰਧਾਨ, ਨਿੱਕਾ ਸਿੰਘ ਸਰਪੰਚ, ਗੁਰਮੀਤ ਸਿੰਘ ਨੰਬਰਦਾਰ, ਮੁਸਤਾਕ ਖਾਨ ਰੈਸਲ, ਬਲਜਿੰਦਰ ਸਿੰਘ, ਜਗਤਾਰ ਸਿੰਘ, ਹਰਜਿੰਦਰ ਸਿੰਘ, ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਧਾਰੋਕੀ, ਸਾਬਕਾ ਟਰੱਕ ਯੂਨੀਅਨ ਪ੍ਰਧਾਨ ਦਵਿੰਦਰ ਸਿੰਘ ਕੁਲਾਰਾਂ, ਧਰਮਿੰਦਰ ਸਿੰਘ ਸੁਖੇਵਾਲ, ਬਿੱਲਾ ਖੋਖ, ਜਸਪਾਲ ਕੌਰ, ਜਸਵੀਰ ਕੌਰ, ਤੀਰਥ ਸਿੰਘ, ਗੁਰਸੇਵਕ ਸਿੰਘ, ਸਤਵੀਰ ਸਿੰਘ, ਅੰਤਰ ਰਾਸ਼ਟਰੀ ਕਬੱਡੀ ਖਿਡਾਰੀ ਗੁਰਨਾਮ ਸਿੰਘ ਗਾਮਾ, ਹਰਿੰਦਰ ਸਿੰਘ ਬੌਬੀ, ਬਿੰਦਰ ਸਿੰਘ ਗਦਾਈਆ, ਜਸਵੀਰ ਸਿੰਘ ਵਜੀਦਪੁਰ ਆਦਿ ਮੌਜੂਦ ਸਨ।

# ਬੇਖ਼ੌਫ਼ ਰੇਤ ਮਾਫ਼ੀਆ : ਜਿੱਥੇ ਵਿਧਾਇਕ ਨੇ ਕੀਤੀ ਛਾਪੇਮਾਰੀ, ਉੱਥੇ ਫਿਰ ਨਾਜਾਇਜ਼ ਮਾਈਨਿੰਗ

## ਕੂੰਮ ਕਲਾਂ ਖੇਤਰ 'ਚ ਰਾਤ ਦੇ ਹਨੇਰੇ 'ਚ 'ਚਿੱਟੇ ਸੋਨੇ' ਦੀ ਧੜੱਲੇ ਨਾਲ ਮਾਈਨਿੰਗ ਕਿਸਦੀ ਸ਼ਹਿ 'ਤੇ?



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੂੰਮਕਲਾਂ ਖੇਤਰ 'ਚ ਰਾਤ ਦੇ ਹਨ੍ਹੇਰੇ 'ਚ 'ਚਿੱਟੇ ਸੋਨੇ' ਦੀ ਨਾਜਾਇਜ਼ ਮਾਈਨਿੰਗ ਜਾਰੀ ਹੈ ਅਤੇ ਲੋਕਾਂ ਵਿਚ ਚਰਚਾਵਾਂ ਹਨ ਕਿ ਇਹ ਕਿਸਦੀ ਸ਼ਹਿ 'ਤੇ ਹੋ ਰਹੀ ਹੈ ਅਤੇ ਪੁਲਸ ਨੂੰ ਇਸ ਦੀ ਭਿਨਕ ਕਿਉਂ ਨਹੀਂ ਮਿਲਦੀ। ਮਾਛੀਵਾੜਾ ਪੁਲਸ ਥਾਣਾ ਦੀ ਹੱਦ ਖਤਮ ਹੁੰਦਿਆਂ ਪਿੰਡ ਚੱਕੀ ਤੋਂ ਕੁਝ ਹੀ ਦੂਰੀ 'ਤੇ ਥਾਣਾ ਕੂੰਮਕਲਾਂ ਖੇਤਰ ਵਿਚ ਪੈਂਦੇ ਖੇਤਾਂ 'ਚੋਂ ਰਾਤ ਦੇ 12 ਵਜਦੇ ਹੀ ਰੇਤੇ ਦੀ ਨਾਜਾਇਜ਼ ਮਾਈਨਿੰਗ ਸ਼ੁਰੂ ਹੋ ਜਾਂਦੀ ਹੈ। ਬੇਸ਼ੱਕ ਸਰਕਾਰ ਵੱਲੋਂ ਪੁਲਸ ਤੇ ਪ੍ਰਸ਼ਾਸਨ ਨੂੰ ਸਖ਼ਤ ਹਦਾਇਤਾਂ ਹਨ ਕਿ ਨਾਜਾਇਜ਼ ਮਾਈਨਿੰਗ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਪਰ ਉਸ ਦੇ ਬਾਵਜੂਦ ਰੇਤ ਮਾਫ਼ੀਆ ਧੜੱਲੇ ਨਾਲ ਮਾਈਨਿੰਗ ਕਰ ਰਿਹਾ ਹੈ। ਕੁਝ ਮਹੀਨੇ ਪਹਿਲਾਂ ਪਿੰਡ ਚੱਕੀ ਨੇੜੇ ਥਾਣਾ ਕੂੰਮਕਲਾਂ ਅਧੀਨ ਪੈਂਦੇ ਖੇਤਾਂ 'ਚੋਂ ਅੱਧੀ ਰਾਤ ਨਾਜਾਇਜ਼ ਮਾਈਨਿੰਗ 'ਤੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਛਾਪੇਮਾਰੀ ਕੀਤੀ ਸੀ ਤੇ ਮਾਛੀਵਾੜਾ ਪੁਲਸ ਨੂੰ ਨਾਲ ਲੈ ਕੇ ਇਸ ਇਲਾਕੇ ਨੂੰ ਆਉਂਦੀਆਂ ਟ੍ਰੈਕਟਰ-ਟਰਾਲੀਆਂ ਤੇ ਨਾਜਾਇਜ਼ ਮਾਈਨਿੰਗ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕੀਤਾ ਸੀ ਪਰ ਰੇਤ ਮਾਫ਼ੀਆ ਐਨਾ ਕੁ ਬੇਖ਼ੌਫ਼ ਹੈ ਕਿ ਵਿਧਾਇਕ ਦੀ ਛਾਪੇਮਾਰੀ ਤੋਂ ਬਾਅਦ ਫਿਰ ਉਨ੍ਹਾਂ ਖੇਤਾਂ ਵਿੱਚ ਨਾਜਾਇਜ਼ ਮਾਈਨਿੰਗ ਕਰ ਪੁਲਸ ਤੇ ਪ੍ਰਸ਼ਾਸਨ ਨੂੰ ਦਰਸਾ ਦਿੱਤਾ ਕਿ ਉਹ ਇਸ ਦੀ ਪ੍ਰਵਾਹ ਨਹੀਂ ਕਰਦਾ। ਜਾਣਕਾਰੀ ਅਨੁਸਾਰ ਕੂੰਮਕਲਾਂ ਖੇਤਰ ਦੇ ਜਿਨ੍ਹਾਂ ਖੇਤਾਂ ਵਿੱਚ ਨਾਜਾਇਜ਼ ਮਾਈਨਿੰਗ ਹੋ ਰਹੀ ਹੈ ਉਹ ਜ਼ਮੀਨ ਵੀ ਸਰਕਾਰੀ ਦੱਸੀ ਜਾ ਰਹੀ ਹੈ, ਪਰ ਉਸ ਉੱਪਰ ਜੋ ਨਾਜਾਇਜ਼ ਕਾਬਜ਼ਕਾਰ ਹਨ ਉਨ੍ਹਾਂ ਵੱਲੋਂ ਇਹ ਰੇਤੇ ਦੀ ਨਾਜਾਇਜ਼ ਮਾਈਨਿੰਗ ਕੀਤੀ ਜਾਂ ਕਰਵਾਈ ਜਾ ਰਹੀ ਹੈ। ਜਦੋਂ ਇਸ ਸਬੰਧੀ ਥਾਣਾ ਮਾਛੀਵਾੜਾ ਦੇ ਮੁਖੀ ਮਨਦੀਪ ਕੌਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪਿੰਡ ਚੱਕੀ ਨੇੜ੍ਹੇ ਖੇਤਾਂ ਵਿੱਚ ਜੋ ਨਾਜਾਇਜ਼ ਮਾਈਨਿੰਗ ਦੀ ਸ਼ਿਕਾਇਤ ਉਨ੍ਹਾਂ ਕੋਲ ਆਈ ਸੀ ਉਹ ਇਲਾਕਾ ਕੂੰਮਕਲਾਂ ਥਾਣਾ ਅਧੀਨ ਪੈਂਦਾ ਹੈ, ਜਿਸ ਸਬੰਧੀ ਉੱਥੋਂ ਦੇ ਅਧਿਕਾਰੀ ਕਾਰਵਾਈ ਕਰਨਗੇ। ਜਦੋਂ ਇਸ ਬਾਰੇ ਥਾਣਾ ਕੂੰਮਕਲਾਂ ਦੇ ਥਾਣਾ ਮੁਖੀ ਪਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਆਪਣੇ ਖੇਤਰ 'ਚ ਨਾਜਾਇਜ਼ ਮਾਈਨਿੰਗ ਕਰਨ ਵਾਲਿਆਂ ਖਿਲਾਫ਼ ਸਖ਼ਤੀ ਨਾਲ ਕਾਰਵਾਈ ਕਰ ਰਹੇ ਹਨ ਤੇ ਕਿਸੇ ਨੂੰ ਵੀ ਕਾਨੂੰਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ। ਉਨ੍ਹਾਂ ਕਿਹਾ ਕਿ ਨਾਜਾਇਜ਼ ਮਾਈਨਿੰਗ ਸਬੰਧੀ ਜੇਕਰ ਉਨ੍ਹਾਂ ਕੋਲ ਕੋਈ ਮਾਮਲਾ ਧਿਆਨ ਵਿੱਚ ਆਉਂਦਾ ਹੈ ਤਾਂ ਉਹ ਤੁਰੰਤ ਮਾਮਲਾ ਦਰਜ ਕਰਦੇ ਹਨ।

# ਆਖਰੀ ਦਮ ਤੱਕ ਮੇਰੀ ਕਲਮ ਦੱਬੇ-ਕੁਚਲੇ ਲੋਕਾਂ ਦੇ ਹੱਕ 'ਚ ਚਲਦੀ ਰਹੇਗੀ : ਪੂਨਮ ਕਾਂਗੜਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਖਰੀ ਦਮ ਤੱਕ ਮੇਰੀ ਕਲਮ ਦੱਬੇ ਕੁਚਲੇ ਲੋਕਾਂ ਦੇ ਹੱਕ 'ਚ ਚਲਦੀ ਰਹੇਗੀ, ਕਿਉਂਕਿ ਡਾ: ਭੀਮ ਰਾਓ ਅੰਬੇਡਕਰ ਦੁਆਰਾ ਰਚਿਤ ਸੰਵਿਧਾਨ ਤਹਿਤ ਜੋ ਜ਼ਿੰਮੇਵਾਰੀ ਮਿਲੀ ਹੈ, ਉਸ ਨੂੰ ਪੂਰਨ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ ਲਈ ਯਤਨਸ਼ੀਲ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਚੰਡੀਗੜ੍ਹ ਦੇ ਮੈਂਬਰ ਮੈਡਮ ਪੂਨਮ ਕਾਂਗੜਾ ਅੱਜ ਸਮਾਜ ਸੇਵੀ ਹਰਜੀਤ ਸਿੰਘ ਹੈਰੀ (ਕੈਨੇਡਾ) ਦੇ ਗ੍ਰਹਿ ਪਿੰਡ ਮਹਿਲ ਖੁਰਦ ਵਿਖੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਪੂਰਨ ਕੋਸ਼ਿਸ਼ ਹੁੰਦੀ ਹੈ, ਉਨ੍ਹਾਂ ਕੋਲ ਆਉਣ ਵਾਲੀ ਹਰੇਕ ਸ਼ਿਕਾਇਤ ਦਾ ਨਿਪਟਾਰਾ ਨਾਲ ਦੀ ਨਾਲ ਕੀਤਾ ਜਾਵੇ ਤੇ ਪੀੜਤ ਧਿਰ ਨੂੰ ਇਨਸਾਫ ਮਿਲ ਸਕੇ। ਉਨ੍ਹਾ ਕਿਹਾ ਕਿ ਨੌਜਵਾਨ ਪੀੜ੍ਹੀ ਸਾਡੇ ਦੇਸ਼ ਦਾ ਭਵਿੱਖ ਹਨ, ਜਿਨ੍ਹਾਂ ਦਾ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਹੋਣ ਦੀ ਬੇਹੱਦ ਅਹਿਮ ਲੋੜ ਹੈ। ਉਨ੍ਹਾ ਸਮੂਹ ਨੌਜਵਾਨਾਂ ਨੂੰ ਸਮਾਜ ਸੇਵੀ ਕਾਰਜਾਂ 'ਚ ਵਧ ਚੜ੍ਹ ਕੇ ਯੋਗਦਾਨ ਦੇਣ ਦੀ ਅਪੀਲ ਕੀਤੀ। ਇਸ ਸਮੇਂ ਸਮਾਜ ਸੇਵੀ ਹਰਜੀਤ ਸਿੰਘ ਹੈਰੀ ਕੈਨੇਡਾ ਦੀ ਅਗਵਾਈ 'ਚ ਮੈਡਮ ਪੂਨਮ ਕਾਂਗੜਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਇਸ ਸਮੇਂ ਭੀਮ ਰਾਓ ਅੰਬੇਡਕਰ ਮਿਸ਼ਨ ਦੇ ਪ੍ਰਧਾਨ ਦਰਸ਼ਨ ਕਾਂਗੜਾ, ਪਾਲੀ ਵਜੀਦਕੇ, ਗੁਰਸੇਵਕ ਸਹੋਤਾ, ਪੰਚ ਬਲਜੀਤ ਬਬਲੂ ਆਦਿ ਹਾਜ਼ਰ ਸਨ।

# ਐਂਗਲੋ ਸਿੱਖ ਵਾਰ ਮੈਮੋਰੀਅਲ ਨੂੰ ਨਵੀਨਤਮ ਤਕਨਾਲੋਜੀ ਨਾਲ ਅੱਪਗ੍ਰੇਡ ਕਰਨ ਦੀ ਸ਼ੁਰੂਆਤ

## 10 ਕਰੋੜ ਨਾਲ ਮੈਮੋਰੀਅਲ ਦੀ ਕੀਤੀ ਜਾਵੇਗੀ ਕਾਇਆ ਕਲਪ : ਦਹੀਆ * ਮੁੱਖ ਮੰਤਰੀ ਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦਾ ਕੀਤਾ ਧੰਨਵਾਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸੈਰ ਸਪਾਟੇ ਨੂੰ ਉਤਸ਼ਾਹਤ ਕਰਨ ਤੇ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਦੇ ਵਿਕਾਸ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਐਂਗਲੋ ਸਿੱਖ ਵਾਰ ਸਰਕਟ ਅਧੀਨ ਫਿਰੋਜ਼ਸ਼ਾਹ ਵਿਖੇ ਸਥਿਤ ਇਤਿਹਾਸਕ ਮਹੱਤਤਾ ਵਾਲੇ ਐਂਗਲੋ ਸਿੱਖ ਵਾਰ ਮੈਮੋਰੀਅਲ ਨੂੰ ਵੀ ਅੱਪਗ੍ਰੇਡ ਕਰਕੇ ਇਸ ਦਾ ਨਵੀਨੀਕਰਨ ਕੀਤਾ ਜਾਣਾ ਹੈ।ਇਸ ਵਕਾਰੀ ਪ੍ਰਾਜੈਕਟ ਦੀ ਸ਼ੁਰੂਆਤ ਮਿਸ. ਅਨਮੋਲ ਗਗਨ ਮਾਨ ਕੈਬਨਿਟ ਮੰਤਰੀ ਸੈਰ ਸਪਾਟਾ ਤੇ ਸੱਭਿਆਚਾਰ ਵਿਭਾਗ ਵੱਲੋਂ ਨੀਂਹ ਪੱਥਰ ਰੱਖ ਕੇ ਕਰ ਦਿੱਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਫਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਦਹੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਐਂਗਲੋ ਸਿੱਖ ਵਾਰ ਮੈਮੋਰੀਅਲ ਲਈ ਕਰੀਬ 10 ਕਰੋੜ ਰੁਪਏ ਦੀ ਰਾਸ਼ੀ ਖਰਚ ਕਰਕੇ ਇਸ ਮੈਮੋਰੀਅਲ ਦੀ ਕਾਇਆ ਕਲਪ ਕੀਤੀ ਜਾਵੇਗੀ, ਜਿਸ ਨਾਲ ਇਸ ਸਰਹੱਦੀ ਜ਼ਿਲ੍ਹੇ ਵਿੱਚ ਸੈਰ ਸਪਾਟਾ ਉਦਯੋਗ ਨੂੰ ਹੁਲਾਰਾ ਮਿਲੇਗਾ ਤੇ ਦੇਸ ਵਿਦੇਸ਼ ਦੇ ਲੋਕਾਂ ਨੂੰ ਵੀ ਪੰਜਾਬੀਆਂ ਦੀਆਂ ਵੱਡਮੁੱਲੀਆਂ ਕੁਰਬਾਨੀਆਂ ਬਾਰੇ ਜਾਣਕਾਰੀ ਮਿਲੇਗੀ।ਉਨ੍ਹਾ ਦੱਸਿਆ ਕਿ ਨਾ ਸਿਰਫ ਐਂਗਲੋ ਸਿੱਖ ਵਾਰ ਮੈਮੋਰੀਅਲ, ਬਲਕਿ ਜ਼ਿਲ੍ਹੇ ਵਿੱਚ ਹੋਰ ਵੀ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਦਾ ਨਵੀਨੀਕਰਨ ਕੀਤਾ ਜਾਣਾ ਹੈ, ਜਿਸ ਤਹਿਤ ਗੁਰਦੁਆਰਾ ਸਾਰਾਗੜ੍ਹੀ ਵਿਖੇ ਅਜਾਇਬ ਘਰ ਨੂੰ ਨਵੀਨਤਮ ਤਕਨਾਲੋਜੀ ਨਾਲ ਅੱਪਗ੍ਰੇਡ ਕੀਤਾ ਜਾਵੇਗਾ।ਇਸੇ ਤਰ੍ਹਾਂ ਸਭਰਾਓਂ, ਮਿਸਰੀਵਾਲ, ਮੁੱਦਕੀ ਤੇ ਫਿਰੋਜ਼ਸ਼ਾਹ ਮੈਮੋਰੀਅਲ ਦਾ ਵੀ ਨਵੀਨੀਕਰਨ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਐਂਗਲੋ ਸਿੱਖ ਵਾਰ ਮੈਮੋਰੀਅਲ ਦਾ ਜਿੱਥੇ ਸਮੁੱਚਾ ਕਾਇਆ ਕਲਪ ਹੋਵਗਾ, ਉਥੇ ਸੈਲਾਨੀਆਂ ਨੂੰ ਵੀ ਆਕਰਸ਼ਿਤ ਕਰਨ ਤੇ ਵੱਡਮੁੱਲੇ ਇਤਿਹਾਸ ਬਾਰੇ ਜਾਣਕਾਰੀ ਦੇਣ ਲਈ 3 ਡੀ. ਥੀਏਟਰ, ਮਿਊਜ਼ੀਅਮ ਬਲਾਕ, ਫੂਡ ਕੋਰਟ, ਹੈਲਪ ਡੈਸਕ, ਸੋਵੀਨਰ ਸ਼ਾਪ, ਕਾਰ/ਬੱਸ ਪਾਰਕਿੰਗ, ਐਂਟਰੀ ਗੇਟ, ਟਿਕਟ ਕਾਊਂਟਰ, ਪਹੁੰਚ ਸੜਕ ਸਮੇਤ ਵੱਡੀ ਪੱਧਰ 'ਤੇ ਕੰਮ ਹੋਣਗੇ, ਜੋ ਇਥੇ ਆਉਣ ਵਾਲੇ ਸੈਲਾਨੀਆਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੇ।ਉਨ੍ਹਾਂ ਕਿਹਾ ਕਿ ਇਨ੍ਹਾਂ ਸਥਾਨਾਂ ਦੇ ਨਵੀਨੀਕਰਨ ਨਾਲ ਜਿੱਥੇ ਇਨ੍ਹਾਂ ਸਥਾਨਾਂ ਦੀ ਇਤਿਹਾਸਕ ਮਹੱਤਤਾ, ਪੰਜਾਬੀਆਂ/ਸਿੱਖ ਫੌਜਾਂ ਦੀ ਲਾਸਾਨੀ ਕੁਰਬਾਨੀਆਂ ਤੋਂ ਲੋਕ ਜਾਣੂ ਹੋਣਗੇ, ਉਥੇ ਹੀ ਜ਼ਿਲ੍ਹੇ ਵਿੱਚ ਸੈਰ ਸਪਾਟੇ ਨੂੰ ਵੱਡਾ ਹੁਲਾਰਾ ਮਿਲੇਗਾ, ਜਿਸ ਨਾਲ ਜ਼ਿਲ੍ਹੇ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਲਈ ਰੁਜ਼ਗਾਰ ਦੇ ਸਾਧਨ ਵੀ ਪੈਦਾ ਹੋਣਗੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਾ ਸਿਰਫ ਰਾਜ ਵਿੱਚ ਸੈਰ ਸਪਾਟੇ ਨੂੰ ਉਤਸ਼ਾਹਤ ਕਰਨ, ਸੈਲਾਨੀਆਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਵੱਡੇ ਉਪਰਾਲੇ ਸ਼ੁਰੂ ਕੀਤੇ ਗਏ ਹਨ, ਬਲਿਕ ਆਉਣ ਵਾਲੇ ਦਿਨਾਂ ਵਿੱਚ ਵੱਡੇ ਪੱਧਰ ਤੇ ਇਤਿਹਾਸਕ ਤੇ ਸੱਭਿਆਚਾਰਕ ਮੇਲੇ ਵੀ ਕਰਵਾਏ ਜਾਣਗੇ, ਜਿਸ ਨਾਲ ਦੇਸ਼-ਵਿਦੇਸ਼ ਤੋਂ ਲੋਕ ਰਾਜ ਵਿੱਚ ਘੁੰਮਣ ਤੇ ਆਨੰਦ ਲੈਣ ਵਿੱਚ ਦਿਲਚਸਪੀ ਲੈਣਗੇ, ਜਿਸ ਨਾਲ ਉਨ੍ਹਾਂ ਨੂੰ ਰਾਜ ਦੇ ਵੱਡਮੁੱਲੇ ਤੇ ਗੌਰਵਮਈ ਇਤਿਹਾਸ ਤੋਂ ਜਾਣੂ ਹੋਣ ਦੀ ਰੁਚੀ ਪੈਦਾ ਹੋਵੇਗੀ।ਉਨ੍ਹਾ ਸਮੁੱਚੇ ਪ੍ਰੋਜੈਕਟ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦਾ ਧੰਨਵਾਦ ਕੀਤਾ।


ਵਿਧਾਇਕ ਫਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਦਹੀਆ ਐਂਗਲੋ ਸਿੱਖ ਵਾਰ ਮੈਮੋਰੀਅਲ ਨੂੰ ਅੱਪਗ੍ਰੇਡ ਕਰਕੇ ਇਸ ਦਾ ਨਵੀਨੀਕਰਨ ਬਾਰੇ ਨੀਂਹ ਪੱਥਰ ਰੱਖਣ ਸਮੇਂ।

# ਮਹਾਂ ਸੰਪਰਕ ਅਭਿਆਨ ਤਹਿਤ ਭਾਜਪਾ ਦੀ ਸਰਹਿੰਦ 'ਚ ਰੈਲੀ

**ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) :** ਕੇਂਦਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ ਨੌਂ ਸਾਲ ਪੂਰੇ ਹੋਣ 'ਤੇ ਸਰਕਾਰ ਦੀਆਂ ਪ੍ਰਾਪਤੀਆਂ ਤੇ ਭਵਿੱਖ ਦੀਆਂ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦੀ ਕੋਸ਼ਿਸ਼ ਵਜੋਂ ਭਾਜਪਾ ਵੱਲੋਂ ਸ਼ੁਰੂ ਕੀਤੇ ਗਏ ਮਹਾਂ ਸੰਪਰਕ ਅਭਿਆਨ ਤਹਿਤ ਸਰਹਿੰਦ ਵਿਖੇ ਇੱਕ ਰੈਲੀ ਕੀਤੀ ਗਈ। ਭਾਜਪਾ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਦੀ ਅਗਵਾਈ ਹੇਠ ਭਾਜਪਾ ਦੇ ਜ਼ਿਲ੍ਹਾ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਰੱਖੀ ਗਈ ਇਸ ਰੈਲੀ 'ਚ ਪੰਜਾਬ ਭਾਜਪਾ ਦੇ ਪ੍ਰਧਾਨ ਅਸ਼ਵਨੀ ਸ਼ਰਮਾ, ਅਵਿਨਾਸ਼ ਰਾਏ ਖੰਨਾ, ਮਨੋਰੰਜਨ ਕਾਲੀਆ, ਰਾਜ ਕੁਮਾਰ ਵੇਰਕਾ, ਜੈਇੰਦਰ ਕੌਰ, ਡਾ. ਹਰਬੰਸ ਲਾਲ ਸਮੇਤ ਕਈ ਸੀਨੀਅਰ ਆਗੂਆਂ ਵੱਲੋਂ ਸ਼ਿਰਕਤ ਕੀਤੀ ਗਈ।

ਰੈਲੀ ਨੂੰ ਸੰਬੋਧਨ ਕਰਦਿਆਂ ਭਾਜਪਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਜਿੱਥੇ ਮੋਦੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ 2024 'ਚ ਕੇਂਦਰ ਵਿੱਚ ਮੁੜ ਭਾਜਪਾ ਸਰਕਾਰ ਬਣਾਉਣ ਦੀ ਅਪੀਲ ਕੀਤੀ, ਉੱਥੇ ਹੀ ਉਨ੍ਹਾਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੇ ਵਿਰੋਧੀ ਪਾਰਟੀਆਂ ਦੇ ਬਣੇ ਮਹਾਂਗਠਜੋੜ 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਉਨ੍ਹਾਂ ਦਾਅਵਾ ਕੀਤਾ ਕਿ ਭ੍ਰਿਸ਼ਟਾਚਾਰ 'ਚ ਲਿਪਤ ਤੇ ਲੋਕਾਂ ਵੱਲੋਂ ਨਕਾਰੇ ਹੋਏ ਆਗੂ ਚੋਣਾਂ 'ਚ ਮੋਦੀ ਅੱਗੇ ਟਿਕ ਨਹੀਂ ਸਕਣਗੇ। ਅੱਜ ਦੀ ਰੈਲੀ ਨੂੰ ਸਫਲ ਬਣਾਉਣ ਲਈ ਦੀਦਾਰ ਸਿੰਘ ਭੱਟੀ ਵੱਲੋਂ ਪਾਰਟੀ ਵਰਕਰਾਂ, ਇਲਾਕਾ ਵਾਸੀਆਂ ਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਰਨਬੀਰ ਸਿੰਘ ਟੌਹੜਾ, ਪ੍ਰਦੀਪ ਗਰਗ, ਅਜਾਇਬ ਸਿੰਘ ਜਖਵਾਲੀ, ਅਜਾਇਬ ਸਿੰਘ ਤੇ ਹਰੀਸ਼ ਅਗਰਵਾਲ ਵੀ ਮੌਜੂਦ ਸਨ।



ਸਰਹਿੰਦ ਵਿਖੇ ਹੋਈ ਰੈਲੀ ਦੇ ਵੱਖ-ਵੱਖ ਦ੍ਰਿਸ਼।

# ਸ਼ਿਵ ਸ਼ਕਤੀ ਆਯੁਰਵੈਦਿਕ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਯੁਵਾ ਉਤਸਵ

**ਭੀਖੀ, (ਧਰਮਵੀਰ ਸ਼ਰਮਾ)**-ਸਥਾਨਕ ਸ਼ਿਵ ਸ਼ਕਤੀ ਆਯੁਰਵੈਦਿਕ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਦਾ ਆਯੋਜਨ ਕੀਤਾ ਗਿਆ। ਨਹਿਰੂ ਯੁਵਾ ਕੇਂਦਰ ਮਾਨਸਾ ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਵਿੱਚ ਸਰਬਜੀਤ ਸਿੰਘ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਇਸ ਉਤਸਵ ਵਿੱਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਭਾਰਤ ਸਰਕਾਰ ਵੱਲੋਂ 5 ਯੁਵਾ ਕੇਂਦਰਿਤ ਮੁਕਾਬਲੇ ਕਰਵਾਏ ਜਾਂਦੇ ਹਨ, ਜਿਨ੍ਹਾਂ ਵਿੱਚ ਮੋਬਾਇਲ ਫੋਟੋਗ੍ਰਾਫੀ ਮੁਕਾਬਲੇ, ਪੇਂਟਿੰਗ ਮੁਕਾਬਲੇ, ਕਵਿਤਾ ਲੇਖਣ ਮੁਕਾਬਲਾ, ਭਾਸ਼ਣ ਮੁਕਾਬਲੇ ਤੇ ਸੱਭਿਆਚਾਰਕ ਮੁਕਾਬਲੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਮਾਨਸਾ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਤੋਂ 15-29 ਤੋਂ ਸਾਲਾਂ ਦੇ ਨੌਜਵਾਨਾਂ ਨੇ ਭਾਗ ਲਿਆ।

ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਵਿਜੇ ਸਿੰਗਲਾ ਐਮ ਐੱਲ ਏ ਮਾਨਸਾ ਤੇ ਸ਼ਿਵ ਸ਼ਕਤੀ ਕਾਲਜ ਦੇ ਚੇਅਰਮੈਨ ਡਾ. ਸੋਮ ਨਾਥ ਮਹਿਤਾ ਨੇ ਜੋਤ ਜਗਾ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ। ਉਨ੍ਹਾ ਕਿਹਾ ਕਿ ਨੌਜਵਾਨਾਂ ਦੇ ਹੁਨਰ ਨੂੰ ਪਹਿਚਾਨਣ ਲਈ ਅਜਿਹੇ ਪ੍ਰੋਗਰਾਮਾਂ ਦੀ ਸਖਤ ਜ਼ਰੂਰਤ ਹੈ। ਉਨ੍ਹਾ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਸਦਕਾ ਨੌਜਵਾਨਾਂ ਨੂੰ ਆਪਣੀ ਪੜ੍ਹਾਈ ਦੇ ਨਾਲ ਨਾਲ ਆਪਣੇ ਹੁਨਰ ਨੂੰ ਵੀ ਨਿਖਾਰਨ ਦਾ ਮੌਕਾ ਮਿਲਦਾ ਹੈ। ਪ੍ਰੋਗਰਾਮ ਦਾ ਮੰਚ ਸੰਚਾਲਨ ਬੱਲਮ ਲੀਬਾਂ ਨੇ ਕੀਤਾ ਤੇ ਉਨ੍ਹਾ ਦੱਸਿਆ ਕਿ ਪ੍ਰੋਗਰਾਮ ਦੇ ਪੇਂਟਿੰਗ ਮੁਕਾਬਲੇ 'ਚ 32, ਕਵਿਤਾ ਮੁਕਾਬਲੇ 'ਚ 35, ਫੋਟੋਗ੍ਰਾਫੀ 'ਚ 40, ਭਾਸ਼ਣ ਮੁਕਾਬਲੇ 'ਚ 17 ਭਾਗੀਦਾਰਾਂ ਤੇ ਸੱਭਿਆਚਾਰ ਵਿੱਚ 10 ਟੀਮਾਂ ਨੇ ਭਾਗ ਲਿਆ। ਉਨ੍ਹਾ ਦੱਸਿਆ ਕਿ ਜੱਜਾਂ ਦੀ ਭੂਮਿਕਾ ਰਘਵੀਰ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ, ਗੁਰਪ੍ਰੀਤ ਸਿੰਘ ਭਾਸ਼ਾ ਵਿਭਾਗ, ਪ੍ਰੋ. ਅਮਨਿੰਦਰ ਕੌਰ, ਗੁਰਦੀਪ ਢਿੱਲੋਂ ਬੁਢਲਾਡਾ, ਪ੍ਰੋ. ਸ਼ਰਨਜੀਤ ਸਿੰਘ, ਦਰਸ਼ਨ ਸਿੰਘ ਬਰੇਟਾ ਤੇ ਹਰਦੀਪ ਸਿੰਘ ਨੇ ਨਿਭਾਈ। ਇਨਾਮ ਵੰਡ ਸਮਾਗਮ ਵਿੱਚ ਹਰਸਿਮਰਤ ਕੌਰ ਬਾਦਲ ਸੰਸਦ ਮੈਂਬਰ ਦੇ ਪ੍ਰਤੀਨਿਧੀ ਪ੍ਰੇਮ ਅਰੋੜਾ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਕਾਲੀ ਦਲ, ਗੁਰਮੇਲ ਸਿੰਘ ਫਫੜੇ, ਗੁਰਪ੍ਰੀਤ ਸਿੰਘ ਚਹਿਲ ਯੂਥ ਆਗੂ ਪਹੁੰਚੇ।

ਇਸ ਮੌਕੇ ਪ੍ਰੇਮ ਅਰੋੜਾ ਨੇ ਦੱਸਿਆ ਕਿ ਬੀਬਾ ਹਰਸਿਮਰਤ ਕੌਰ ਬਾਦਲ ਐਮ ਪੀ ਦੇ ਕੋਟੇ ਵਿੱਚੋਂ ਯੂਥ ਕਲੱਬਾਂ ਨੂੰ ਸਪੋਰਟਸ ਕਿੱਟਾਂ ਵੀ ਵੰਡੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਪੇਂਟਿੰਗ ਮੁਕਾਬਲੇ ਵਿੱਚ ਅਰਸ਼ਦੀਪ ਕੌਰ ਨੇ ਪਹਿਲਾ, ਜੌਤੀ ਕੌਰ ਨੇ ਦੂਜਾ ਤੇ ਰੀਵਾ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

ਮੋਬਾਇਲ ਫੋਟੋਗ੍ਰਾਫੀ ਮੁਕਾਬਲੇ ਵਿੱਚ ਜੋਨੀ ਗਰਗ ਨੇ ਪਹਿਲਾ, ਹਿਮਕੇਸ਼ ਗਰੋਵਰ ਨੇ ਦੂਜਾ ਤੇ ਗੁਰਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਕਵਿਤਾ ਲੇਖਨ ਮੁਕਾਬਲੇ ਵਿੱਚ ਗੁਰਪ੍ਰੀਤ ਸਿੰਘ ਨੇ ਪਹਿਲਾ, ਰਾਜਵੀਰ ਕੌਰ ਨੇ ਦੂਜਾ ਤੇ ਅਮਨ ਗਰਗ ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਸਤਵੀਰ ਕੌਰ ਨੇ ਪਹਿਲਾ, ਰਾਜਵੀਰ ਕੌਰ ਨੇ ਦੂਜਾ ਤੇ ਪ੍ਰਭਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਸੱਭਿਆਚਾਰਕ ਮੁਕਾਬਲੇ ਵਿੱਚ ਦੀਪ ਭੰਗੜਾ ਅਕੈਡਮੀ ਮਾਨਸਾ ਨੇ ਪਹਿਲਾ, ਸ਼ਿਵ ਸ਼ਕਤੀ ਆਯੁਰਵੈਦਿਕ ਕਾਲਜ ਭੀਖੀ ਨੇ ਦੂਜਾ ਤੇ ਲੱਕੀ ਭੰਗੜਾ ਅਕੈਡਮੀ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਜੱਜ ਸਾਹਿਬਾਨ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਰਜਿੰਦਰ ਕੁਮਾਰ, ਜੀਤ ਦਹੀਆ, ਗੁਰਪ੍ਰੀਤ ਸਿੰਘ ਹੀਰਕੇ, ਮਨੋਜ ਕੁਮਾਰ ਸਟੇਟ ਐਵਾਰਡੀ ਵੀ ਹਾਜ਼ਰ ਸਨ।

# 150 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਸਰਤਾਜ ਸਿੰਘ ਚਾਹਲ ਆਈ ਪੀ ਐਸ ਸੀਨੀਅਰ ਪੁਲਸ ਕਪਤਾਨ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਨਸ਼ੇ ਦੇ ਤਸਕਰਾਂ ਖਿਲਾਫ ਚਲਾਈ ਮੁਹਿਮ ਤਹਿਤ, ਸਰਬਜੀਤ ਸਿੰਘ ਬਾਹੀਆ ਐਸ.ਪੀ ਇਨਵੈਸਟੀਗੇਸ਼ਨ ਦੀ ਨਿਗਰਾਨੀ ਹੇਠ ਅਤੇ ਦਲਜੀਤ ਸਿੰਘ ਖੱਖ ਉਪ-ਕਪਤਾਨ ਪੁਲਸ ਸਬ-ਡਵੀਜ਼ਨ ਗੜ੍ਹਸ਼ੰਕਰ ਦੀ ਯੋਗ ਰਹਿਨੁਮਾਈ ਹੇਠ ਇੰਸਪੈਕਟਰ ਜਸਵੀਰ ਸਿੰਘ ਮੁੱਖ ਅਫਸਰ, ਥਾਣਾ ਚੱਬੇਵਾਲ ਹੁਸ਼ਿਆਰਪੁਰ ਦੀ ਟੀਮ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ, ਜਦੋਂ ਏ.ਐਸ.ਆਈ ਸੁਖਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਜੇਜੋਂ ਦੀ ਪਹਾੜੀ ਤੋਂ ਮੇਨ ਸੜਕ ਵੱਲ ਮੁੜ ਰਹੀ ਸੀ ਤਾਂ ਪੱਥਰਾਂ ਵਾਲੇ ਰੋਡ ਤੋਂ ਆ ਰਹੇ ਮੋਟਰਸਾਈਕਲ 'ਤੇ ਦਵਿੰਦਰ ਕੁਮਾਰ ਉਰਫ ਬਿੰਦਾ ਪੁੱਤਰ ਹਰਦਿਆਲ ਚੰਦ ਵਾਸੀ ਪਿੰਡ ਮੰਨਣਹਾਨਾ ਥਾਣਾ ਮਾਹਿਲਪੁਰ ਹੁਸ਼ਿਆਰਪੁਰ ਆਉਂਦਾ ਦਿਖਾਈ ਦਿੱਤਾ। ਜਿਸ ਨੂੰ ਸ਼ੱਕ ਦੇ ਤੌਰ 'ਤੇ ਕਾਬੂ ਕੇ ਉਸ ਪਾਸੋਂ (150) ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਜਿਸ ਤੇ ਉਕਤ ਦੇ ਖਿਲਾਫ ਮੁੱਕਦਮਾ ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਚੱਬੇਵਾਲ ਹੁਸ਼ਿਆਰਪੁਰ ਵਿਖੇ ਦਰਜ ਕੀਤਾ ਗਿਆ। ਦੋਸ਼ੀ ਪਾਸੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

# ਪੰਜਾਬ ਸਰਕਾਰ ਦੀ ਉਦਯੋਗਿਕ ਪਾਲਿਸੀ ਤਹਿਤ ਸੂਬੇ 'ਚ ਉਦਯੋਗਿਕ ਯੂਨਿਟ ਸਥਾਪਤ ਕਰਨੇ ਹੋਏ ਸੁਖਾਲੇ-ਡੀ ਸੀ

## 6 ਉਦਯੋਗਿਕ ਇਕਾਈਆਂ ਨੂੰ ਸਰਟੀਫਿਕੇਟ ਆਫ਼ ਇਨਪ੍ਰਿੰਸੀਪਲ ਅਪਰੂਵਲ ਜਾਰੀ



**ਮਾਨਸਾ, (ਆਤਮਾ ਸਿੰਘ ਪਮਾਰ) :** ਪੰਜਾਬ ਸਰਕਾਰ ਵੱਲੋਂ ਰਾਈਟ ਟੂ ਬਿਜ਼ਨੈੱਸ ਐਕਟ ਨੂੰ ਸਹੀ ਅਰਥਾਂ ਵਿੱਚ ਲਾਗੂ ਕਰਨ ਨਾਲ ਸੂਬੇ ਵਿੱਚ ਨਵਾਂ ਉਦਯੋਗ ਸਥਾਪਤ ਕਰਨਾ ਹੁਣ ਕੋਈ ਔਖੀ ਪ੍ਰਕਿਰਿਆ ਨਹੀਂ ਰਹਿ ਗਈ ਅਤੇ ਨਿਯਮਾਂ ਅਨੁਸਾਰ ਸ਼ਰਤਾਂ ਪੂਰੀਆਂ ਕਰਨ ਵਾਲੇ ਉਦਯੋਗਾਂ ਨੂੰ ਤੈਅ ਸਮਾਂ ਸੀਮਾ ਅੰਦਰ ਪ੍ਰਵਾਨਗੀ ਮਿਲਦੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਰਿਸ਼ੀਪਾਲ ਸਿੰਘ ਨੇ ਮੈਸ. ਨਿਊ ਗੋਲਡਨ ਐਗਰੀਕਲਚਰ ਇੰਡਸਟਰੀਜ਼, ਮਲਕਪੁਰ ਖਿਆਲਾ ਸਮੇਤ 06 ਉਦਯੋਗਕ ਇਕਾਈਆਂ ਨੂੰ ਰਾਈਟ ਟੂ ਬਿਜ਼ਨੈੱਸ ਐਕਟ-2020 ਅਧੀਨ ਸਰਟੀਫਿਕੇਟ ਆਫ ਇਨਪ੍ਰਿੰਸੀਪਲ ਅਪਰੂਵਲ ਜਾਰੀ ਕਰਦਿਆਂ ਕੀਤਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਉਦਯੋਗ ਤੇ ਕਾਰੋਬਾਰ ਸਥਾਪਤ ਕਰਨ ਲਈ ਸੁਖਾਵਾਂ ਮਾਹੌਲ ਸਥਾਪਤ ਕਰਨਾ ਪਹਿਲੀ ਤਰਜੀਹ ਹੈ। ਇਸ ਉਦੇਸ਼ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਰਾਈਟ ਟੂ ਬਿਜ਼ਨੈੱਸ ਐਕਟ-2020 ਤਹਿਤ ਕੋਈ ਵੀ ਉਦਮੀ ਜੇਕਰ ਉਦਯੋਗ ਲਗਾਉਣਾ ਚਾਹੁੰਦਾ ਹੈ ਤਾਂ ਉਹ ਇਨਵੈਸਟ ਪੰਜਾਬ ਪੋਰਟਲ 'ਤੇ ਲੈਟਰ ਆਫ ਇਨਟੈਂਟ ਤੇ ਜ਼ਮੀਨ ਸੰਬਧੀ ਦਸਤਾਵੇਜ਼ ਅਪਲੋਡ ਕਰਕੇ ਅਪਲਾਈ ਕਰ ਸਕਦਾ ਹੈ। ਉਨ੍ਹਾ ਦੱਸਿਆ ਕਿ ਵਿਭਾਗ ਵੱਲੋਂ 15 ਦਿਨਾਂ ਦੇ ਅੰਦਰ-ਅੰਦਰ ਉੱਦਮੀ ਨੂੰ ਸਾਰੀਆਂ ਪ੍ਰਮੁੱਖ ਮੰਨਜ਼ੂਰੀਆਂ ਇਨਪ੍ਰਿੰਸੀਪਲ ਅਪਰੂਵਲ ਅਧੀਨ ਦਿੱਤੀਆਂ ਜਾਂਦੀਆਂ ਹਨ, ਤਾਂ ਜੋ ਇਕਾਈ ਨੂੰ ਉਤਪਾਦਨ ਸ਼ੁਰੂ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਵੇ। ਇਸ ਤਰ੍ਹਾਂ ਸਥਾਪਤ ਹੋਣ ਵਾਲੇ ਉਦਯੋਗਾਂ ਰਾਹੀਂ ਸਿੱਧੇ ਤੇ ਅਸਿੱਧੇ ਤੌਰ 'ਤੇ ਆਮ ਲੋਕਾਂ ਲਈ ਰੋਜ਼ਗਾਰ ਉਤਪੰਨ ਹੁੰਦਾ ਹੈ। ਇਸ ਮੌਕੇ ਜਨਰਲ ਮੈਨੇਜਰ ਉਦਯੋਗ ਕੇਂਦਰ ਸ੍ਰੀ ਨੀਰਜ ਕੁਮਾਰ ਵੀ ਮੌਜੂਦ ਸਨ।

# ਆਂਗਣਵਾੜੀ ਵਰਕਰਾਂ ਲਈ ਪੋਸ਼ਣ ਟਰੈਕਰ ਐਪ ਟ੍ਰੇਨਿੰਗ ਪ੍ਰੋਗਰਾਮ ਕਰਵਾਏ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਡਾਇਰੈਕਟੋਰੇਟ ਸਮਾਜਿਕ ਸੁਰੱਖਿਆ ਤੇ ਇਸਤਰੀ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਸਾਰੇ ਜ਼ਿਲ੍ਹਿਆਂ ਦੀਆਂ ਸਮੂਹ ਆਂਗਣਵਾੜੀ ਵਰਕਰਾਂ, ਸੀ.ਡੀ.ਪੀ.ਓ. ਤੇ ਸੁਪਰਵਾਈਜ਼ਰ ਨੂੰ ਛੁੱਟੀਆਂ ਦੌਰਾਨ ਵੀ ਪੋਸ਼ਣ ਟਰੈਕਰ ਸਟਾਫ ਦੀ ਮਦਦ ਨਾਲ ਪੋਸ਼ਣ ਟਰੈਕਰ ਐਪਲੀਕੇਸ਼ਨ ਬਾਰੇ ਮੁਕੰਮਲ ਤੌਰ 'ਤੇ ਟ੍ਰੇਨਿੰਗ ਦੇਣ ਦੀ ਹਦਾਇਤ ਕੀਤੀ ਗਈ ਹੈ। ਇਸ ਨੂੰ ਮੁੱਖ ਰੱਖਦੇ ਹੋਏ ਬਾਲ ਵਿਕਾਸ ਪ੍ਰੋਜੈਕਟ ਅਫਸਰ ਫਾਜ਼ਿਲਕਾ ਵੱਲੋਂ ਸਮੂਹ ਆਂਗਣਵਾੜੀ ਵਰਕਰਾਂ ਲਈ ਪੋਸ਼ਣ ਟਰੈਕਰ ਐਪਲੀਕੇਸ਼ਨ ਟ੍ਰੇਨਿੰਗ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਇਹ ਟ੍ਰੇਨਿੰਗ ਪ੍ਰੋਗਰਾਮ ਵੱਖ ਵੱਖ ਦਿਨ ਤੇ ਵੱਖ ਵੱਖ ਸਰਕਲਾਂ ਵਿੱਚ ਕਰਵਾਏ ਜਾ ਰਹੇ ਹਨ। ਇਸੇ ਤਰ੍ਹਾਂ ਫਾਜ਼ਿਲਕਾ ਦੇ ਪਿੰਡ ਕਰਨੀਖੇੜਾ, ਬਾਧਾ, ਟਾਹਲੀ ਵਾਲਾ ਬੋਦਲਾਂ, ਹਸਤਾ ਕਲਾਂ ਤੇ ਇਸ ਤੋਂ ਇਲਾਵਾ ਕਈ ਹੋਰ ਸਰਕਲਾਂ ਵਿੱਚ ਵੀ ਟ੍ਰੇਨਿੰਗ ਪ੍ਰੋਗਰਾਮ ਕਰਵਾਏ ਗਏ।

ਇਨ੍ਹਾਂ ਟ੍ਰੇਨਿੰਗ ਪ੍ਰੋਗਰਾਮ ਵਿੱਚ ਆਂਗਣਵਾੜੀ ਵਰਕਰਾਂ ਨੂੰ ਪੋਸ਼ਣ ਟਰੈਕਰ ਐਪ ਤੇ ਹੋਮ ਵਿਜ਼ਿਟ, ਗ੍ਰੋਥ ਮਨੀਟਿਡਿੰਗ, ਟੀਕਾਕਰਨ, ਟੇਕ ਹੋਮ ਰਾਸ਼ਨ ਤੇ ਵੱਖ ਵੱਖ ਗਤੀਵਿਧੀਆਂ ਨੂੰ ਪੋਸ਼ਣ ਟਰੈਕਰ ਐਪਲੀਕੇਸ਼ਨ ਵਿੱਚ ਆਨਲਾਈਨ ਕਰਨ ਬਾਰੇ ਤੇ ਫੀਡ ਕਰਨ ਬਾਰੇ ਦੱਸਿਆ ਗਿਆ। ਇਸ ਮੌਕੇ ਸਰਕਲ ਸੁਪਰਵਾਈਜ਼ਰ ਤੇ ਬਲਾਕ ਦੇ ਕੋਆਰਡੀਨੇਟਰ ਇੰਦਰਜੀਤ ਕੌਰ ਤੇ ਸਮੂਹ ਆਂਗਣਵਾੜੀ ਵਰਕਰਾਂ ਸ਼ਾਮਲ ਹੋਈਆਂ।

# ਲੋਕ ਸਰਕਾਰੀ ਪੈਸੇ ਦੀ ਸਹੀ ਤੇ ਪਾਰਦਰਸ਼ੀ ਵਰਤੋਂ ਯਕੀਨੀ ਬਣਾਉਣ ਲਈ ਅੱਗੇ ਆਉਣ: ਈ ਟੀ ਓ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਲੋਕਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਸਰਕਾਰ ਵਲੋਂ ਜਾਰੀ ਕੀਤਾ ਜਾਂਦਾ ਪੈਸਾ ਲੋਕਾਂ ਦਾ ਆਪਣਾ ਪੈਸਾ ਹੈ ਅਤੇ ਇਸਦੀ ਸਹੀ ਤੇ ਪਾਰਦਰਸ਼ੀ ਵਰਤੋਂ ਯਕੀਨੀ ਬਣਾਉਣ ਲਈ ਖੁਦ ਅੱਗੇ ਆਉਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਸਵਾਮੀ ਸੰਤੋਖ ਮੁਨੀ ਜੀ ਸਰਕਾਰੀ ਐਲੀਮੈਂਟਰੀ ਸਕੂਲ ਝੰਗੀ ਸਾਹਿਬ ਵਿਖੇ ਬਣਾਏ ਗਏ ਆਂਗਣਵਾੜੀ ਸੈਂਟਰ ਦਾ ਉਦਘਾਟਨ ਕਰਨ ਪਿਛੋਂ ਕੀਤਾ ਅਤੇ ਇਸ ਉਪਰੰਤ ਪਿੰਡ ਵਿਖੇ ਬਣੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਵੀ ਟੇਕਿਆ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸਰਕਾਰ ਵਲੋਂ ਦਿੱਤੀਆਂ ਗਈਆਂ ਗੁੰਟੀਆਂ ਤਹਿਤ ਸਿਹਤ, ਸਿੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਸੁਧਾਰ ਕੇ ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਵੱਡੇ ਪੱਧਰ ਤੇ ਸਕੂਲਾਂ ਦੇ ਬੁਨਿਆਦੀ ਢਾਂਚੇ 'ਚ ਸੁਧਾਰ ਲਿਆਉਣਾ, ਸਿਹਤ ਸਹੂਲਤਾਂ ਦਾ ਮਿਆਰ ਉੱਚਾ ਚੁੱਕਣਾ, ਆਪਣੇ ਪਿੰਡਾਂ 'ਚ ਸਾਫ਼ ਸਫਾਈ ਯਕੀਨੀ ਬਣਾਉਣ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬੁਨਿਆਦੀ ਸਹੂਲਤਾਂ ਦਾ ਮਿਆਰ ਉੱਚਾ ਚੁੱਕਣ ਲਈ ਲੋੜੀਂਦੇ ਫੰਡਜ਼ ਵਿੱਚ ਕੋਈ ਕਮੀ ਨਹੀਂ ਹੈ ਅਤੇ ਪਿੰਡਾਂ ਨੂੰ ਵਿਕਾਸ ਦੇ ਕਾਰਜਾਂ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਵੰਡੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਅਤੇ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਗ੍ਰਾਂਟਾਂ ਦੇ ਪੈਸੇ ਵਿੱਚ ਹੇਰ ਫੇਰ ਦੀ ਕੋਸ਼ਿਸ਼ ਕਰਦਾ ਹੈ ਤਾਂ ਮਾਮਲਾ ਤੁਰੰਤ ਉਨਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਸਬੰਧਤ ਵਿਅਕਤੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਣੀ ਯਕੀਨੀ ਬਣਾਈ ਜਾ ਸਕੇ।

ਈਟੀਓ ਨੇ ਕਿਹਾ ਕਿ ਜੰਡਿਆਲਾ ਗੁਰੂ ਹਲਕੇ ਦੇ ਮੁੱਢਲੇ ਢਾਂਚੇ, ਸੜਕਾਂ, ਸਕੂਲ ਅਤੇ ਹਸਪਤਾਲ ਆਦਿ ਦੇ ਕੰਮ ਮੇਰੀ ਪਹਿਲੀ ਤਰਜੀਹ ਹਨ ਅਤੇ ਜੰਡਿਆਲਾ ਗੁਰੂ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਮੇਰਾ ਮੁੱਖ ਉਦੇਸ਼ ਹੈ। ਇਸ ਮੌਕੇ ਬਾਬਾ ਪ੍ਰਮਾਨੰਦ, ਸਤਿੰਦਰ ਸਿੰਘ, ਸੁਖਵਿੰਦਰ ਸਿੰਘ, ਗ੍ਰਾਮ ਪੰਚਾਇਤ ਝੰਗੀ ਸਾਹਿਬ ਦੇ ਸਮੂਹ ਮੈਂਬਰ ਅਤੇ ਪਿੰਡ ਵਾਸੀ ਹਾਜ਼ਰ ਸਨ।



# ਨਿੱਕੀ ਝਬਾਲ 'ਚ ਪੀਰ ਬਾਬਾ ਬਾਬਲ ਸ਼ਾਹ ਦਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਪਿੰਡ ਨਿੱਕੀ ਝਬਾਲ ਵਿਖੇ ਪੀਰ ਬਾਬਾ ਬਾਬਲ ਸ਼ਾਹ ਦਾ ਸਾਲਾਨਾ ਜੋੜ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ।

ਇਸ ਤੋਂ ਪਹਿਲਾਂ ਦਰਗਾਹ 'ਤੇ ਚਾਦਰ ਚੜ੍ਹਾਈ ਗਈ। ਉਸ ਤੋਂ ਬਾਅਦ ਮਸ਼ਹੂਰ ਕਲਾਕਾਰਾਂ 'ਚ ਕਲਾਕਾਰ ਸੁਖਦੇਵ ਸ਼ੇਰਾ, ਮਨਪ੍ਰੀਤ ਸਿੰਘ ਸਹੋਤਾ ਨੇ ਆਪਣੇ ਗੀਤ ਪੇਸ਼ ਕੀਤੇ। ਇਸ ਤੋਂ ਬਾਅਦ ਕਲਾਕਾਰਾਂ ਨੂੰ ਸਨਮਾਨਤ ਵੀ ਕੀਤਾ ਗਿਆ।

ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਾ. ਪਲਵਿੰਦਰ ਸਿੰਘ ਝਬਾਲ ਨੇ ਕਿਹਾ ਇਹ ਮੇਲਾ ਨਗਰ ਵਾਸੀਆਂ ਅਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਦਿਲਬਾਗ ਸਿੰਘ, ਸਰਬਜੀਤ ਸਿੰਘ ਢਿੱਲੋਂ, ਡਾ. ਪਲਵਿੰਦਰ ਸਿੰਘ ਢਿੱਲੋਂ, ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ ਲਹੀਆ, ਬਲਬੀਰ ਸਿੰਘ, ਮਾ. ਸੁਖਵਿੰਦਰ ਸਿੰਘ, ਤਰਸੇਮ ਸਿੰਘ, ਜਰਨੈਲ ਸਿੰਘ, ਕਰਨ ਕੈਨੇਡਾ, ਪ੍ਰਿੰਸ ਕੈਨੇਡਾ, ਗੋਪੀ ਕੈਨੇਡਾ, ਗੁਰਜੀਤ ਸਿੰਘ ਯੂ ਐਸ ਏ, ਸਾਬ੍ਹਾ ਯੂ ਐਸ ਏ, ਗੁਰਵਿੰਦਰ ਸਿੰਘ ਯੂ ਐਸ ਏ, ਅਮਨ ਯੂ ਐਸ ਏ, ਸੁੱਖ ਢਿੱਲੋਂ ਆਸਟਰੇਲੀਆ, ਮੱਟੀ ਆਸਟਰੇਲੀਆ, ਸੂਰਜ ਯੂ ਐਸ ਏ, ਰਮੇਸ਼ ਕੋਲਡ ਡਰਿੰਕ, ਮਿੰਨੀ ਹੰਸਰਾਜ, ਲਵਰਾਜ ਸਿੰਘ ਬਘਿਆੜੀ, ਤੇਜਬੀਰ ਸਿੰਘ ਬਾਠ ਆਦਿ ਹਾਜ਼ਰ ਸਨ। ਇਸ ਤੋਂ ਇਲਾਵਾ ਲੰਗਰ ਅਤੁੱਟ ਵਰਤਾਏ ਗਏ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।

# ਪੇਂਡੂ ਡਾਕਟਰਾਂ ਦੀ ਜਥੇਬੰਦੀ ਪੁਲਸ ਨਾਲ ਮਿਲ ਕੇ ਚਲਾਵੇਗੀ ਨਸ਼ਾ ਵਿਰੋਧੀ ਮੁਹਿੰਮ : ਡਾ: ਘਈ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਮੈਡੀਕਲ ਪ੍ਰੈਕਟੀਸਨਰਜ ਐਸੋਸੀਏਸਨ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਹੋਈ। ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਅਗਵਾਈ ਹੇਠ ਹੋਈ ਮੀਟਿੰਗ ਵਿਚ 100 ਦੇ ਲੱਗਭਗ ਸਾਥੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਵਿਸੇਸ ਤੌਰ 'ਤੇ ਡੀ ਐਸ ਪੀ ਤਲਵੰਡੀ ਸਾਬੋ ਸਰਦਾਰ ਬੂਟਾ ਸਿੰਘ ਗਿੱਲ ਨੇ ਵਿਸੇਸ ਤੌਰ 'ਤੇ ਮੀਟਿੰਗ ਵਿੱਚ ਹਿੱਸਾ ਲਿਆ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਸਾਹਿਬ ਨੇ ਕਿਹਾ ਹੈ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਚਲਾਈ ਨਸ਼ੇ ਵਿਰੋਧੀ ਮੁਹਿੰਮ ਵਿੱਚ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਸਭ ਜਥੇਬੰਦੀਆਂ, ਕਲੱਬਾਂ, ਪੰਚਾਇਤਾਂ ਨੂੰ ਨਾਲ ਲੈ ਕੇ ਚੱਲੇਗੀ, ਪੰਜਾਬ ਪੁਲਸ ਬਲਾਕ ਦੇ ਸੀਨੀਅਰ ਆਗੂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਅਸੋਸੀਏਸਨ ਬਲਾਕ ਦੇ ਪਿੰਡਾਂ ਵਿਚ ਨਸ਼ੇ ਵਿਰੋਧੀ ਕਮੇਟੀਆਂ ਬਣਾ ਕੇ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਅਤੇ ਪਿੰਡਾਂ ਦੇ ਸਰਪੰਚਾਂ, ਐੱਨ ਜੀ ਓ ਅਤੇ ਕਲੱਬਾਂ ਨਾਲ ਰਲ ਕੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਮੁਹਿੰਮ ਚਲਾਵੇਗੀ ਤਾਂ ਕਿ ਸਕੂਲਾਂ,ਕਾਲਜਾਂ ਪਿੰਡਾਂ ਵਿੱਚ ਇਸ ਕੋਹੜ 'ਤੇ ਕਾਬੂ ਪਾਇਆ ਜਾ ਸਕੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਚੇਅਰਮੈਨ ਜੋਗਿੰਦਰ ਸਿੰਘ ਜਗਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨੇਥੇਹਾ, ਮੀਤ ਪ੍ਰਧਾਨ ਭੋਲਾ ਸਿੰਘ ਸੇਖਪੁਰਾ, ਸੈਕਟਰੀ ਗਰਧਾਰੀ ਲਾਲ ਬਹੀਮਣ, ਨੀਂਦਰ ਸਿੰਘ ਬਹੀਮਣ, ਸਟੇਟ ਸੈਕਟਰੀ ਲਛਮਣ ਕੁਮਾਰ ਜਗਾ, ਕੈਸੀਅਰ ਬਿੱਕਰ ਸਿੰਘ ਪਿੰਗੜ, ਗਗੜ ਸਿੰਘ ਗਹਿਲੇਵਾਲਾ, ਵੈਦ ਚਾਨਣ ਰਾਮ ਜਗਾ, ਬਾਬੂ ਸਿੰਘ,ਜਨਕ ਰਾਜ , ਗੁਰਲਾਲ ਸਿੰਘ ਬਹੀਮਣ, ਮੈਡਮ ਗੁਰਦੀਪ ਕੌਰ ਭੱਟੀ ਜਗਦੀਸ ਸਿੰਘ ਭੱਟੀ, ਜਗਸੀਰ ਸਿੰਘ ਰਾਮਸਰਾ,ਮੇਜਰ ਸਿੰਘ ਰਾਮਸਰਾ, ਹਰਜਿੰਦਰ ਸਿੰਘ ਮਲਕਾਣਾ, ਗੁਰਮੇਲ ਸਿੰਘ ਬਹਿਣੀਵਾਲ, ਮਿਠੂ ਖਾਨ, ਹਰਦੀਪ ਸਿੰਘ, ਬਸੰਤ ਸਿੰਘ ਲੇਲੇਵਾਲਾ, ਕੇਵਲ ਸਿੰਘ ਗੁਰਪ੍ਰੀਤ ਸਿੰਘ ਸੁਖਲੱਧੀ, ਅੰਤਰ ਸਿੰਘ ਮਾਨ ਵਾਲਾ, ਰਛਪਾਲ ਸਿੰਘ ਤਲਵੰਡੀ ਸਾਬੋ, ਗੁਰਵਿੰਦਰ ਸਿੰਘ ਬੰਗੀ, ਰਾਜ ਕੁਮਾਰ ਬਾਂਸਲ ਰਾਮਾ, ਸੁਭਾਸ ਕੁਮਾਰ, ਜਗਸੀਰ ਸਿੰਘ ਸੀਗੋ , ਰੇਸਮ ਸਿੰਘ, ਬਲੌਰ ਸਿੰਘ ਭਾਗੀਬਾਦਰ ਪ੍ਰਮਜੀਤ ਸਿੰਘ ਮਾਹੀਨੰਗਲ ਅਤੇ ਜਗਰੂਪ ਸਿੰਘ ਗੋਲੇਵਾਲਾ ਆਦਿ ਹਾਜ਼ਰ ਸਨ।



# ਰੋਟਰੀ ਕਲੱਬ ਨੇ ਕਰਵਾਇਆ ਵਾਤਾਵਰਣ ਤੇ ਵਣ ਜੀਵਾਂ 'ਤੇ ਸੈਮੀਨਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵਲੋਂ ਪ੍ਰਧਾਨ ਯੋਗੇਸ਼ ਚੰਦਰ ਦੀ ਪ੍ਰਧਾਨਗੀ ਵਿੱਚ ਪਰਿਵਾਰ ਮਿਲਨ ਸਮਾਰੋਹ ਵਿੱਚ ਵਾਤਾਵਰਣ ਅਤੇ ਵਣ ਜੀਵ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਬੁਲਾਰੇ ਦੇ ਤੌਰ 'ਤੇ ਡਾ.ਅਮਨਦੀਪ ਸਿੰਘ ਅਤੇ ਵਿਸ਼ੇਸ਼ ਤੌਰ 'ਤੇ ਸਾਬਕਾ ਜ਼ਿਲ੍ਹਾ ਗਵਰਨਰ ਜੀ.ਐਸ.ਬਾਵਾ ਅਤੇ ਸਹਾਇਕ ਗਵਰਨਰ ਰਜਿੰਦਰ ਮੋਦਗਿਲ ਹਾਜ਼ਰ ਹੋਏ। ਇਸ ਸੈਮੀਨਾਰ ਵਿੱਚ ਤਕਰੀਬਨ 15-20 ਪਰਵਾਰ ਸ਼ਾਮਲ ਹੋਏ। ਮੁੱਖ ਬੁਲਾਰੇ ਡਾ.ਅਮਨਦੀਪ ਸਿੰਘ ਨੇ ਵਾਤਾਵਰਣ ਅਤੇ ਵਣ ਜੀਵਾਂ ਬਾਰੇ ਵਿਸਥਾਰ ਨਾਲ ਦੱਸਿਆ ਕਿ ਸਾਨੂੰ ਵਾਤਾਵਰਣ ਨੂੰ ਕਿਵੇਂ ਬਚਾਉਣਾ ਹੈ ਜਿਸ ਨਾਲ ਵਣ ਜੀਵਾਂ ਨੂੰ ਕੋਈ ਨੁਕਸਾਨ ਨਾ ਹੋਵੇ। ਉਨਾਂ ਨੇ ਦੱਸਿਆ ਕਿ ਜਦੋਂ ਅਸੀਂ ਇਕ ਰੁੱਖ ਵੀ ਕੱਟਦੇ ਹਾਂ ਤਾਂ ਉਸ ਨਾਲ ਕਿੰਨੇ ਵਣ ਜੀਵਾਂ ਦਾ ਨੁਕਸਾਨ ਹੁੰਦਾ ਹੈ ਅਤੇ ਇਨਸਾਨ ਦੀਆਂ ਜ਼ਰੂਰਤਾਂ ਨੂੰ ਨੁਕਸਾਨ ਹੁੰਦਾ ਹੈ। ਉਨਾਂ ਨੇ ਵਣ ਜੀਵਾਂ ਦੀ ਰੱਖਿਆ ਦਾ ਐਲਾਨ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਸੰਕਲਪ ਲੈਣ ਨੂੰ ਕਿਹਾ। ਇਸ ਤੋਂ ਬਾਅਦ ਰੋਟਰੀ ਪ੍ਰਧਾਨ ਯੋਗੇਸ਼ ਚੰਦਰ ਨੇ ਸਾਲ 2022-23 ਵਿੱਚ ਕੰਮ ਕਰਨ ਦੇ ਲਈ ਰੋਟੇਰੀਅਨ ਨੂੰ ਅਲਗ-ਅਲਗ ਅਵਾਰਡ ਦੇ ਕੇ ਸਨਮਾਨਿਤ ਕੀਤਾ ਅਤੇ ਆਉਣ ਵਾਲੇ ਸਾਲ 2023-24 ਜਿਸ ਵਿੱਚ ਫਿਰ ਤੋਂ ਪ੍ਰਧਾਨ ਚੁਣੇ ਗਏ ਹਨ, ਅਗਲੇ ਪ੍ਰੋਜੈਕਟਾਂ ਦੀ ਜਾਣਕਾਰੀ ਦਿੱਤੀ। ਜੀ.ਐਸ.ਬਾਵਾ ਅਤੇ ਰਜਿੰਦਰ ਮੋਦਗਿਲ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਤੇ ਰੋਟੇਰੀਅਨ ਓਮਕਾਂਤਾ, ਰਵੀ ਜੈਨ, ਅਸ਼ੋਕ ਜੈਨ, ਟਿਮਾਟਨੀ ਆਹਲੂਵਾਲੀਆ, ਲੈਪੀ ਆਹਲੂਵਾਲੀਆ, ਸੰਜੀਵ ਕੁਮਾਰ, ਡਾ.ਰਣਜੀਤ, ਡਾ.ਸ਼ੁਭਕਰਮਨਜੀਤ ਸਿੰਘ ਬਾਵਾ, ਪਾਰਲ ਸ਼ਰਮਾ, ਨੀਨਾ ਜੈਨ, ਤ੍ਰਿਪਤ ਜੈਨ, ਰੀਟਾ ਮੋਦਗਿਲ, ਮੋਨਿਕਾ ਜੈਨ ਆਦਿ ਮੌਜੂਦ ਸਨ।

# ਕਤਲ ਕੇਸ 'ਚ ਲੋੜੀਂਦੇ 2 ਮੁਲਜ਼ਮ ਗ੍ਰਿਫਤਾਰ



ਕਾਲਾ ਸੰਘਿਆਂ (ਮਨਜੀਤ ਮਾਨ)- ਜ਼ਿਲ੍ਹਾ ਪੁਲਸ ਕਪਤਾਨ ਦੇ ਨਿਰਦੇਸ਼ਾਂ ਤਹਿਤ ਡੀ ਐਸ ਪੀ ਨਕੋਦਰ ਹਰਜਿੰਦਰ ਸਿੰਘ ਅਤੇ ਥਾਣਾ ਸਦਰ ਮੁਖੀ ਗੁਰਿੰਦਰਜੀਤ ਸਿੰਘ ਨਾਗਰਾ ਦੀ ਅਗਵਾਈ ਵਿਚ ਨਕੋਦਰ ਪੁਲਸ ਵੱਲੋਂ ਪੁਲਸ ਚੌਕੀ ਉੱਗੀ ਦੇ ਸਹਿਯੋਗ ਨਾਲ ਕਤਲ ਕੇਸ ਵਿੱਚ ਲੋੜੀਂਦੇ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਗਈ ਹੈ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਬ-ਡਵੀਜ਼ਨ ਨਕੋਦਰ ਦੇ ਡੀ ਐਸ ਪੀ ਹਰਜਿੰਦਰ ਸਿੰਘ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ 12 ਮਈ ਨੂੰ ਉਕਤ ਦੋਸ਼ੀਆਂ ਨੇ ਪਿੰਡ ਕੁਲਾਰ ਵਿਖੇ ਸੁਰਜੀਤ ਸਿੰਘ ਨਾਂਅ ਦੇ ਵਿਅਕਤੀ ਉਪਰ ਕਾਤਲਾਨਾ ਹਮਲਾ ਕੀਤਾ ਸੀ ਜੋ ਕਿ ਹਸਪਤਾਲ ਵਿਚ ਜ਼ੇਰੇ ਇਲਾਜ ਸੀ ਅਤੇ ਇਲਾਜ ਦੌਰਾਨ 23/6/23 ਨੂੰ ਹਸਪਤਾਲ ਵਿਚ ਉਸ ਦੀ ਮੌਤ ਹੋ ਗਈ ਸੀ। ਪੁਲਸ ਵੱਲੋਂ ਸੁਰਜੀਤ ਸਿੰਘ ਦੇ ਭਰਾ ਬਲਵਿੰਦਰ ਕੁਮਾਰ ਦੇ ਬਿਆਨਾਂ 'ਤੇ ਉਕਤ ਦੋਸ਼ੀਆਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਸੀ ਜਿਸ ਵਿਚ ਵਿਜੇ ਕੁਮਾਰ ਉਰਫ ਪਾਲਾ, ਜੋਗਰਾਜ ਉਰਫ ਗੱਗੀ, ਬੀਰ ਨਾਥ, ਅਰਸ਼ ਤੇ ਬਲਵਿੰਦਰ ਸਿੰਘ ਉਰਫ ਰਾਜਾ ਦੋਸ਼ੀ ਨਾਮਜ਼ਦ ਕੀਤੇ ਗਏ ਸਨ । ਨਕੋਦਰ ਪੁਲਸ ਵੱਲੋਂ ਉਕਤ ਦੋਸ਼ੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਬਲਵਿੰਦਰ ਸਿੰਘ ਉਰਫ ਰਾਜਾ ਅਤੇ ਵੀਰ ਨਾਥ ਦੋਵੇਂ ਵਾਸੀ ਪਿੰਡ ਕੁਲਾਰ ਥਾਣਾ ਸਦਰ ਨਕੋਦਰ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਵਿਜੇ ਕੁਮਾਰ, ਜੋਗਰਾਜ ਅਤੇ ਅਰਸ਼ ਵਾਸੀ ਕਲਾਰ ਥਾਣਾ ਸਦਰ ਨਕੋਦਰ ਦੀ ਭਾਲ ਵਿੱਚ ਛਾਪੇਮਾਰੀ ਕੀਤੀ ਜਾ ਰਹੀ ਹੈ।

# ਆਰਗੈਨਿਕ ਖੇਤੀ ਖੇਤਰ 'ਚ ਜਾਣਿਆ-ਪਛਾਣਿਆ ਨਾਂਅ ਗੁਰਪਾਲ ਪੰਧੇਰ

ਗੁਰਦਾਸਪੁਰ (ਜਨਕ ਮਹਾਜਨ)-ਪਿੰਡ ਪੰਧੇਰ ਦਾ ਗੁਰਪਾਲ ਸਿੰਘ ਪਿਛਲੇ 9 ਸਾਲਾਂ ਤੋਂ ਆਰਗੈਨਿਕ ਖੇਤੀ ਕਰਦਿਆਂ ਆਪਣਾ ਅਹਿਮ ਸਥਾਨ ਬਣਾ ਚੁੱਕੈ। ਐੱਮ.ਏ, ਬੀਐੱਡ. ਉੱਚ ਤਾਲੀਮ-ਜ਼ਾਫ਼ਤਾ ਕਿਸਾਨ ਗੁਰਪਾਲ ਸਿੰਘ ਨੇ ਸਾਲ 2014 ਵਿੱਚ ਕੇਵਲ 4 ਕਨਾਲ ਦੇ ਰਕਬੇ ਵਿੱਚ ਆਰਗੈਨਿਕ ਖੇਤੀ ਸ਼ੁਰੂ ਕੀਤੀ ਸੀ ਜੋ ਹੁਣ ਉਨ੍ਹਾਂ ਦੇ 4.5 ਏਕੜ ਰਕਬੇ ਤੱਕ ਫੈਲ ਗਈ ਹੈ।

ਗੁਰਪਾਲ ਸਿੰਘ ਆਪਣੇ ਖੇਤਾਂ ਵਿੱਚ ਹੁਣ ਬਿਨਾਂ ਰਸਾਇਣਾਂ ਅਤੇ ਕੀਟ ਨਾਸ਼ਕਾਂ ਦੇ ਬਿਲਕੁਲ ਜ਼ਹਿਰਾਂ ਰਹਿਤ ਖੇਤੀ ਕਰਦੇ ਹਨ। ਗੁਰਪਾਲ ਸਿੰਘ ਦਾ ਕਹਿਣਾ ਹੈ ਕਿ ਭਾਵੇਂ ਆਰਗੈਨਿਕ ਖੇਤੀ ਦਾ ਕੁਝ ਝਾੜ ਘੱਟ ਨਿਕਲਦਾ ਹੈ ਪਰ ਜ਼ਹਿਰਾਂ ਰਹਿਤ ਉਪਜ ਹੋਣ ਕਾਰਨ ਗਾਹਕ ਇਸਨੂੰ ਵੱਧ ਮੁੱਲ ਉੱਪਰ ਖਰੀਦ ਲੈਂਦੇ ਹਨ। ਕਿਸਾਨ ਗੁਰਪਾਲ ਸਿੰਘ ਦੱਸਦੈ ਕਿ ਉਸ ਨੇ ਸ਼ੁਰੂ ਵਿੱਚ ਖੇਤੀ ਵਿਰਾਸਤ ਮਿਸ਼ਨ ਨਾਲ ਰਾਬਤਾ ਕੀਤਾ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਆਤਮਾ ਦੁਆਰਾ ਲਗਾਏ ਜਾਂਦੇ ਕੈਂਪਾਂ ਵਿੱਚ ਹਿੱਸਾ ਲਿਆ, ਜਿਥੋਂ ਖੇਤੀ ਕਰਨ ਦੇ ਸੁਚੱਜੇ ਢੰਗਾਂ ਬਾਰੇ ਜਾਣਕਾਰੀ ਲਈ। ਹੌਲੀ-ਹੌਲੀ ਹੋਰਨਾਂ ਕਿਸਾਨਾਂ ਜੋ ਕਿ ਪਹਿਲਾਂ ਤੋਂ ਹੀ ਕੁਦਰਤੀ ਖੇਤੀ ਕਰ ਰਹੇ ਸਨ, ਨਾਲ ਜੁੜਨਾ ਸ਼ੁਰੂ ਕੀਤਾ। ਇਸ ਨਾਲ ਗੁਰਪਾਲ ਸਿੰਘ ਹੋਰ ਉਤਸ਼ਾਹਿਤ ਹੋ ਕੇ ਕੰਮ ਕਰਨ ਲੱਗਾ। ਹੁਣ ਉਹ ਆਰਗੈਨਿਕ ਤਰੀਕੇ ਨਾਲ ਦਾਲਾਂ, ਸਬਜ਼ੀਆਂ, ਫ਼ਲ, ਗੰਨਾਂ, ਬਾਸਮਤੀ ਅਤੇ ਦੇਸੀ ਕਣਕ ਦੀਆਂ ਕਿਸਮਾਂ ਦੀ ਬਹੁਤ ਹੀ ਸੁਚੱਜੇ ਢੰਗ ਨਾਲ ਪੈਦਾਵਾਰ ਕਰ ਰਿਹੈ। ਉਸਦਾ ਮੰਨਣਾ ਹੈ ਕਿ ਅਜੋਕੇ ਸਮੇਂ ਵਿੱਚ ਜ਼ਿਆਦਾ ਪੈਦਾਵਾਰ ਨਹੀਂ ਬਲਕਿ ਚੰਗੀ ਗੁਣਵੱਤਾ ਜ਼ਰੂਰੀ ਹੈ। ਖੇਤੀ ਵਿਭਿੰਨਤਾ ਅਤੇ ਆਰਗੈਨਿਕ ਖੇਤੀ ਵਿੱਚ ਸਫਲਤਾ ਹਾਸਲ ਕਰਨ ਵਾਲੇ ਕਿਸਾਨ ਗੁਰਪਾਲ ਸਿੰਘ ਲਈ ਅਗਲੀ ਚਣੌਤੀ ਮਾਰਕੀਟਿੰਗ ਦੀ ਸੀ। ਉਸ ਨੇ ਹਿੰਮਤ ਨਹੀਂ ਹਾਰੀ ਅਤੇ ਸੋਸ਼ਲ ਮੀਡੀਆ ਦੇ ਵੱਖ-ਵੱਖ ਪਲੇਟਫਾਰਮ 'ਤੇ ਆਪਣੀ ਆਰਗੈਨਿਕ ਉੱਪਜ ਦਾ ਪ੍ਰਚਾਰ ਸ਼ੁਰੂ ਕਰ ਦਿੱਤਾ ਜਿਸ ਨਾਲ ਬਹੁਤ ਸੌਖੇ ਤਰੀਕੇ ਨਾਲ ਸਾਮਾਨ ਦੀ ਵਿਕਰੀ ਹੋ ਗਈ। ਖੇਤੀ ਮਹਿਕਮੇ ਤੋਂ ਪ੍ਰਭਾਵਿਤ ਹੋ ਕੇ ਕਿਸਾਨ ਗੁਰਪਾਲ ਸਿੰਘ ਵਲੋਂ ਪਿਛਲੇ 9 ਸਾਲਾਂ ਤੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤਾਂ ਵਿੱਚ ਹੀ ਮਿਲਾਇਆ ਜਾ ਰਿਹਾ ਹੈ ਜਿਸ ਨਾਲ ਉਨ੍ਹਾਂ ਦੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੀ ਹੈ। ਗੁਰਪਾਲ ਸਿੰਘ ਨੇ ਸਟ੍ਰਾਬੈਰੀ ਦੀ ਖੇਤੀ ਜੋ ਕਿ ਹੁਣ ਆਮਦਨ ਵਿੱਚ ਹੋਰ ਵਾਧਾ ਕਰਨ ਲੱਗੀ ਉਹ ਵੀ ਸ਼ੁਰੂ ਕੀਤੀ।

ਉਸ ਨੇ ਆਰਗੈਨਿਕ ਖੇਤੀ ਲਈ ਪੀਜੀਐੱਸ ਅਤੇ ਪੰਜਾਬ ਐਗਰੋ ਵਿੱਚ ਆਪਣੀ ਆਰਗੈਨਿਕ ਖੇਤੀ ਬਾਰੇ ਬ੍ਰਾਂਡ ਰਜਿਸਟਰ ਕਰਵਾਇਆ ਹੈ।

ਕਿਸਾਨ ਗੁਰਪਾਲ ਸਿੰਘ ਦਾ ਕਹਿਣਾ ਹੈ ਕਿ ਸਮੇਂ ਦੀ ਲੋੜ ਨੂੰ ਸਮਝਦਿਆਂ ਕਿਸਾਨ ਵੀਰਾਂ ਨੂੰ ਜ਼ਿਆਦਾ ਪੈਦਾਵਾਰ ਦੀ ਬਜਾਏ ਵਧੀਆ ਗੁਣਵੱਤਾ ਵੱਲ ਧਿਆਨ ਦੇਣ ਦੀ ਲੋੜ ਹੈ ਅਤੇ ਆਰਗੈਨਿਕ ਖੇਤੀ ਨੂੰ ਵੱਧ ਤੋਂ ਵੱਧ ਅਪਨਾਉਣਾ ਚਾਹੀਦਾ ਹੈ।




# ਕਲਾਸੀਫਾਈਡ ਇਸ਼ਤਿਹਾਰ

## ਆਮ ਸੂਚਨਾ

ਮੈਂ, ਨਵਜੋਤ ਕੌਰ ਜੋਸਨ ਪੁੱਤਰੀ ਨਿਰਮਲ ਸਿੰਘ ਜੋਸਨ ਵਾਸੀ ਪਿੰਡ ਤੇ ਡਾਕ: ਬਾਹਮਣੀਆਂ, ਤਹਿ: ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ, ਭਾਰਤ ਮੇਰੇ ਪਾਸਪੋਰਟ ਨੰ: ਪੀ 950 9438 'ਤੇ ਮੇਰਾ ਨਾਂਅ ਨਵਜੋਤ ਕੌਰ ਜੋਸਨ ਹੈ। ਜੋਸਨ ਮੇਰਾ ਉਪ ਨਾਂਅ ਹੈ। ਮੈਂ ਆਪਣੇ ਨਾਂਅ ਨਾਲੋਂ ਆਪਣਾ ਉਪ ਨਾਂਅ ਜੋਸਨ ਹਟਾ ਲਿਆ ਹੈ। ਭਵਿੱਖ ਵਿੱਚ ਮੈਨੂੰ ਨਵਜੋਤ ਕੌਰ ਦੇ ਨਾਂਅ ਨਾਲ ਹੀ ਜਾਣਿਆ ਜਾਵੇ।

## ਬੇਦਖਲੀ ਨੋਟਿਸ

ਮੈਂ, ਵਿਕਾਸ ਪੁੱਤਰ ਚਮਨ ਲਾਲ ਵਾਸੀ ਪਿੰਡ ਕੋਟ ਸਦੀਕ, ਕਾਂਸ਼ੀ ਨਗਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਰਸ਼ਿਤਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਰਾਜ ਰਾਣੀ ਵਿਧਵਾ ਪਤਨੀ ਓਮ ਪ੍ਰਕਾਸ ਵਾਸੀ ਗਲੀ ਨੰਬਰ 3 ਅਗਰਵਾਲ ਕਾਲੋਨੀ ਜਲਾਲਾਬਾਦ, ਤਹਿਸੀਲ ਜਲਾਲਾਬਾਦ, ਜਿਲਾ ਫਾਜ਼ਲਿਕਾ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਲੱਕੀ ਅਨੇਜਾ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਅਸੀਂ ਵਿਪਨ ਕੁਮਾਰ ਪੁੱਤਰ ਸ੍ਵ. ਰਾਮ ਦਿੱਤਾ ਮੱਲ ਅਤੇ ਮੀਰਾ ਰਾਣੀ ਪਤਨੀ ਵਿਪਨ ਕੁਮਾਰ ਵਾਸੀਆਨ ਗਰੀਨ ਪਾਰਕ, ਪੀਰ ਚੌਧਰੀ ਰੋਡ, ਕਪੂਰਥਲਾ ਦੇ ਰਹਿਣ ਵਾਲੇ ਹਾਂ। ਇਹ ਕਿ ਸਾਡੀ ਲੜਕੀ ਰਜਨੀ ਗੁਪਤਾ ਸਾਡੇ ਕਹਿਣੇਕਾਰ ਤੋਂ ਬਾਹਰ ਹੈ, ਜਿਸ ਕਰਕੇ ਅਸੀਂ ਆਪਣੀ ਲੜਕੀ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹ ਹੈ ਕਿ ਸਾਡੀ ਲੜਕੀ ਰਜਨੀ ਗੁਪਤਾ ਅਤੇ ਉਸ ਦੇ ਪਤੀ ਅਨਮੋਲ ਰਤਨ ਸਿੰਘ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ-ਦੇਣ ਰੱਖਦਾ ਹੈ ਤਾਂ ਇਸ ਲਈ ਉਹ ਖੁਦ ਜ਼ਿੰਮੇਵਾਰ ਹੋਣਗੇ। ਇਸ ਵਿੱਚ ਸਾਡੀ ਜਾਂ ਸਾਡੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸਤੀਸ਼ ਕੁਮਾਰ (ਅਧਾਰ ਨੰ: 8418 3287 4786) ਵਾਸੀ ਬਜ਼ਾਰ ਨੰਬਰ 2, ਫਿਰੋਜ਼ਪੁਰ ਛਾਉਣੀ ਹਾਲ ਵਾਸੀ ਦੁਕਾਨ ਨੰ: 29, ਫਸਟ ਫਲੋਰ, ਬਜ਼ਾਰ ਨੰ. 6. ਫਿਰੋਜ਼ਪੁਰ ਛਾਉਣੀ ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਨਾਲ ਗੁਪਤਾ ਪੁੱਤਰ ਸਤੀਸ਼ ਕੁਮਾਰ ਜੋ ਕਿ ਮੇਰੇ ਕਹਿਣ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਜੋ ਵੀ ਵਿਅਕਤੀ ਇਸ ਨਾਲ ਲੈਣ-ਦੇਣ ਕਰੇਗਾ, ਉਹ ਆਪਣੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ, ਇਸ ਦੀ ਜ਼ਿੰਮੇਵਾਰੀ ਮੇਰੀ ਜਾਂ ਮੇਰੇ ਪਰਿਵਾਰ ਦੀ ਨਹੀਂ ਹੋਵੇਗੀ

## ਨਾਂਅ ਦੀ ਬਦਲੀ

ਮੈਂ ਮਨਜੀਤ ਕੌਰ ਪਤਨੀ ਰਾਕੇਸ਼ ਪਾਲ ਵਾਸੀ ਗੋਹਾਵਰ ਤਹਿਸੀਲ ਫਿਲੌਰ ਨੇ ਆਪਣੀ ਲੜਕੀ ਅੰਜਲੀ (ਜਨਮ ਮਿਤੀ 30-12-2017) ਦਾ ਨਾਮ ਅੰਜਲੀ ਤੋਂ ਬਦਲ ਕੇ ਅੰਜਲੀ ਰੰਧਾਵਾ ਰਖ ਲਿਆ ਹੈ ਸੰਬਧਤ ਨੋਟ ਕਰਨ ।

## ਨਾਂਅ ਦੀ ਬਦਲੀ

ਮੈਂ ਸੰਦੀਪ ਕੁਮਾਰ ਪੁੱਤਰ ਮੋਹਣ ਲਾਲ ਵਾਸੀ ਪਿੰਡ ਦੰਦੂਵਾਲ , ਡਾਕਖਾਨਾ ਪਾਸਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਖਮਨੀ ਝੰਮਟ ਦਾ ਪੰਜਵੀਂ ਦੇ ਸਕੂਲ ਸਰਟੀਫਿਕੇਟ ਵਿਚ ਨਾਮ ਸੁਖਮਨੀ ਦਰਜ ਹੈ, ਜੋ ਕਿ ਗਲਤ ਹੈ , ਉਸ ਦਾ ਸਹੀ ਨਾਮ ਸੁਖਮਨੀ ਝੰਮਟ ਹੈ। ਸਬੰਧਤ ਨੋਟ ਕਰਨ।

## Change of Name

I, Rose Merry D/o Surjit Masih R/o Guru Nanak Nagar Kanjali Road Kapurthala 144601 Punjab have Changed my name from Rose Merry To ROSEMERY All concerned please note. (Sodhi)

I, Harvinder Singh Kalsi s/o Swaran Singh r/o Vill. Murar, Po. Hamira, Distt. Kapurthala have changed my name to Harwinder Singh. All Please Note.

I, Pritpal Singh s/o Mohinder Singh r/o H.No. 210A, VPO. Gakhal, Jalandhar Changed my name as given name Pritpal and surname as Singh. All Please Note.

I, Manjot Singh s/o Amrit Pal Singh Narula r/o H.No. 1163, Urban Estate, Phase-1, Jalandhar-144005, Punjab have added my surname as Manjot Singh Narula. All Please Note.

I, hitherto Known as Amandeep Singh S/o Bhajan Singh R/o Village Akbarpur, Po. Surkhpur, Distt. Kapurthala-144804, Punjab have changed my name and shall hereafter be known as Amandeep Singh Aujla.

I, Harpreet Jhally S/o Satiya Pal R/o Village Danduwal Post Office Pasla Teh. Phillaur District Jalandhar( Punjab) India declare that my name is Harpreet and my surname is Jhally. I want to add my surname along with my name in Passport i.e. Harpreet Jhally. All concerned please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵਿਕਾਸ ਫੰਡ ਦੇ ਵਿਰੋਧ 'ਚ ਪੈਨਸ਼ਨਰਾਂ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਹਾਲੀਆ ਸਮੇਂ ਵਿੱਚ ਸਰਕਾਰੀ ਨੌਕਰੀਆਂ ਤੋਂ ਸੇਵਾ ਮੁਕਤ ਹੋਏ ਕਰਮਚਾਰੀਆਂ ਦੀਆਂ ਪੈਨਸ਼ਨਾਂ ਵਿੱਚੋਂ 200 ਰੁਪਏ ਪ੍ਰਤੀ ਮਹੀਨਾ ਬਤੌਰ ਵਿਕਾਸ ਫੰਡ ਕੱਟਣ 'ਤੇ ਪੈਨਸ਼ਨਰਜ਼ ਸਰਕਾਰ ਵਿਰੁੱਧ ਬੁਰੀ ਤਰ੍ਹਾਂ ਭੜਕੇ ਹੋਏ ਹਨ। ਉਨ੍ਹਾਂ ਵਿਚ ਸਰਕਾਰ ਦੀ ਇਸ ਪਹਿਲ ਵਿਰੁੱਧ ਬਹੁਤ ਗੁੱਸਾ ਪਾਇਆ ਜਾ ਰਿਹਾ ਹੈ। ਇਸੇ ਗੁੱਸੇ ਦਾ ਇਜ਼ਹਾਰ ਕਰਨ ਲਈ ਅੱਜ ਪਾਵਰਕੌਮ ਦੇ ਪੈਨਸ਼ਨਰਾਂ ਨੇ ਸਥਾਨਕ ਬਿਜਲੀ ਸ਼ਿਕਾਇਤ ਘਰ ਖੰਨਾ ਰੋਡ 'ਤੇ ਇਕੱਤਰ ਹੋ ਕੇ ਵਿਕਾਸ ਫੰਡ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਤੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਪੈਨਸ਼ਨਰਜ਼ ਐਸੋਸੀਏਸ਼ਨ ਸਮਰਾਲਾ ਦੇ ਮੰਡਲ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਕਿ ਜਦੋਂ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਦੀ ਸਰਕਾਰ ਨੇ ਆਪਣੇ ਕਾਰਜਕਾਲ ਵਿੱਚ ਇਹ ਵਿਕਾਸ ਫੰਡ ਦਾ ਨਾਦਰਸ਼ਾਹੀ ਫਰਮਾਨ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਆਮ ਆਦਮੀ ਪਾਰਟੀ ਨੇ ਮੁਲਾਜ਼ਮਾਂ ਦੇ ਹੱਕ ਵਿੱਚ ਇਸ ਪਹਿਲ ਦਾ ਵਿਰੋਧ ਕੀਤਾ ਸੀ ਅਤੇ ਹੁਣ ਖੁਦ ਪਾਵਰ ਵਿੱਚ ਆ ਕੇ ਉਹ ਫੁਰਮਾਨ ਲਾਗੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮਤਲਬ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੈਨਸ਼ਨਰਾਂ ਵਿਰੁੱਧ ਮੌਕਾਪ੍ਰਸਤੀ ਤੋਂ ਕੰਮ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਦੋ ਮੂੰਹ ਹਨ, ਜੋ ਕਿ ਪੈਨਸ਼ਨਰਾਂ ਦੀਆਂ ਆਸਾਂ 'ਤੇ ਪੂਰਾ ਨਹੀਂ ਉਤਰਦੇ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਲਮਕਦੀਆਂ ਹੋਰ ਚਿਰੋਕਣੀ ਮੰਗਾਂ ਤੋਂ ਟਾਲਾ ਵੱਟਦੇ ਹੋਏ ਪੈਨਸ਼ਨਰ ਮਾਰੂ ਕਾਨੂੰਨ ਤਾਂ ਕਾਗੂ ਕੀਤੇ ਜਾ ਰਹੇ ਹਨ, ਪਰ ਮੰਗਾਂ ਸਬੰਧੀ ਕੋਈ ਤਵੱਜੋਂ ਨਹੀਂ ਦਿੱਤੀ ਜਾਂਦੀ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੂੰ ਅਦਾਇਗੀ ਕਰਨ ਵਾਲੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ 15 ਸੌ ਕਰੋੜ ਸਰਕਾਰ ਵੱਲ ਬਕਾਇਆ ਖੜ੍ਹਾ ਹੈ ਤੇ ਉਸ ਦਾ ਵਿਆਜ ਅਲੱਗ ਹੈ। ਉਨ੍ਹਾਂ ਕਿਹਾ ਪੈਨਸ਼ਨਰ ਉਮਰ ਦੇ ਆਖਰੀ ਪੜਾਅ 'ਤੇ ਹੁੰਦੇ ਹਨ। ਲਿਹਾਜ਼ਾ ਉਨ੍ਹਾਂ ਨੂੰ ਆਪਣੀ ਰੋਜ਼ਮਰ੍ਹਾ ਦੀ ਜ਼ਿੰਦਗੀ ਚਲਾਉਣ ਲਈ ਵੱਧ ਤੋਂ ਵੱਧ ਪੈਸੇ ਦੀ ਲੋੜ ਹੁੰਦੀ ਹੈ। ਸਰਕਾਰ ਨੂੰ ਚਾਹੀਦਾ ਤਾਂ ਇਹ ਸੀ ਕਿ ਉਹ ਪੈਨਸ਼ਨਰਾਂ ਦੇ ਸਾਰੇ ਬਕਾਏ ਦੀ ਅਦਾਇਗੀ ਕਰਦੀ, ਉਲਟਾ ਉਨ੍ਹਾਂ ਉੱਤੇ ਵਿਕਾਸ ਟੈਕਸ ਦੇ ਨਾਂ 'ਤੇ 'ਜਜੀਆ ਟੈਕਸ' ਠੋਕ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਕਰੀਬ ਸੱਤ ਲੱਖ ਪੈਨਸ਼ਨਰਜ਼ ਹਨ ਤੇ ਨਾਲ ਹੀ ਉਨ੍ਹਾਂ ਦੇ ਪਰਿਵਾਰ ਵੀ ਹਨ। ਜੇਕਰ ਭਗਵੰਤ ਮਾਨ ਦੀ ਸਰਕਾਰ ਇਨ੍ਹਾਂ ਨੂੰ ਨਰਾਜ਼ ਕਰਦੀ ਹੈ ਤਾਂ ਸਰਕਾਰ ਲਈ ਇਸ ਦੇ ਸਿੱਟੇ ਮਾੜੇ ਹੀ ਹੋਣਗੇ।

ਸਿਕੰਦਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਵੀ ਆਪਣੀ ਕੀਤੀ ਦੇ ਸਿੱਟੇ ਭੁਗਤਣੇ ਪੈਣਗੇ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਤੇ ਉਨ੍ਹਾਂ ਦੇ ਪਰਿਵਾਰਾਂ ਵਿੱਚ ਵਿਕਾਸ ਫੰਡ ਦੇ ਰੂਪ ਵਿੱਚ ਲਾਈ ਇਸ ਪੈਨਲਟੀ ਵਿਰੁੱਧ ਭਾਰੀ ਰੋਸ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਵਿਕਾਸ ਫੰਡ ਦਾ ਨਾਦਰਸ਼ਾਹੀ ਫਰਮਾਨ ਵਾਪਸ ਲਵੇ ਜਾਂ ਫਿਰ ਲੋਕਾਂ ਦੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਇਸ ਮੌਕੇ ਮੁੱਖ ਤੌਰ 'ਤੇ ਪ੍ਰੇਮ ਸਿੰਘ ਐੱਸ ਡੀ ਓ, ਜਗਤਾਰ ਸਿੰਘ, ਸੁਖਦਰਸ਼ਨ ਸਿੰਘ, ਪ੍ਰੇਮ ਕੁਮਾਰ, ਜੁਗਲ ਕਿਸ਼ੋਰ ਸਾਹਨੀ, ਦਰਸ਼ਨ ਸਿੰਘ ਜੇ ਈ ਆਦਿ ਸ਼ਾਮਲ ਸਨ।

# ਡਾ. ਅਰੋੜਾ ਨੇ ਧੱਲੇਕੇ 'ਚ ਵੈੱਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਿਆ



ਪਿੰਡ ਧੱਲੇਕੇ ਵਿਖੇ ਵੈੱਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਵਾ ਕੇ ਕੰਮ ਸ਼ੁਰੂ ਕਰਵਾਉਂਦੀ ਹੋਈ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ। (ਫੋਟੋ : ਭੂਪਿੰਦਰ ਸਿੰਘ)

**ਮੋਗਾ (ਅਮਰਜੀਤ ਬੱਬਰੀ)**-ਨਜ਼ਦੀਕੀ ਪਿੰਡ ਧੱਲੇਕੇ ਵਿਖੇ ਵੈੱਲਨੈੱਸ ਸੈਂਟਰ ਦਾ ਨੀਂਹ ਪੱਥਰ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਰੱਖਿਆ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਨਗਰ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿੰਡ ਧੱਲੇਕੇ ਵਿਖੇ ਵੈੱਲਨੈੱਸ ਸੈਂਟਰ ਲਈ 29 ਲੱਖ ਰੁਪਏ ਪਾਸ ਕਰਵਾਏ ਗਏ ਅਤੇ ਉਸ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਜਲਦ ਹੀ ਪਿੰਡ ਧੱਲੇਕੇ ਵਾਸੀਆਂ ਨੂੰ ਇਕ ਵਧੀਆ ਵੈੱਲਨੈੱਸ ਸੈਂਟਰ ਬਣਾ ਕੇ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਲੋਕਾਂ ਨਾਲ ਵਾਅਦੇ ਕੀਤੇ ਸਨ, ਉਹ ਸਾਰੇ ਵਾਅਦੇ ਪੂਰੀ ਇਮਾਨਦਾਰੀ ਨਾਲ ਪੂਰੇ ਕਰ ਰਹੇ ਹਾਂ। ਇਸ ਮੌਕੇ ਪਿੰਡ ਦੇ ਨੈਸ਼ਨਲ ਤਾਈਕਮਾਂਡੋ ਦੇ ਪੰਜ ਗੋਲਡ ਮੈਡਲ ਜੇਤੂ ਰਣਜੀਤ ਬਾਵਾ ਨੂੰ ਸਨਮਾਨਤ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਲੇਖਕ ਲਖਵਿੰਦਰ ਸਿੰਘ ਜੌਹਲ, ਡਾ. ਗਗਨਜੋਤ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਧੱਲੇਕੇ ਦੇ ਨਿਵਾਸੀ, ਆਮ ਆਦਮੀ ਪਾਰਟੀ ਦੇ ਆਗੂ ਤੇ ਵਲੰਟੀਅਰ ਹਾਜ਼ਰ ਸਨ।

# ਪਿਤਾ ਡੇਢ ਸਾਲ ਦੇ ਬੱਚੇ ਸਮੇਤ ਘਰੋਂ ਲਾਪਤਾ

**ਭਾਲ 'ਚ ਦੁਖੀ ਰਿਸ਼ਤੇਦਾਰਾਂ ਦਾ ਬੁਰਾ ਹਾਲ**



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਜਲਾਲਾਬਾਦ ਵਿੱਚ ਇਕ ਵਿਅਕਤੀ ਆਪਣੇ ਡੇਢ ਸਾਲ ਦੇ ਬੱਚੇ ਸਮੇਤ ਘਰੋਂ ਲਾਪਤਾ ਹੋ ਗਿਆ, ਜਿਸ ਤੋਂ ਬਾਅਦ ਉਸ ਦੇ ਪਰਿਵਾਰਕ ਮੈਂਬਰਾਂ ਦੀ ਹਾਲਤ ਖਰਾਬ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੋਬਿੰਦ ਨਗਰੀ ਜਲਾਲਾਬਾਦ ਦਾ ਰਹਿਣ ਵਾਲਾ ਗੁਰਦੀਪ ਸਿੰਘ (25) ਬੀਤੀ ਸਵੇਰ ਤੋਂ ਘਰੋਂ ਬਿਨਾਂ ਦੱਸੇ ਕਿਤੇ ਚਲਾ ਗਿਆ ਸੀ, ਜਿਸ ਤੋਂ ਬਾਅਦ ਉਸ ਦੀ ਕਾਫੀ ਭਾਲ ਕੀਤੀ ਗਈ, ਪਰ ਉਹ ਕਿਤੇ ਨਹੀਂ ਮਿਲਿਆ। ਰਿਸ਼ਤੇਦਾਰਾਂ ਨੇ ਉਸ ਦੇ ਫਾਜ਼ਿਲਕਾ ਵਿੱਚ ਹੀ ਕਿਸੇ ਥਾਂ ਹੋਣ ਦਾ ਖਦਸ਼ਾ ਪ੍ਰਗਟਾਇਆ ਹੈ। ਲਾਪਤਾ ਵਿਅਕਤੀ ਦੇ ਪਿਤਾ ਜੋਗਾ ਸਿੰਘ ਵਾਸੀ ਗੋਬਿੰਦ ਨਗਰੀ ਨੇ ਦੱਸਿਆ ਕਿ ਸ਼ਨੀਵਾਰ ਸਵੇਰੇ ਉਸ ਦੇ ਲੜਕੇ ਗੁਰਜੀਤ ਸਿੰਘ ਦਾ ਆਪਣੀ ਘਰਵਾਲੀ ਨਾਲ ਕਿਸੇ ਗੱਲ ਨੂੰ ਲੈ ਕੇ ਮਾਮੂਲੀ ਝਗੜਾ ਹੋ ਗਿਆ ਸੀ, ਜਿਸ ਤੋਂ ਬਾਅਦ ਉਸ ਦਾ ਲੜਕਾ ਗੁੱਸੇ 'ਚ ਆ ਗਿਆ ਤੇ ਬਿਨਾਂ ਕੁਝ ਦੱਸੇ ਘਰੋਂ ਚਲਾ ਗਿਆ। ਇਸ ਦੌਰਾਨ ਉਹ ਆਪਣੇ ਡੇਢ ਸਾਲ ਦੇ ਬੱਚੇ ਅਮਰਜੀਤ ਨੂੰ ਵੀ ਆਪਣੇ ਨਾਲ ਲੈ ਗਿਆ।

ਉਸ ਨੇ ਦੱਸਿਆ ਕਿ ਇਸ ਤੋਂ ਬਾਅਦ ਉਸ ਨੂੰ ਚੰਡੀਗੜ੍ਹ ਰਹਿੰਦੇ ਆਪਣੇ ਲੜਕੇ ਦੇ ਇਕ ਦੋਸਤ ਦਾ ਫੋਨ ਆਇਆ, ਜਿਸ ਨੇ ਦੱਸਿਆ ਕਿ ਉਸ ਦੇ ਲੜਕੇ ਨੇ ਉਸ ਕੋਲ ਚੰਡੀਗੜ੍ਹ ਆਉਣ ਦੀ ਇੱਛਾ ਪ੍ਰਗਟਾਈ ਹੈ ਅਤੇ ਉਸ ਨੇ ਇਹ ਵੀ ਦੱਸਿਆ ਕਿ ਉਹ ਇਸ ਸਮੇਂ ਆਪਣੇ ਬੱਚੇ ਨਾਲ ਫਾਜ਼ਿਲਕਾ ਰੇਲਵੇ ਸਟੇਸ਼ਨ 'ਤੇ ਖੜ੍ਹਾ ਹੈ, ਜਿਸ ਤੋਂ ਬਾਅਦ ਉਸ ਦੀ ਕਾਫੀ ਭਾਲ ਕੀਤੀ, ਪਰ ਉਹ ਕਿਤੇ ਨਹੀਂ ਮਿਲਿਆ, ਜਿਸ ਕਾਰਨ ਉਹ ਕਾਫੀ ਪ੍ਰੇਸ਼ਾਨ ਹੋ ਰਹੇ ਹਨ। ਉਸ ਨੇ ਆਪਣੇ ਲੜਕੇ ਤੇ ਪੋਤੇ ਦੀ ਭਾਲ ਲਈ ਥਾਣਾ ਸਿਟੀ ਫਾਜ਼ਿਲਕਾ ਵਿਖੇ ਦਰਖਾਸਤ ਦੇ ਦਿੱਤੀ ਹੈ, ਜਿਸ ਵਿੱਚ ਉਸ ਨੇ ਆਪਣੇ ਪੁੱਤਰ ਤੇ ਪੋਤਰੇ ਨੂੰ ਲੱਭ ਕੇ ਘਰ ਵਾਪਸ ਲਿਆਉਣ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਆਪਣੇ ਬੇਟੇ ਨੂੰ ਆਪਣੇ ਬੱਚੇ ਸਮੇਤ ਘਰ ਵਾਪਸ ਆਉਣ ਦੀ ਅਪੀਲ ਵੀ ਕੀਤੀ ਹੈ।

# ਜਥੇਦਾਰ ਰਘਬੀਰ ਸਿੰਘ ਤੇ ਸੁਲਤਾਨ ਸਿੰਘ ਸਨਮਾਨਤ



**ਬੱਧਨੀ ਕਲਾਂ/ਅਜੀਤਵਾਲ (ਨਛੱਤਰ ਸੰਧੂ)**-ਨਿਰਮਲੇ ਆਸ਼ਰਮ ਵੱਡਾ ਡੇਰਾ ਦੌਧਰ ਦੇ ਮੁਖੀ ਸੰਤ ਬਾਬਾ ਦੀਪਕ ਸਿੰਘ ਵੱਲੋਂ ਬੀਤੇ ਦਿਨੀਂ ਨਵੇਂ ਥਾਪੇ ਦੋ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਨੂੰ ਮਿਲ ਕੇ ਵਧਾਈ ਦਿੱਤੀ ਗਈ। ਇਸ ਮੌਕੇ ਉਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੂੰ ਸਿਰੋਪਾਉ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਦੀਪਕ ਸਿੰਘ ਨੇ ਕਿਹਾ ਕਿ ਇਹ ਦੋਵੇਂ ਹੀ ਥੇਦਾਰ ਸਿੱਖ ਪੰਥ ਦੇ ਸਿਰਮੌਰ ਆਗੂ ਹਨ, ਜਿਨ੍ਹਾਂ ਦੀ ਬਦੌਲਤ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਬਹੁਤ ਵੱਡਾ ਯੋਗਦਾਨ ਪਵੇਗਾ। ਉਨ੍ਹਾ ਕਿਹਾ ਕਿ ਅਜਿਹੇ ਅਹੁਦੇ ਮਿਲਣੇ ਕੋਈ ਛੋਟੀ ਗੱਲ ਨਹੀਂ, ਸਿੱਖ ਪੰਥ ਦੀ ਕਸੌਟੀ 'ਤੇ ਖਰੇ ਉੱਤਰੇ ਅਜਿਹੀਆਂ ਮਹਾਨ ਹਸਤੀਆਂ ਨੂੰ ਸਿੱਖ ਕੌਮ ਦੀ ਸੇਵਾ ਕਰਨ ਦਾ ਮੌਕਾ ਮਿਲਦਾ ਹੈ। ਅਖੀਰ ਵਿੱਚ ਉਨ੍ਹਾਂ ਨੇ ਦੋਵੇਂ ਜਥੇਦਾਰਾਂ ਨੂੰ ਫਿਰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਰੀਆਂ ਸੰਗਤਾਂ ਨੂੰ ਦੋਵੇਂ ਜਥੇਦਾਰਾਂ ਦਾ ਵੱਧ ਤੋਂ ਵੱਧ ਸਾਥ ਦੇਣਾ ਚਾਹੀਦਾ ਹੈ।

# ਭਗਤ ਵਿਵੇਕਾਨੰਦ ਵਿਚਾਰ ਮੰਚ ਵੱਲੋਂ ਖੂਨਦਾਨ ਕੈਂਪ

**ਖੂਨ ਦਾਨ ਕਰਨ ਨਾਲ ਕਿਸੇ ਮਨੁੱਖ ਦੀ ਕੀਮਤੀ ਜ਼ਿੰਦਗੀ ਬਚਾਈ ਜਾ ਸਕਦੀ ਹੈ : ਡਾ. ਗੋਇਲ ਤੇ ਮਿੱਤਲ**



**ਨਾਭਾ (ਵਰਿੰਦਰ ਵਰਮਾ)**-ਭਗਤ ਵਿਵੇਕਾਨੰਦ ਵਿਚਾਰ ਮੰਚ ਨਾਭਾ ਵੱਲੋਂ ਸਿਵਲ ਹਸਪਤਾਲ ਵਿਖੇ ਐੱਸ ਐੱਮ ਓ ਡਾਕਟਰ ਸੰਜੇ ਗੋਇਲ ਤੇ ਡਾ. ਹੀਨਾ ਸਿੰਗਲਾ ਦੀ ਅਗਵਾਈ ਹੇਠ ਦੂਸਰਾ ਖੂਨਦਾਨ ਕੈਂਪ ਲਾਇਆ ਗਿਆ। ਇਸ ਕੈਂਪ ਦੀ ਜਾਣਕਾਰੀ ਦਿੰਦਿਆਂ ਵਿਕਾਸ ਮਿੱਤਲ ਤੇ ਸੰਜੀਵ ਕਾਂਸਲ ਨੇ ਦੱਸਿਆ ਕਿ ਇਹ ਕੈਂਪ ਹਰਸ਼ ਬਲੱਡ ਡੋਨਰ ਸੁਸਾਇਟੀ, ਸਮਾਜਿਕ ਸਮਰਸਤਾ ਮੰਚ, ਜੈ ਸ੍ਰੀ ਰਾਮ ਸੇਵਾ ਸੰਮਤੀ ਤੇ ਬੀ ਜੇ ਪੀ ਮੰਡਲ ਨਾਭਾ ਦੇ ਸਹਿਯੋਗ ਨਾਲ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਮਕਸਦ ਲੋੜਵੰਦ ਮਰੀਜ਼ਾਂ ਨੂੰ ਢੁੱਕਵੇਂ ਤੇ ਸਮੇਂ ਸਿਰ ਬਿਨਾਂ ਕਿਸੇ ਵਿੱਤੀ ਬੋਝ ਦੇ ਅਤੇ ਬਿਨਾਂ ਜਾਣ-ਪਹਿਚਾਣ ਸਹਾਇਤਾ ਮਿਲ ਸਕੇ, ਕਿਉਂਕਿ ਖੂਨ ਦਾਨ ਨੂੰ ਮਹਾਂ ਦਾਨ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਖੂਨ ਦਾਨ ਕਰਨ ਨਾਲ ਕਿਸੇ ਵੀ ਮਨੁੱਖ ਦੀ ਕੀਮਤੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਸਮੇਂ ਸਮੇਂ ਅਨੁਸਾਰ ਖੂਨ ਦਾਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਕੈਂਪ ਵਿੱਚ ਭੁਵੇਸ਼ ਬਾਂਸਲ ਪ੍ਰਧਾਨ, ਵਿਪਨ ਬਾਂਸਲ ਹਰਸ਼ ਬਲੱਡ ਡੋਨਰ ਸੁਸਾਇਟੀ ਨਾਭਾ, ਯਸ਼ਪਾਲ ਗੋਇਲ, ਮੋਹਿਤ ਅਰੋੜਾ ਜਤਿਨ ਗੁਪਤਾ, ਮਹਿੰਦਰ ਪਾਲ ਗਰਗ, ਜੈ ਸ੍ਰੀ ਰਾਮ ਸੇਵਾ ਸੰਮਤੀ, ਪਰਮਿੰਦਰ ਗੁਪਤਾ ਪ੍ਰਧਾਨ ਬੀਜੇਪੀ ਮੰਡਲ ਨਾਭਾ ਤੇ ਟੀਮ ਵੱਲੋਂ ਖੂਨਦਾਨ ਕੈਂਪ ਵਿੱਚ ਪੂਰਨ ਸਹਿਯੋਗ ਦਿੱਤਾ ਗਿਆ। ਇਸ ਕੈਂਪ ਵਿੱਚ 35 ਦੇ ਕਰੀਬ ਵਿਅਕਤੀਆਂ ਨੇ ਖੂਨ ਦਾਨ ਕੀਤਾ। ਇਸ ਕੈਂਪ ਦਾ ਸਾਰਾ ਪ੍ਰਬੰਧ ਭਗਤ ਵਿਵੇਕਾਨੰਦ ਵਿਚਾਰ ਮੰਚ ਨਾਭਾ ਵੱਲੋਂ ਕੀਤਾ ਗਿਆ। ਇਸ ਕੈਂਪ ਦੀ ਜ਼ਿੰਮੇਵਾਰੀ ਮੈਡੀਕਲ ਟੀਮ ਸਿਵਲ ਹਸਪਤਾਲ ਨਾਭਾ ਦੇ ਮੈਂਬਰ ਰਜਿੰਦਰ ਚੋਪੜਾ, ਬਿਕਰਮਜੀਤ ਸਿੰਘ, ਵਿਕਾਸ ਮਿਤਲ ਮੈਡੀਕਲ ਲੈਬ ਟੈਕਨੀਸ਼ੀਅਨ, ਰਜਨੀ ਮਿੱਤਲ ਤੇ ਰਣਜੀਤ ਸਿੰਘ ਨੇ ਤਨਦੇਹੀ ਨਾਲ ਨਿਭਾਈ। ਭਗਤ ਯੁਗੇਸ਼ ਅਨੰਦ ਵਿਚਾਰ ਮੰਚ ਨਾਭਾ ਦੇ ਮੈਂਬਰ ਮੁਨੀਸ਼ ਕੁਮਾਰ ਮਿੱਤਲ, ਅੱਛਰ ਕੁਮਾਰ, ਐਡਵੋਕੇਟ ਅਤੁਲ ਬਾਂਸਲ, ਰਾਜ ਕੁਮਾਰ, ਡਾਕਟਰ ਗਗਨਦੀਪ ਸ਼ਰਮਾ ਤੇ ਵਿਕਾਸ ਮਿੱਤਲ ਨੇ ਜਿੱਥੇ ਦਾਨੀ ਸੱਜਣਾਂ ਨੂੰ ਕੈਂਪ ਵਿੱਚ ਲਿਆਉਣ ਲਈ ਉਪਰਾਲਾ ਕੀਤਾ, ਉਥੇ ਹੀ ਸਾਰੀ ਰਿਫਰੈਸ਼ਮੈਂਟ ਤੇ ਹੋਰ ਸਾਰੇ ਖਰਚੇ ਦੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਮੰਚ ਦੇ ਮੈਂਬਰਾਂ ਵੱਲੋਂ ਐੱਸ ਐੱਮ ਓ ਡਾਕਟਰ ਸੰਜੇ ਗੋਇਲ, ਖੂਨਦਾਨੀਆਂ ਤੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਅੱਖਾਂ ਦੇ ਮੁਫਤ ਕੈਂਪ 'ਚ 372 ਮਰੀਜ਼ਾਂ ਦੀ ਕੀਤੀ ਜਾਂਚ

**53 ਮਰੀਜ਼ਾਂ ਦੇ ਪਾਏ ਜਾਣਗੇ ਫਰੀ ਲੈਂਜ਼**



**ਬਰੇਟਾ (ਗੀਤਵਾਲ)**-ਆਸਰਾ ਫਾਊਂਡੇਸ਼ਨ ਬਰੇਟਾ ਤੇ ਯੁਵਾ ਭਾਰਤ ਟਰੱਸਟ ਪੰਜਾਬ ਵੱਲੋਂ ਜਿਉਣਾ ਮੱਲ ਕਪੂਰ ਚੰਦ ਦੀ ਯਾਦ ਨੂੰ ਸਮਰਪਤ ਅੱਖਾਂ ਦਾ 97ਵਾਂ ਕੈਂਪ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਵਿਖੇ ਡਾਕਟਰ ਸਵਤੰਤਰ ਸਿੰਘ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ 372 ਮਰੀਜ਼ਾਂ ਦੇ ਜਾਂਚ ਕਰਕੇ 53 ਮਰੀਜ਼ ਫਰੀ ਲੈਂਜ਼ ਪਾਉਣ ਲਈ ਸਿਲੈਕਟ ਕੀਤੇ ਗਏ, ਜਿਨ੍ਹਾਂ ਨੂੰ ਸ਼ਿਫਟਾਂ ਵਿੱਚ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਸੋਸਾਇਟੀ ਵਿਖੇ ਲਿਜਾ ਕੇ ਫਰੀ ਲੈਂਜ਼ ਪਾਏ ਜਾਣਗੇ। ਇਸ ਕੈਂਪ ਵਿੱਚ ਸਾਰੀਆਂ ਦਵਾਈਆਂ ਦੀ ਸੇਵਾ ਸਾਵਣ ਐਜੂਕੇਸ਼ਨਲ ਟਰੱਸਟ ਦੇ ਸੰਸਥਾਪਕ ਮਹਿੰਦਰ ਸਿੰਘ ਕਟੋਦੀਆ ਚੰਡੀਗੜ੍ਹ ਵੱਲੋਂ ਹਰ ਮਹੀਨੇ ਕੀਤੀ ਜਾਂਦੀ ਹੈ। ਇਸ ਮੌਕੇ ਡਾਕਟਰ ਗੁਲਾਬ ਸਿੰਘ ਕਾਹਨਗੜ੍ਹ ਤੇ ਟੀਮ ਆਸਰਾ ਦੇ ਮੁੱਖ ਸਲਾਹਕਾਰ ਸੁਖਪਾਲ ਸਿੰਘ ਪੰਜਾਬ ਪੁਲਸ ਵੱਲੋਂ ਅੱਖਾਂ ਦੀ ਸੰਭਾਲ ਤੇ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਸਮਝਾਇਆ ਗਿਆ। ਅਗਲਾ ਕੈਂਪ 30 ਜੁਲਾਈ ਨੂੰ ਇਸੇ ਥਾਂ ਦੇ ਉੱਤੇ ਲੱਗੇਗਾ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਨੀ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ ਡਾਕਟਰ ਸਾਹਿਬਾਨ ਦੀ ਟੀਮ ਵਿੱਚ ਸੁਖਵਿੰਦਰ ਸਿੰਘ ਮੈਨੇਜਰ, ਨਰਿੰਦਰ ਕੁਮਾਰ, ਅਮਨ, ਹਰਜੋਤ, ਕਮਲ, ਦਵਿੰਦਰ ਸਿੰਘ, ਇਲਾਕੇ ਦੇ ਮੋਹਤਬਰਾਂ, ਸ਼ਹਿਰ ਨਿਵਾਸੀਆਂ ਤੋਂ ਇਲਾਵਾ ਜ਼ਿਲ੍ਹਾ ਰੂਰਲ ਯੂਥ ਕਲੱਬ ਐਸੋਸੀਏਸ਼ਨ ਮਾਨਸਾ, ਐਂਟੀ-ਕੁਰੱਪਸ਼ਨ ਐਸੋਸੀਏਸ਼ਨ ਮਾਨਸਾ, ਸੰਜੀਵਨੀ ਵੈੱਲਫੇਅਰ ਸੋਸਾਇਟੀ ਬੁਢਲਾਡਾ, ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ, ਜਿਮਟ ਕਾਲਜ ਬੁਢਲਾਡਾ, ਸਤਿਕਾਰ ਕਮੇਟੀ ਬਰੇ ਸਾਹਿਬ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਹਿੰਤ ਕਾਲਜ ਆਫ ਐਜੂਕੇਸ਼ਨ ਬਰੇਟਾ, ਮਹਾਰਾਜਾ ਰਣਜੀਤ ਸਿੰਘ ਸਪੋਰਟਸ ਅਕੈਡਮੀ ਬਰੇਟਾ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ।

# ਪੀਰ ਬਾਬਾ ਚਿਰਾਗ ਸ਼ਾਹ ਦੇ ਸਾਲਾਨਾ ਮੇਲੇ 'ਚ ਵਿਧਾਇਕ ਦਹੀਆ ਹੋਏ ਸ਼ਾਮਲ

**ਮੇਲਾ ਕਮੇਟੀ ਨੂੰ 11000 ਰੁਪਏ ਦੀ ਨਗਦ ਰਾਸ਼ੀ ਕੀਤੀ ਭੇਟ**



**ਮਮਦੋਟ (ਜਸਬੀਰ ਸਿੰਘ ਕੰਬੋਜ)**-ਹਲਕਾ ਫਿਰੋਜ਼ਪੁਰ ਦਿਹਾਤੀ ਦੇ ਪਿੰਡ ਮੱਤੜ ਉਤਾੜ ਵਿਖੇ ਪੀਰ ਬਾਬਾ ਚਿਰਾਗ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬੀ ਗਾਇਕ ਜੋੜੀ ਸ਼ਰੀਫ ਦਿਲਦਾਰ ਵੱਲੋਂ ਮੇਲੇ ਵਿੱਚ ਹਾਜ਼ਰ ਸਰੋਤਿਆਂ ਦਾ ਵੱਖ-ਵੱਖ ਗੀਤਾਂ ਰਾਹੀਂ ਮਨੋਰੰਜਨ ਕੀਤਾ ਗਿਆ, ਜਿਸ ਦਾ ਕੁਝ ਸਮਾਂ ਦਰਸ਼ਕਾਂ ਵਿੱਚ ਬੈਠ ਕੇ ਹਲਕਾ ਵਿਧਾਇਕ ਤੇ ਆਪ ਟੀਮ ਮਮਦੋਟ ਨੇ ਵੀ ਆਨੰਦ ਮਾਣਿਆ। ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਵੱਲੋਂ ਆਪ ਮਮਦੋਟ ਟੀਮ ਸਮੇਤ ਇਸ ਮੇਲੇ 'ਚ ਹਾਜ਼ਰੀ ਭਰੀ ਗਈ। ਇਸ ਮੌਕੇ ਵਿਧਾਇਕ ਰਜਨੀਸ਼ ਦਹੀਆ ਵੱਲੋਂ ਮੇਲਾ ਕਮੇਟੀ ਨੂੰ 11000 ਰੁਪਏ ਦੀ ਨਗਦ ਰਾਸ਼ੀ ਭੇਟ ਕੀਤੀ ਤੇ ਮੇਲਾ ਪ੍ਰਬੰਧਕਾਂ ਵੱਲੋਂ ਸ੍ਰੀ ਦਹੀਆ ਤੇ ਉਨ੍ਹਾਂ ਨਾਲ ਆਈ ਟੀਮ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਨਿਰਵੈਰ ਸਿੰਘ ਸਿੰਧੀ ਸੀਨੀਅਰ ਆਪ ਆਗੂ ਲੋਕ ਸਭਾ ਹਲਕਾ ਫਿਰੋਜ਼ਪੁਰ, ਬਲਰਾਜ ਸਿੰਘ ਸੰਧੂ, ਐੱਮ ਸੀ ਉਪਿੰਦਰ ਸਿੰਧੀ, ਉੱਪ-ਪ੍ਰਧਾਨ ਬਾਬਾ ਦਲਜੀਤ ਸਿੰਘ, ਐੱਮ ਸੀ ਬਾਜ ਸਿੰਘ, ਸਾਜਨ, ਕੇਵਲ ਕ੍ਰਿਸ਼ਨ ਵਿਪਨ, ਲੇਖਰਾਜ ਬਹਿਲ, ਐੱਮ ਸੀ ਸੁਰਿੰਦਰ ਕੁਮਾਰ ਸੋਨੂੰ ਸੇਠੀ, ਐੱਮ ਸੀ ਬਲਵਿੰਦਰ ਸਿੰਘ, ਕੁਲਦੀਪ ਸਿੰਘ, ਵਿੱਕੀ ਧਵਨ, ਲਖਵਿੰਦਰ ਸਿੰਘ ਮੱਤੜ, ਗੋਰਾ ਮੱਤੜ, ਡਾ. ਕੁਲਦੀਪ ਥਿੰਦ, ਕਿਸਾਨ ਆਗੂ ਕੁਲਦੀਪ ਸਿੰਘ ਭੁੱਲਰ, ਜਸਵਿੰਦਰ ਸਿੰਘ ਮੱਤੜ, ਦਿਲਬਾਗ ਸਿੰਘ ਥਿੰਦ, ਸੁਰਿੰਦਰ ਛਿੰਦਾ ਥਿੰਦ, ਡਾ. ਬਲਵੀਰ ਸਿੰਘ ਮੱਤੜ, ਹਰਪ੍ਰੀਤ ਸਿੰਘ ਬਦਲ ਸਵੇਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ, ਆਗੂ ਅਤੇ ਮੇਲਾ ਪ੍ਰੇਮੀ ਹਾਜ਼ਰ ਸਨ।

# ਵਿਉਪਾਰੀ ਲੁੱਟ ਰਿਹੈ, ਸਰਕਾਰ ਖਾਮੋਸ਼ ਹੈ !

**ਪੰਜਾਬ 'ਚ ਵੀ ਉੱਠ ਸਕਦੈ ਹਰਿਆਣੇ ਵਰਗਾ ਘੋਲ : ਜਗਮੋਹਣ ਕੰਗ**



**ਮੋਗਾ (ਅਮਰਜੀਤ ਬੱਬਰੀ)**-ਪ੍ਰਧਾਨ ਜਗਮੋਹਨ ਸਿੰਘ ਕੰਗ ਦੀ ਅਗਵਾਈ ਵਿੱਚ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਦਾ ਜਥਾ ਅੱਜ ਮੋਗਾ ਦੀ ਦਾਣਾ ਮੰਡੀ ਜਾ ਕੇ ਕਿਸਾਨਾਂ ਨੂੰ ਮਿਲਿਆ, ਜਿਹੜੇ ਮੱਕੀ ਤੇ ਮੂੰਗੀ ਵੇਚਣ ਲਈ ਮੰਡੀ ਪੁੱਜੇ ਸਨ। ਇਸ ਜਥੇ ਵਿੱਚ ਹਰਬੰਸ ਸਿੰਘ ਜ਼ਿਲ੍ਹਾ ਕੈਸ਼ੀਅਰ, ਧਰਮ ਸਿੰਘ ਧੱਲੇਕੇ, ਤਰਸੇਮ ਸਿੰਘ ਚੂਹੜਚੱਕ ਆਦਿ ਆਗੂ ਸ਼ਾਮਲ ਸਨ।

ਕੰਗ ਨੇ ਦੱਸਿਆ ਕਿ ਮੂੰਗੀ ਦਾ ਸਰਕਾਰੀ ਰੇਟ 7755 ਰੁਪੈ ਹੈ, ਪਰ ਵਿਉਪਾਰੀ 6300 ਰੁਪੈ ਤੋਂ 6400 ਰੁਪੈ ਤੱਕ ਮੁੱਲ ਦੇ ਰਿਹਾ ਹੈ। ਇਸ ਤਰ੍ਹਾਂ ਇੱਕ ਕਵਿੰਟਲ ਮੂੰਗੀ ਪਿੱਛੇ ਤਕਰੀਬਨ 1500 ਰੁਪੈ ਦੀ ਵਿਉਪਾਰੀ ਲੁੱਟ ਕਰ ਰਿਹਾ ਹੈ। ਇਸੇ ਤਰ੍ਹਾਂ ਮੱਕੀ ਦਾ ਸਰਕਾਰੀ ਰੇਟ 2090 ਰੁਪੈ ਹੈ, ਪਰ 1400 ਰੁਪੈ ਦੇ ਕੇ 700 ਰੁਪੈ ਪ੍ਰਤੀ ਕਵਿੰਟਲ ਦੀ ਲੁੱਟ ਹੋ ਰਹੀ ਹੈ। ਜਦੋਂ ਵਿਉਪਾਰੀ ਨੇ ਦੁਆਰਾ ਮਾਰਕੀਟ ਵਿੱਚ ਮੂੰਗੀ ਤੇ ਮੱਕੀ ਜਾਂ ਮੱਕੀ ਤੋਂ ਹੋਰ ਵਸਤਾਂ ਬਣਾ ਕੇ ਮਾਰਕੀਟ ਵਿੱਚ ਸੇਲ ਲਈ ਭੇਜੇਗਾ, ਉਦੋਂ ਡਬਲ ਰੇਟ ਤੋਂ ਉਪਰ ਕਮਾਈ ਕਰੇਗਾ। ਉਨ੍ਹਾ ਕਿਹਾ ਕਿ ਭਗਵੰਤ ਮਾਨ ਸਰਕਾਰ ਵੀ ਵਿਉਪਾਰੀਆਂ ਪੱਖੀ ਹੈ, ਜੇ ਕਿਸਾਨ ਪੱਖੀ ਹੁੰਦੀ ਤਾਂ ਇਹ ਲੁੱਟ ਨਾ ਹੁੰਦੀ। ਜਗਮੋਹਨ ਸਿੰਘ ਕੰਗ ਤੇ ਰਣਜੀਤ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੱਕੀ ਤੇ ਮੂੰਗੀ 'ਤੇ ਹੋ ਰਹੀ ਲੁੱਟ ਨੂੰ ਰੋਕਿਆ ਜਾਵੇ, ਨਹੀਂ ਤਾਂ ਹਰਿਆਣੇ ਦੇ ਸੂਰਜਮੁਖੀ ਘੋਲ ਵਾਂਗ ਪੰਜਾਬ ਵਿੱਚ ਵੀ ਅੰਦੋਲਨ ਉੱਠ ਸਕਦਾ ਹੈ।

# ਸਸਸ ਸਕੂਲ ਛੀਨੀਵਾਲ ਕਲਾਂ ਦੀ ਪ੍ਰਬੰਧਕ ਕਮੇਟੀ ਦੀ ਚੋਣ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛੀਨੀਵਾਲ ਕਲਾਂ ਦੀ ਪ੍ਰਬੰਧਕ ਕਮੇਟੀ ਦੀ ਚੋਣ ਜ਼ਿਲ੍ਹਾ ਸਿੱਖਿਆ ਅਫਸਰ ਸਰਬਜੀਤ ਸਿੰਘ ਤੂਰ ਦੇ ਦਿਸ਼ਾ ਨਿਰਦੇਸ਼ਾਂ ਤੇ ਸਕੂਲ ਇੰਚਾਰਜ ਮੈਡਮ ਹਰਬੰਸ ਕੌਰ ਦੀ ਦੇਖ-ਰੇਖ ਹੇਠ ਹੋਈ, ਜਿਸ ਦੌਰਾਨ ਸਮੂਹ ਮੈਂਬਰਾਂ ਨੇ ਸਰਬਸੰਮਤੀ ਨਾਲ ਨੰਬਰਦਾਰ ਲਾਭ ਸਿੰਘ ਨੂੰ ਕਮੇਟੀ ਦਾ ਚੇਅਰਮੈਨ ਤੇ ਅਮਨਦੀਪ ਸਿੰਘ ਅਮਨਾ ਨੂੰ ਉੱਪ ਚੇਅਰਮੈਨ ਚੁਣਿਆ। ਇਸ ਤੋਂ ਇਲਾਵਾ ਮਾਨ ਸਿੰਘ, ਪੰਚ ਨਿਰਭੈ ਸਿੰਘ ਢੀਂਡਸਾ, ਕੁਲਦੀਪ ਕੌਰ, ਸੰਦੀਪ ਕੌਰ, ਜਸਪ੍ਰੀਤ ਕੌਰ, ਕਮਲਜੀਤ ਕੌਰ, ਜਸਵੀਰ ਕੌਰ, ਅਸ਼ੋਕ ਕੁਮਾਰ, ਹਰਜੀਤ ਸਿੰਘ, ਨਿਰਭੈ ਸਿੰਘ, ਹਰਬੰਸ ਕੌਰ, ਜਗਸੀਰ ਸਿੰਘ, ਬਲੌਰ ਸਿੰਘ ਆਦਿ ਮੈਂਬਰ ਚੁਣੇ ਗਏ। ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਸਿਰੋਪਾਓ ਭੇਟ ਕਰ ਕੇ ਸਨਮਾਨਤ ਕੀਤਾ। ਉਨ੍ਹਾਂ ਸਮੂਹ ਅਹੁਦੇਦਾਰਾਂ ਤੇ ਸਟਾਫ ਨੂੰ ਹਰ ਪੱਖੋਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਨਵ-ਨਿਯੁਕਤ ਚੇਅਰਮੈਨ ਨੰਬਰਦਾਰ ਲਾਭ ਸਿੰਘ ਨੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰਨ ਤਨਦੇਹੀ ਨਾਲ ਨਿਭਾਉਂਦੇ ਹੋਏ ਮਹਿਕਮੇ ਦੇ ਅਧਿਕਾਰੀਆਂ ਦੇ ਸਹਿਯੋਗ ਨਾਲ ਜਲਦ ਤੋਂ ਜਲਦ ਖਾਲੀ ਅਸਾਮੀਆਂ ਨੂੰ ਪੂਰਾ ਕਰਵਾਉਣਗੇ। ਇਸ ਮੌਕੇ ਕਲੱਬ ਪ੍ਰਧਾਨ ਸੁਖਵਿੰਦਰ ਸਿੰਘ, ਇਕਾਈ ਪ੍ਰਧਾਨ ਹਰਮੰਦਰ ਸਿੰਘ, ਗੁਰਮੀਤ ਸਿੰਘ ਕਾਉਂਕੇ, ਪੰਚ ਮੇਜਰ ਸਿੰਘ, ਗੁਰਚੇਤ ਸਿੰਘ, ਨੰਬਰਦਾਰ ਅਵਤਾਰ ਸਿੰਘ, ਸੁਖਵਿੰਦਰ ਸਿੰਘ ਕਾਕਾ, ਨੰਬਰਦਾਰ ਗੁਰਪ੍ਰੀਤ ਸਿੰਘ, ਹਰਦੇਵ ਸਿੰਘ ਖਾਲਸਾ, ਬਾਪੂ ਮੇਜਰ ਸਿੰਘ, ਸੁਖਦੇਵ ਸਿੰਘ ਸੁੱਖਾ, ਬਲਵੰਤ ਸਿੰਘ, ਮੈਡਮ ਜਗਦੀਪ ਕੌਰ, ਮੈਡਮ ਰੇਖਾ, ਮਾ: ਵਿਕਰਮਜੀਤ ਸਿੰਘ, ਮਾ: ਸ਼ਿਵਕਰਨ ਸਿੰਘ ਆਦਿ ਹਾਜ਼ਰ ਸਨ।

# ਆਈ ਆਈ ਐੱਮ ਸੀ ਦੇਸ਼ ਦਾ ਸਭ ਤੋਂ ਵਧੀਆ ਮੀਡੀਆ ਸਿੱਖਿਆ ਸੰਸਥਾਨ ਬਣਿਆ : ਪ੍ਰੋ. ਦਿਵੇਦੀ



**ਜੈਤੋ (ਸਤੀਸ਼ ਕੁਮਾਰ ਭੀਰੀ)**-ਭਾਰਤ ਅੱਜ ਦੇ ਬੈਸਟ ਕਾਲਜ ਸਰਵੇਖਣ ਵਿੱਚ 1ਵੇਂ ਸਥਾਨ 'ਤੇ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (ਆਈ ਆਈ ਐੱਮ ਸੀ) ਨਵੀਂ ਦਿੱਲੀ ਨੂੰ ਦੇਸ਼ ਦੀ ਵੱਕਾਰੀ ਮੈਗਜ਼ੀਨ ਇੰਡੀਆ ਟੂਡੇ ਦੁਆਰਾ ਬੈਸਟ ਕਾਲਜ ਸਰਵੇ ਵਿੱਚ ਪੱਤਰਕਾਰੀ ਅਤੇ ਮਾਸ ਕਮਿਊਨੀਕੇਸ਼ਨ ਦੇ ਖੇਤਰ ਵਿੱਚ ਸ਼ਦਾ ਸਭ ਤੋਂ ਵਧੀਆ ਕਾਲਜ ਚੁਣਿਆ ਗਿਆ ਹੈ। ਇਸ ਤੋਂ ਪਹਿਲਾਂ, ਆਈ.ਆਈ.ਐੱਮ.ਸੀ. ਨੂੰ ਦਿ ਵੀਕ-ਹੰਸਾ ਰਿਸਰਚ ਸਰਵੇਖਣ ਵਿੱਚ ਮੀਡੀਆ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਨੰਬਰ 1 ਕਾਲਜ ਦਾ ਵੀ ਦਰਜਾ ਦਿੱਤਾ ਗਿਆ ਸੀ। ਇਸ ਮੌਕੇ ਆਈ.ਆਈ.ਐੱਮ.ਸੀ. ਦੇ ਡਾਇਰੈਕਟਰ ਜਨਰਲ ਪ੍ਰੋ. ਸੰਜੇ ਦਿਵੇਦੀ ਨੇ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਇਹ ਆਈ.ਆਈ.ਐੱਮ.ਸੀ. ਪਰਿਵਾਰ ਲਈ ਬਹੁਤ ਮਾਣ ਦੀ ਗੱਲ ਹੈ। ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਨੁਰਾਗ ਠਾਕੁਰ ਤੇ ਆਈ ਆਈ ਐੱਮ ਸੀ ਦੇ ਚੇਅਰਮੈਨ ਅਪੂਰਵ ਚੰਦਰ ਦੀ ਅਗਵਾਈ ਤੇ ਸਮਰਥਨ ਨਾਲ ਸੰਸਥਾ ਅਕਾਦਮਿਕ ਗੁਣਵੱਤਾ ਦੇ ਮਿਆਰ ਨਿਰਧਾਰਤ ਕਰਨ ਵਿੱਚ ਸਫਲ ਰਹੀ ਹੈ। ਉਨ੍ਹਾ ਕਿਹਾ ਕਿ ਆਈ.ਆਈ.ਐੱਮ.ਸੀ. ਦੇ ਸਾਰੇ ਸਾਬਕਾ ਡਾਇਰੈਕਟਰ ਜਨਰਲਾਂ, ਪ੍ਰੋਫੈਸਰਾਂ, ਅਧਿਕਾਰੀਆਂ ਤੇ ਕਰਮਚਾਰੀਆਂ ਦੇ ਅਣਥੱਕ ਯਤਨਾਂ ਕਾਰਨ ਅਸੀਂ ਲਗਾਤਾਰ ਕਈ ਸਾਲਾਂ ਤੋਂ ਪਹਿਲੇ ਸਥਾਨ 'ਤੇ ਰਹੇ ਹਾਂ। ਭਾਰਤੀ ਜਨ ਸੰਚਾਰ ਸੰਸਥਾਨ ਦੇ ਡਾਇਰੈਕਟਰ ਜਨਰਲ ਪ੍ਰੋ. ਦਿਵੇਦੀ ਅਨੁਸਾਰ ਡਿਜੀਟਲ ਮੀਡੀਆ ਤੇ ਮੀਡੀਆ ਕਨਵਰਜੈਂਸ ਸਮੇਂ ਦੀ ਜ਼ਰੂਰਤ ਹੈ ਅਤੇ ਆਈ.ਆਈ.ਐੱਮ.ਸੀ. ਨੇ ਮੀਡੀਆ ਸਿੱਖਿਆ, ਸਿਖਲਾਈ ਤੇ ਖੋਜ ਦੇ ਖੇਤਰ ਵਿੱਚ ਇੱਕ ਸਥਾਨ ਬਣਾਇਆ ਹੈ। ਅਸੀਂ ਲਗਾਤਾਰ ਮੀਡੀਆ ਨੂੰ ਸੈਕਟਰ ਦੀ ਲੋੜ ਅਨੁਸਾਰ ਕੋਰਸ ਅੱਪਡੇਟ ਕੀਤਾ ਹੈ ਤੇ ਇਹੀ ਕਾਰਨ ਹੈ ਕਿ ਆਈ.ਆਈ.ਐੱਮ.ਸੀ. ਦੇ ਸਾਬਕਾ ਵਿਦਿਆਰਥੀ ਅੱਜ ਨਾ ਸਿਰਫ ਦੇਸ਼ ਵਿੱਚ ਬਲਕਿ ਵਿਦੇਸ਼ਾਂ ਵਿੱਚ ਵੀ ਮੀਡੀਆ, ਸੂਚਨਾ ਤੇ ਸੰਚਾਰ ਸੰਗਠਨਾਂ ਵਿੱਚ ਲੀਡਰਸ਼ਿਪ ਦੀ ਭੂਮਿਕਾ ਵਿੱਚ ਹਨ। ਪ੍ਰੋ. ਦਿਵੇਦੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਫਲਤਾ ਕਿਸੇ ਵੀ ਸੰਸਥਾ ਦੀ ਸਫਲਤਾ ਹੁੰਦੀ ਹੈ। ਅਸੀਂ ਆਪਣੇ ਵਿਦਿਆਰਥੀਆਂ ਨੂੰ ਸਫਲ ਬਣਾਉਣ ਦੇ ਹਰ ਮੌਕੇ ਪ੍ਰਦਾਨ ਕਰ ਰਹੇ ਹਾਂ, ਜੋ ਉਨ੍ਹਾਂ ਦੇ ਵਿਕਾਸ ਲਈ ਜ਼ਰੂਰੀ ਹੈ। ਅਸੀਂ ਚਾਹੁੰਦੇ ਹਾਂ ਕਿ ਸਾਡੇ ਵਿਦਿਆਰਥੀ ਦੁਨੀਆ ਦੇ ਸਭ ਤੋਂ ਸਫਲ ਲੋਕਾਂ ਨਾਲ ਗੱਲਬਾਤ ਕਰਨ ਦੇ ਯੋਗ ਹੋਣ।

ਸਾਡਾ ਉਦੇਸ਼ ਸੰਚਾਰ ਦੀ ਦੁਨੀਆ ਵਿੱਚ 'ਗਲੋਬਲ ਲੀਡਰ' ਬਣਾਉਣਾ ਹੈ। ਭਾਰਤੀ ਜਨ ਸੰਚਾਰ ਸੰਸਥਾਨ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਅਧੀਨ ਪੱਤਰਕਾਰੀ ਅਤੇ ਜਨਤਕ ਸੰਚਾਰ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਸੰਸਥਾ ਹੈ। ਭਾਰਤੀ ਜਨ ਸੰਚਾਰ ਸੰਸਥਾਨ ਵੱਖ-ਵੱਖ ਭਾਸ਼ਾਵਾਂ ਵਿੱਚ ਪ੍ਰਿੰਟ ਪੱਤਰਕਾਰੀ, ਰੇਡੀਓ ਤੇ ਟੀ ਵੀ ਪੱਤਰਕਾਰੀ, ਡਿਜੀਟਲ ਮੀਡੀਆ ਵਿੱਚ ਪੋਸਟ ਗ੍ਰੈਜੂਏਟ ਡਿਪਲੋਮੇ ਦੀ ਪੇਸ਼ਕਸ਼ ਕਰਦਾ ਹੈ। ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (ਆਈ ਆਈ ਐੱਮ ਸੀ) ਨਵੀਂ ਦਿੱਲੀ ਨੂੰ ਦੇਸ਼ ਦੀ ਵੱਕਾਰੀ ਮੈਗਜ਼ੀਨ ਇੰਡੀਆ ਟੂਡੇ ਦੁਆਰਾ ਬੈਸਟ ਕਾਲਜ ਸਰਵੇ ਵਿੱਚ ਪੱਤਰਕਾਰੀ ਤੇ ਮਾਸ ਕਮਿਊਨੀਕੇਸ਼ਨ ਦੇ ਖੇਤਰ 'ਚ ਦੇਸ਼ ਦਾ ਸਭ ਤੋਂ ਵਧੀਆ ਕਾਲਜ ਚੁਣਿਆ ਗਿਆ ਹੈ।

# ਸਿੱਧੂ ਨੇ ਅਨਾਜ ਮੰਡੀ ਵਿਖੇ ਮੂੰਗੀ ਦੀ ਖਰੀਦ ਸ਼ੁਰੂ ਕਰਵਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਰਾਮਪੁਰਾ ਫੂਲ ਦੀ ਅਨਾਜ ਮੰਡੀ ਵਿਖੇ ਮੂੰਗੀ ਦੀ ਫਸਲ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਬਲਕਾਰ ਸਿੱਧੂ ਨੇ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨਾਂ ਦੀਆਂ ਲੋੜਾਂ ਤੇ ਦੁੱਖ ਦਰਦਾਂ ਤੋਂ ਚੰਗੀ ਤਰ੍ਹਾਂ ਵਾਕਿਫ ਹਨ। ਉਨ੍ਹਾ ਕਿਹਾ ਕਿ ਕਣਕ, ਝੋਨੇ ਤੋਂ ਇਲਾਵਾ ਆਮ ਆਦਮੀ ਪਾਰਟੀ ਦੀ ਸਰਕਾਰ ਮੂੰਗੀ ਦੀ ਫਸਲ 'ਤੇ ਵੀ ਐੱਮ.ਐੱਸ.ਪੀ. ਦੇ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਆਉਣ ਵਾਲੇ ਸਮੇਂ ਹੋਰ ਫਸਲਾਂ 'ਤੇ ਵੀ ਐੱਮ.ਐੱਸ.ਪੀ. ਦੇਣ ਦਾ ਪ੍ਰਬੰਧ ਕਰੇਗੀ, ਜਿਸ ਨਾਲ ਕਿਸਾਨਾਂ ਨੂੰ ਕਰਜ਼ੇ ਦੇ ਮੱਕੜ ਜਾਲ ਵਿੱਚੋਂ ਬਾਹਰ ਕੱਢਿਆ ਜਾ ਸਕੇਗਾ ਤੇ ਕਿਰਸਾਨੀ ਇਕ ਲਾਹੇਵੰਦ ਧੰਦਾ ਬਣ ਜਾਵੇਗਾ।

ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ, ਜੋ ਕਿਸਾਨਾਂ, ਵਪਾਰੀਆਂ, ਮੁਲਾਜ਼ਮਾਂ ਤੇ ਮਜ਼ਦੂਰ ਪੱਖੀ ਨੀਤੀਆਂ ਲਾਗੂ ਕਰਨ ਲਈ ਵਚਨਬੱਧ ਹੈ। ਸਿੱਧੂ ਨੇ ਕਿਹਾ ਕਿ ਖਰੀਦ ਕੇਂਦਰਾਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਜਾ ਚੁੱਕੇ ਹਨ ਅਤੇ ਜੇਕਰ ਕਿਸੇ ਕਿਸਾਨ ਨੂੰ ਕੋਈ ਵੀ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਡੀ ਐੱਮ ਮਾਰਕਫੈੱਡ ਐੱਚ ਐੱਸ ਧਾਲੀਵਾਲ, ਮਾਰਕੀਟ ਕਮੇਟੀ ਦੇ ਸਕੱਤਰ ਹਰਸਵੰਤ ਸਿੰਘ, ਮਾਰਕਫੈੱਡ ਦੇ ਮੈਨੇਜਰ ਕਰਮਜੀਤ ਸਿੰਘ, ਆਪ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਪੰਜਾਬ ਸਟੇਟ ਫੂਡ ਕਮਿਸ਼ਨ ਮੈਂਬਰ ਵੱਲੋਂ ਰਾਸ਼ਨ ਡਿਪੂਆਂ ਦੀ ਚੈਕਿੰਗ



ਰਾਸ਼ਨ ਡਿੱਪੂ ਦੀ ਚੈਕਿੰਗ ਕਰਦੇ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ।

**ਮੋਗਾ (ਅਮਰਜੀਤ ਬੱਬਰੀ)**-ਨੈਸ਼ਨਲ ਫੂਡ ਸਕਿਉਰਿਟੀ ਐਕਟ-2013 ਤੇ ਦੀ ਪੰਜਾਬ ਫੂਡ ਸਕਿਉਰਿਟੀ ਰੂਲਜ਼ 2016 ਨੂੰ ਇੰਨ-ਬਿੰਨ ਲਾਗੂ ਕਰਨ ਤੇ ਇਸ ਐਕਟ ਤਹਿਤ ਆਮ ਲੋਕਾਂ ਨੂੰ ਵੱਧ ਤੋਂ ਵੱਧ ਫਾਇਦਾ ਪਹੁੰਚਾਉਣ ਦੇ ਮਕਸਦ ਵਜੋਂ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਜ਼ਿਲ੍ਹਾ ਮੋਗਾ ਦੇ ਵੱਖ ਵੱਖ ਸਰਕਾਰੀ ਰਾਸ਼ਨ ਡਿੱਪੂਆਂ ਦੀ ਚੈਕਿੰਗ ਕੀਤੀ। ਉਨ੍ਹਾ ਸਿਵਲ ਲਾਈਨ ਮੋਗਾ ਦੇ ਰਾਸ਼ਨ ਡਿੱਪੂਆਂ ਤੋਂ ਇਲਾਵਾ ਪਿੰਡ ਖੋਸਾ ਕੋਟਲਾ ਦੇ ਰਾਸ਼ਨ ਡਿੱਪੂਆਂ ਦੀ ਚੈਕਿੰਗ ਕੀਤੀ। ਇਸ ਅਚਨਚੇਤੀ ਦੌਰੇ ਦੌਰਾਨ ਚੇਤਨ ਪ੍ਰਕਾਸ਼ ਨੇ ਡਿੱਪੂ ਹੋਲਡਰਾਂ ਨੂੰ ਸਖਤ ਤਾੜਨਾ ਕੀਤੀ ਕਿ ਕਣਕ ਦੀ ਵੰਡ ਪ੍ਰਕਿਰਿਆ ਵਿੱਚ ਕਿਸੇ ਵੀ ਪ੍ਰਕਾਰ ਦੀ ਤਰੁੱਟੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਇਸ ਚੈਕਿੰਗ ਦੌਰਾਨ ਹੋਰ ਵੀ ਜੋ ਛੋਟੀਆਂ ਮੋਟੀਆਂ ਕਮੀਆਂ ਮੈਂਬਰ ਦੇ ਧਿਆਨ ਵਿੱਚ ਆਈਆਂ, ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਦੂਰ ਕਰਨ ਦੇ ਸਖਤ ਦਿਸ਼ਾ-ਨਿਰਦੇਸ਼ ਉਨ੍ਹਾਂ ਵੱਲੋਂ ਸਬੰਧਤਾਂ ਨੂੰ ਜਾਰੀ ਕੀਤੇ ਗਏ। ਪੂਰੇ ਜ਼ਿਲ੍ਹੇ ਵਿੱਚ ਕਣਕ ਦੀ ਮੱਠੀ ਵੰਡ ਪ੍ਰਕਿਰਿਆ ਦਾ ਚੇਤਨ ਪ੍ਰਕਾਸ਼ ਵੱਲੋਂ ਸਖਤ ਨੋਟਿਸ ਲਿਆ ਗਿਆ ਤੇ ਇਸ ਨੂੰ ਤੁਰੰਤ ਪ੍ਰਭਾਵ ਨਾਲ ਦੂਰ ਕਰਨ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਆਮ ਜਨਤਾ ਦੀ ਜਾਣਕਾਰੀ ਲਈ ਦੱਸਿਆ ਕਿ ਜੇਕਰ ਕਿਸੇ ਵੀ ਵਿਅਕਤੀ ਨੇ ਸਰਕਾਰੀ ਰਾਸ਼ਨ ਡਿੱਪੂਆਂ, ਆਂਗਣਵਾੜੀ ਕੇਂਦਰਾਂ ਜਾਂ ਸਕੂਲਾਂ ਦੇ ਮਿੱਡ-ਡੇ ਮੀਲ ਸਬੰਧੀ ਕੋਈ ਸ਼ਿਕਾਇਤ ਕਰਨੀ ਹੈ ਤਾਂ ਉਹ ਕਮਿਸ਼ਨ ਦੀ ਵੈੱਬਸਾਈਟ https://psfc.punjab.gov.in ਉੱਪਰ ਦਰਜ ਕਰਵਾ ਸਕਦੇ ਹਨ। ਉਨ੍ਹਾ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਆਮ ਜਨਤਾ ਦੀ ਸਹਾਇਤਾ ਲਈ ਹੈਲਪਲਾਈਨ ਨੰਬਰ 98767-64545 ਵੀ ਜਾਰੀ ਕੀਤਾ ਹੋਇਆ ਹੈ, ਜਿਸ ਦਾ ਕਿ ਆਮ ਲੋਕਾਂ ਨੂੰ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਇਸ ਤਰ੍ਹਾਂ ਦੀਆਂ ਹੋਰ ਚੈਕਿੰਗਾਂ ਸਮੇਂ ਸਮੇਂ ਕੀਤੀਆਂ ਜਾਣਗੀਆਂ ਤੇ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਸਟੇਟ ਫੂਡ ਕਮਿਸ਼ਨ ਆਮ ਜਨਤਾ ਨੂੰ ਵਧੀਆ ਸੇਵਾਵਾਂ ਦੇਣ ਲਈ ਵਚਨਬੱਧ ਹੈ।

# ਏ ਟੀ ਐੱਮ ਕਾਰਡ ਤੋਂ ਅਵੇਸਲਾ ਹੋ ਲਵਾ ਬੈਠਾ ਇੱਕ ਲੱਖ ਦੀ ਚਪਤ !

**ਸਿਰਸਾ (ਸੁਰਿੰਦਰ ਪਾਲ ਸਿੰਘ)**-ਇੱਕ ਚਲਾਕ ਵਿਅਕਤੀ ਵੱਲੋਂ ਸਿਰਸਾ ਖੇਤਰ ਦੀ ਢਾਣੀ-400 ਦੇ ਰਹਿਣ ਵਾਲੇ ਲੇਖ ਰਾਜ ਤੋਂ ਉਸ ਦਾ ਏ.ਟੀ.ਐੱਮ. ਬਦਲ ਕੇ ਇੱਕ ਲੱਖ ਰੁਪਏ ਕਢਵਾ ਲਏ।ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਲੇਖ ਰਾਜ ਨੇ ਦੱਸਿਆ ਕਿ ਉਸ ਦਾ ਪਿੰਡ ਚਾਮਲ ਵਿੱਚ ਪੰਜਾਬ ਨੈਸ਼ਨਲ ਬੈਂਕ ਵਿੱਚ ਖਾਤਾ ਹੈ।

ਜਦੋਂ ਉਹ ਹਿਸਾਰ ਰੋਡ ਸਥਿਤ ਪੀ ਐੱਨ ਬੀ ਦੇ ਏ ਟੀ ਐੱਮ ਤੋਂ ਪੈਸੇ ਕਢਵਾਉਣ ਗਿਆ ਤਾਂ ਉਸ ਨੇ ਦੋ ਵਾਰ ਪੰਜ ਪੰਜ ਹਜ਼ਾਰ ਰੁਪਏ ਕਢਵਾਏ ਤਾਂ ਇਸੇ ਦੌਰਾਨ ਇਕ ਚਾਲਾਕ ਵਿਅਕਤੀ ਉਸ ਕੋਲ ਆਇਆ ਤੇ ਕਿਹਾ ਕਿ ਤੁਸੀਂ ਰਕਮ ਗਿਣ ਲਓ।ਉਹ ਜਦੋਂ ਪੈਸੇ ਗਿਣਨ ਲੱਗਾ ਤਾਂ ਇਸੇ ਦੌਰਾਨ ਉਸ ਛਾਤਰ ਵਿਅਕਤੀ ਨੇ ਉਸ ਨਾਲ ਏ.ਟੀ.ਐੱਮ. ਬਦਲ ਲਿਆ। ਉਹ ਮਸ਼ੀਨ 'ਚ ਪਿਆ ਏ ਟੀ ਐੱਮ ਕੱਢ ਕੇ ਘਰ ਆ ਗਿਆ ਤੇ ਸ਼ਾਮ ਨੂੰ ਉਸ ਦੇ ਮੋਬਾਈਲ 'ਤੇ ਇੱਕ ਲੱਖ ਰੁਪਏ ਕਢਵਾਉਣ ਦਾ ਮੈਸਜ਼ ਆਇਆ ਤਾਂ ਉਸ ਦੇ ਕੰਨ ਖੜੇ ਹੋਏ, ਜਿਸ 'ਤੇ ਵਿਚਾਰੇ ਲੇਖ ਰਾਜ ਨੇ ਆਪਣਾ ਏ.ਟੀ.ਐੱਮ. ਚੈੱਕ ਕੀਤਾ ਤਾਂ ਇਹ ਕਿਸੇ ਹੋਰ ਦਾ ਸੀ। ਲੇਖ ਰਾਜ ਨੇ ਤੁਰੰਤ ਬੈਂਕ ਦੇ ਹੈਲਪਲਾਈਨ ਨੰਬਰ 'ਤੇ ਫੋਨ ਕਰਕੇ ਏਟੀਐੱਮ ਬੰਦ ਕਰਵਾ ਦਿੱਤਾ।ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

# ਸਿੱਖਿਆ ਦੇ ਅਧਿਕਾਰ ਐਕਟ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਹੋਵੇ : ਢੋਸੀਵਾਲ

**ਮਾਮਲੇ ਸੰਬੰਧੀ ਡੀ ਈ ਓ ਨਾਲ ਮੀਟਿੰਗ ਅੱਜ**

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਸਾਰੇ ਦੇਸ਼ ਵਿੱਚ ਸਿੱਖਿਆ ਦਾ ਅਧਿਕਾਰ ਐਕਟ 2009 (ਰਾਈਟ ਟੂ ਐਜੂਕੇਸ਼ਨ ਐਕਟ) ਲਾਗੂ ਕੀਤਾ ਹੋਇਆ ਹੈ। ਇਸ ਐਕਟ ਅਨੁਸਾਰ ਵਿਦਿਆਰਥੀਆਂ ਦਾ ਭਵਿੱਖ ਸੰਵਾਰਨ ਲਈ ਦੇਸ਼ ਅੰਦਰ ਅਣ-ਏਡਿਡ ਪ੍ਰਾਈਵੇਟ ਸਕੂਲਾਂ ਦੀ ਮਾਨਤਾ ਆਦਿ ਲਈ ਸ਼ਰਤਾਂ, ਕਾਨੂੰਨ ਤੇ ਮਾਪਦੰਡ ਨਿਰਧਾਰਤ ਕੀਤੇ ਗਏ ਹਨ। ਐਕਟ ਅਨੁਸਾਰ ਅਣ-ਏਡਿਡ ਪ੍ਰਾਈਵੇਟ ਸਕੂਲਾਂ ਵਿੱਚ 25 ਪ੍ਰਤੀਸ਼ਤ ਸੀਟਾਂ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਬੱਚਿਆਂ ਲਈ ਰਾਖਵੀਆਂ ਰੱਖੀਆਂ ਗਈਆਂ ਹਨ। ਕਮਜ਼ੋਰ ਵਰਗ ਲਈ ਕੇਵਲ ਆਰਥਿਕਤਾ ਹੀ ਪੈਮਾਨਾ ਮੰਨਿਆ ਜਾਂਦਾ ਹੈ, ਕਿਸੇ ਜਾਤ ਦਾ ਕੋਈ ਸੰਬੰਧ ਨਹੀਂ ਹੈ। ਇਸੇ ਤਰ੍ਹਾਂ ਅਣ-ਏਡਿਡ ਪ੍ਰਾਈਵੇਟ ਸਕੂਲ ਚਲਾਉਣ ਵਾਲੇ ਸੰਚਾਲਕਾਂ, ਮਾਲਕਾਂ ਤੇ ਪ੍ਰਬੰਧਕਾਂ ਲਈ ਵੀ ਸਪੱਸ਼ਟ ਹਦਾਇਤਾਂ ਨਿਰਧਾਰਤ ਹਨ। ਇਨ੍ਹਾਂ ਹਦਾਇਤਾਂ ਅਨੁਸਾਰ ਅਣ-ਏਡਿਡ ਪ੍ਰਾਈਵੇਟ ਸਕੂਲ ਚਲਾਉਣ ਲਈ ਖੁੱਲ੍ਹੇ ਤੇ ਹਵਾਦਾਰ ਕਮਰੇ ਹੋਣੇ ਚਾਹੀਦੇ ਹਨ। ਸਕੂਲ ਅੰਦਰ ਲਾਇਬ੍ਰੇਰੀ ਤੇ ਪ੍ਰਯੋਗਸ਼ਾਲਾ ਦੀ ਸ਼ਰਤ ਵੀ ਲਾਜ਼ਮੀ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਟਰੇਂਡ ਸਟਾਫ ਬਾਰੇ ਵੀ ਨਿਯਮ ਹਨ। ਅਜਿਹੇ ਸਕੂਲਾਂ ਲਈ ਫਾਇਰ ਸੇਫਟੀ ਤੇ ਬਿਲਡਿੰਗ ਸੇਫਟੀ ਸਬੰਧੀ ਸਰਟੀਫਿਕੇਟ ਪ੍ਰਾਪਤ ਕਰਨਾ ਵੀ ਲਾਜ਼ਮੀ ਕਰਾਰ ਦਿੱਤਾ ਹੋਇਆ ਹੈ। ਸਕੂਲ ਦੀ ਐਂਟਰੀ ਲਈ ਖੁੱਲ੍ਹਾ ਰਸਤਾ ਤੇ ਮੇਨ ਗੇਟ ਹੋਣਾ ਜ਼ਰੂਰੀ ਹੈ। ਇਸ ਤੋਂ ਇਲਾਵਾ ਕਿਸੇ ਵੀ ਦੁਰਘਟਨਾ ਦੀ ਸੂਰਤ ਵਿੱਚ ਅਜਿਹੇ ਸਕੂਲਾਂ ਲਈ ਬਦਲਵਾਂ ਰਸਤਾ ਤੇ ਗੇਟ ਵੀ ਹੋਣਾ ਜ਼ਰੂਰੀ ਹੈ। ਉਕਤ ਸ਼ਰਤਾਂ ਨਾ ਪੂਰੀਆਂ ਕਰਨ ਵਾਲੇ ਸਕੂਲਾਂ ਨੂੰ ਸਿੱਖਿਆ ਵਿਭਾਗ ਵੱਲੋਂ ਨਾ ਤਾਂ ਮਾਨਤਾ ਦਿੱਤੀ ਜਾਂਦੀ ਹੈ ਤੇ ਨਾ ਹੀ ਸਰਕਾਰੀ ਨਿਯਮਾਂ ਅਨੁਸਾਰ ਅਜਿਹੇ ਸਕੂਲ ਚਲਾਏ ਜਾ ਸਕਦੇ ਹਨ। ਇਹ ਜਾਣਕਾਰੀ ਦਿੰਦੇ ਹੋਏ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਜ਼ਿਲ੍ਹੇ ਅੰਦਰ ਕੁਝ ਅਣ-ਏਡਿਡ ਪ੍ਰਾਈਵੇਟ ਸਕੂਲ ਆਰ.ਟੀ.ਈ. ਐਕਟ ਦੇ ਉਕਤ ਨਿਯਮਾਂ ਦੀ ਪਾਲਣਾ ਨਹੀਂ ਕਰਦੇ। ਸਿੱਟੇ ਵਜੋਂ ਲੋਕ ਹਿੱਤ ਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਮੱਦੇਨਜ਼ਰ ਰੱਖਦੇ ਹੋਏ ਉਨ੍ਹਾਂ ਦੀ ਸੰਸਥਾ ਨੇ ਕਰੀਬ ਤਿੰਨ ਮਹੀਨੇ ਪਹਿਲਾਂ ਸਥਾਨਕ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਰਾਹੀਂ ਇਹ ਸਾਰਾ ਮਾਮਲਾ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਸੀ ਤੇ ਸਾਰੇ ਮਾਮਲੇ ਦੀ ਪੜਤਾਲ ਕਰਨ ਦੀ ਬੇਨਤੀ ਕੀਤੀ ਸੀ। ਇਸ ਸਬੰਧੀ ਰਾਜ ਦੇ ਮੁੱਖ ਮੰਤਰੀ, ਸਿੱਖਿਆ ਮੰਤਰੀ, ਚੀਫ ਸੈਕਟਰੀ, ਸਿੱਖਿਆ ਸਕੱਤਰ, ਰਾਜ ਬਾਲ ਅਧਿਕਾਰ ਕਮਿਸ਼ਨ ਤੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਵੀ ਲਿਖਤੀ ਤੌਰ 'ਤੇ ਸ਼ਿਕਾਇਤ ਕੀਤੀ ਗਈ ਸੀ। ਹੁਣ ਇਸ ਮਾਮਲੇ ਸਬੰਧੀ ਕੀਤੀ ਗਈ ਕਾਰਵਾਈ ਸਬੰਧੀ ਗੱਲਬਾਤ ਕਰਨ ਤੇ ਜਾਣਕਾਰੀ ਲੈਣ ਹਿੱਤ ਵਿਕਾਸ ਮਿਸ਼ਨ ਵੱਲੋਂ ਆਉਂਦੀ 26 ਜੂਨ ਨੂੰ ਸਵੇਰੇ 9:00 ਵਜੇ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ ਜਾਵੇਗੀ। ਪ੍ਰਧਾਨ ਢੋਸੀਵਾਲ ਨੇ ਸਰਕਾਰ ਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਕਿ ਜ਼ਿਲ੍ਹੇ ਅੰਦਰ ਆਰ.ਟੀ.ਈ. ਐਕਟ 2009 ਦੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਅਣ-ਏਡਿਡ ਪ੍ਰਾਈਵੇਟ ਸਕੂਲਾਂ ਨੂੰ ਤੁਰੰਤ ਪ੍ਰਭਾਵ ਤੋਂ ਬੰਦ ਕਰਵਾਇਆ ਜਾਵੇ ਤੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਲਈ ਅਜਿਹੇ ਸਕੂਲਾਂ ਦੇ ਮਾਲਕਾਂ, ਸੰਚਾਲਕਾਂ ਤੇ ਪ੍ਰਬੰਧਕਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

26-June-PAGE-8.qxd 6/25/2023 8:53 PM Page 1



# ਪੀੜਤ ਨੂੰ ਇਨਸਾਫ ਦਿਵਾਉਣ ਲਈ ਜਨਤਕ ਜਥੇਬੰਦੀਆਂ ਨੇ ਡੀ ਐੱਸ ਪੀ ਦਫਤਰ ਦਾ ਕੀਤਾ ਘਿਰਾਓ

**ਸੁਲਤਾਨਪੁਰ ਲੋਧੀ, ( ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)** ਪੇਂਡੂ ਮਜਦੂਰ ਯੂਨੀਅਨ ਪੰਜਾਬ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਸੱਦੇ 'ਤੇ ਜਨਤਕ ਜਥੇਬੰਦੀਆਂ ਵੱਲੋਂ ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਪਹਿਲਾਂ ਬੱਸ ਅੱਡੇ 'ਤੇ ਵੱਡੀ ਗਿਣਤੀ ਵਿੱਚ ਮਜਦੂਰਾਂ ਕਿਸਾਨਾਂ ਨੇ ਇਕੱਠੇ ਹੋ ਕੇ ਡੀ ਐਸ ਪੀ ਦਫਤਰ ਤੱਕ ਰੋਸ ਪ੍ਰਦਰਸ਼ਨ ਕਰਦਿਆਂ ਨਾਅਰੇਬਾਜੀ ਕੀਤੀ ਅਤੇ 12 ਵਜੇ ਤੋਂ ਸ਼ਾਮ 4 ਤੱਕ ਡੀ ਐਸ ਪੀ ਦਫਤਰ ਘਿਰਾਓ ਕੀਤਾ ਗਿਆ। ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਸੂਬਾ ਆਗੂ ਨਿਰਮਲ ਸਿੰਘ ਸ਼ੇਰਪੁਰ ਸੱਧਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ, ਸਕੱਤਰ ਤਰਸੇਮ ਸਿੰਘ ਬੰਨੇਮੱਲ, ਗੁਰਦਿਆਲ ਸਿੰਘ ਬੂਹ, ਕੁਲਵਿੰਦਰ ਸਿੰਘ ਭੰਡਾਲ ਬੇਟ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਐਡਵੋਕੇਟ ਰਜਿੰਦਰ ਸਿੰਘ ਰਾਣਾ, ਮਾਸਟਰ ਚਰਨ ਸਿੰਘ, ਕਿਸਾਨ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਬਾਉਪੁਰ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ, ਰਛਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਧਰਮਿੰਦਰ ਸਿੰਘ, ਦਿਹਾਤੀ ਮਜਦੂਰ ਸਭਾ ਦੇ ਆਗੂ ਹਰਬੰਸ ਸਿੰਘ ਮੱਟੂ, ਹਰਮੇਲ ਸਿੰਘ, ਪੰਜਾਬ ਕਿਸਾਨ ਯੂਨੀਅਨ ਬਾਗੀ ਦੇ ਜ਼ਿਲ੍ਹਾ ਆਗੂ ਸੁਰਿੰਦਰ ਸਿੰਘ ਬਾਉਪੁਰ, ਭਾਰਤ ਨਿਰਮਾਣ ਯੂਨੀਅਨ ਦੇ ਜ਼ਿਲ੍ਹਾ ਆਗੂ ਬਲਦੇਵ ਸਿੰਘ, ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਜਵਾਲਾਪੁਰ, ਯੂਥ ਵਿੰਗ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਗੁਰਪ੍ਰੀਤ ਚੀਦਾ, ਗੁਰਚਰਨ ਅਟਵਾਲ, ਨੌਜਵਾਨ ਭਾਰਤ ਸਭਾ ਦੇ ਆਗੂ ਸੋਨੂ ਅਰੋੜਾ ਨੇ ਕਿਹਾ ਕਿ ਪਿੰਡ ਰਾਮਪੁਰ ਜਾਗੀਰ ਦੇ ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਪਿਛਲੇ ਕਈ ਮਹੀਨਿਆਂ ਤੋਂ ਸੰਘਰਸ਼ ਕਰ ਰਹੀਆਂ ਜਨਤਕ ਜਥੇਬੰਦੀਆਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਪਿੰਡ ਦੇ ਹੀ ਸੂਦਖੋਰ ਆੜ੍ਹਤੀਏ ਨੇ ਜਾਲਸਾਜੀ ਢੰਗ ਤਰੀਕੇ ਕੁਲ 16 ਮਰਲੇ ਰਿਹਾਇਸ਼ੀ ਨੰਬਰੀ ਥਾਂ ਜਿਸ ਦਾ ਖਸਰਾ ਨੰਬਰ 151 ਅਤੇ ਖਤੌਨੀ ਨੰਬਰ 291 ਵਿਚੋਂ 8 ਮਰਲੇ ਕਿਸੇ ਹੋਰ ਦੇ ਨਾਂਅ 'ਤੇ ਬਿਆਨਾ ਕਰਵਾ ਕੇ ਕੋਰਟ ਰਾਹੀਂ ਡਿਗਰੀ ਕਰਵਾ ਲਈ ਅਤੇ 8 ਮਰਲੇ ਨੂੰ ਲਾਲ ਲਕੀਰ ਬਣਾ ਕੇ ਜਾਲੀ ਰਜਿਸਟਰੀ ਕਰਵਾ ਕੇ ਫਿਰ ਕਿਸੇ ਹੋਰ ਨੂੰ ਜਾਲੀ ਰਜਿਸਟਰੀ ਕਰਵਾ ਦਿੱਤੀ। ਪੀੜਤ ਪਰਵਾਰ ਨਾਲ ਗੁੰਡਾਗਰਦੀ ਕਰਕੇ ਧੱਕੇਸ਼ਾਹੀ ਨਾਲ ਘਰ ਦਾ ਸਾਰਾ ਸਮਾਨ ਸੜਕ 'ਤੇ ਸੁੱਟ ਦਿੱਤਾ। ਪੀੜਤ ਪਰਵਾਰ ਇਨਸਾਫ ਦਿਵਾਉਂਦੇ ਹੋਏ ਉਨ੍ਹਾਂ ਦੇ ਆਪਣੇ ਘਰ ਬਿਠਾਉਣ ਗਏ ਆਗੂਆਂ ਸਮੇਤ ਪੀੜਤ ਪਰਵਾਰ 'ਤੇ ਹੀ ਪੁਲਸ ਵੱਲੋਂ ਝੂਠੇ ਪਰਚੇ ਦਰਜ ਕਰ ਦਿੱਤੇ। ਆਗੂਆਂ ਨੇ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਨਿਰਮਲ ਸਿੰਘ ਸ਼ੇਰਪੁਰ ਸੱਧਾ ਅਤੇ ਬਲਵਿੰਦਰ ਸਿੰਘ ਭੁੱਲਰ ਸਮੇਤ ਹੋਰਨਾਂ ਤੋ ਝੂਠੇ ਪਰਚੇ ਦਰਜ ਕੀਤੇ ਜਾਣ। ਘਿਰਾਓ ਕਰ ਰਹੇ ਜਨਤਕ ਜਥੇਬੰਦੀਆਂ ਦੇ ਆਗੂਆਂ ਅਤੇ ਲੋਕਾਂ ਨੂੰ ਡੀ ਐਸ ਪੀ ਸਾਹਿਬ ਨੇ ਭਰੋਸਾ ਦਿਵਾਇਆ ਕਿ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਪੀੜਤ ਪਰਵਾਰ ਨੂੰ ਇਨਸਾਫ ਦਿਵਾਇਆ ਜਾਵੇਗਾ ਅਤੇ ਮਜਦੂਰ ਕਿਸਾਨ ਆਗੂਆਂ ਸਮੇਤ ਹੋਰਨਾਂ 'ਤੇ ਦਰਜ ਪਰਚਿਆਂ ਦੀ ਇਨਕੁਆਰੀ ਕਰਕੇ ਪਰਚੇ ਰੱਦ ਕੀਤੇ ਜਾਣਗੇ।




# ਸਾਧੋਵਾਲ ਨੂੰ ਵਿਕਾਸ ਕਾਰਜਾਂ ਲਈ 18 ਲੱਖ ਦਾ ਚੈੱਕ ਭੇਟ



**ਮਾਹਿਲਪੁਰ (ਸਫਰੀ)**- ਧਰਤੀ ਹੇਠਲੇ ਪਾਣੀ ਨੂੰ ਆਉਣ ਵਾਲੀਆਂ ਨਸਲਾਂ ਲਈ ਸਾਂਭ ਕੇ ਰੱਖਣਾ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ। ਸਿੰਚਾਈ ਲਈ ਕੰਡੀ ਕਨਾਲ ਨਹਿਰ ਦਾ ਪਾਣੀ ਹਰ ਖੇਤ ਤੱਕ ਪੁੱਜਦਾ ਕਰਾਂਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਹਲਕੇ ਦੇ ਪਿੰਡ ਸਾਧੋਵਾਲ 'ਚ ਹੋਏ ਇਕ ਪ੍ਰੋਗਰਾਮ 'ਚ ਇਕੱਤਰ ਲੋਕਾਂ ਨਾਲ ਕੀਤਾ। ਰੌੜੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕੰਡੀ ਨਹਿਰ ਚਾਲੂ ਹੋ ਚੁੱਕੀ ਹੈ। ਜੇਕਰ ਕਿਸੇ ਕਿਸਾਨ ਦੇ ਖੇਤ ਤੱਕ ਅਜੇ ਵੀ ਪਾਣੀ ਨਹੀਂ ਪੁੱਜਿਆ ਤਾਂ ਉਹ ਉਨ੍ਹਾ ਦੇ ਗੜ੍ਹਸ਼ੰਕਰ ਸਥਿਤ ਦਫਤਰ ਆ ਕੇ ਦੱਸ ਸਕਦੇ ਹਨ ਤਾਂ ਜੋ ਸਮੇਂ ਸਿਰ ਕਾਰਵਾਈ ਹੋ ਸਕੇ। ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦੂਰ ਅੰਦੇਸ਼ੀ ਸੋਚਣੀ ਕਰਕੇ ਅੱਜ ਪਿੰਡ ਵਿਕਾਸ ਦੀ ਲੀਹ 'ਤੇ ਆ ਰਹੇ ਹਨ। ਰੌੜੀ ਨੇ ਪਿੰਡ ਸਾਧੋਵਾਲ ਦੇ ਵਿਕਾਸ ਕਾਰਜਾਂ ਲਈ 18 ਲੱਖ ਰੁਪਏ ਦਾ ਚੈੱਕ ਪਿੰਡ ਦੀ ਪੰਚਾਇਤ ਨੂੰ ਦਿੱਤਾ। ਪਿੰਡ ਦੇ ਸਰਪੰਚ ਹਰਪ੍ਰੀਤ ਸਿੰਘ ਬੈਂਸ ਨੇ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਪਿੰਡ ਲਈ ਅਜ਼ਾਦੀ ਤੋਂ ਬਾਅਦ ਪਹਿਲੀ ਵਾਰ ਇੰਨੀ ਵੱਡੀ ਰਾਸ਼ੀ ਵਿਕਾਸ ਕਾਰਜਾਂ ਲਈ ਆਈ ਹੈ। ਉਨ੍ਹਾ ਕਿਹਾ ਇਮਾਨਦਾਰ ਸਰਕਾਰ ਹੋਣ ਕਰਕੇ ਸਰਕਾਰੀ ਦਫਤਰਾਂ 'ਚ ਰਿਸ਼ਵਤ ਬੰਦ ਹੋ ਚੁੱਕੀ ਹੈ। ਜਿਸ ਕਰਕੇ ਆਮ ਲੋਕ ਖੁਸ਼ ਹਨ। ਇਸ ਮੌਕੇ ਹਰਭਜਨ ਸਿੰਘ ਪੰਚ, ਜੋਗਿੰਦਰ ਸਿੰਘ ਹੈਪੀ ਸਾਧੋਵਾਲ, ਜਰਨੈਲ ਸਿੰਘ, ਅਵਤਾਰ ਸਿੰਘ , ਕੈਪਟਨ ਰਾਮ ਸਿੰਘ, ਸਾਬਕਾ ਸਰਪੰਚ ਤਰਸੇਮ ਲਾਲ, ਜਗਤਾਰ ਸਿੰਘ, ਸੁਖਵੀਰ ਸਿੰਘ, ਚੰਨਣ ਰਾਮ ਤੋਂ ਇਲਾਵਾ ਭਾਰੀ ਗਿਣਤੀ 'ਚ ਲੋਕ ਹਾਜ਼ਰ ਸਨ।

# ਸਾਊ ਸੁਭਾਅ ਤੇ ਇਰਾਦੇ ਦੇ ਪੱਕੇ ਸਨ ਕਾਮਰੇਡ ਭਾਗ ਸਿੰਘ ਦਿਆਲ ਗੜ੍ਹੀ ਮੱਟੋਂ



**ਮਾਹਿਲਪੁਰ (ਸਫਰੀ)** ਸੀ.ਪੀ.ਆਈ (ਐਮ) ਤਹਿਸੀਲ ਕਮੇਟੀ ਮੈਂਬਰ ਗੜ੍ਹਸ਼ੰਕਰ ਕਾਮਰੇਡ ਭਾਗ ਸਿੰਘ ਦਿਆਲ ਨੇ ਗਰੀਬ ਪਰਵਾਰ ਵਿੱਚ ਪਿਤਾ ਸ੍ਰੀ ਰੱਖਾ ਸਿੰਘ ਮਾਤਾ ਬਚਨੀ ਦੇ ਘਰ 1952 ਵਿੱਚ ਜਨਮ ਲਿਆ। ਕਾਮਰੇਡ ਭਾਗ ਸਿੰਘ ਨੇ ਪੜ੍ਹਨ ਦੇ ਨਾਲ-ਨਾਲ ਖੇਤੀਬਾੜੀ ਧੰਦੇ ਵਿੱਚ ਘਰਦਿਆਂ ਨਾਲ ਹੱਥ ਵਟਾਇਆ। ਕੁਝ ਸਾਲ ਵਿਦੇਸ਼ ਵਿੱਚ ਜਾ ਕੇ ਵਾਪਸ ਆ ਕੇ ਸਾਥੀ ਕਾਮਰੇਡ ਦਰਸ਼ਨ ਸਿੰਘ ਮੱਟੂ ਦੀ ਪ੍ਰੇਰਨਾ ਸਦਕੇ ਜਨਵਾਦੀ ਨੌਜਵਾਨ ਸਭਾ ਵਿੱਚ ਕੰਮ ਕਰਨ ਲੱਗੇ ਅਤੇ ਬਾਅਦ ਵਿੱਚ ਕਾਮਰੇਡ ਬਖਸ਼ੀਸ਼ ਸਿੰਘ ਦਿਆਲ ਨਾਲ ਮਿਲ ਕੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਕਿਸਾਨ ਸਭਾ ਵਿੱਚ ਸਰਗਰਮੀ ਨਾਲ ਕੰਮ ਕਰਨਾ ਸ਼ੁਰੂ ਕੀਤਾ ਅਤੇ 1975 ਦੀ ਐਮਰਜੈਂਸੀ ਵਿਰੁੱਧ ਪਿੰਡ- ਪਿੰਡ ਮੀਟਿੰਗਾਂ ਕਰਵਾ ਕੇ ਜਮਹੂਰੀਅਤ ਦੀ ਬਹਾਲੀ ਲਈ ਉਪਰਾਲੇ ਕੀਤੇ। 1980 ਤੋਂ 1993 ਤੱਕ ਪੰਜਾਬ ਦੇ ਕਾਲੇ ਦੌਰ ਦੌਰਾਨ ਪਾਰਟੀ ਵਲੋਂ ਹਿੰਦੂ-ਸਿੱਖ ਏਕਤਾ ਲਈ ਰੱਖੇ ਪ੍ਰੋਗਰਾਮਾਂ ਲਈ ਸਰਗਰਮੀ ਨਾਲ ਸ਼ਾਮਿਲ ਹੁੰਦੇ ਰਹੇ ਅਤੇ 1989 ਤੋ 1993 ਤੱਕ ਹੜ੍ਹ ਪੀੜਤਾਂ ਨੂੰ ਮੁਆਵਜਾ ਦਿਵਾਉਣ ਲਈ ਹੋਰ ਸਾਥੀਆਂ ਨਾਲ ਬੁੜੈਲ ਜੇਲ੍ਹ ਚੰਡੀਗੜ੍ਹ 'ਚ ਜੇਲ ਕੱਟੀ। ਮੋਦੀ ਸਰਕਾਰ ਦੇ ਕਿਸਾਨ ਮਜਦੂਰ ਵਿਰੋਧੀ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਚੱਲੇ ਸੰਗਰਾਮ ਵਿੱਚ ਸਿਹਤ ਖਰਾਬ ਹੋਣ ਦੇ ਬਾਵਜੂਦ ਲੋਕਲ ਧਰਨਿਆਂ ਵਿੱਚ ਸ਼ਾਮਿਲ ਹੁੰਦੇ ਰਹੇ। ਪਿੱਛਲੇ ਕੁਝ ਸਮੇਂ ਤੋਂ ਸ਼ੁਗਰ ਰੋਗ ਨਾਲ ਪੀੜਤ ਸੀ। 19 ਜੂਨ 2023 ਨੂੰ 71 ਸਾਲ ਦੀ ਉਮਰ ਵਿੱਚ ਕਾਮਰੇਡ ਭਾਗ ਸਿੰਘ ਸਦੀਵੀ ਵਿਛੋੜਾ ਦੇ ਗਏ। ਉਹ ਆਪਣੇ ਪਿੱਛੇ ਭਰਜਾਈ ਜੋਗਿੰਦਰ ਕੌਰ, ਭਤੀਜਾ ਬਲਕਾਰ ਸਿੰਘ ਕਨੇਡਾ, ਜਗਤਾਰ ਸਿੰਘ ਤੇ ਜੋਰਾ ਸਿੰਘ ਯੂ ਕੇ, ਪੋਤਰਾ ਗੁਰਸੇਵਕ ਸਿੰਘ ਛੱਡ ਗਏ ਹਨ। ਕਾਮਰੇਡ ਭਾਗ ਸਿੰਘ ਦਿਆਲ ਦੇ ਨਮਿੱਤ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਅਤੇ ਸ਼ਰਧਾਜਲੀ ਸਮਾਗਮ 25 ਜੂਨ ਨੂੰ ਪਿੰਡ ਗੜ੍ਹੀ ਮੱਟੋਂ ਵਿੱਖੇ ਹੋ ਰਿਹਾ ਹੈ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਭਲਕੇ ਮੁੱਖ ਮੰਤਰੀ ਦੀ ਕੋਠੀ ਵੱਲ ਕੀਤਾ ਜਾਵੇਗਾ ਰੋਸ ਮਾਰਚ : ਬੀ ਕੇ ਯੂ ਲੱਖੋਵਾਲ



**ਖਰੜ (ਹਰਨਾਮ ਸਿੰਘ ਡੱਲਾ)**-ਸੰਯੁਕਤ ਕਿਸਾਨ ਮੋਰਚੇ ਨੇ ਮੱਕੀ ਅਤੇ ਮੂੰਗੀ ਦੀ ਫਸਲ ਐਮ ਐਸ ਪੀ ਤੋਂ ਘੱਟ ਰੇਟ 'ਤੇ ਵਿਕਣ ਖਿਲਾਫ ਸੰਘਰਸ਼ ਦਾ ਸੱਦਾ ਦਿੱਤਾ ਹੈ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ 33 ਕਿਸਾਨ ਜਥੇਬੰਦੀਆਂ ਵੱਲੋਂ ਜੂਨ ਨੂੰ ਮੋਹਾਲੀ ਦੇ ਗੁਰੂਦੁਆਰਾ ਅੰਬ ਸਾਹਿਬ ਵਿਖੇ ਇਕੱਠੇ ਹੋ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਵੱਲ ਰੋਸ ਮਾਰਚ ਕੀਤਾ ਜਾਵੇਗਾ। ਇਸ ਰੋਸ ਮਾਰਚ ਨੂੰ ਵੇਖਦੇ ਹੋਏ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜਨਰਲ ਸਕੱਤਰ ਹਰਿੰਦਰ ਸਿੰਘ ਲੱਖੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਦਵਿੰਦਰ ਸਿੰਘ ਦੇਹਕਲਾਂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਤੈਅ ਕੀਤਾ ਕਿ ਰੋਸ ਮਾਰਚ ਨੂੰ ਕਾਮਯਾਬ ਕਰਨ ਲਈ ਕਿਸਾਨ ਜਥੇਬੰਦੀ ਲੱਖੋਵਾਲ ਜ਼ਿਲ੍ਹਾ ਮੋਹਾਲੀ ਦੀ ਸੀਨੀਅਰ ਲੀਡਰਸ਼ਿਪ ਤੇ ਵਰਕਰਾਂ ਨੂੰ ਵੱਡੀ ਗਿਣਤੀ 'ਚ ਸ਼ਾਮਲ ਹੋਣ ਤੇ ਵੱਖ ਵੱਖ ਡਿਊਟੀਆਂ ਲਗਾਈਆਂ ਗਈਆਂ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਮੋਹਾਲੀ ਦੇ ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆ, ਜ਼ਿਲ੍ਹਾ ਪ੍ਰੈਸ ਸਕੱਤਰ ਰਣਬੀਰ ਸਿੰਘ ਗਰੇਵਾਲ, ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ ਲਾਂਡਰਾਂ ਆਦਿ ਕਿਸਾਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿਚ ਮੱਕੀ ਅਤੇ ਮੂੰਗੀ ਦੀ ਐਮ ਐਸ ਪੀ ਤੋਂ ਘੱਟ ਰੇਟਾਂ 'ਤੇ ਖਰੀਦ ਕਰ ਕਿਸਾਨਾਂ ਨਾਲ ਬਹੁਤ ਵੱਡੀ ਲੁੱਟ ਖਸੁੱਟ ਕੀਤੀ ਜਾਂ ਰਹੀ ਹੈ। ਉਸ ਦੇ ਵਿਰੋਧ ਵਿੱਚ ਵੱਡੇ ਸੰਘਰਸ਼ ਦਾ ਐਲਾਨ ਹੋ ਚੁੱਕਾ ਹੈ। ਭਗਵੰਤ ਸਿੰਘ ਮਾਨ ਸਰਕਾਰ ਨੇ ਪੰਜਾਬ 'ਚ ਕਿਸਾਨਾਂ ਨੂੰ ਮੱਕੀ ਅਤੇ ਮੂੰਗੀ ਦੀ ਫਸਲ ਬੀਜਣ ਲਈ ਉਤਸ਼ਾਹਤ ਕੀਤਾ ਸੀ। ਕਿਸਾਨਾਂ ਨੇ ਸਰਕਾਰ ਦੀ ਗੱਲ ਮੰਨ ਕੇ ਮੱਕੀ ਅਤੇ ਮੂੰਗੀ ਦੀ ਵੱਡੇ ਪੱਧਰ 'ਤੇ ਫਸਲ ਪੈਦਾ ਕੀਤੀ ਸੀ। ਜਦੋਂ ਕਿ ਮੱਕੀ ਦਾ ਐਮ ਐਸ ਪੀ ਮੁੱਲ 2090 ਰੁਪਏ ਤੈਅ ਹੋਇਆ ਹੈ ਪਰ ਮੰਡੀ ਵਿੱਚ 1000 ਤੋਂ 1200 ਰੁਪਏ ਤੋਂ ਵੀ ਘੱਟ ਖਰੀਦ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਮੂੰਗੀ ਦੀ ਐਮ ਐਸ ਪੀ ਤੋਂ ਬਹੁਤ ਘੱਟ ਰੇਟ 'ਤੇ ਖਰੀਦ ਕੀਤੀ ਜਾ ਰਹੀ ਹੈ। ਘੱਟ ਕੀਮਤ ਦੇਣਾ ਮਾਨ ਸਰਕਾਰ ਦੀ ਵਾਅਦਾ ਖਿਲਾਫੀ ਹੈ। ਇਸ ਮੀਟਿੰਗ ਵਿੱਚ ਮਨਪ੍ਰੀਤ ਸਿੰਘ ਅਮਲਾਲਾ, ਜਸਪਾਲ ਸਿੰਘ ਲਾਂਡਰਾਂ, ਜਸਵੰਤ ਸਿੰਘ ਪੁੰਨਿਆ, ਚਰਨਜੀਤ ਸਿੰਘ ਸਿੰਬਲਮਾਜਰਾ, ਬਲਵੀਰ ਸਿੰਘ ਅਮਲਾਲਾ, ਹਰੀ ਸਿੰਘ ਚੁਡਿਆਲਾ, ਸਲਿੰਦਰ ਸਿੰਘ ਘੋਗਾ, ਜਗਤਾਰ ਸਿੰਘ ਝਰਮੜੀ, ਕੁਲਵੰਤ ਸਿੰਘ ਰੁੜਕੀ, ਗੁਰਨਾਮ ਸਿੰਘ ਦਾਊ, ਦਰਸ਼ਨ ਸਿੰਘ ਦੁਰਾਲੀ, ਕੁਲਵੰਤ ਸਿੰਘ ਚਿੱਲਾ, ਗੁਰਮੀਤ ਸਿੰਘ ਖੁਨੀਮਾਜਰਾ, ਕਰਮ ਸਿੰਘ ਬਰੋਲੀ, ਜਰਨੈਲ ਸਿੰਘ ਘੜੂੰਆਂ, ਸੋਨੀ ਜੰਡਪੁਰ, ਸਰਬਜੀਤ ਸਿੰਘ ਲਹਿਰਾ, ਦਵਿੰਦਰ ਸਿੰਘ ਜੜੌਤ, ਮਲਕੀਤ ਸਿੰਘ ਦਵਾਲੀ, ਸ਼ੇਰ ਸਿੰਘ ਚੋਲਟਾ, ਭੋਜਨ ਸਿੰਘ ਦੁਰਾਲੀ, ਅਮਰ ਸਿੰਘ ਘੜੂੰਆਂ, ਲਾਲ ਸਿੰਘ ਖੁਨੀਮਾਜਰਾ, ਅਵਤਾਰ ਸਿੰਘ ਮਾਣਕਪੁਰ, ਗੁਰਿੰਦਰ ਸਿੰਘ ਪੋਪਨੀਆ, ਪਰਮਜੀਤ ਸਿੰਘ ਖੇੜੀ, ਨਿਰਮਲ ਸਿੰਘ, ਗੁਰਵਿੰਦਰ ਸਿੰਘ ਘੜੂੰਆਂ, ਮਨਪ੍ਰੀਤ ਸਿੰਘ ਰੋੜਾ, ਸੋਨੀ ਰਸਨਹੇੜੀ ਆਦਿ ਕਿਸਾਨ ਹਾਜ਼ਰ ਸਨ।

# 'ਆਦਿਪੁਰਸ਼' ਦੇ ਡਾਇਰੈਕਟਰ, ਪ੍ਰੋਡਿਊਸਰ ਤੇ ਐਕਟਰਾਂ ਖਿਲਾਫ ਪਰਚਾ ਦਰਜ ਕਰੇ ਸਰਕਾਰ : ਰਾਹੁਲ ਖੰਨਾ

**ਟਾਂਡਾ ਉੜਮੁੜ , ( ਜਸਵਿੰਦਰ ਸੰਧੂ ,ਉਂਕਾਰ ਸਿੰਘ)**-ਫਿਲਮ ਆਦਿਪੁਰਸ਼ ਵਿਚ ਭਗਵਾਨ ਸ੍ਰੀ ਰਾਮ ਚੰਦਰ ਜੀ, ਮਾਤਾ ਸੀਤਾ ਅਤੇ ਭਗਵਾਨ ਹਨੁਮਾਨ ਜੀ ਦੀ ਛਵੀ ਖਰਾਬ ਕਰਨ ਵਾਲੇ ਬੇਹੂਦਾ ਸੀਨ ਅਤੇ ਡਾਇਲਾਗ ਦੀ ਵਰਤੋਂ ਕਰਕੇ ਹਿੰਦੂ ਸਨਾਤਮ ਧਰਮ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਫਿਲਮ ਦੇ ਡਾਇਰੈਕਟਰ, ਪ੍ਰੋਡਿਊਸਰ ਅਤੇ ਕਲਾਕਾਰਾਂ ਖਿਲਾਫ ਸ਼ਿਵ ਸੈਨਾ ਦੋਆਬਾ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿਚ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਉਪਰੰਤ ਫਿਲਮ 'ਤੇ ਪਾਬੰਦੀ ਲਗਾਉਣ ਲਈ ਇਕ ਵਫਦ ਰਾਹੁਲ ਖੰਨਾ, ਜ਼ਿਲ੍ਹਾ ਪ੍ਰਧਾਨ ਸ਼ਿਵਮ ਵੈਦ, ਵਿਵੇਕ ਵਿਜਨ, ਪੰਡਿਤ ਮੁਕੇਸ ਸ਼ਰਮਾ, ਰਾਜੀਵ ਖੰਨਾਂ, ਬੱਬਲੂ ਅਤੇ ਅਨਮੋਲ ਆਦਿ ਵਰਕਰਾਂ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਮੈਡਮ ਕੋਮਲ ਮਿੱਤਲ ਨੂੰ ਮਿਲ ਕੇ ਇਕ ਮੰਗ ਪੱਤਰ ਦਿੱਤਾ। ਮੰਗ-ਪੱਤਰ ਵਿਚ ਰਾਹੁਲ ਖੰਨਾ ਨੇ ਕਿਹਾ ਕਿ ਫਿਲਮ ਨਿਰਮਾਤਾ ਅਤੇ ਗਾਇਕਾਂ ਵੱਲੋਂ ਆਏ ਦਿਨ ਹਿੰਦੂ ਦੇਵੀ ਦੇਵਤਾਵਾਂ ਸੰਬੰਧੀ ਭੱਦੀ ਸ਼ਬਦਾਵਲੀ ਦੀ ਵਰਤੋਂ ਕਰਕੇ ਸਨਾਤਨ ਧਰਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਜਾ ਰਹੀ ਹੈ ਅਤੇ ਹੁਣ ਫਿਲਮ ਆਦਿਪੁਰਸ਼ ਵਿੱਚ ਭਗਵਾਨ ਸ੍ਰੀ ਰਾਮ ਚੰਦਰ ਜੀ ਤੇ ਭਗਵਾਨ ਸ੍ਰੀ ਹਨੂਮਾਨ ਜੀ ਦਾ ਅਪਮਾਨ ਕਰਕੇ ਹਿੰਦੂ ਧਰਮ ਦੀਆਂ ਭਾਵਨਾਵਾਂ ਨੂੰ ਜਿਹੜੀ ਠੇਸ ਪਹੁੰਚਾਈ ਗਈ ਹੈ ਉਸਨੂੰ ਕੋਈ ਵੀ ਹਿੰਦੂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਇਸ ਫਿਲਮ 'ਤੇ ਪੂਰਨ ਪਾਬੰਦੀ ਲਗਾਈ ਜਾਵੇ ਅਤੇ ਫਿਲਮ ਦੇ ਨਿਰਮਾਤਾ, ਡਾਇਰੈਕਟਰ ਤੇ ਕਲਾਕਾਰਾਂ ਖਿਲਾਫ ਕਾਨੂੰਨੀ ਕਾਰਵਾਈ ਕਰਦੇ ਹੋਏ ਪਰਚਾ ਦਰਜ ਕੀਤਾ ਜਾਵੇ।

## ਠੰਢੇ ਮਿੱਠੇ ਜਲ ਦੀ ਛਬੀਲ ਤੇ ਕੜਾਹ ਪ੍ਰਸ਼ਾਦ ਵਰਤਾਇਆ



**ਨੂਰਮਹਿਲ (ਬਾਲ ਕ੍ਰਿਸਨ ਬਾਲੀ)**- ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਕੜਾਹ ਪ੍ਰਸ਼ਾਦ ਪਿੰਡ ਭੰਗਾਲਾ ਦੇ ਨੌਜਵਾਨਾਂ ਵਲੋਂ ਸੰਗਤ ਨੂੰ ਵਰਤਾਇਆ ਗਿਆ। ਸਵੇਰੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਗੁਰਬਾਣੀ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ, ਦੁਪਿੰਦਰ ਸਿੰਘ, ਮਨਜੀਤ ਸਿੰਘ, ਅਮਪ੍ਰੀਤ ਸਿੰਘ, ਏਕਮਜੋਤ, ਨਾਗਿੰਦਰ ਸਿੰਘ, ਅੰਮ੍ਰਿਤ ਸਿੰਘ, ਰਾਜਵਿੰਦਰ ਆਦਿ ਮੌਜੂਦ ਸਨ।

## ਲੋਕ ਹਿੱਤ ਕਾਰਜਾਂ ਕਾਰਨ ਲੋਕ 'ਆਪ' 'ਚ ਹੋ ਰਹੇ ਸ਼ਾਮਲ : ਰੌੜੀ



**ਮਾਹਿਲਪੁਰ/(ਸਫਰੀ, ਮੁਗੋਵਾਲ)** -ਨਗਰ ਪੰਚਾਇਤ ਮਾਹਿਲਪੁਰ ਦੀਆਂ ਨਜਦੀਕ ਆ ਰਹੀਆਂ ਚੋਣਾਂ ਕਾਰਨ ਆਪ ਸਰਕਾਰ ਦੇ ਹੁਣ ਤੱਕ ਕੀਤੇ ਕਾਰਜਾਂ ਨੂੰ ਧਿਆਨ ਵਿੱਚ ਰੱਖਦਿਆਂ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਬੀਤੇ ਦਿਨ ਮਾਹਿਲਪੁਰ ਦੇ ਵਾਰਡ ਨੰਬਰ 11 ਵਿੱਚ ਡਿਪਟੀ ਸਪੀਕਰ ਜੈ ਕ੍ਰਿਸ਼ਨਸਿੰਘਰੌੜੀ ਦੀ ਅਗਵਾਈ ਵਿੱਚ ਸਾਬਕਾ ਐਮ ਸੀ ਰਾਜ ਕੁਮਾਰ ਸਤਵੀਰ ਸਿੰਘ ਸੰਤਾ ਜਗਵੀਰ ਸਿੰਘ ਰਾਮ ਜੀ ਸਮੇਤ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਰੌੜੀ ਨੇ ਕਿਹਾ ਕਿ ਮਾਹਿਲਪੁਰ ਦੇ ਸਰਵਪੱਖੀ ਵਿਕਾਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 25 ਕਰੋੜ ਰੁਪਏ ਦੀ ਰਾਸ਼ੀ ਮਨਜੂਰ ਕਰਨ ਲਈ ਤਜਵੀਜ ਪੇਸ਼ ਕੀਤੀ ਗਈ ਹੈ ਜਿਸ ਨਾਲ ਮਾਹਿਲਪੁਰ ਵਿੱਚ ਪੀਣ ਵਾਲੇ ਪਾਣੀ ਦੀ ਕਮੀ ਨੂੰ ਦੂਰ ਕਰਨ ਲਈ ਦੋ ਨਵੇਂ ਟਿਊਬਵੈੱਲ ਲਗਵਾਏ ਜਾ ਰਹੇ ਹਨ ਤੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਦਾ ਪ੍ਰਬੰਧ ਕੀਤਾ ਜਾਵੇਗਾ ਤੇ ਮਾਹਿਲਪੁਰ ਦੇ ਸੁੰਦਰੀਕਰਨ ਲਈ ਨਵੇ ਵਿਕਾਸ ਕਾਰਜ ਸ਼ੁਰੂ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਕੰਢੀ ਨਹਿਰ ਵਿੱਚ ਛੱਡੇ ਗਏ ਪਾਣੀ ਦੀ ਸਿੰਜਾਈ ਨਾਲ਼ ਬੰਜਰ ਖੇਤਾਂ ਵਿੱਚ ਵੀ ਫਸਲਾਂ ਲਹਿਰਾਉਣਗੀਆ। ਇਸ ਮੌਕੇ ਕ੍ਰਿਸ਼ਨਜੀਤ ਰਾਓ ਕੈਂਡੋਵਾਲ ਜ਼ਿਲ੍ਹਾ ਪ੍ਰਧਾਨ ਆਪ ਬੁੱਧੀਜੀਵੀ ਤੇ ਪਰਵਿੰਦਰ ਸਿੰਘ ਮਾਹਿਲਪੁਰੀ ਨੇ ਕਿਹਾ ਕਿ ਦੇਸ਼ ਵਿਚ ਸਵਰਾਜ ਦੀ ਸਥਾਪਨਾ ਪਾਰਟੀ ਦਾ ਮੁੱਖ ਉਦੇਸ਼ ਹੈ। ਇਸ ਮੌਕੇ ਓ ਐਸ ਡੀ ਚਰਨਜੀਤ ਸਿੰਘ ਚੰਨੀ, ਹਰਜਿੰਦਰ ਧੰਜਲ, ਪਰਮਿੰਦਰ ਸਿੰਘ ਮਾਹਿਲਪੁਰੀ, ਰਵਜੋਤ ਰਾਓ ਕੈਂਡੋਵਾਲ ਸਮੇਤ ਪਾਰਟੀ ਵਰਕਰ ਵਲੰਟੀਅਰ ਆਗੂ ਅਹੁਦੇਦਾਰ ਹਾਜ਼ਰ ਸਨ।

## ਸਿੰਗੜੀਵਾਲਾ 'ਚ ਸਾਲਾਨਾ ਜੋੜ ਮੇਲੇ 'ਤੇ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਪੀਰ ਬਾਬਾ ਸਿਧ ਗਰੀਬ ਜੀ ਦੀ ਸਾਲਾਨਾ ਯਾਦ ਵਿਚ ਸਿੰਗੜੀਵਾਲਾ 'ਚ ਉਨ੍ਹਾਂ ਦੇ ਅਸਥਾਨ 'ਤੇ ਜੋੜ ਮੇਲੇ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿਚ ਆਲੇ ਦੁਆਲੇ ਦੇ ਪਿੰਡਾਂ 'ਚੋਂ ਵੱਡੀ ਪੱਧਰ ਤੇ ਸੰਗਤਾਂ ਨੇ ਸ਼ਮੂਲੀਅਤ ਕੀਤੀ। ਗ੍ਰਾਮ ਪੰਚਾਇਤ ਸਿੰਗੜੀਵਾਲਾ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ। ਜਿਸ ਵਿੱਚ ਹਰਪਾਲ ਸਿੰਘ ਯੂ ਕੇ, ਗੋਪੀ ਹੁਸੈਨਪੁਰ ਤੇ ਗੁਰਿੰਦਰ ਸਿੰਘ ਧਾਮੀ ਦੀ ਬਲਦਾਂ ਦੀ ਜੋੜੀ ਪਹਿਲੇ ਨੰਬਰ 'ਤੇ ਆਈ ਜਿਸ ਨੂੰ 18000 ਹਜਾਰ ਰੁਪਏ ਨਗਦ ਇਨਾਮ ਅਤੇ ਝੂਲਾਂ ਦੀ ਜੋੜੀ ਦਿੱਤੀ ਗਈ। ਦੂਸਰੇ ਨੰਬਰ 'ਤੇ ਰਾਣਾ ਢਿੱਲੋਂ ਭੱਜਲਾ ਦੇ ਬਲਦਾਂ ਜੋੜੀ ਅਤੇ ਤੀਸਰੇ ਨੰਬਰ 'ਤੇ ਦਿਲਾਵਰ ਸਿੰਘ ਰਾਣੇਵਾਲ ਟੱਪਰੀਆਂ ਦੀ ਬਲਦਾਂ ਦੀ ਜੋੜੀ ਆਈ ਅਤੇ ਇਹਨਾਂ ਨੂੰ ਵੀ ਨਗਦ ਇਨਾਮ ਅਤੇ ਝੂਲਾਂ ਦੀਆਂ ਜੋੜੀਆਂ ਦਿੱਤੀਆਂ ਗਈਆਂ। ਖੀਰੇ ਦੁੱਗਾ ਵੱਛਿਆਂ ਦਾ ਗੇੜਾ ਕਰਵਾਇਆ ਗਿਆ। ਜਿਸ ਵਿੱਚ 1 ਤੋਂ ਲੈ ਕੇ 11 ਨੰਬਰ ਤਕ ਦੀਆਂ ਜੋੜੀਆਂ ਦੇ ਮਾਲਕਾਂ ਨੂੰ ਝੂਲਾਂ ਦੀਆਂ ਜੋੜੀਆਂ ਅਤੇ ਗਿਆਰਾਂ ਗਿਆਰਾਂ ਸੌ ਰੁਪਏ ਨਗਦ ਇਨਾਮ ਦਿੱਤੇ ਗਏ। ਇਸ ਮੌਕੇ ਇਨਾਮਾਂ ਦੀ ਵੰਡ ਸੰਤ ਬਾਬਾ ਹਰਮਨਜੀਤ ਸਿੰਘ ਅਤੇ ਗ੍ਰਾਮ ਪੰਚਾਇਤ ਸਿੰਗੜੀਵਾਲਾ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਇਸ ਮੌਕੇ ਸਰਪੰਚ ਸੁਖਚੈਨ ਸਿੰਘ ਸਿੰਗੜੀਵਾਲਾ, ਸਾਬਕਾ ਸਰਪੰਚ ਚਰਨ ਬਰਿੰਦਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਨਾਮ ਸਿੰਘ ਸਿੰਗੜੀਵਾਲਾ, ਬਲਵਿੰਦਰ ਸਿੰਘ ਪੰਚ, ਮਨਜਿੰਦਰ ਸਿੰਘ ਬਿੱਲਾ, ਸਤਨਾਮ ਸਿੰਘ ਬੱਬੂ, ਹਰਪਾਲ ਸਿੰਘ ਯੂ ਕੇ, ਸਤਨਾਮ ਸਿੰਘ ਯੂ ਕੇ, ਕੈਪਟਨ ਜਸਬੀਰ ਸਿੰਘ, ਜਸਕਰਨ ਸਿੰਘ ਕੁਰਾਗਣਾਂ, ਬਲਵਿੰਦਰ ਸਿੰਘ ਬਿੰਦਾ, ਜਸਵੰਤ ਸਿੰਘ ਪਿੱਪਲਾਂਵਾਲਾ, ਸੁਮਿੱਤਰ ਸਿੰਘ ਡਗਾਣਾਂ ਤੇ ਸਾਬੀ ਧਾਮੀ ਆਦਿ ਹਾਜਰ ਸਨ।



# 32 ਸਾਲ ਬਾਅਦ ਖਾਨਪੁਰ ਢੱਡੇ ਦੀ ਟੇਲ ਤੱਕ ਪਹੁੰਚਿਆ ਨਹਿਰੀ ਪਾਣੀ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਸਾਨਾਂ ਨੂੰ ਨਹਿਰੀ ਪਾਣੀ ਲਗਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਨਹਿਰੀ ਪਾਣੀ ਦੀ ਵਰਤੋਂ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ। ਉਨ੍ਹਾ ਮਲਸੀਆਂ ਨੇੜੇ ਪੈਂਦੇ ਪਿੰਡ ਖਾਨਪੁਰ ਢੱਡੇ ਨੇੜੇ ਜਲੰਧਰ ਰਜਵਾਹੇ ਰਾਹੀਂ ਨਹਿਰੀ ਪਾਣੀ ਪਹੁੰਚਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਬਿਸਤ ਦੋਆਬ ਨਹਿਰ ਦੇ ਜਲੰਧਰ ਰਜਵਾਹੇ ਰਾਹੀਂ 32 ਸਾਲ ਬਾਅਦ ਟੇਲ 'ਤੇ ਪਹਿਲੀ ਵਾਰ ਪਾਣੀ ਪਹੁੰਚਿਆ ਹੈ। ਸੰਤ ਸੀਚੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆ ਕਿਹਾ ਉਨ੍ਹਾ ਦੇ ਦ੍ਰਿੜ੍ਹ ਇਰਾਦਿਆਂ ਸਦਕਾ ਹੀ ਝੋਨੇ ਦੇ ਸੀਜ਼ਨ ਦੌਰਾਨ ਨਹਿਰੀ ਪਾਣੀ ਟੇਲ ਤੱਕ ਪਹੁੰਚ ਸਕਿਆ ਹੈ। ਪੰਜਾਬ ਸਰਕਾਰ ਤੇ ਅਧਿਕਾਰੀਆਂ ਵੱਲੋਂ ਕੀਤੇ ਗਏ ਯਤਨਾਂ ਸਦਕਾ ਖਾਨਪੁਰ ਢੱਡੇ ਟੇਲ ਤੱਕ ਪਹੁੰਚੇ ਨਹਿਰੀ ਪਾਣੀ ਦੀ ਬਣਾਈ ਵੀਡੀਓ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਫੇਸਬੁੱਕ ਪੇਜ 'ਤੇ ਵੀ ਸਾਂਝੀ ਕੀਤੀ। ਸੰਤ ਸੀਚੇਵਾਲ ਨੇ ਕਿਹਾ ਕਿ ਪਹਿਲਾਂ ਇਸ ਟੇਲ ਤੱਕ ਨਹਿਰੀ ਪਾਣੀ ਨਹੀਂ ਸੀ ਪੁੱਜਦਾ ਕਿਉਂਕਿ ਇਹ ਇਲਾਕਾ ਟਿੱਬਿਆਂ ਵਾਲਾ ਸੀ। ਪਰ ਇਸ ਵਾਰ ਨਹਿਰ ਪੱਕੀ ਹੋਣ ਕਾਰਨ ਪਾਣੀ ਟੇਲ ਤੱਕ ਪਹੁੰਚ ਸਕਿਆ ਹੈ। ਉਨ੍ਹਾ ਮੌਕੇ 'ਤੇ ਹਾਜ਼ਰ ਨਹਿਰੀ ਵਿਭਾਗ ਦੇ ਐਕਸੀਅਨ ਅਮਿਤ ਸੱਭਰਵਾਲ, ਐਸ ਡੀ ਓ ਪ੍ਰਿੰਸ ਸਿੰਘ, ਜੇ ਈ ਅਜੈ ਅਤੇ ਨਹਿਰੀ ਪਟਵਾਰੀ ਸਚਿਨ ਨੂੰ ਜਿੱਥੇ ਵਧਾਈ ਦਿੱਤੀ, ਉੱਥੇ ਸਿੰਚਾਈ ਵਿਭਾਗ ਦਾ ਵਾ ਧੰਨਵਾਦ ਕੀਤਾ। ਸੰਤ ਸੀਚੇਵਾਲ ਨੇ ਕਿਸਾਨਾਂ ਨੂੰ ਨਹਿਰੀ ਪਾਣੀ ਵਰਤਣ ਲਈ ਮੋਘੇ ਲਗਾਉਣ ਲਈ ਅਰਜ਼ੀਆਂ ਦੇਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਨਹਿਰੀ ਪਾਣੀ ਵਰਤਣ ਨਾਲ ਧਰਤੀ ਹੇਠਲੇ ਪਾਣੀ 'ਤੇ ਦਬਾਅ ਘਟੇਗਾ। ਜਿਸ ਨਾਲ ਬਿਜਲੀ ਦੀ ਖਪਤ ਵੀ ਘਟੇਗੀ ਤੇ ਮੋਟਰਾਂ ਦਾ ਪਾਣੀ ਵੀ ਘਟੇਗਾ। ਇਸ ਮੌਕੇ ਨਹਿਰੀ ਵਿਭਾਗ ਦੇ ਐਕਸੀਅਨ ਅਮਿਤ ਸੱਭਰਵਾਲ ਨੇ ਦੱਸਿਆ ਕਿ ਝੋਨੇ ਦੇ ਸੀਜ਼ਨ ਦੌਰਾਨ ਪਹਿਲੇ ਦਿਨ ਹੀ ਬਿਸਤ ਦੋਆਬ ਦੇ ਇਸ ਰਜਵਾਹੇ ਵਿੱਚ ਪਾਣੀ ਛੱਡਿਆ ਗਿਆ ਸੀ ਜਿਹੜਾ ਕਿ ਟੇਲ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਟੇਲਾਂ ਤੱਕ ਪਾਣੀ ਪਹੁੰਚਾਉਣਾ ਹਮੇਸ਼ਾ ਹੀ ਵੱਡੀ ਚਣੌਤੀ ਹੁੰਦੀ ਹੈ ਕਿਉਂਕਿ ਝੋਨੇ ਦੇ ਸੀਜ਼ਨ ਕਾਰਨ ਪਾਣੀ ਦੀ ਮੰਗ ਜ਼ਿਆਦਾ ਹੋਣ ਕਾਰਨ ਪਾਣੀ ਟੇਲਾਂ ਤੱਕ ਨਹੀਂ ਸੀ ਪਹੁੰਚਦਾ ਤੇ ਇਸ ਵਿੱਚ ਕੂੜਾ ਕਰਕੱਟ ਵੀ ਇੱਕ ਵੱਡੀ ਸਮਸਿਆ ਬਣਿਆ ਰਹਿੰਦਾ ਸੀ ਪਰ ਇਸ ਵਾਰ ਪਹਿਲਾਂ ਹੀ ਨਹਿਰ ਦੀ ਸਫਾਈ ਕਰਵਾ ਲਈ ਗਈ ਸੀ, ਜਿਸ ਕਾਰਨ ਇਹ ਪਾਣੀ ਇਸ ਵਾਰ ਟੇਲ ਤੱਕ ਪਹੁੰਚ ਸਕਿਆ ਹੈ।

## ਰੋਟਰੀ ਕਲੱਬ ਨੇ ਕਰਵਾਇਆ ਵਾਤਾਵਰਣ ਤੇ ਵਣ ਜੀਵਾਂ 'ਤੇ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵਲੋਂ ਪ੍ਰਧਾਨ ਯੋਗੇਸ਼ ਚੰਦਰ ਦੀ ਪ੍ਰਧਾਨਗੀ ਵਿੱਚ ਪਰਿਵਾਰ ਮਿਲਨ ਸਮਾਰੋਹ ਵਿੱਚ ਵਾਤਾਵਰਣ ਅਤੇ ਵਣ ਜੀਵ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਬੁਲਾਰੇ ਦੇ ਤੌਰ 'ਤੇ ਡਾ.ਅਮਨਦੀਪ ਸਿੰਘ ਅਤੇ ਵਿਸ਼ੇਸ਼ ਤੌਰ 'ਤੇ ਸਾਬਕਾ ਜ਼ਿਲ੍ਹਾ ਗਵਰਨਰ ਜੀ.ਐਸ.ਬਾਵਾ ਅਤੇ ਸਹਾਇਕ ਗਵਰਨਰ ਰਜਿੰਦਰ ਮੋਦਗਿਲ ਹਾਜ਼ਰ ਹੋਏ। ਇਸ ਸੈਮੀਨਾਰ ਵਿੱਚ ਤਕਰੀਬਨ 15-20 ਪਰਵਾਰ ਸ਼ਾਮਲ ਹੋਏ। ਮੁੱਖ ਬੁਲਾਰੇ ਡਾ.ਅਮਨਦੀਪ ਸਿੰਘ ਨੇ ਵਾਤਾਵਰਣ ਅਤੇ ਵਣ ਜੀਵਾਂ ਬਾਰੇ ਵਿਸਥਾਰ ਨਾਲ ਦੱਸਿਆ ਕਿ ਸਾਨੂੰ ਵਾਤਾਵਰਣ ਨੂੰ ਕਿਵੇਂ ਬਚਾਉਣਾ ਹੈ ਜਿਸ ਨਾਲ ਵਣ ਜੀਵਾਂ ਨੂੰ ਕੋਈ ਨੁਕਸਾਨ ਨਾ ਹੋਵੇ। ਉਨਾਂ ਨੇ ਦੱਸਿਆ ਕਿ ਜਦੋਂ ਅਸੀਂ ਇਕ ਰੁੱਖ ਵੀ ਕੱਟਦੇ ਹਾਂ ਤਾਂ ਉਸ ਨਾਲ ਕਿੰਨੇ ਵਣ ਜੀਵਾਂ ਦਾ ਨੁਕਸਾਨ ਹੁੰਦਾ ਹੈ ਅਤੇ ਇਨਸਾਨ ਦੀਆਂ ਜ਼ਰੂਰਤਾਂ ਨੂੰ ਨੁਕਸਾਨ ਹੁੰਦਾ ਹੈ। ਉਨਾਂ ਨੇ ਵਣ ਜੀਵਾਂ ਦੀ ਰੱਖਿਆ ਦਾ ਐਲਾਨ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਸੰਕਲਪ ਲੈਣ ਨੂੰ ਕਿਹਾ। ਇਸ ਤੋਂ ਬਾਅਦ ਰੋਟਰੀ ਪ੍ਰਧਾਨ ਯੋਗੇਸ਼ ਚੰਦਰ ਨੇ ਸਾਲ 2022-23 ਵਿੱਚ ਕੰਮ ਕਰਨ ਦੇ ਲਈ ਰੋਟੇਰੀਅਨ ਨੂੰ ਅਲਗ-ਅਲਗ ਅਵਾਰਡ ਦੇ ਕੇ ਸਨਮਾਨਿਤ ਕੀਤਾ ਅਤੇ ਆਉਣ ਵਾਲੇ ਸਾਲ 2023-24 ਜਿਸ ਵਿੱਚ ਫਿਰ ਤੋਂ ਪ੍ਰਧਾਨ ਚੁਣੇ ਗਏ ਹਨ, ਅਗਲੇ ਪ੍ਰੋਜੈਕਟਾਂ ਦੀ ਜਾਣਕਾਰੀ ਦਿੱਤੀ। ਜੀ.ਐਸ.ਬਾਵਾ ਅਤੇ ਰਜਿੰਦਰ ਮੋਦਗਿਲ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਤੇ ਰੋਟੇਰੀਅਨ ਓਮਕਾਂਤਾ, ਰਵੀ ਜੈਨ, ਅਸ਼ੋਕ ਜੈਨ, ਟਿਮਾਟਨੀ ਆਹਲੂਵਾਲੀਆ, ਲੈਪੀ ਆਹਲੂਵਾਲੀਆ, ਸੰਜੀਵ ਕੁਮਾਰ, ਡਾ.ਰਣਜੀਤ, ਡਾ.ਸ਼ੁਭਕਰਮਨਜੀਤ ਸਿੰਘ ਬਾਵਾ, ਪਾਰਲ ਸ਼ਰਮਾ, ਨੀਨਾ ਜੈਨ, ਤ੍ਰਿਪਤ ਜੈਨ, ਗੀਟਾ ਮੋਦਗਿਲ, ਮੋਨਿਕਾ ਜੈਨ ਆਦਿ ਮੌਜੂਦ ਸਨ।

# ਭਾਜਪਾ ਨੂੰ ਐਮਰਜੈਂਸੀ ਤਾਂ ਯਾਦ ਰਹੀ, ਪਰ ਜੇਲ੍ਹਾਂ ਕੱਟਣ ਵਾਲੇ ਯੋਧਿਆਂ ਨੂੰ ਭੁਲਾ ਦਿੱਤਾ : ਗਿਰੀਸ਼ ਸ਼ਰਮਾ

**ਫਗਵਾੜਾ (ਰਮਨ ਸ਼ਰਮਾ)** ਆਪਾਤਕਾਲੀਨ ਯੋਧਾ ਸੰਘਰਸ਼ ਸੰਮਤੀ ਪੰਜਾਬ ਦੇ ਪ੍ਰਧਾਨ ਗਿਰੀਸ਼ ਸ਼ਰਮਾ ਨੇ ਐਮਰਜੈਂਸੀ ਦੀ 48 ਵੀਂ ਵਰ੍ਹੇਗੰਢ ਨੂੰ ਯਾਦ ਕਰਦਿਆਂ ਅੱਜ ਕਿਹਾ ਕਿ ਇੰਦਰਾ ਗਾਂਧੀ ਸਰਕਾਰ ਵੱਲੋਂ ਲਗਾਈ ਐਮਰਜੈਂਸੀ ਦੇ ਕਾਲੇ ਦੌਰ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਜੋ 25 ਜੂਨ 1975 ਨੂੰ ਅੱਧੀ ਰਾਤ ਸਮੇਂ ਲਾਗੂ ਕੀਤੀ ਗਈ ਸੀ ਅਤੇ ਲੋਕਾਂ ਤੋਂ ਅਜ਼ਾਦੀ ਦਾ ਅਧਿਕਾਰ ਖੋਹ ਲਿਆ ਗਿਆ ਸੀ। ਉਨ੍ਹਾ ਇੰਦਰਾ ਗਾਂਧੀ ਸਰਕਾਰ ਦੀ ਉਸ ਧੱਕੇਸ਼ਾਹੀ ਖਿਲਾਫ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਯਾਦ ਕਰਦਿਆਂ ਕਿਹਾ ਕਿ 1977 'ਚ ਹੋਈਆਂ ਆਮ ਚੋਣਾਂ ਸਮੇਂ ਇੰਦਰਾ ਗਾਂਧੀ ਤੇ ਕਾਂਗਰਸ ਦੀ ਸ਼ਰਮਨਾਕ ਹਾਰ ਤੋਂ ਬਾਅਦ ਬੇਸ਼ੱਕ ਲੋਕਤੰਤਰ ਦੁਬਾਰਾ ਬਹਾਲ ਹੋ ਗਿਆ ਪਰ ਸਮੇਂ ਦੀਆਂ ਸਰਕਾਰਾਂ ਨੇ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਬਣਦਾ ਮਾਣ-ਸਤਿਕਾਰ ਨਹੀਂ ਦਿੱਤਾ। ਐਮਰਜੈਂਸੀ ਖਿਲਾਫ ਪੰਜਾਬੀਆਂ ਨੇ ਮੂਹਰੀ ਹੋ ਕੇ ਵਿਰੋਧ ਕੀਤਾ ਪਰ ਪੰਜਾਬ ਵਿਚ ਹੀ ਐਮਰਜੈਂਸੀ ਦੇ ਯੋਧਿਆਂ ਨੂੰ ਅੱਖੋਂ ਪਰੋਖੇ ਕੀਤਾ ਗਿਆ। ਉਨ੍ਹਾ ਦੱਸਿਆ ਕਿ ਉਸ ਸਮੇਂ ਐਮਰਜੈਂਸੀ ਦੇ ਯੋਧਿਆਂ ਨੂੰ ਅਜ਼ਾਦੀ ਘੁਲਾਟੀਆਂ ਵਾਲਾ ਰੁਤਬਾ ਦੇਣ ਦੀ ਗੱਲ ਤਾਂ ਹੋਈ ਪਰ ਇਸ ਨੂੰ ਸਿਆਸੀ ਕਾਰਨਾਂ ਕਰਕੇ ਅਮਲ ਵਿਚ ਨਹੀਂ ਲਿਆਂਦਾ ਗਿਆ। ਬਹੁਤ ਸਾਰੇ ਐਮਰਜੈਂਸੀ ਦੇ ਯੋਧੇ ਅੱਜ ਬੁਢਾਪੇ ਵਿਚ ਆਰਥਕ ਤੰਗੀ ਦਾ ਸ਼ਿਕਾਰ ਹਨ। ਉਨ੍ਹਾਂ ਪਾਸ ਬਿਮਾਰੀਆਂ ਦੇ ਇਲਾਜ ਲਈ ਵੀ ਪੈਸੇ ਨਹੀਂ ਹਨ।

ਪਰ ਸਰਕਾਰ ਨੇ ਪੈਨਸ਼ਨਾਂ ਬੰਦ ਕਰ ਦਿੱਤੀਆਂ ਅਤੇ ਜਿਨ੍ਹਾਂ ਦੀ ਬਦੌਲਤ ਦੇਸ਼ ਵਿਚ ਦੁਬਾਰਾ ਤੋਂ ਲੋਕਤੰਤਰ ਦੀ ਬਹਾਲੀ ਹੋਈ ਉਹ ਭੁੱਖਮਰੀ ਦੇ ਸ਼ਿਕਾਰ ਹਨ। ਉਦੋਂ ਤੋਂ ਹੁਣ ਤੱਕ ਪੈਨਸ਼ਨ ਬਹਾਲੀ ਦੇ ਸੰਘਰਸ਼ ਦੇ ਬਾਵਜੂਦ 80 ਕੇਸ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦੀਆਂ ਫਾਈਲਾਂ ਵਿਚ ਦੱਬੇ ਪਏ ਹਨ, ਜਿਨ੍ਹਾਂ 'ਚ ਜ਼ਿਲ੍ਹਾ ਕਪੂਰਥਲਾ ਦੇ 17 ਮਾਮਲੇ ਵੀ ਸ਼ਾਮਲ ਹਨ। ਉਨ੍ਹਾ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਖਿਲਾਫ ਵੀ ਗੁੱਸੇ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਜਪਾ ਨੂੰ ਐਮਰਜੈਂਸੀ ਤਾਂ ਯਾਦ ਰਹੀ ਪਰ ਉਸ ਖਿਲਾਫ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਭੁਲਾ ਦਿੱਤਾ ਗਿਆ ਹੈ। ਗਿਰੀਸ਼ ਸ਼ਰਮਾ ਨੇ ਮੰਗ ਕੀਤੀ ਕਿ ਬੁਢਾਪੇ ਵਿਚ ਐਮਰਜੈਂਸੀ ਦੇ ਯੋਧਿਆਂ ਨੂੰ ਕੁਝ ਹੋਰ ਨਹੀਂ ਤਾਂ ਹਰਿਆਣਾ ਸਰਕਾਰ ਦੀ ਤਰਜ਼ 'ਤੇ ਘੱਟ ਤੋਂ ਘੱਟ 11 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਬਹਾਲ ਕਰਕੇ ਪਿਛਲਾ ਬਕਾਇਆ ਦਿੱਤਾ ਜਾਵੇ ਤਾਂ ਜੋ ਉਹ ਆਪਣੀ ਜ਼ਿੰਦਗੀ ਦਾ ਅਖੀਰੀ ਸਮਾਂ ਚੈਨ ਨਾਲ ਬਤੀਤ ਕਰ ਸਕਣ।

# ਕੈਬਨਿਟ ਮੰਤਰੀ ਵੱਲੋਂ ਹਲਕਾ ਕਰਤਾਰਪੁਰ 'ਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ



**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲੇ ਮੰਤਰੀ ਬਲਕਾਰ ਸਿੰਘ ਨੇ ਅੱਜ ਹਲਕਾ ਕਰਤਾਰਪੁਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਸਰਕਾਰ ਦੀਆਂ ਭਲਾਈ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਸਾਰੇ ਕੰਮ ਮਿੱਥੇ ਸਮੇਂ ਦੇ ਅੰਦਰ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਨੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ ਤੇ ਜਸਬੀਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਸਾਰੇ ਅਧਿਕਾਰੀ ਪੂਰੀ ਇਮਾਨਦਾਰੀ, ਤਨਦੇਹੀ ਅਤੇ ਸ਼ਿੱਦਤ ਨਾਲ ਸੇਵਾਵਾਂ ਨਿਭਾਉਣ। ਹਲਕੇ ਦੇ ਪੇਂਡੂ ਅਤੇ ਸ਼ਹਿਰੀ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਕੰਮਾਂ ਦੀ ਵਿਅਕਤੀਗਤ ਨਿਗਰਾਨੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਨਿਯਮਿਤ ਸਮੀਖਿਆ ਕੀਤੀ ਜਾਵੇ ਤਾਂ ਜੋ ਵਿਕਾਸ ਕਾਰਜ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕਰਕੇ ਲੋਕਾਂ ਨੂੰ ਲਾਭ ਦਿੱਤਾ ਜਾ ਸਕੇ। ਇਸ ਤੋਂ ਇਲਾਵਾ ਵਿਕਾਸ ਕਾਰਜਾਂ ਦੀ ਗੁਣਵੱਤਾ ਅਤੇ ਮਿਆਰ ਦਾ ਵੀ ਪੂਰਾ ਖਿਆਲ ਰੱਖਿਆ ਜਾਵੇ। ਉਨ੍ਹਾ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀਆਂ ਹਦਾਇਤਾਂ ਦਿੰਦਿਆਂ ਕਿਹਾ ਕਿ ਕੈਬਨਿਟ ਮੰਤਰੀ ਨੇ ਕਿਹਾ ਕਿ ਇਕ ਟੀਮ ਦੀ ਤਰ੍ਹਾਂ ਕੰਮ ਕਰਦੇ ਹੋਏ ਸਰਕਾਰੀ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਅਸਲ ਲੋੜਵੰਦਾਂ ਤੱਕ ਪਹੁੰਚਾਉਣ ਵਿੱਚ ਕੋਈ ਕਸਰ ਨਾ ਛੱਡੀ ਜਾਵੇ ਅਤੇ ਲੋਕਾਂ ਨੂੰ ਬਿਨਾਂ ਕਿਸੇ ਦਿੱਕਤ-ਪ੍ਰੇਸ਼ਾਨੀ ਤੋਂ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ। ਹਲਕੇ ਦੇ ਸਰਬਪੱਖੀ ਵਿਕਾਸ ਦੀ ਵਚਨਬੱਧਤਾ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮੰਤਵ ਦੀ ਪੂਰਤੀ ਲਈ ਪੂਰੀ ਤਨਦੇਹੀ ਨਾਲ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਵਧੀਕ ਕਮਿਸ਼ਨਰ ਨਗਰ ਨਿਗਮ ਜਲੰਧਰ ਸ਼ਿਖਾ ਭਗਤ, ਸਿਵਲ ਸਰਜਨ ਡਾ. ਰਮਨ ਸ਼ਰਮਾ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਰਾਜਨਾਥ ਨੂੰ ਪੰਜਾਬ 'ਤੇ ਬਿਆਨ ਦੇਣ ਤੋਂ ਪਹਿਲਾਂ ਮਨੀਪੁਰ ਦੀ ਹਾਲਤ ਸੁਧਾਰਨੀ ਚਾਹੀਦੀ : ਮਲਵਿੰਦਰ ਕੰਗ



**ਚੰਡੀਗੜ੍ਹ** : ਆਮ ਆਦਮੀ ਪਾਰਟੀ ਨੇ ਕੇਂਦਰੀ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਪੰਜਾਬ 'ਚ ਕਾਨੂੰਨ ਵਿਵਸਥਾ 'ਤੇ ਦਿੱਤੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। 'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਰੱਖਿਆ ਮੰਤਰੀ ਦੇ ਬਿਆਨ 'ਤੇ ਪਲਟਵਾਰ ਕਰਦਿਆਂ ਕਿਹਾ ਕਿ ਰਾਜਨਾਥ ਸਿੰਘ ਪੰਜਾਬ ਲਈ ਚਿੰਤਤ ਹਨ ਪਰ ਉਨ੍ਹਾਂ ਨੂੰ ਮਨੀਪੁਰ 'ਚ ਲੱਗੀ ਅੱਗ ਨਜ਼ਰ ਨਹੀਂ ਆ ਰਹੀ। ਸ਼ਨੀਵਾਰ ਨੂੰ ਪਾਰਟੀ ਹੈੱਡਕੁਆਰਟਰ ਤੋਂ ਜਾਰੀ ਬਿਆਨ 'ਚ ਮਾਲਵਿੰਦਰ ਕੰਗ ਨੇ ਕਿਹਾ ਕਿ ਰਾਜਨਾਥ ਸਿੰਘ ਨੂੰ ਪੰਜਾਬ 'ਚ ਕਾਨੂੰਨ ਵਿਵਸਥਾ 'ਤੇ ਬਿਆਨ ਦੇਣ ਤੋਂ ਪਹਿਲਾਂ ਮਨੀਪੁਰ 'ਚ ਅਸਥਿਰ ਸਥਿਤੀ ਅਤੇ ਹਿੰਸਾ 'ਤੇ ਕਾਬੂ ਪਾਉਣ 'ਤੇ ਧਿਆਨ ਦੇਣਾ ਚਾਹੀਦਾ ਹੈ। ਕੰਗ ਨੇ ਕਿਹਾ ਕਿ ਮਨੀਪੁਰ ਵਿੱਚ ਹਿੰਸਾ ਲਗਾਤਾਰ ਵਧ ਰਹੀ ਹੈ। ਲੋਕਾਂ ਦਾ ਜਾਨ-ਮਾਲ ਦਾ ਨੁਕਸਾਨ ਹੋ ਰਿਹਾ ਹੈ। ਹਿੰਸਾ ਕਾਰਨ ਸੈਂਕੜੇ ਲੋਕਾਂ ਦੀ ਜਾਨ ਚਲੀ ਗਈ। ਸੈਂਕੜੇ ਲੋਕ ਬੇਘਰ ਹੋ ਗਏ ਹਨ ਪਰ ਭਾਜਪਾ ਦੇ ਕੇਂਦਰੀ ਮੰਤਰੀ ਗੈਰ-ਭਾਜਪਾ ਸ਼ਾਸਤ ਰਾਜਾਂ ਨੂੰ ਬਦਨਾਮ ਕਰਨ ਦੀ ਰਾਜਨੀਤੀ ਕਰ ਰਹੇ ਹਨ।

ਕੰਗ ਨੇ ਭਾਜਪਾ ਆਗੂਆਂ ਨੂੰ ਸਲਾਹ ਦਿੱਤੀ ਕਿ ਹੁਣ ਦੇਸ਼ ਹਿੰਸਾ ਨਾਲ ਸੜ ਰਿਹਾ ਹੈ ਅਤੇ ਅੱਗ ਬੁਝਾਉਣ ਦੀ ਬਜਾਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਨਿੱਜੀ ਪ੍ਰਚਾਰ ਲਈ ਵਿਦੇਸ਼ ਦੌਰੇ 'ਤੇ ਚਲੇ ਗਏ ਹਨ। ਇਸ ਦੇ ਨਾਲ ਹੀ ਦੇਸ਼ ਦੇ ਗ੍ਰਹਿ ਮੰਤਰੀ ਚੋਣ ਰੈਲੀਆਂ ਕਰ ਰਹੇ ਹਨ ਅਤੇ ਬਾਕੀ ਮੰਤਰੀ ਵਿਰੋਧੀ ਪਾਰਟੀਆਂ ਦੀ ਆਲੋਚਨਾ ਕਰਨ ਵਿੱਚ ਲੱਗੇ ਹੋਏ ਹਨ। ਜਦਕਿ ਮਨੀਪੁਰ ਦੀ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਪ੍ਰਧਾਨ ਮੰਤਰੀ ਸਮੇਤ ਸਾਰੇ ਕੈਬਨਿਟ ਮੰਤਰੀਆਂ ਨੂੰ ਮਨੀਪੁਰ 'ਚ ਹਿੰਸਾ ਨੂੰ ਰੋਕਣ 'ਤੇ ਆਪਣਾ ਧਿਆਨ ਕੇਂਦਰਿਤ ਕਰਨਾ ਚਾਹੀਦਾ ਸੀ। ਮਾਲਵਿੰਦਰ ਕੰਗ ਨੇ ਕਿਹਾ ਕਿ ਭਾਜਪਾ ਅਤੇ ਮੋਦੀ ਨੇ ਸੰਵਿਧਾਨਕ ਸੰਸਥਾਵਾਂ ਦੇ ਮਾਣ-ਸਨਮਾਨ ਨੂੰ ਤੋੜਨਾ ਸ਼ੁਰੂ ਕਰ ਦਿੱਤਾ ਹੈ। ਜਿਹੜੇ ਗੈਰ ਬੀ ਜੇ ਪੀ ਰਾਜ ਹਨ, ਉੱਥੇ ਰਾਜਪਾਲ ਖੁੱਲ੍ਹ ਕੇ ਰਾਜ ਸਰਕਾਰ ਦੇ ਕੰਮਾਂ ਵਿੱਚ ਦਖਲਅੰਦਾਜ਼ੀ ਕਰਦੇ ਹਨ ਤੇ ਰਾਜ ਦੇ ਵਿਰੁੱਧ ਭੁਗਤਦੇ ਹਨ। ਕੰਗ ਨੇ ਪੰਜਾਬ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਪੰਜਾਬ ਦਾ ਰਾਜਪਾਲ ਸਰੇਆਮ ਗਲਤ ਕੰਮ ਕਰ ਰਿਹਾ ਹੈ ਕਿ ਉਸ ਨੇ ਪੰਜਾਬ ਦੀ ਯੂਨੀਵਰਸਿਟੀ ਹਰਿਆਣਾ ਨੂੰ ਦੇ ਦਿੱਤੀ ਅਤੇ ਕਈ ਵਾਰ ਪੰਜਾਬ ਦੇ ਮੰਤਰੀ ਮੰਡਲ ਦੇ ਫੈਸਲੇ ਨੂੰ ਵੀ ਰੱਦ ਕਰ ਦਿੱਤਾ, ਸੈਸ਼ਨ ਰੱਦ ਕੀਤੇ ਜਿਸ ਨੂੰ ਲੈ ਕੇ ਅਸੀਂ ਸੁਪਰੀਮ ਕੋਰਟ ਦਾ ਰੁਖ ਕੀਤਾ। ਇਸ ਤੋਂ ਵੱਧ ਸ਼ਰਮਨਾਕ ਗੱਲ ਹੋਰ ਕੀ ਹੋ ਸਕਦੀ ਹੈ। ਕੰਗ ਨੇ ਕਿਹਾ ਕਿ ਜਾਂ ਤਾਂ ਰਾਜਨਾਥ ਨੂੰ ਸਹੀ ਗੱਲ ਦੱਸੀ ਨਹੀਂ ਗਈ ਜਾਂ ਫਿਰ ਉਨ੍ਹਾ ਨੇ ਪੰਜਾਬ ਦੇ ਮਾਮਲੇ 'ਚ ਜਾਣਬੁੱਝ ਕੇ ਗਲਤ ਬਿਆਨਬਾਜ਼ੀ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਜੋ ਦੇਸ਼ ਦਾ ਸਭ ਤੋਂ ਸ਼ਾਂਤਮਈ ਸੂਬਾ ਹੈ ਅਤੇ ਜਿੱਥੇ ਭਾਈਚਾਰਾ ਮਜ਼ਬੂਤ ਹੈ, ਉੱਥੇ ਰਾਜਨਾਥ ਵਰਗੇ ਆਗੂ ਨੂੰ ਅਜਿਹੀ ਗੈਰ-ਜ਼ਿੰਮੇਵਾਰਾਨਾ ਬਿਆਨਬਾਜ਼ੀ ਕਰਨਾ ਸੋਭਾ ਨਹੀਂ ਦਿੰਦਾ। ਕੰਗ ਨੇ ਕਿਹਾ ਕਿ ਦਿੱਲੀ ਦੀ ਰਾਜਧਾਨੀ ਜਿੱਥੇ ਪੁਲਸ ਕੇਂਦਰ ਸਰਕਾਰ (ਭਾਜਪਾ) ਦੇ ਕਬਜ਼ੇ ਵਿੱਚ ਹੈ, ਉੱਥੇ ਹਰ ਰੋਜ਼ ਕਤਲ, ਬਲਾਤਕਾਰ ਅਤੇ ਗੁੰਡਾਗਰਦੀ ਵਰਗੀਆਂ ਘਟਨਾਵਾਂ ਵਾਪਰ ਰਹੀਆਂ ਹਨ, ਰਾਜਨਾਥ ਇਨ੍ਹਾਂ ਘਟਨਾਵਾਂ ਬਾਰੇ ਕਿਉਂ ਨਹੀਂ ਬੋਲ ਰਹੇ। ਉਨ੍ਹਾ ਕਿਹਾ ਕਿ ਸਾਡੇ ਓਲੰਪਿਕ ਖਿਡਾਰੀ ਕਈ ਦਿਨਾਂ ਤੋਂ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ ਅਤੇ ਭਾਜਪਾ ਦੇ ਇਕ ਸੰਸਦ ਮੈਂਬਰ 'ਤੇ ਜਿਨਸੀ ਸ਼ੋਸ਼ਣ ਦੇ ਦੋਸ਼ ਤੱਕ ਲੱਗੇ ਹਨ, ਇਸ 'ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ, ਰਾਜਨਾਥ ਜੀ ਇਸ ਮੁੱਦੇ 'ਤੇ ਚੁੱਪ ਕਿਉਂ ਹਨ?

# ਡਿਜੀਟਲ ਲਾਇਬ੍ਰੇਰੀ 'ਚ ਪੰਜ ਰੋਜ਼ਾ 'ਕ੍ਰਿਏਟਿਵ ਰਾਈਟਿੰਗ ਵਰਕਸ਼ਾਪ' ਸਮਾਪਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਇਕ ਲਰਨਿੰਗ ਸੈਂਟਰ ਦੇ ਤੌਰ 'ਤੇ ਉਭਰ ਕੇ ਸਾਹਮਣੇ ਆਈ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਪ੍ਰਤਿਭਾ ਨਿਖਾਰਨ ਲਈ ਲਾਇਬ੍ਰੇਰੀ ਇਕ ਧੁਰਾ ਬਣੇਗੀ ਅਤੇ ਇਥੇ ਕ੍ਰਿਏਟਿਵ ਤੇ ਇਨੋਵੇਟਿਵ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾਣਗੀਆਂ। ਉਹ ਅੱਜ ਲਾਇਬ੍ਰੇਰੀ ਵਿਚ ਜ਼ਿਲ੍ਹਾ ਲਿਟਰੇਰੀ ਸੋਸਾਇਟੀ ਦੇ ਸਹਿਯੋਗ ਨਾਲ ਕਰਵਾਈ ਗਈ 5 ਰੋਜ਼ਾ 'ਕ੍ਰਿਏਟਿਵ ਰਾਈਟਿੰਗ ਵਰਕਸ਼ਾਪ' ਦੇ ਸਮਾਪਤੀ ਸਮਾਰੋਹ ਦੌਰਾਨ ਭਾਗੀਦਾਰਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਨਾਮਵਰ ਲੇਖਕ ਅਤੇ ਜ਼ਿਲ੍ਹਾ ਲਿਟਰੇਰੀ ਸੋਸਾਇਟੀ ਦੇ ਚੀਫ ਪੈਟਰਨ ਖੁਸ਼ਵੰਤ ਸਿੰਘ, ਪ੍ਰਧਾਨ ਸਨਾ ਕੇ. ਗੁਪਤਾ, ਸਹਾਇਕ ਕਮਿਸ਼ਨਰ ਵਿਓਮ ਭਾਰਦਵਾਜ, ਸਕੱਤਰ ਰੈੱਡ ਕ੍ਰਾਸ ਮੰਗੇਸ਼ ਸੂਦ ਅਤੇ ਕੈਰੀਅਰ ਕਾਊਂਸਲਰ ਅਦਿਤਿਆ ਰਾਣਾ ਵੀ ਮੌਜੂਦ ਸਨ। ਇਸ ਦੌਰਾਨ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ ਅਤੇ ਉਨ੍ਹਾਂ ਦੀ ਫੀਡ ਬੈਕ ਵੀ ਲਈ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਸ਼ਿਆਰਪੁਰ ਵਿਖੇ ਆਪਣੀ ਤਰ੍ਹਾਂ ਦੀ ਪਹਿਲੀ ਇਸ 5 ਰੋਜ਼ਾ 'ਕ੍ਰਿਏਟਿਵ ਰਾਈਟਿੰਗ ਵਰਕਸ਼ਾਪ' ਵਿਚ ਰੋਜ਼ਾਨਾ ਦੋ ਘੰਟੇ ਦੀ ਕਲਾਸ ਲਗਾਈ ਗਈ, ਜਿਸ ਵਿਚ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਰਾਈਟਿੰਗ ਸਕਿੱਲ ਨੂੰ ਨਿਖਾਰਿਆ ਗਿਆ। ਉਨ੍ਹਾਂ ਦੱਸਿਆ ਕਿ ਆਯੋਜਨ ਦੇ ਪਹਿਲੇ ਦਿਨ ਕ੍ਰਿਏਟਿਵ ਰਾਈਟਿੰਗ ਨਾਲ ਜਾਣੂ ਕਰਵਾਇਆ ਗਿਆ। ਇਸੇ ਤਰ੍ਹਾਂ ਦੂਜੇ ਦਿਨ ਕ੍ਰਾਫਟਿੰਗ ਕੰਪੈਲਿੰਗ ਕਰੈਕਟਰਸ ਤੇ ਸੈਟਿੰਗਜ ਦੀ ਵਿਧੀ ਤਿਆਰ ਕਰਨਾ, ਤੀਜੇ ਦਿਨ ਕਥਾ ਸਰੰਚਨਾ ਅਤੇ ਕਹਾਣੀ ਕਹਿਣ ਦੀ ਤਕਨੀਕ, ਚੌਥੇ ਦਿਨ ਵੱਖ-ਵੱਖ ਲੇਖਨ ਸ਼ੈਲੀਆਂ ਅਤੇ ਸ਼ੈਲੀਆਂ ਦੀ ਖੋਜ ਕਰਨਾ ਅਤੇ ਪੰਜਵੇਂ ਦਿਨ ਸੰਪਾਦਨ ਅਤੇ ਪ੍ਰਤੀਕ੍ਰਿਆ ਦਾ ਸੈਸ਼ਨ ਹੋਇਆ। ਉਨ੍ਹਾਂ ਦੱਸਿਆ ਕਿ ਇਸ ਵਰਕਸ਼ਾਪ ਵਿਚ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ 34 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਕੋਮਲ ਮਿੱਤਲ ਨੇ ਦੱਸਿਆ ਕਿ 21 ਜੁਲਾਈ ਨੂੰ ਅਸ਼ੋਕਾ ਯੂਨੀਵਰਸਿਟੀ ਸੋਨੀਪਤ ਵਲੋਂ ਡਿਜੀਟਲ ਲਾਇਬ੍ਰੇਰੀ ਵਿਖੇ ਵਿਸ਼ੇਸ਼ ਤੌਰ 'ਤੇ ਕੈਰੀਅਰ ਕਾਊਂਸਲਿੰਗ ਸੈਮੀਨਾਰ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿਚ ਇਥੇ ਪ੍ਰਤੀਯੋਗੀ ਪ੍ਰੀਖਿਆ ਦੀ ਤਿਆਰੀ ਵੀ ਕਰਵਾਈ ਜਾਵੇਗੀ।



## ਪਸ਼ੂਆਂ ਦੀਆਂ ਬਿਮਾਰੀਆਂ ਬਾਰੇ ਲਗਾਇਆ ਜਾਗਰੂਕਤਾ ਕੈਂਪ

**ਅੱਡਾ ਸਰਾਂ (ਜਸਵੀਰ ਸਰਾਂ )**-ਅੱਡਾ ਸਰਾਂ ਤੇ ਕੰਧਾਲਾ ਜੱਟਾਂ ਦੇ ਸਿਵਲ ਪਸ਼ੂ ਹਸਪਤਾਲ ਵਿਚ ਵੈਟਰਨਰੀ ਅਫਸਰ ਹਸਪਿੰਦਰਜੀਤ ਕੌਰ ਸੈਣੀ ਵਲੋਂ ਇਲਾਕੇ ਦੇ ਪਸ਼ੂ ਪਾਲਕਾਂ ਨਾਲ ਪਸ਼ੂ ਦੀਆਂ ਬੀਮਾਰੀਆਂ ਬਾਰੇ ਜਾਗਰੂਕ ਕੈਂਪ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਪਸ਼ੂਆਂ ਵਿਚ ਚਿੱਚੜਾਂ ਅਤੇ ਕੀੜਿਆਂ ਦੇ ਪੈਣ ਕਾਰਨ ਪਸ਼ੂਆਂ ਦੀ ਭੁੱਖ ਘਟਣਾ, ਦੁੱਧ ਘਟ ਜਾਣਾ, ਮੋਕ ਦਾ ਲਗਣਾ,ਚਮੜੀ ਖੁਸ਼ਕ ਹੋਣਾ, ਪਸ਼ੂ ਦਾ ਨਾ ਬੋਲਣਾ ਆਦਿ ਬੀਮਾਰੀਆਂ ਹੋ ਜਾਂਦੀਆਂ ਹਨ । ਇਨ੍ਹਾਂ ਬੀਮਾਰੀਆਂ ਦੇ ਰੋਕਥਾਮ ਬਾਰੇ ਜਾਗਰੂਕ ਕੀਤਾ । ਇਸ ਮੌਕੇ ਅਵਤਾਰ ਸਿੰਘ, ਸੁਰਜੀਤ ਸਿੰਘ, ਜਸਪਾਲ ਸਿੰਘ ਸਮੂਹ ਵੈਟਰਨਰੀ ਸਟਾਫ ਤੋਂ ਇਲਾਵਾ ਸੁਰਿੰਦਰ ਸਿੰਘ, ਗੋਬਿੰਦ ਸਿੰਘ, ਹਰਪ੍ਰੀਤ ਸਿੰਘ,ਬੰਤ ਸਿੰਘ,ਸੰਦੀਪ ਸਿੰਘ, ਲਖਵੀਰ ਸਿੰਘ,ਗਗਨ ਦੀਪ ਸਿੰਘ,ਕਮਲ ਸੁਖਦੇਵ ਸਿੰਘ ਆਦਿ ਪਸ਼ੂ ਪਾਲਕ ਹਾਜਰ ਸਨ।

# ਸੁਸ਼ੀਲ ਰਿੰਕੂ ਨੇ ਪਾਸਪੋਰਟ ਦਫਤਰ ਦਾ ਕੀਤਾ ਦੌਰਾ



**ਜਲੰਧਰ, (ਸ਼ੈਲੀ ਐਲਬਰਟ)** ਲੋਕ ਸਭਾ ਮੈਂਬਰ ਸੁਸੀਲ ਕੁਮਾਰ ਰਿੰਕੂ ਨੇ ਖੇਤਰੀ ਪਾਸਪੋਰਟ ਅਫਸਰ (ਆਰ.ਪੀ.ਓ.) ਜਲੰਧਰ ਨੂੰ ਪਾਸਪੋਰਟ ਸੰਬੰਧੀ ਸੇਵਾਵਾਂ ਲਈ ਅਪਾਇੰਟਮੈਂਟ ਦੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਬਿਨੈਕਾਰ ਇਨ੍ਹਾਂ ਸੁਵਿਧਾਵਾਂ ਦਾ ਲਾਭ ਨਿਰਵਿਘਨ ਢੰਗ ਨਾਲ ਲੈ ਸਕਣ। ਸੰਸਦ ਮੈਂਬਰ ਨੇ ਜਲੰਧਰ ਪਾਸਪੋਰਟ ਦਫਤਰ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਪਾਸਪੋਰਟ ਸਬੰਧੀ ਸੇਵਾਵਾਂ ਪ੍ਰਦਾਨ ਕਰਨ ਦੀ ਸਮੁੱਚੀ ਪ੍ਰਕਿਰਿਆ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਆਰ.ਪੀ.ਓ. ਅਨੂਪ ਸਿੰਘ ਨੂੰ ਪਾਸਪੋਰਟ ਅਪਾਇੰਟਮੈਂਟ ਵਿੱਚ ਦੇਰੀ ਦੇ ਮੁੱਦੇ ਨੂੰ ਹੱਲ ਕਰਨ ਲਈ ਕਿਹਾ, ਜੋ ਕਿ ਬਿਨੈਕਾਰਾਂ ਲਈ ਚਿੰਤਾ ਦਾ ਵਿਸ਼ਾ ਹੈ। ਅਨੂਪ ਸਿੰਘ ਨੇ ਲੋਕ ਸਭਾ ਮੈਂਬਰ ਨੂੰ ਜਾਣੂ ਕਰਵਾਇਆ ਕਿ ਪੈਂਡੈਂਸੀ ਨੂੰ ਘੱਟ ਕਰਨ ਲਈ ਅਪਾਇੰਟਮੈਂਟ ਕੋਟਾ ਵਧਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਲੋਕਾਂ ਨੂੰ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਇਸ ਕਾਰਜ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਖੇਤਰੀ ਪਾਸਪੋਰਟ ਦਫਤਰ ਵੱਲੋਂ ਜਲੰਧਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ, ਪਠਾਨਕੋਟ, ਗੁਰਦਾਸਪੁਰ, ਮੋਗਾ ਅਤੇ ਪੁਲਸ ਜ਼ਿਲ੍ਹਾ ਬਟਾਲਾ ਦੇ ਬਿਨੈਕਾਰਾਂ ਨੂੰ ਪਾਸਪੋਰਟ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕ ਪਾਸਪੋਰਟ ਸੇਵਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਦੀ ਸੂਰਤ ਵਿੱਚ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ। ਇਸ ਦੌਰਾਨ ਲੋਕ ਸਭਾ ਮੈਂਬਰ ਵੱਲੋਂ ਪਾਸਪੋਰਟ ਦਫਤਰ ਦਾ ਦੌਰਾ ਵੀ ਕੀਤਾ ਗਿਆ ਜਿੱਥੇ ਉਨ੍ਹਾਂ ਸਟਾਫ ਅਤੇ ਬਿਨੈਕਾਰਾਂ ਨਾਲ ਗੱਲਬਾਤ ਕੀਤੀ ਅਤੇ ਪਾਸਪੋਰਟ ਸਬੰਧੀ ਸੇਵਾਵਾਂ ਬਾਰੇ ਉਨ੍ਹਾਂ ਦੀ ਵੱਡਮੁੱਲੀ ਪ੍ਰਤੀਕਿਰਿਆ ਵੀ ਹਾਸਲ ਕੀਤੀ।

# 4161 ਅਧਿਆਪਕਾਂ ਨੂੰ ਸਟੇਸ਼ਨ ਅਲਾਟ ਕਰਕੇ ਸਕੂਲਾਂ 'ਚ ਭੇਜਿਆ ਜਾਵੇ : ਗੌਰਮਿੰਟ ਟੀਚਰਜ਼ ਯੂਨੀਅਨ



**ਫਿਲੌਰ (ਨਿਰਮਲ)** ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਨੇ ਮੰਗ ਕੀਤੀ ਹੈ ਕਿ 4161 ਅਧਿਆਪਕਾਂ ਨੂੰ ਤਰੁੰਤ ਸਟੇਸ਼ਨ ਅਲਾਟ ਕਰਕੇ ਸਕੂਲਾਂ ਵਿੱਚ ਭੇਜਿਆ ਜਾਵੇ। ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਕਿਹਾ ਹੈ ਕਿ ਸਿੱਖਿਆ ਵਿਭਾਗ ਵਿੱਚ ਹਜਾਰਾ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ ਤੇ ਪੰਜਾਬ ਸਰਕਾਰ ਸਿੱਖਿਆ ਸੁਧਾਰ ਦੇ ਫੋਕੇ ਦਾਅਵੇ ਕਰਕੇ ਆਪਣੀ ਭੱਲ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ 4161 ਅਧਿਆਪਕਾਂ ਦੀ ਚੋਣ ਜਨਵਰੀ ਵਿੱਚ ਮੁਕੰਮਲ ਹੋ ਗਈ ਹੈ ਤੇ ਉਨ੍ਹਾਂ ਨੂੰ ਛੁੱਟੀਆਂ ਤੋਂ ਪਹਿਲਾਂ ਸਕੂਲਾਂ ਵਿੱਚ ਭੇਜਣ ਦਾ ਵਾਅਦਾ ਸਰਕਾਰ ਵਲੋਂ ਕੀਤਾ ਗਿਆ ਸੀ ਜਿਸ ਤਹਿਤ ਉਨ੍ਹਾਂ ਦੀ 15 ਮਈ ਤੋਂ 31 ਮਈ ਤੱਕ ਜਿਲਾ ਪੱਧਰ ਤੇ ਟਰੇਨਿੰਗ ਵੀ ਲਗਾਈ ਗਈ ਸੀ। ਜੂਨ ਮਹੀਨੇ ਦੀਆਂ ਛੁੱਟੀਆਂ ਵੀ ਬੀਤ ਗਈਆਂ ਹਨ ਤੇ ਤਿੰਨ ਜੁਲਾਈ ਤੋਂ ਦੁਬਾਰਾ ਸਕੂਲ ਖੁੱਲ ਰਹੇ ਹਨ ਪਰ ਸਰਕਾਰ ਤਨਖਾਹਾਂ ਬਚਾਉਣ ਦੇ ਚੱਕਰ ਵਿੱਚ ਸਕੂਲਾਂ ਨੂੰ ਵਿਹਲਾ ਰੱਖ ਕੇ ਸਿੱਖਿਆ ਦਾ ਘਾਣ ਕਰ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਹੁਣ ਬਦਲੀਆਂ ਦੇ ਦੌਰ ਮੁਕੰਮਲ ਹੋ ਗਏ ਹਨ ਤੇ ਖਾਲੀ ਸਟੇਸ਼ਨਾਂ 'ਤੇ ਤੁਰੰਤ ਭਰਤੀ ਮੁਕੰਮਲ ਕਰਕੇ ਸਿੱਖਿਆ ਦੇ ਨੁਕਸਾਨ ਨੂੰ ਰੋਕਿਆ ਜਾਵੇ।

ਇਸ ਸਮੇਂ ਸਕੱਤਰ ਗੁਰਬਿੰਦਰ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਸੁਰਜੀਤ ਮੁਹਾਲੀ, ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਦੌੜਕਾ, ਮੰਗਲ ਟਾਂਡਾ, ਮਨੋਹਰ ਲਾਲ ਸ਼ਰਮਾ, ਗੁਰਦੀਪ ਬਾਜਵਾ,ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਅੰਮੀਵਾਲ, ਜੱਜਪਾਲ ਬਾਜੇਕੇ, ਹਰਿੰਦਰ ਬਰਨਾਲਾ, ਗੁਰਦਾਸ ਮਾਨਸਾ, ਸੁਭਾਸ਼ ਪਠਾਨਕੋਟ, ਸੁਖਚੈਨ ਕਪੂਰਥਲਾ, ਬੋਧ ਰਾਜ, ਪ੍ਰਭਜੀਤ ਸਿੰਘ ਰਸੂਲਪੁਰ, ਆਦਿ ਹਾਜਰ ਸਨ।

## ਚੀਮਾ ਦਾ ਪੁੱਛਿਆ ਹਾਲ-ਚਾਲ

**ਕਾਲਾ ਸੰਘਿਆਂ (ਮਨਜੀਤ ਮਾਨ)** —ਉੱਘੇ ਸਮਾਜ ਸੇਵਕ ਬਲਵੀਰ ਸਿੰਘ ਚੀਮਾ ਸੂਬਾ ਪ੍ਰਧਾਨ ਸ੍ਰਸ਼ਮਣੀ ਰੰਘਰੇਟਾ ਦਲ ਪੰਜਾਬ ਤੇ ਚੇਅਰਮੈਨ 11 ਨਿਹੰਗ ਸਿੰਘ ਜਥੇਬੰਦੀਆਂ ਭਾਰਤ ਦੀ ਪਿਛਲੇ ਦਿਨੀਂ ਪਿੰਡ ਚਿੱਟੀ ਜ਼ਿਲ੍ਹਾ ਜਲੰਧਰ ਵਿਖੇ ਘੋੜਿਆਂ ਦੀਆਂ ਦੌੜਾਂ ਕਰਵਾਉਂਦਿਆਂ ਲੱਤ ਟੁੱਟ ਗਈ ਸੀ ਜਿਨ੍ਹਾਂ ਦਾ ਸਫਲ ਅਪ੍ਰੇਸ਼ਨ ਕੀਤਾ ਗਿਆ। ਚੀਮਾ ਦੀ ਘਰ ਆ ਕੇ ਸਿਹਤ ਵਿਗੜ ਗਈ ਜਿਨ੍ਹਾਂ ਨੂੰ ਨੂਰਮਹਿਲ ਦੇ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ ਅਤੇ ਹੁਣ ਕਾਫੀ ਬਿਹਤਰ ਹੈ। ਕਸਬਾ ਨੂਰਮਹਿਲ ਵਿਖੇ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ , ਚੇਅਰਮੈਨ ਦਲਵੀਰ ਸਿੰਘ ਸੱਭਰਵਾਲ ਮਲਸੀਆਂ ,ਸੰਗਤ ਸਿੰਘ ਰੰਧਾਵਾ ਡੱਲਾ , ਪ੍ਰਧਾਨ ਸਾਬੀ ਰਸੂਲਪੁਰੀ ,ਜੀਤ ਗਿੱਲ ਨੇ ਚੀਮਾ ਦਾ ਹਾਲ ਚਾਲ ਪੁੱਛਿਆ ਤੇ ਉਨ੍ਹਾਂ ਦੀ ਸਿਹਤਯਾਬੀ ਦੀ ਅਰਦਾਸ ਕੀਤੀ।

## ਦਰਬਾਰ ਕੁੱਲੀ ਵਾਲੀ ਸਰਕਾਰ ਦਾ ਮੇਲਾ 29 ਨੂੰ

**ਮਾਹਿਲਪੁਰ (ਸਫਰੀ)** - ਦਰਬਾਰ ਕੁੱਲੀ ਵਾਲੀ ਸਰਕਾਰ ਪਿੰਡ ਬਸੀ ਕਿੱਕਰਾਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਗੱਦੀ ਨਸ਼ੀਨ ਮਾਤਾ ਸਤਿਆ ਦੇਵੀ ਦੀ ਅਗਵਾਈ ਹੇਠ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 29 ਜੂਨ ਦਿਨ ਵੀਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਮੇਲੇ ਵਿੱਚ ਮਸ਼ਹੂਰ ਕਲਾਕਾਰ ਰਾਜਨ ਰੋਵੀ ਪ੍ਰੋਗਰਾਮ ਪੇਸ਼ ਕਰਨਗੇ। ਲੰਗਰ ਅਤੁੱਟ ਵਰਤਾਏ ਜਾਣਗੇ।

## ਗਿਆਨੀ ਰਘਬੀਰ ਸਿੰਘ ਡੇਰਾ ਬੁੰਗਾ ਵਿਖੇ ਧਾਰਮਿਕ ਸਮਾਗਮ 'ਚ ਕਰਨਗੇ ਸ਼ਿਰਕਤ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**- ਸੰਤ ਬਾਬਾ ਰਾਮ ਸਿੰਘ ਜੀ ਦੀ 23ਵੀਂ ਬਰਸੀ ਡੇਰਾ ਬੁੰਗਾ ਸਾਹਿਬ ਪਿੰਡ ਤਾਜੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ 6 ਜੁਲਾਈ ਨੂੰ ਬਹੁਤ ਹੀ ਸਤਿਕਾਰ ਸਹਿਤ ਮਨਾਈ ਜਾ ਰਹੀ ਹੈ। ਮੁੱਖ ਸੰਚਾਲਕ ਸੰਤ ਬਾਬਾ ਮਹਾਂਵੀਰ ਸਿੰਘ ਨੇ ਦੱਸਿਆ ਕਿ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਜਿਨ੍ਹਾਂ ਦੇ ਭੋਗ 6 ਜੁਲਾਈ ਨੂੰ ਪੈਣਗੇ। ਉਪਰੰਤ ਗਿਆਨੀ ਰਾਵਿੰਦਰ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਗਿਆਨੀ ਸਤਿੰਦਰਬੀਰ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸੰਗਤਾਂ ਨੂੰ ਅਲਾਹੀ ਬਾਣੀ ਦੇ ਕੀਰਤਨ ਨਾਲ ਨਿਹਾਲ ਕਰਨਗੇ। ਸਮਾਗਮ ਵਿੱਚ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਗਿਆਨੀ ਸਰਤਾਜ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਸੰਤ ਜੀਤ ਸਿੰਘ ਜੌਹਲਾਂ, ਬਾਬਾ ਹਰਨਾਮ ਸਿੰਘ ਧੁੰਮਾ, ਬਾਬਾ ਜੀਵਾ ਸਿੰਘ ਦਮਦਮੀ ਟਕਸਾਲ ਅਤੇ ਹੋਰ ਸੰਤ ਮਹਾਂਪੁਰਸ਼ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਨਾਲ ਨਿਹਾਲ ਕਰਨਗੇ।

# ਠੱਕਰਵਾਲ ਵਿਖੇ ਵਿਧਾਇਕ ਚੱਬੇਵਾਲ ਨੇ ਨਵੀਂ ਬਣੀ ਗਲੀ ਦਾ ਕੀਤਾ ਉਦਘਾਟਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਠੱਕਰਵਾਲ ਵਿਖੇ ਖੇੜਾ ਰੋਡ ਤੋਂ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਗੁਰਦੁਆਰਾ ਸਾਹਿਬ ਨੂੰ ਜਾਂਦੀ ਸੜਕ ਦਾ ਉਦਘਾਟਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਕੀਤਾ। ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਠੱਕਰਵਾਲ ਨੰਬਰਦਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨੇ ਦੱਸਿਆ ਕਿ ਇਸ ਗਲੀ ਦੀ ਕਾਫੀ ਸਮੇਂ ਤੋਂ ਮੰਗ ਚੱਲੀ ਆ ਰਹੀ ਸੀ ਜੋ ਕਿ ਟਾਇਲਾਂ ਵਾਲੀ ਗਲੀ ਬਣਾਈ ਗਈ। ਇਸ ਮੌਕੇ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ (ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ) ਨੇ ਹਲਕਾ ਵਿਧਾਇਕ ਚੱਬੇਵਾਲ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਪਿੰਡ ਵਾਸੀਆਂ ਨੇ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਕੀਤਾ। ਚੱਬੇਵਾਲ ਨੇ ਪਿੰਡ ਦੇ ਵਿਕਾਸ ਕਾਰਜਾਂ ਲਈ 15 ਲੱਖ ਦੇਣ ਦਾ ਐਲਾਨ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਥੇਦਾਰ ਰਘਬੀਰ ਸਿੰਘ ਠੱਕਰਵਾਲ, ਮਾਸਟਰ ਸਰਬਜੀਤ ਸਿੰਘ ਮੰਝ, ਕੈਪਟਨ ਗਿਆਨ ਸਿੰਘ, ਠੇਕੇਦਾਰ ਰਵੀ ਕੁਮਾਰ ਰਹੱਲੀ, ਮਨਜੀਤ ਸਿੰਘ ਪੰਚ, ਦਲਜੀਤ ਸਿੰਘ ਪੰਚ, ਸੁਮਨ ਕੁਮਾਰੀ ਪੰਚ, ਜੋਗਿੰਦਰ ਕੌਰ ਪੰਚ, ਰਣਜਿੰਦਰ ਸਿੰਘ, ਕੈਪਟਨ ਅਮਨਚੈਨ ਸਿੰਘ, ਡਾਕਟਰ ਪਰਮਜੀਤ ਸਿੰਘ ਠੱਕਰਵਾਲ, ਹਰਵਿੰਦਰ ਸਿੰਘ ਸੋਨਾ, ਜਸਵਿੰਦਰ ਸਿੰਘ, ਗਿਆਨ ਚੰਦ, ਸੁਰਿੰਦਰ ਸਿੰਘ ਸ਼ਿੰਦਾ, ਸੇਵਾ ਸਿੰਘ, ਰਤਨ ਚੰਦ, ਜਰਨੈਲ ਸਿੰਘ, ਵਰਿੰਦਰਜੀਤ ਸਿੰਘ, ਕਰਮਜੀਤ ਸਿੰਘ, ਹਰਮੇਸ਼ ਚੰਦ, ਬਲਵੀਰ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ ਸਾਬੀ, ਮਨਜੀਤ ਸਿੰਘ, ਦਲਜੀਤ ਸਿੰਘ ਮੰਝ ਆਦਿ ਹਾਜਰ ਸਨ।

# ਦਰਬਾਰ ਮਸਤ ਬੀਰੂ ਭਗਤ ਢੇਸੀਆਂ ਕਾਹਨਾਂ ਵਿਖੇ ਕਰਵਾਇਆ ਕੁਸ਼ਤੀ ਦੰਗਲ



**ਫਗਵਾੜਾ (ਜਸਵਿੰਦਰ ਢੱਡਾ, ਇੰਦਰਜੀਤ ਮਠਾੜੂ, ਰਘਵੀਰ ਸਿੰਘ )** ਦਰਬਾਰ ਮਸਤ ਬੀਰੂ ਭਗਤ ਪਿੰਡ ਢੇਸੀਆ ਕਾਹਨਾ ਵਿਖੇ ਆਯੋਜਿਤ ਤਿੰਨ ਰੋਜਾ ਸਾਲਾਨਾ ਜੋੜ ਮੇਲੇ ਦੇ ਤੀਸਰੇ ਅਤੇ ਆਖਰੀ ਦਿਨ ਮਹਾਨ ਕੁਸ਼ਤੀ ਦੰਗਲ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪਟਕੇ ਦੀਆਂ ਤਿੰਨ ਕੁਸ਼ਤੀਆਂ ਕਰਵਾਈਆਂ ਗਈਆਂ, ਜਿਹਨਾਂ ਵਿਚ ਪਹਿਲੀ ਕੁਸ਼ਤੀ ਪਹਿਲਾ ਛੋਟਾ ਸੱਦਾਮ ਨੇ ਕਰਨ ਖੰਨਾ ਨੂੰ ਹਰਾ ਕੇ ਜਿੱਤੀ, ਦੂਸਰੀ ਕੁਸ਼ਤੀ ਵਿਚ ਜੱਸਾ ਬਾਹੜੋਵਾਲ ਨੇ ਨੇਕੀ ਕੰਗਨੀਵਾਲ ਨੂੰ ਮਾਤ ਦਿੱਤੀ। ਇਹਨਾਂ ਦੋਵੇਂ ਪਹਿਲਵਾਨਾਂ ਨੂੰ ਬਤੌਰ ਇਨਾਮ ਮੋਟਰਸਾਇਕਲਾਂ ਨਾਲ ਨਵਾਜਿਆ ਗਿਆ। ਤੀਸਰੀ ਕੁਸ਼ਤੀ ਵਿਚ ਜਰਮਨ ਭੋਗਪੁਰ ਨੇ ਜੱਸਾ ਮਗਰੋੜ ਨੂੰ ਹਰਾ ਕੇ ਸੋਨੇ ਦੀ ਮੁੰਦਰੀ 'ਤੇ ਕਬਜਾ ਕੀਤਾ। ਇਸ ਤੋਂ ਇਲਾਵਾ ਹੋਰ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਦਿੱਤੇ ਗਏ। ਇਨਾਮਾਂ ਦੀ ਵੰਡ ਕਰਨ ਲਈ ਆਦਮਪੁਰ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਅਤੇ ਸੀਨੀਅਰ ਕਾਂਗਰਸੀ ਆਗੂ ਬੀਬੀ ਕਮਲਜੀਤ ਕੌਰ ਚੌਧਰੀ ਤੋਂ ਇਲਾਵਾ ਆਪ ਆਗੂ ਪਰਵੀਨ ਕੁਮਾਰ ਗੁਰਾਇਆ ਮੌਜੂਦ ਰਹੇ। ਕਮੇਟੀ ਮੈਂਬਰ ਅੰਤਰਰਾਸ਼ਟਰੀ ਪਹਿਲਵਾਨ ਹਰਮੇਸ਼ ਵਿਰਕ ਤੋਂ ਇਲਾਵਾ ਬਲਜਿੰਦਰ ਸਿੱਧੂ, ਅਮਨਜੀਤ ਜੱਖੂ, ਨੀਟਾ ਢੇਸੀ, ਹਰਦੀਪ ਦੀਪਾ ਨੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਮੁੱਖ ਮਹਿਮਾਨਾਂ ਤੇ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ।

ਇਸ ਮੌਕੇ ਸਰਪੰਚ ਕੁਲਵੰਤ ਸਿੰਘ ਤੱਖਰ, ਸਰਪੰਚ ਰੇਸ਼ਮ ਕਮਾਲਪੁਰ, ਡਾ. ਭੁਪਿੰਦਰ ਸਿੰਘ ਗੁਰਾਇਆ, ਹਰਕਮਲ ਪ੍ਰੀਤ ਗੋਹਾਵਰ, ਹਰਜੀਤ ਸਿੰਘ ਪ੍ਰਧਾਨ ਡਾ. ਅੰਬੇਡਕਰ ਮਿਸ਼ਨ ਸੁਸਾਇਟੀ ਢੇਸੀਆਂ ਕਾਹਨਾ, ਕੁਲਦੀਪ ਜੱਖੂ ਬਸਪਾ ਆਗੂ, ਸੁਸ਼ੀਲ ਵਿਰਦੀ, ਰਾਜੂ ਵਿਰਕ, ਨਰੇਸ਼ ਪਾਲ ਨੀਟਾ, ਸੁਰਜੀਤ ਪਹਿਲਵਾਨ, ਲੱਕੀ, ਸਿਮਰਨ ਸੀਮਾ, ਹਰਦੀਪ ਕੀਪਾ, ਪਰਮਜੀਤ ਢੇਸੀ, ਕਿੰਦਾ ਢੇਸੀ ਯੂ.ਕੇ., ਜੀਤਾ ਇਟਲੀ, ਕੁਲਵੰਤ ਸਿੰਘ ਕਨੇਡਾ, ਅਮਨਦੀਪ ਸਰੋਏ, ਵਿਜੇ ਕੁਮਾਰ, ਸੰਤ ਬਾਬਾ ਧਰਮਿੰਦਰ ਸਿੰਘ ਢੇਸੀਆਂ, ਅਵਤਾਰ ਸਿੰਘ ਢੇਸੀ, ਅਮਨਦੀਪ ਸਿੰਘ ਦੀਪਾ ਪ੍ਰਧਾਨ, ਜੋਗਾ ਸਿੰਘ, ਮਲਕੀਤ ਸਿੰਘ, ਰਾਜੂ ਅਮਰੀਕਾ, ਲਵਜੀਤ ਸੰਧੂ, ਵਿਜੇ ਬੰਗੜ, ਚੇਤਨ ਪਾਲ, ਨਰੇਸ਼ ਪਾਲ, ਪ੍ਰਦੀਪ ਪਾਲ, ਨਰਿੰਦਰ ਕੌਰ ਢੇਸੀ, ਰਾਣਾ ਸਿੰਘ ਢੇਸੀ, ਸੁਰਿੰਦਰ ਸ਼ਿੰਦਾ, ਸ਼ਰਨਜੀਤ ਸਿੰਘ, ਸੁਰਜੀਤ ਸਿੰਘ ਪਹਿਲਵਾਨ ਤੋਂ ਇਲਾਵਾ ਵੱਡੀ ਗਿਣਤੀ 'ਚ ਕੁਸ਼ਤੀ ਪ੍ਰੇਮੀ ਹਾਜਰ ਸਨ।

## ਮਾਨ ਸਰਕਾਰ ਨੇ ਪੈਨਸ਼ਨਰਾਂ 'ਤੇ ਟੈਕਸ ਲਗਾ ਕੇ ਕੀਤੀ ਮਾੜੀ : ਡਾ.ਧੀਰ

**ਫਗਵਾੜਾ (ਰਮਨ ਸ਼ਰਮਾ)** ਸਾਰੀ ਉਮਰ ਸਰਕਾਰੀ ਨੌਕਰੀ ਰਾਹੀਂ ਲੋਕਾਂ ਦੀ ਸੇਵਾ ਕਰਨ ਤੋਂ ਬਾਅਦ ਇਸ ਮਹਿੰਗਾਈ ਦੇ ਯੁੱਗ ਵਿੱਚ ਸੇਵਾਮੁਕਤ ਹੋਣ ਤੋਂ ਬਾਅਦ ਪੈਨਸ਼ਨ 'ਤੇ ਗੁਜਾਰਾ ਕਰਨ ਵਾਲਿਆਂ 'ਤੇ ਦੋ ਸੌ ਰੁਪਏ ਮਹੀਨਾ ਟੈਕਸ ਲਗਾ ਕੇ ਮਾਨ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਇਹ ਸਰਕਾਰ ਆਮ ਆਦਮੀ ਦੇ ਹਿੱਤਾਂ ਨਾਲ ਖਿਲਵਾੜ ਕਰਨ ਵਾਲੀ ਹੈ ਨਾ ਕਿ ਆਮ ਆਦਮੀ ਦੀ ਸ਼ੁਭਚਿੰਤਕ। ਇਹ ਗੱਲ ਪੰਜਾਬ ਸਰਕਾਰ ਦੇ ਸੇਵਾਮੁਕਤ ਜ਼ਿਲ੍ਹਾ ਆਯੁਰਵੇਦ ਅਤੇ ਯੂਨਾਨੀ ਅਫਸਰ ਡਾ.ਜਵਾਹਰ ਧੀਰ ਨੇ ਕਹੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪੈਨਸ਼ਨਰਾਂ 'ਤੇ ਟੈਕਸ ਲਗਾ ਕੇ ਇਕ ਸਾਲ ਵਿਚ 84 ਕਰੋੜ ਰੁਪਏ ਦੀ ਆਮਦਨ ਹੋਣ ਦੀ ਗੱਲ ਕੀਤੀ ਹੈ। ਸ਼ਰਮਨਾਕ ਗੱਲ ਇਹ ਹੈ ਕਿ ਮੁੱਖ ਮੰਤਰੀ ਆਪਣੀ ਪ੍ਰਸਿੱਧੀ ਦੇ ਇਸ਼ਤਿਹਾਰਾਂ 'ਤੇ ਇਸ ਤੋਂ ਕਈ ਗੁਣਾ ਜ਼ਿਆਦਾ ਪੈਸਾ ਖਰਚ ਕਰਦੇ ਹਨ। ਡਾ. ਨੇ ਮੁੱਖ ਮੰਤਰੀ ਤੋਂ ਮੰਗ ਕੀਤੀ ਹੈ ਕਿ ਇਹ ਫੈਸਲਾ ਵਾਪਸ ਲਿਆ ਜਾਵੇ ਅਤੇ ਪੈਨਸ਼ਨਰਾਂ ਨੂੰ ਇੱਜਤ ਨਾਲ ਰਹਿਣ ਦਿੱਤਾ ਜਾਵੇ।

## ਪੰਜਾਬ ਐਂਡ ਸਿੰਧ ਬੈਂਕ ਦੇ ਸਥਾਪਨਾ ਦਿਵਸ 'ਤੇ ਛਬੀਲ ਲਗਾਈ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਗੜ੍ਹਸ਼ੰਕਰ - ਬੰਗਾ ਰੋਡ 'ਤੇ ਪੰਜਾਬ ਐਂਡ ਸਿੰਧ ਬੈਂਕ ਗੜ੍ਹਸ਼ੰਕਰ ਅਤੇ ਇਸ ਬੈਂਕ ਦੀਆਂ ਹੋਰ ਚਾਰ ਬਰਾਂਚਾਂ ਜਿਹਨਾਂ 'ਚੋਂ ਕਾਠਗੜ੍ਹ,ਮਜਾਰੀ, ਜੈਨਪੁਰ ਅਤੇ ਬਲਾਚੌਰ ਵਲੋਂ ਬੈਂਕ ਦੇ 116ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ 'ਤੇ ਸੀ ਪੀ ਆਈ ਐਮ ਦੇ ਸੂਬਾ ਕਮੇਟੀ ਮੈਂਬਰ ਦਰਸ਼ਨ ਸਿੰਘ ਮੱਟੂ, ਗੁਲਮਰਗ ਸਿੰਘ ਤੋਂ ਇਲਾਵਾ ਵਿਨੈ ਕੁਮਾਰ ਸੀਨੀਅਰ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਗੜ੍ਹਸ਼ੰਕਰ, ਹਰਸ਼ਦੀਪ ਸਿੰਘ ਸੀਨੀਅਰ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਕਾਠਗੜ੍ਹ, ਅਮੀਰ ਜੈਨ ਬ੍ਰਾਂਚ ਮੈਨੇਜਰ ਜੈਨਪੁਰ ਅਤੇ ਨਵਨੀਤ ਕੌਰ ਪੰਜਾਬ ਐਂਡ ਸਿੰਧ ਬੈਂਕ ਬਰਾਂਚ ਮੈਨੇਜਰ ਮਜਾਰੀ ਆਦਿ ਹਾਜਰ ਸਨ।

# ਗੁਰੂ ਨਾਨਕ ਬਿਰਧ ਆਸ਼ਰਮ ਦੇਹਰੀਵਾਲ ਵੱਲੋਂ ਬਜ਼ੁਰਗਾਂ ਤੇ ਨਿਆਸਰਿਆਂ ਦੀ ਸੇਵਾ ਅਹਿਮ : ਖੁੱਡੀਆ



**ਹੁਸ਼ਿਆਰਪੁਰ, (ਓ ਪੀ ਰਾਣਾ)**

ਖੇਤੀ ਦੀ ਪ੍ਰਫੁੱਲਿਤਾ ਅਤੇ ਕਿਸਾਨਾਂ ਦੀ ਖੁਸ਼ਹਾਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ। ਇਹ ਪ੍ਰਗਟਾਵਾ ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਨੇ ਟਾਂਡਾ ਨੇੜੇ ਗੁਰੂ ਨਾਨਕ ਬਿਰਧ ਆਸ਼ਰਮ ਦੇਹਰੀਵਾਲ ਵਿਖੇ ਆਸ਼ਰਮ ਦੇ 4 ਸਾਲਾ ਸਥਾਪਨਾ ਦਿਵਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਵਿਧਾਇਕ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ ਵੀ ਉਨ੍ਹਾਂ ਦੇ ਨਾਲ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਉਨ੍ਹਾਂ ਨੂੰ ਖੇਤੀਬਾੜੀ ਦੇ ਅਹਿਮ ਮਹਿਕਮੇ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਅਤੇ ਉਹ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਦੀ ਕੋਸ਼ਿਸ਼ ਕਰਨਗੇ। ਗੁਰੂ ਨਾਨਕ ਬਿਰਧ ਆਸ਼ਰਮ ਦੇਹਰੀਵਾਲ ਦੇ ਪ੍ਰਬੰਧਕ ਪੱਡਾ ਪਰਵਾਰ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪਰਵਾਰ ਵਲੋਂ ਬਜ਼ੁਰਗਾਂ ਅਤੇ ਨਿਆਸਰਿਆਂ ਲਈ ਕੀਤੀ ਜਾ ਰਹੀ ਸੇਵਾ ਬੇਹੱਦ ਅਹਿਮ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨੂੰ ਇਥੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਅਤੇ ਆਪਣੇ ਸਮਝ ਕੇ ਦਿੱਤਾ ਜਾ ਰਿਹਾ ਪਿਆਰ ਆਪਣੇ-ਆਪ ਵਿਚ ਇਕ ਮਿਸਾਲ ਹੈ। ਉਨ੍ਹਾਂ ਇਸ ਕੰਮ ਲਈ ਕੈਨੇਡਾ ਰਹਿੰਦੇ ਪੱਡਾ ਪਰਵਾਰ ਦੇ ਸੁਖਮਿੰਦਰ ਸਿੰਘ ਪੱਡਾ, ਹਰਜਿੰਦਰ ਸਿੰਘ ਪੱਡਾ ਅਤੇ ਜਵਾਹਰ ਸਿੰਘ ਪੱਡਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਮੌਕੇ ਗੁਰੂ ਨਾਨਕ ਬਿਰਧ ਆਸ਼ਰਮ ਦੇ ਮੁੱਖ ਪ੍ਰਬੰਧਕ ਹਰਜਿੰਦਰ ਸਿੰਘ ਪੱਡਾ, ਡਾ.ਕੇਵਲ ਸਿੰਘ ਕਾਜਲ, ਡੀ ਐਸ ਪੀ ਕੁਲਵੰਤ ਸਿੰਘ, ਤਹਿਸੀਲਦਾਰ ਮਨਬੀਰ ਸਿੰਘ ਢਿੱਲੋਂ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੇਵ ਸਿੰਘ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਹਰੂਨ ਰਤਨ, ਖੇਤੀਬਾੜੀ ਵਿਕਾਸ ਅਫ਼ਸਰ ਡਾ. ਕਿਰਨਦੀਪ ਸਿੰਘ, ਡਾ.ਲਵਪ੍ਰੀਤ ਸਿੰਘ ਪਾਬਲਾ, ਸਰਪੰਚ ਹਰਦਿਆਲ ਸਿੰਘ, ਸਾਬਕਾ ਸਰਪੰਚ ਹਰਵਿੰਦਰ ਸਿੰਘ, ਮਨਜੋਤ ਸਿੰਘ ਤਲਵੰਡੀ, ਜਵਾਹਰ ਖੁਰਾਣਾ, ਗੁਰਵੀਰ ਚੌਟਾਲਾ, ਦਵਿੰਦਰ ਸਿੰਘ ਮੂਨਕ, ਸੁਧੀਰ ਸੋਂਧੀ, ਹਰਵਿੰਦਰ ਓਹੜਪੁਰੀ, ਨੰਬਰਦਾਰ ਮਨਪ੍ਰੀਤ ਸਿੰਘ, ਪਰਮਜੀਤ ਸਿੰਘ ਦੇਹਰੀਵਾਲ, ਸੁਖਵੀਰ ਸਿੰਘ ਚੌਹਾਨ, ਕਰਨੈਲ ਸਿੰਘ ਮਾਲਵਾ, ਡਾ.ਰਣਜੀਤ ਸਿੰਘ ਤੋਂ ਇਲਾਵਾ ਇਲਾਕੇ ਦੀਆਂ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ। ਇਸ ਦੌਰਾਨ ਖੇਤੀਬਾੜੀ ਮੰਤਰੀ ਨੂੰ ਪੀ.ਡਬਲਿਊ.ਡੀ. ਰੈਸਟ ਹਾਊਸ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੁਲਿਸ ਦੀ ਟੁਕੜੀ ਵਲੋਂ ਸ਼ਾਨਦਾਰ ਗਾਰਡ ਆਫ਼ ਆਨਰ ਦਿੱਤਾ ਗਿਆ, ਜਿਸ ਦੌਰਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਐਸ.ਐਸ.ਪੀ ਸਰਤਾਜ ਸਿੰਘ ਚਾਹਲ ਅਤੇ ਐਸ ਡੀ ਹਾਜ਼ਰ ਸਨ।

# ਲੈਬੋਰੇਟਰੀ ਐਸੋਸੀਏਸ਼ਨ ਜੈ ਮਿਲਾਪ ਦੀ ਜ਼ਿਲ੍ਹਾ ਪੱਧਰੀ ਚੋਣ ਸਰਬਸੰਮਤੀ ਨਾਲ ਹੋਈ



**ਕਾਲਾ ਸੰਘਿਆਂ (ਮਨਜੀਤ ਮਾਨ)**

ਲੈਬੋਰੇਟਰੀ ਐਸੋਸੀਏਸ਼ਨ "ਜੈ ਮਿਲਾਪ" (ਜੁਆਇੰਟ ਐਸੋਸੀਏਸ਼ਨ ਆਫ ਇੰਡੀਪੈਂਨਡੈਂਸ ਮੈਡੀਕਲ ਲੈਬੋਰੇਟਰੀ ਐਂਡ ਅਲਾਈਨਸ ਪ੍ਰੋਫੈਸਨਲ ਰਜਿ:) ਦੇ ਜ਼ਿਲ੍ਹਾ ਦਾ ਦੋ ਸਾਲ ਦਾ ਕਾਰਜਕਾਲ ਪੂਰਾ ਹੋਣ 'ਤੇ ਪਿਛਲੇ ਦਿਨੀਂ ਸੂਬਾ ਕੋਰ ਕਮੇਟੀ ਭੰਗ ਕੀਤੀ ਗਈ। ਜ਼ਿਲ੍ਹਾ ਕਪੂਰਥਲਾ ਦੀ ਨਵੀਂ ਕੋਰ ਕਮੇਟੀ ਦੀ ਚੋਣ ਲਈ ਸਮੂਹ ਅਹੁਦੇਦਾਰਾਂ ਦੀ ਮੀਟਿੰਗ ਹੋਈ ਜਿਸ ਵਿਚ ਨਵਾਂਸ਼ਹਿਰ ਤੋਂ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਰੋੜੀ, ਸਕੱਤਰ ਵਿਪਨ ਤੇ ਚੇਅਰਮੈਨ ਨਰੇਸ਼ ਕੁਮਾਰ ਬਤੌਰ ਚੋਣ ਆਬਜਰਵਰ ਸ਼ਾਮਿਲ ਹੋਏ। ਸੁਰਜੀਤ ਸਿੰਘ ਚੰਦੀ ਸੂਬਾ ਕੈਸ਼ੀਅਰ, ਸੀਨੀਅਰ ਆਗੂ ਟਹਿਲ ਸਿੰਘ, ਸਾਬਕਾ ਸੂਬਾ ਕੈਸ਼ੀਅਰ ਸ਼ਲਿੰਦਰਪਾਲ ਸਿੰਘ ਅਤੇ ਅੰਕਿਤ ਯਾਦਵ ਵਾਇਸ ਚੇਅਰਮੈਨ ਸਟੂਡੈਂਟ ਵਿੰਗ ਨੇ ਸ਼ਿਰਕਤ ਕੀਤੀ। ਸਰਬਸੰਮਤੀ ਨਾਲ ਡਾਕਟਰ ਮਿਹਰ ਪ੍ਰੀਤ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ, ਸੰਦੀਪ ਕੁਮਾਰ ਨੂੰ ਜਨਰਲ ਸਕੱਤਰ, ਰਮੇਸ਼ ਕੁਮਾਰ ਨੂੰ ਕੈਸ਼ੀਅਰ ਅਤੇ ਸਰਬਣ ਸਿੰਘ ਜੋਸ਼ੀ ਨੂੰ ਚੇਅਰਮੈਨ ਚੁਣਿਆ ਗਿਆ। ਇਸ ਮੌਕੇ ਕਪੂਰਥਲਾ ਤੋਂ ਬਲਾਕ ਪ੍ਰਧਾਨ ਗੁਰਿੰਦਰ ਸਿੰਘ ਜੱਸਲ, ਸਕੱਤਰ ਬਲਵਿੰਦਰ ਸਿੰਘ ਤੇ ਕੈਸ਼ੀਅਰ ਸੁਖਵਿੰਦਰ ਸਿੰਘ ਸਿੱਧੂ, ਬਲਾਕ ਫਗਵਾੜਾ ਤੋਂ ਪ੍ਰਧਾਨ ਧਲਵਿੰਦਰ ਰਾਜ, ਕੈਸ਼ੀਅਰ ਸੁਖਵਿੰਦਰ ਸਿੰਘ ਤੇ ਸੀਨੀਅਰ ਮੈਂਬਰ ਡਾ. ਭਵ ਸੇਖਰ ਸੂਦ, ਬਲਾਕ ਭੁਲੱਥ ਤੋਂ ਪ੍ਰਧਾਨ ਸੰਦੀਪ ਕੁਮਾਰ, ਸਕੱਤਰ ਮਨਜੀਤ ਪਾਲ ਸਿੰਘ, ਕੈਸ਼ੀਅਰ ਜਸਵਿੰਦਰ ਸਿੰਘ ਭਾਰਜ ਤੇ ਪ੍ਰਦੀਪ ਸਿੰਘ ਧੁੱਗਾ, ਬਲਾਕ ਸੁਲਤਾਨਪੁਰ ਲੋਧੀ ਤੋਂ ਪ੍ਰਧਾਨ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਕੁਲਦੀਪ ਆਦਿ ਮੈਂਬਰ ਅਤੇ ਅਹੁਦੇਦਾਰ ਹਾਜਰ ਸਨ।

## ਨਸ਼ਾਖੋਰੀ ਤੇ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਡਰੱਗ ਦਿਵਸ ਮਨਾਇਆ



**ਫਗਵਾੜਾ (ਰਮਨ ਸ਼ਰਮਾ)** ਜਰਨਲਿਸਟ ਪ੍ਰੈਸ ਕਲੱਬ (ਰਜਿ.) ਪੰਜਾਬ ਫਗਵਾੜਾ ਯੂਨਿਟ ਵਲੋਂ ਥਾਣਾ ਸਤਨਾਮਪੁਰਾ ਮੁੱਖੀ ਰਮਨਦੀਪ ਸਿੰਘ ਦੀ ਅਗਵਾਈ ਅਤੇ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਅਤੇ ਪ੍ਰੋਜੈਕਟ ਡਾਇਰੈਕਟਰ ਬਲਵੀਰ ਬੈਂਸ ਦੀ ਸੁਚੱਜੀ ਦੇਖ-ਰੇਖ ਹੇਠ ਨਸ਼ਾਖੋਰੀ ਅਤੇ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਡਰੱਗ ਦਿਵਸ ਮਨਾਇਆ ਗਿਆ। ਇਸ ਮੌਕੇ ਥਾਣਾ ਸਤਨਾਮਪੁਰਾ ਅਡੀਸ਼ਨਲ ਐਸ.ਐਚ.ਉ.ਬਲਵਿੰਦਰ ਰਾਏ ਵੱਲੋਂ ਰਾਹਗੀਰਾਂ ਨੂੰ ਰੋਕ ਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਨਾਲ ਸਖਤੀ ਨਾਲ ਨਿਪਟਿਆ ਜਾਵੇਗਾ। ਡਾ.ਰਮਨ ਨੇ ਆਖਿਆ ਕਿ ਅੱਜ ਦਾ ਨੌਜਵਾਨ ਬਹੁਤ ਪ੍ਰੈਕਟੀਕਲ ਹੈ ਉਹ ਆਪਣੇ ਉੱਤੇ ਨਵੇਂ-ਨਵੇਂ ਤਜਰਬੇ ਕਰਦਾ ਰਹਿੰਦਾ ਹੈ। ਕੁਝ ਨੌਜਵਾਨ ਆਪਣੀ ਜ਼ਿੰਦਗੀ ਨੂੰ ਸੁੰਦਰ ਬਣਾਉਣ ਲਈ ਨਵੇਂ-ਨਵੇਂ ਤਜਰਬੇ ਕਰਦੇ ਹਨ ਪਰ ਕੁਝ ਨੌਜਵਾਨ ਗੁੰਮਰਾਹ ਹੋ ਕੇ ਨਸ਼ੇ ਦੇ ਤਜਰਬੇ ਕਰ ਲੈਂਦੇ ਹਨ। ਜੋ ਸਿੱਧੇ ਤੌਰ 'ਤੇ ਨਾ ਸਿਰਫ ਉਨ੍ਹਾਂ ਦੀ ਜ਼ਿੰਦਗੀ ਨਾਲ ਖੇਡਦੇ ਹਨ,ਸਗੋਂ ਪੂਰੇ ਪਰਵਾਰ ਨੂੰ ਵੀ ਤਬਾਹ ਕਰ ਦਿੰਦੇ ਹਨ, ਅਜਿਹੇ ਨੌਜਵਾਨਾਂ ਨੂੰ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਬਲਵੀਰ ਬੈਂਸ, ਸੁਸ਼ੀਲ ਸ਼ਰਮਾ,ਬੀ.ਕੇ ਰੱਤੂ,ਕੁਲਦੀਪ ਸਿੰਘ ਨੂਰ,ਅਸ਼ੋਕ ਸ਼ਰਮਾ,ਜੀਵਨ ਕੁਮਾਰ ਸੰਘਾ,ਅਸੀਸ ਗਾਂਧੀ,ਅਸ਼ੋਕ ਗੋਬਿੰਦਪੁਰੀ,ਸਤਪ੍ਰਕਾਸ਼ ਸਿੰਘ ਸੱਗੂ,ਐਡਵੋਕੇਟ ਧੰਨਦੀਪ ਕੌਰ, ਮੋਨੀਕਾ ਬੇਦੀ,, ਏ.ਐੱਸ.ਆਈ.ਮਨਜੀਤ ਸਿੰਘ ਬਾਬਾ,ਮੁਨਸ਼ੀ ਬਲਕਾਰ ਸਿੰਘ, ਏ.ਐੱਸ.ਆਈ.ਗੁਰਮੀਤ ਸਿੰਘ,ਏ.ਐੱਸ.ਆਈ.ਜਸਵਿੰਦਰ ਸਿੰਘ, ਹੌਲਦਾਰ ਪਰਮਜੀਤ ਸਿੰਘ,ਚਰਨਜੀਤ ਸਿੰਘ ਕਰਮਚਾਰੀ, ਕਾਂਸਟੇਬਲ ਗੁਰਪ੍ਰੀਤ ਸਿੰਘ,ਕਰਮਚਾਰੀ ਨਵਦੀਪ ਸਿੰਘ, ਕਰਮਚਾਰੀ ਅਰੁਣ ਦੁੱਗਲ ਆਦਿ ਮੌਜੂਦ ਸਨ।

# ਪੰਜਾਬ ਪੁਲਸ ਵੱਲੋਂ ਸੁਰੱਖਿਆ ਦੇ ਨਜ਼ਰੀਏ ਤੋਂ ਏ ਟੀ ਐੱਮ ਤੇ ਪੈਟਰੋਲ ਪੰਪਾਂ ਦੀ ਚੈਕਿੰਗ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰੱਖਣ ਲਈ, ਪੰਜਾਬ ਪੁਲਸ ਵੱਲੋਂ ਸੁਰੱਖਿਆ ਦੇ ਨਜਰੀਏ ਤੋਂ ਸੂਬੇ ਭਰ ਦੇ ਏ.ਟੀ.ਐਮਜ ਅਤੇ ਪੈਟਰੋਲ ਪੰਪਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਥੇ ਸੁਰੱਖਿਆ ਗਾਰਡ ਤਾਇਨਾਤ ਹੋਣ ਦੇ ਨਾਲ-ਨਾਲ ਕਲੋਜ-ਸਰਕਟ ਟੈਲੀਵਿਜਨ (ਸੀ.ਸੀ.ਟੀ.ਵੀ.) ਕੈਮਰੇ ਸਹੀ ਢੰਗ ਨਾਲ ਕੰਮ ਕਰ ਰਹੇ ਹਨ। ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਸ ਜ਼ਿਲ੍ਹਿਆਂ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਇੱਕੋ ਸਮੇਂ ਇਹ ਚੈਕਿੰਗ ਕੀਤੀ ਗਈ। ਅਰਪਿਤ ਸ਼ੁਕਲਾ ਨੇ ਦੱਸਿਆ ਕਿ ਇਹ ਚੈਕਿੰਗ ਲੁੱਟ-ਖੋਹ ਦੀ ਵੱਧ ਸੰਭਾਵਨਾ ਵਾਲੀਆਂ ਥਾਵਾਂ ਜਿਵੇਂ ਪੈਟਰੋਲ ਪੰਪਾਂ ਅਤੇ ਏ.ਟੀ.ਐਮਜ਼ ਦੀ ਸੰਵੇਦਨਸ਼ੀਲਤਾ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ , ਕਿਉਂ ਜੋ ਅਜਿਹੀਆਂ ਥਾਵਾਂ ਅਕਸਰ ਸਮਾਜ ਵਿਰੋਧੀ ਤੱਤਾਂ ਦੇ ਨਿਸ਼ਾਨੇ ਤੇ ਹੁੰਦੀਆਂ ਹਨ ਅਤੇ ਲੁੱਟ-ਖੋਹ ਦਾ ਖਤਰਾ ਬਣਿਆ ਰਹਿੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੀਆਂ ਸਾਰੀਆਂ ਇਕਾਈਆਂ ਦੀ ਜਾਂਚ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਹਰੇਕ ਪੁਲਸ ਥਾਣੇ ਵਿੱਚੋਂ ਇੱਕ ਟੀਮ ਤਾਇਨਾਤ ਕੀਤੀ ਗਈ ਸੀ। ਪੁਲਸ ਟੀਮਾਂ ਨੂੰ ਇਹ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ ਕਿ ਸਾਰੇ ਏ.ਟੀ.ਐਮ ਅਤੇ ਪੈਟਰੋਲ ਪੰਪਾਂ 'ਤੇ ਸੀਸੀਟੀਵੀ ਕੈਮਰੇ ਲੱਗੇ ਹੋਣ ਅਤੇ ਨਿਗਰਾਨੀ ਲਈ ਚੌਕੀਦਾਰ/ਸੁਰੱਖਿਆ ਗਾਰਡ ਤਾਇਨਾਤ ਹੋਵੇ। ਉਕਤ ਕਾਰਵਾਈ ਦੌਰਾਨ ਘੱਟੋ-ਘੱਟ 471 ਪੁਲਸ ਟੀਮਾਂ, ਜਿਨ੍ਹਾਂ ਵਿੱਚ 3000 ਤੋਂ ਵੱਧ ਪੁਲਸ ਕਰਮਚਾਰੀ ਸ਼ਾਮਲ ਸਨ, ਨੇ ਸੂਬੇ ਭਰ ਵਿੱਚ 2758 ਏਟੀਐਮ ਅਤੇ 1861 ਪੈਟਰੋਲ ਪੰਪਾਂ ਦੀ ਚੈਕਿੰਗ ਕੀਤੀ।

# ਪੈਨਸ਼ਨਰਾਂ ਨੇ ਜਬਰੀ ਜਜ਼ੀਆ ਟੈਕਸ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ

**ਹੁਸ਼ਿਆਰਪੁਰ, (ਬਲਵੀਰ ਸੈਣੀ)**- ਸ਼ਹੀਦ ਭਗਤ ਸਿੰਘ ਦਾ ਨਾਂਅ ਵਰਤ ਕੇ ਬਦਲਾਅ ਦੇ ਰੂਪ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਪਿਛਲੀਆਂ ਸਰਕਾਰਾਂ ਵਾਂਗ ਹੀ ਮੁਲਾਜ਼ਮ/ ਪੈਨਸ਼ਨਰ ਵਿਰੋਧੀ ਨੀਤੀਆਂ ਲਾਗੂ ਕਰਨੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜਿਸਦੀ ਤਾਜ਼ਾ ਮਿਸਾਲ ਪੈਨਸ਼ਨਾਂ ਉੱਪਰ ਥੋਪੇ ਗਏ 200 ਰੁਪਏ ਵਿਕਾਸ ਟੈਕਸ ਤੋਂ ਸਪੱਸ਼ਟ ਮਿਲ ਰਹੀ ਹੈ। ਇਸਦਾ ਵਿਰੋਧ ਪੂਰੇ ਪੰਜਾਬ ਅੰਦਰ ਪੂਰੀ ਤਰ੍ਹਾਂ ਭਖ ਗਿਆ ਹੈ। ਪੰਜਾਬ-ਯੂ.ਟੀ. ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਅੱਗੇ ਇਸ ਪੱਤਰ ਦੀਆਂ ਕਾਪੀਆਂ ਫੂਕਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਜਿਸਦੇ ਤਹਿਤ ਸਾਂਝਾ ਫਰੰਟ ਤਹਿਸੀਲ ਹੁਸ਼ਿਆਰਪੁਰ ਵਲੋਂ ਤਹਿਸੀਲ ਕੰਪਲੈਕਸ ਵਿਖੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਸੂਬਾ ਕਨਵੀਨਰ ਸਤੀਸ਼ ਰਾਣਾ, ਕੁਲਵਰਨ ਸਿੰਘ, ਜਸਵੀਰ ਤਲਵਾੜਾ ਨੇ ਕਿਹਾ ਕਿ ਮੁਲਾਜ਼ਮ ਅਤੇ ਪੈਨਸ਼ਨਰ ਪਹਿਲਾਂ ਹੀ ਤਨਖਾਹ ਅਤੇ ਪੈਨਸ਼ਨ ਉੱਪਰ ਸਰਕਾਰ ਨੂੰ ਟੈਕਸ ਅਦਾ ਕਰਦੇ ਹਨ ਅਤੇ ਦੇਸ਼ ਅਤੇ ਪ੍ਰਾਂਤ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ, ਪ੍ਰੰਤੂ ਮੌਜੂਦਾ ਇਸ ਬਦਲਾਅ ਵਾਲੀ ਸਰਕਾਰ ਵਲੋਂ ਆਪਣੇ ਝੂਠੇ ਪ੍ਰਚਾਰ ਲਈ ਸੂਬੇ ਦੇ ਲੋਕਾਂ ਦਾ ਕਰੋੜਾਂ ਰੁਪਈਆ ਫੂਕ ਰਹੀ ਹੈ ਅਤੇ ਵਿਕਾਸ ਕਰਨ ਲਈ ਮੁਲਜ਼ਮਾਂ ਅਤੇ ਪੈਨਸ਼ਨਰਾਂ ਕੋਲੋਂ ਜਬਰੀ ਟੈਕਸ ਵਸੂਲਿਆ ਜਾ ਰਿਹਾ ਹੈ। ਇਸ ਮੌਕੇ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਸੈਣੀ, ਡੀ.ਕੇ. ਮਹਿਤਾ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਓਂਕਾਰ ਸਿੰਘ, ਡਾ. ਸੁਖਦੇਵ ਸਿੰਘ ਢਿੱਲੋਂ, ਮਨਜੀਤ ਸਿੰਘ ਸੈਣੀ, ਪ੍ਰਦੀਪ ਸਿੰਘ, ਜਤਿੰਦਰ ਸੋਨੀ, ਰਜਿੰਦਰ ਸਿੰਘ, ਹਰਨਿੰਦਰ ਕੌਰ, ਬਲਵਿੰਦਰ ਕੌਰ, ਪਰਮਜੀਤ ਕੌਰ ਨੇ ਕਿਹਾ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਉੱਪਰ ਲਗਾਇਆ ਜਜ਼ੀਆ ਟੈਕਸ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਇੰਨਸੈਨਟਿਵ, ਮਾਣ ਭੱਤਾ ਮੁਲਾਜ਼ਮਾਂ 'ਤੇ ਘਟੋ-ਘੱਟ ਉਜਰਤ ਲਾਗੂ ਕੀਤੀ ਜਾਵੇ। ਇਸ ਉਪਰੰਤ ਕੈਬਨਿਟ ਮੰਤਰੀ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਦੀ ਰਿਹਾਇਸ਼ੀ ਕਲੋਨੀ ਦੇ ਗੇਟ ਅੱਗੇ ਆਕਾਸ਼ ਗੁੰਜਾਊ ਨਾਅਰਿਆਂ ਨਾਲ ਪੈਨਸ਼ਨਰ ਵਿਰੋਧੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ ਗਈਆਂ।

# ਸੇਂਟ ਸੋਲਜਰ ਐਲੂਮਨੀ ਹਰਮਿਲਨ ਨੇ ਨੈਸ਼ਨਲ ਖੇਡਾਂ 'ਚ ਚਮਕਾਇਆ ਨਾਂਅ




**ਜਲੰਧਰ, (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀ ਸਾਬਕਾ ਵਿਦਿਆਰਥਣ ਹਰਮਿਲਨ ਕੌਰ ਬੈਂਸ ਨੇ ਭੁਵਨੇਸ਼ਵਰ ਦੇ ਕਲਿੰਗਾ ਸਟੇਡੀਅਮ ਵਿਖੇ ਹੋਈ ਇੰਟਰ ਸਟੇਟ ਚੈਂਪੀਅਨਸ਼ਿਪ ਵਿੱਚ 4.8 ਸੈਕਿੰਡ ਵਿੱਚ 1500 ਮੀਟਰ ਅਤੇ 2.02.04 ਸੈਕਿੰਡ 'ਚ 800 ਮੀਟਰ ਰੇਸ 'ਚ ਸਿਲਵਰ ਮੈਡਲ ਜਿੱਤ ਕੇ ਏਸ਼ਿਆਈ ਖੇਡਾਂ ਵਿੱਚ ਆਪਣੀ ਥਾਂ ਪੱਕੀ ਕਰ ਲਈ ਹੈ। ਇਹ ਏਸ਼ੀਆਈ ਖੇਡਾਂ ਸਤੰਬਰ ਵਿੱਚ ਚੀਨ ਵਿੱਚ ਹੋਣ ਜਾ ਰਹੀਆਂ ਹਨ ਜਿਸ ਵਿੱਚ ਹਰਮਿਲਨ 800 ਅਤੇ 1500 ਵਿੱਚ ਦੌੜੇਗੀ। ਇਸ ਤੋਂ ਪਹਿਲਾਂ ਹਰਮਿਲਨ ਨੇ ਸਤੰਬਰ 2021 ਵਿੱਚ ਵਾਰੰਗਲ (ਤੇਲੰਗਾਨਾ) ਵਿੱਚ ਹੋਈ ਨੈਸ਼ਨਲ ਓਪਨ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ 800 ਮੀਟਰ ਅਤੇ 1500 ਮੀਟਰ ਦੌੜ ਵਿੱਚ ਸੋਨ ਤਗਮੇ ਜਿੱਤ ਕੇ ਕੌਮੀ ਰਿਕਾਰਡ ਬਣਾਇਆ ਸੀ। ਦੱਸ ਦੇਈਏ ਕਿ ਹਰਮਿਲਨ ਕੌਰ ਬੈਂਸ ਦੇ ਮਾਤਾ-ਪਿਤਾ ਵੀ ਪ੍ਰਸਿੱਧ ਅਥਲੀਟ ਰਹਿ ਚੁੱਕੇ ਹਨ। ਉਸਦੀ ਮਾਂ ਮਾਧੁਰੀ ਸਕਸੈਨਾ ਨੇ 2002 ਦੀਆਂ ਏਸ਼ੀਅਨ ਖੇਡਾਂ ਵਿੱਚ 800 ਮੀਟਰ ਦੌੜ ਵਿੱਚ ਚਾਂਦੀ ਦਾ ਤਗਮਾ ਜਿੱਤਿਆ ਸੀ ਅਤੇ ਪਿਤਾ ਅਮਨਦੀਪ ਬੈਂਸ ਨੇ ਵੀ ਦੱਖਣੀ ਏਸ਼ੀਆਈ ਖੇਡਾਂ ਵਿੱਚ 1500 ਮੀਟਰ ਦੌੜ ਵਿੱਚ ਦੇਸ਼ ਲਈ ਤਗਮਾ ਜਿੱਤਿਆ।

## ਹੈੱਲਥ ਤੇ ਵੈੱਲਨੈੱਸ ਸੈਂਟਰ 'ਚ ਲਗਾਇਆ ਯੋਗ ਕੈਂਪ



**ਅੱਡਾ ਸਰਾਂ (ਜਸਵੀਰ ਕਾਜਲ)**-ਹੈਲਥ ਅਤੇ ਵੈਲਨੈਸ ਸੈਂਟਰ ਨੂਰਪੁਰ ਵਿਖੇ ਯੋਗ ਦਿਵਸ ਮਨਾਇਆ ਗਿਆ । ਡਾ. ਹਰਤੀਰਥ ਸਿੰਘ ਆਯੁਰਵੇਦਿਕ ਮੈਡੀਕਲ ਅਫਸਰ ਨੇ ਯੋਗ ਦਾ ਮਹੱਤਵ ਦੱਸਦੇ ਹੋਏ ਯੋਗ ਕਰਵਾਇਆ। ਸਾਰੇ ਹੀ ਸਟਾਫ ਮੈਂਬਰਾਂ ਅਤੇ ਕੁਝ ਪਿੰਡ ਵਾਸੀਆਂ ਨੇ ਯੋਗ ਬਹੁਤ ਹੀ ਉਤਸ਼ਾਹ ਨਾਲ ਕੀਤਾ। ਡਾਕਟਰ ਨੇ ਯੋਗ ਦੇ ਵੱਖ ਵੱਖ ਆਸਣ ਕਰਵਾਏ ਅਤੇ ਦੱਸਿਆ ਕਿ ਯੋਗ ਦੇ ਅਭਿਆਸ ਕਾਰਨ ਬਿਹਤਰ ਇਨਸਾਨ ਬਨਣ ਦੇ ਨਾਲ ਤੇਜ ਦਿਮਾਗ ਤੇ ਆਤਮਾ ਦਾ ਵੀ ਸੰਤੁਲਨ ਰਹਿੰਦਾ ਹੈ। ਇਸ ਕੈਂਪ ਵਿਚ ਹਰਿੰਦਰਪਾਲ ਸਿੰਘ ਸਿਹਤ ਕਰਮਚਾਰੀ ,ਆਸ਼ਾ ਵਰਕਰ ਮਨਜੀਤ ਕੌਰ, ਸਿਮਰਨਜੀਤ ਕੌਰ, ਬਲਵਿੰਦਰ ਕੌਰ ਆਦਿ ਵੀ ਹਾਜਰ ਸਨ।

## ਪੀਰ ਬਾਬਾ ਗਰੀਬ ਸ਼ਾਹ ਦੀ ਦਰਗਾਹ 'ਤੇ ਲੱਗਾ ਸਾਲਾਨਾ ਜੋੜ ਮੇਲਾ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਪਿੰਡ ਸਫੀਪੁਰ ਵਿਖੇ ਪੀਰ ਬਾਬਾ ਗਰੀਬ ਸ਼ਾਹ ਜੀ ਦੀ ਦਰਗਾਹ 'ਤੇ ਸਾਲਾਨਾ ਜੋੜ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਮੇਲੇ ਵਿਚ ਪੰਜਾਬੀ ਗਾਇਕ ਜੋੜੀ ਕੁਲਦੀਪ ਰੰਧਾਵਾ ਅਤੇ ਬੀਬਾ ਜੱਸ ਕੌਰ ਨੇ ਆਪਣੀ ਸੁਰੀਲੀ ਆਵਾਜ਼ ਵਿਚ ਮੇਲੇ ਦੀਆਂ ਰੌਣਕਾਂ ਨੂੰ ਵਧਾਇਆ। ਆਈਆਂ ਹੋਈਆਂ ਸੰਗਤਾਂ ਦਾ ਸਰਪੰਚ ਦਿਲਬਾਗ ਸਿੰਘ ਨੇ ਧੰਨਵਾਦ ਕੀਤਾ। ਇਸ ਮੌਕੇ ਕਬੱਡੀ ਦਾ ਮੁਕਾਬਲਾ ਕਰਵਾਇਆ ਗਿਆ ਜਿਸ ਵਿਚ ਲੜਕਿਆਂ ਦੀ ਜੇਤੂ ਟੀਮ ਨੂੰ 11100 ਨਗਦ ਰਾਸ਼ੀ ਦਿੱਤੀ ਅਤੇ ਕੁੜੀਆਂ ਦੀ ਜੇਤੂ ਟੀਮ ਨੂੰ 8100 ਰੁਪਏ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ। ਪਿੰਡ ਦੇ ਮੈਂਬਰ ਪੰਚਾਇਤ ਗੁਲਜ਼ਾਰ ਸਿੰਘ, ਹਰਜਿੰਦਰ ਸਿੰਘ, ਸਤਨਾਮ ਸਿੰਘ, ਤਰਸੇਮ ਸਿੰਘ, ਜਗਰੂਪ ਸਿੰਘ, ਸਰਬਜੀਤ ਸਿੰਘ ਹਰਪਾਲ ਸਿੰਘ, ਭਿੰਡੀ, ਗੋਲਡੀ, ਬਲਕਾਰ ਸਿੰਘ, ਤਰਸੇਮ ਸਿੰਘ, ਜਰਮਨ, ਗੋਰਾ, ਛਿੰਦਾ ਹਲਵਾਈ, ਸ਼ਮਸ਼ੇਰ ਸਿੰਘ, ਕੁਲਵਿੰਦਰ ਸਿੰਘ, ਰਛਪਾਲ ਸਿੰਘ, ਸੁੱਖ ਹੁੰਦਲ, ਬਾਜ ਕਾਲਾ, ਰਾਜਾ, ਕੋਮਲ ਬਚਿੱਤਰ ਸਿੰਘ ਅਤੇ ਸਮੂਹ ਨਿਵਾਸੀ ਹਾਜ਼ਰ ਸਨ।

# ਟਾਂਡਿਆਂ ਨੂੰ ਸਰੇਆਮ ਅੱਗ ਲਾਉਣ ਦਾ ਸਿਲਸਿਲਾ ਲਗਾਤਾਰ ਜਾਰੀ

**ਕਾਲਾ ਸੰਘਿਆਂ (ਮਨਜੀਤ ਮਾਨ)**

ਕਣਕ, ਝੋਨੇ ਅਤੇ ਮੱਕੀ ਦੀ ਫਸਲ ਦੀ ਕਟਾਈ ਤੋਂ ਬਾਅਦ ਆਮ ਤੌਰ 'ਤੇ ਫਸਲ ਦੀ ਰਹਿੰਦ ਖੂੰਹਦ ਨੂੰ ਬਹੁ ਗਿਣਤੀ ਕਿਸਾਨਾਂ ਵੱਲੋਂ ਅੱਗ ਲਗਾ ਦਿੱਤੀ ਜਾਂਦੀ ਹੈ। ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮਨਾਹੀ ਦੇ ਬਾਵਜੂਦ ਲੋਕ ਖੇਤਾਂ ਵਿੱਚ ਅੱਗ ਲਗਾਉਣ ਤੋਂ ਬਾਜ ਨਹੀਂ ਆ ਰਹੇ। ਹੁਣ ਵੀ ਬਹੁਤਾਤ ਗਿਣਤੀ ਕਿਸਾਨਾਂ ਵੱਲੋਂ ਬਿਨਾਂ ਕਾਨੂੰਨੀ ਡਰ ਮੱਕੀ ਦੇ ਟਾਂਡਿਆਂ ਨੂੰ ਅੱਗ ਲਗਾਉਣਾ ਦਾ ਸਿਲਸਿਲਾ ਸਰੇਆਮ ਜਾਰੀ ਹੈ। ਹਾਲਾਂਕਿ ਪਿਛਲੇ ਸਮੇਂ ਦੌਰਾਨ ਖੇਤਾਂ ਨੂੰ ਅੱਗ ਲਾਉਣ ਨਾਲ ਕਾਫੀ ਘਟਨਾਵਾਂ ਵਾਪਰਨ ਦੀਆਂ ਖਬਰਾਂ ਵੀ ਸਾਹਮਣੇ ਆਈਆਂ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਸਕੂਲੀ ਬੱਚਿਆਂ ਦੀ ਬੱਸ ਖੇਤਾਂ ਵਿੱਚ ਲੱਗੀ ਅੱਗ ਨਾਲ ਸੜ ਕੇ ਸੁਆਹ ਹੋ ਗਈ ਅਤੇ ਕਰੀਬ 8 ਬੱਚੇ ਵੀ ਬੁਰੀ ਤਰ੍ਹਾਂ ਝੁਲਸ ਗਏ ਅਤੇ ਜ਼ਿਲ੍ਹਾ ਮੋਗਾ ਵਿਖੇ ਸੜਕਾਂ 'ਤੇ ਸਥਿਤ ਖੇਤ ਵਿੱਚ ਅੱਗ ਲੱਗੀ ਹੋਣ ਕਾਰਨ ਇਕ ਨਵਵਿਆਹੇ ਜੋੜੇ ਦੀਆਂ ਅੱਖਾਂ ਵਿਚ ਧੂੰਆਂ ਪੈਣ ਕਾਰਨ ਕੁੱਝ ਵਿਖਾਈ ਨਾ ਦਿੱਤਾ ਅਤੇ ਉਹ ਹਾਦਸੇ ਦਾ ਸ਼ਿਕਾਰ ਹੋ ਗਏ। ਇਸ ਦਰਦਨਾਕ ਹਾਦਸੇ ਵਿੱਚ ਜਿੱਥੇ ਪਤੀ ਪਤਨੀ ਦੀ ਮੌਤ ਹੋ ਗਈ ਉਥੇ ਹੀ ਔਰਤ ਦੇ ਪੇਟ ਵਿੱਚ ਪਲ ਰਿਹਾ ਬੱਚਾ ਵੀ ਇਸ ਲਾਪ੍ਰਵਾਹੀ ਦੀ ਭੇਟ ਚੜ੍ਹ ਗਿਆ ਪਰ ਪਿਛਲੇ ਸਮੇਂ ਦੌਰਾਨ ਵਾਪਰੀਆਂ ਇਨ੍ਹਾਂ ਮੰਦਭਾਗੀਆਂ ਘਟਨਾਵਾਂ ਤੋਂ ਬਾਅਦ ਵੀ ਸਰਕਾਰ ਤੇ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕੀ ਤੇ ਨਾ ਹੀ ਕਿਸਾਨਾਂ ਨੇ ਇਨ੍ਹਾਂ ਹਾਦਸਿਆਂ ਤੋਂ ਸਬਕ ਲਿਆ ਸਗੋਂ ਹੋਰ ਜ਼ਿਆਦਾ ਅੱਗ ਲਾਉਣ ਦੀਆਂ ਤਸਵੀਰਾਂ ਸਾਹਮਣੇ ਆਈਆਂ। ਕਿਸਾਨਾਂ ਵੱਲੋਂ ਖੇਤਾਂ ਵਿੱਚ ਲਗਾਈ ਅੱਗ ਦੇ ਧੂੰਏਂ ਨਾਲ ਜਿਥੇ ਸਾਹ ਤੇ ਚਮੜੀ ਨਾਲ ਸੰਬੰਧਤ ਬਿਮਾਰੀਆਂ ਫੈਲਦੀਆਂ ਹਨ ਉਥੇ ਹੀ ਖੇਤਾਂ ਕਿਨਾਰੇ ਅਤੇ ਸੜਕਾਂ ਕਿਨਾਰੇ ਖੜ੍ਹੇ ਰੁੱਖ ਵੀ ਸੜਦੇ ਹਨ ਅਤੇ ਉਨ੍ਹਾਂ ਰੁੱਖਾਂ ਤੇ ਪੰਛੀਆਂ ਦੇ ਆਲ੍ਹਣਿਆਂ ਵਿੱਚ ਪਏ ਆਂਡੇ, ਪੰਛੀਆਂ ਦੇ ਛੋਟੇ ਬੱਚੇ ਖੇਤਾਂ ਵਿੱਚ ਮੌਜੂਦ ਮਿੱਤਰ ਕੀੜੇ ਵੀ ਸੜ ਜਾਂਦੇ ਹਨ। ਅਜਿਹਾ ਕਰਨ ਵਾਲਿਆਂ 'ਤੇ ਸਖਤੀ ਕਰਨੀ ਬੇਹੱਦ ਲਾਜ਼ਮੀ ਹੈ। ਵਰਨਣਯੋਗ ਹੈ ਕਿ ਸਰਕਾਰਾਂ ਤੇ ਪ੍ਰਸ਼ਾਸਨ ਸਿਰਫ ਖੇਤਾਂ ਨੂੰ ਅੱਗ ਲਾ ਲਾਉਣ ਦੀਆਂ ਗੱਲਾਂ ਤੇ ਹੁਕਮ ਜਾਰੀ ਕਰਨ ਤੱਕ ਹੀ ਸੀਮਤ ਹੈ ਪਰ ਉਨ੍ਹਾਂ ਹੁਕਮਾਂ ਨੂੰ ਸਖਤੀ ਨਾਲ ਲਾਗੂ ਕਰਵਾਉਣ ਵਿਚ ਪ੍ਰਸ਼ਾਸਨ ਅਸਮਰੱਥ ਨਜ਼ਰ ਆ ਰਿਹਾ ਹੈ। ਇਸ ਵਾਰ ਖੇਤਾਂ ਵਿੱਚ ਲਗਾਈ ਜਾ ਰਹੀ ਅੱਗ ਪ੍ਰਸਾਸਨ ਦੀ ਬੇਹੱਦ ਢਿੱਲ, ਬੇਧਿਆਨੀ ਅਤੇ ਲਾਪਰਵਾਹੀ ਦਾ ਨਤੀਜਾ ਹੈ। ਸਰਕਾਰ ਤੇ ਪ੍ਰਸ਼ਾਸਨ ਨੂੰ ਬਲਾਕ ਤੇ ਜ਼ਿਲ੍ਹਾ ਪੱਧਰ 'ਤੇ ਕਿਸਾਨਾਂ ਨਾਲ ਮੀਟਿੰਗ ਕਰਕੇ ਜਾਗਰੂਕ ਕਰਨਾ ਚਾਹੀਦਾ ਹੈ ਅਤੇ ਜੇਕਰ ਕੋਈ ਫਿਰ ਵੀ ਨਹੀਂ ਮੰਨਦਾ ਤਾਂ ਉਸ 'ਤੇ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਇਸ ਸੰਬੰਧੀ ਐਸ ਡੀ ਐਮ ਕਪੂਰਥਲਾ ਲਾਲ ਵਿਸ਼ਵਾਸ ਨੂੰ ਪੱਖ ਜਾਨਣ ਲਈ ਫੋਨ ਲਗਾਇਆ ਤਾਂ ਵਾਰ ਵਾਰ ਫੋਨ ਕਰਨ 'ਤੇ ਵੀ ਉਨ੍ਹਾਂ ਫੋਨ ਚੁੱਕਣਾ ਜ਼ਰੂਰੀ ਨਹੀਂ ਸਮਝਿਆ। ਇਸ ਸੰਬੰਧੀ ਜਦੋਂ ਚੀਫ ਖੇਤੀਬਾੜੀ ਅਫਸਰ ਬਲਬੀਰ ਸਿੰਘ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਸੰਬੰਧੀ ਅਸੀਂ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਸੁਚੇਤ ਕਰ ਰਹੇ ਹਾਂ ਅਤੇ ਅੰਕੜਿਆਂ ਮੁਤਾਬਕ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਲਾਉਣ ਦੇ ਮਾਮਲੇ ਪਹਿਲਾਂ ਨਾਲੋਂ ਘਟੇ ਹਨ ਅਤੇ ਇਸ ਦੇ ਬਾਵਜੂਦ ਜਿਹੜੇ ਲੋਕ ਅੱਗ ਲਾ ਰਹੇ ਹਨ ਉਨ੍ਹਾਂ ਤੇ ਪ੍ਰਦੂਸਣ ਕੰਟਰੋਲ ਬੋਰਡ ਨਾਲ ਤਾਲਮੇਲ ਕਰਕੇ ਸਮਝਾਇਆ ਜਾਵੇਗਾ ਅਤੇ ਜੇਕਰ ਫਿਰ ਵੀ ਉਹ ਲੋਕ ਨਹੀਂ ਟਲਦੇ ਤਾਂ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਗਰਭਵਤੀ ਮਹਿਲਾਵਾਂ ਲਈ ਮੁਫ਼ਤ ਚੈੱਕਅੱਪ ਕੈਂਪ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**

ਡਾ. ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੀ.ਐਚ.ਸੀ ਚਮਕੌਰ ਸਾਹਿਬ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਲਈ ਮੁਫ਼ਤ ਹੈਲਥ ਚੈਕਅੱਪ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਹਰਵਿੰਦਰ ਸਿੰਘ ਬਲਾਕ ਐਕਸਟੈਨਸ਼ਨ ਐਜੂਕੇਟਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਦਿੱਤਿਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕੋਈ ਵੀ ਹਾਈ ਰਿਸਕ ਮਹਿਲਾ ਜਿਸ ਦਾ ਖੂਨ ਘੱਟ ਹੋਵੇ, ਪਹਿਲਾਂ ਬੱਚਾ ਸਜੇਰੀਅਨ (ਵੱਡੇ ਅਪ੍ਰੇਸ਼ਨ) ਨਾਲ ਪੈਦਾ ਹੋਇਆ ਹੋਵੇ, ਹਾਈ ਬਲੱਡ ਪ੍ਰੈਸ਼ਰ ਰਹਿੰਦਾ ਹੋਵੇ, ਸ਼ੂਗਰ ਦੀ ਬਿਮਾਰੀ ਹੋਵੇ ਜਾ ਕੋਈ ਹੋਰ ਬਿਮਾਰੀ ਤੋਂ ਪੀੜਤ ਹੋਵੇ ਨੂੰ ਆਪਣਾ ਚੈਕ-ਅੱਪ ਲਗਾਤਾਰ ਸਰਕਾਰੀ ਸਿਹਤ ਸੰਸਥਾ ਤੋਂ ਕਰਵਾਉਣਾ ਚਾਹੀਦਾ ਹੈ ਅਤੇ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਆਪਣੇ ਖਾਣੇ ਵਿੱਚ ਪੌਸ਼ਟਿਕ ਆਹਾਰ ਦਾ ਸੇਵਨ ਕਰਨਾ ਚਾਹੀਦਾ ਹੈ। ਇਸ ਮੌਕੇ ਤਜਿੰਦਰ ਕੌਰ ਏ.ਐਨ.ਐਮ ਨੇ ਗਰਭਵਤੀ ਔਰਤਾਂ ਨੂੰ ਸੰਤੁਲਿਤ ਖੁਰਾਕ ਦਾ ਸੇਵਨ ਕਰਨ ਲਈ ਪ੍ਰੇਰਿਤ ਕੀਤਾ ਜਿਸ ਵਿੱਚ ਹਰੀਆਂ ਸਬਜੀਆਂ, ਤਾਜਾ ਫੱਲ, ਸਮੇਂ ਅਨੁਸਾਰ ਖਾਣਾ ਖਾਣ, ਆਇਓਡੀਨ ਯੁਕਤ ਨਮਕ ਦੀ ਵਰਤੋਂ ਕਰਨ, ਖੂਨ ਦੀ ਕਮੀ ਨੂੰ ਪੂਰਾ ਕਰਨ ਲਈ ਆਇਰਨ ਫੋਲਿਕ ਐਸਿਡ ਖਾਣ, ਆਇਰਨ ਯੁਕਤ ਭੋਜਨ ਤੇ ਫੱਲ ਖਾਣ ਅਤੇ ਆਲੇ-ਦੁਆਲੇ ਸਾਫ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਤੇ ਨਾਗਰ ਸਿੰਘ ਹੈਲਥ ਸੁਪਰਵਾਈਜਰ, ਦਵਿੰਦਰ ਸਿੰਘ ਹੈਲਥ ਸੁਪਰਵਾਈਜਰ, ਅਤਿੰਦਰ ਕੌਰ ਸੀ.ਐਚ.ਓ, ਰੇਨੂ ਬਾਲਾ ਏ.ਐਨ.ਐਮ, ਪਰਨੀਤ ਕੌਰ ਆਸ਼ਾ ਤੇ ਗਰਭਵਤੀ ਮਹਿਲਾਂਵਾ ਹਾਜ਼ਰ ਸਨ।

# ਬਜ਼ੁਰਗ ਦੇ ਕਤਲ ਮਾਮਲੇ 'ਚ ਚਾਰ ਗ੍ਰਿਫ਼ਤਾਰ

## ■ ਟਰੈਕਟਰ-ਟਰਾਲੀ ਵੀ ਕੀਤੀ ਬਰਾਮਦ



**ਫਾਜ਼ਿਲਕਾ (ਕ੍ਰਿਸ਼ਨ ਸਿੰਘ, ਪਰਮਜੀਤ ਢਾਬਾਂ)**-ਫਾਜ਼ਿਲਕਾ ਪੁਲਸ ਨੇ ਸੀਡ ਫਾਰਮ ਪੱਕਾ ਅਬੋਹਰ ਵਿਖੇ ਇੱਕ ਬਜ਼ੁਰਗ ਦੇ ਕਤਲ ਦੇ ਮਾਮਲੇ ਵਿੱਚ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਤੋਂ ਇਲਾਵਾ ਮ੍ਰਿਤਕ ਵਿਅਕਤੀ ਦੀ ਟਰੈਕਟਰ ਟਰਾਲੀ ਵੀ ਪੁਲਸ ਨੇ ਬਰਾਮਦ ਕਰ ਲਈ ਹੈ। ਇਸ ਸਬੰਧੀ ਐੱਸ ਐੱਸ ਪੀ ਫਾਜ਼ਿਲਕਾ ਅਵਨੀਤ ਕੌਰ ਸਿੱਧੂ ਨੇ ਦੱਸਿਆ ਕਿ ਬੀਤੀ 21-06-2023 ਦੀ ਸਵੇਰ ਨੂੰ ਸੀਡ ਫਾਰਮ ਪੱਕਾ ਵਿਖੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਲੁੱਟ ਦੀ ਨੀਅਤ ਨਾਲ ਇੱਕ ਬਜ਼ੁਰਗ ਵਿਅਕਤੀ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ, ਜਿਸ ਦੇ ਬਾਅਦ ਪੁਲਸ ਨੇ ਥਾਣਾ ਸਿਟੀ-1 ਅਬੋਹਰ ਵਿਖੇ ਅਣਪਛਾਤੇ ਵਿਅਕਤੀਆਂ 'ਤੇ ਧਾਰਾ 302, 379, 34 ਅਧੀਨ ਥਾਣਾ ਸਿਟੀ-1 ਅਬੋਹਰ ਵਿਖੇ ਮੁਕੱਦਮਾ ਨੰਬਰ 123 ਮਿਤੀ 22-06-2023 ਨੂੰ ਦਰਜ ਕੀਤਾ ਗਿਆ ਸੀ। ਇਸ ਮਾਮਲੇ ਦੀ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਕਿ 20-21 ਜੂਨ ਦੀ ਰਾਤ ਨੂੰ ਇੱਕ ਬਜ਼ੁਰਗ ਕਰਤਾਰ ਸਿੰਘ ਦਾ ਖੇਤ ਵਿੱਚ ਸੌਂਦੇ ਸਮੇਂ ਚਾਰ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਮੁਲਜ਼ਮ ਉਸ ਦੀ ਟਰੈਕਟਰ ਟਰਾਲੀ ਵੀ ਲੈ ਗਏ। ਜਾਂਚ ਤੋਂ ਬਾਅਦ ਰਣਜੀਤ ਸਿੰਘ ਵਾਸੀ ਅਬੋਹਰ, ਗੁਰਜੰਟ ਸਿੰਘ ਜੰਟਾ, ਅਕਾਸ਼ ਦੀਪ ਸਿੰਘ ਤੇ ਹਰਮਨਦੀਪ ਸਿੰਘ ਵਾਸੀ ਫਿਰੋਜ਼ਪੁਰ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਨ੍ਹਾਂ ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਟਰੈਕਟਰ ਟਰਾਲੀ ਵੀ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਰਣਜੀਤ ਸਿੰਘ ਮ੍ਰਿਤਕ ਕਰਤਾਰ ਸਿੰਘ ਦੇ ਕਾਫੀ ਕਰੀਬ ਸੀ ਤੇ ਉਸ ਨੇ ਹੀ ਆਪਣੇ ਸਾਥੀਆਂ ਨੂੰ ਮ੍ਰਿਤਕ ਬਜ਼ੁਰਗ ਦੇ ਖੇਤ ਵਿੱਚ ਇਕੱਲੇ ਟਰੈਕਟਰ ਟਰਾਲੀ ਨਾਲ ਸੁੱਤੇ ਹੋਣ ਬਾਰੇ ਦੱਸਿਆ ਸੀ। ਐੱਸ ਐੱਸ ਪੀ ਨੇ ਦੱਸਿਆ ਕਿ ਮੁਲਜ਼ਮਾਂ ਖਿਲਾਫ ਪਹਿਲਾਂ ਕੋਈ ਕੇਸ ਦਰਜ ਨਹੀਂ ਕੀਤਾ ਗਿਆ ਸੀ ਤੇ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

# ਐੱਸ ਸੀ ਕਮਿਸ਼ਨ ਮੈਂਬਰ ਪੂਨਮ ਕਾਂਗੜਾ ਦਾ ਸਨਮਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਮੈਂਬਰ ਮੈਡਮ ਪੂਨਮ ਕਾਂਗੜਾ ਸ਼ਨੀਵਾਰ ਹਲਕਾ ਮਹਿਲ ਕਲਾਂ ਦੇ ਵੱਖ ਵੱਖ ਸਮਾਗਮਾਂ 'ਚ ਸ਼ਾਮਲ ਹੋਏ। ਇਸ ਉਪਰੰਤ ਨਸ਼ਿਆਂ ਖਿਲਾਫ ਕਰਵਾਏ ਸੈਮੀਨਾਰ ਵਿੱਚ ਸ਼ਿਰਕਤ ਕਰਦਿਆਂ ਮੈਡਮ ਕਾਂਗੜਾ ਨੇ ਕਿਹਾ ਕਿ ਨਸ਼ਿਆਂ ਦੇ ਕੋਹੜ ਨੇ ਸਾਡੀ ਨੌਜਵਾਨ ਪੀੜ੍ਹੀ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਨਸ਼ਿਆਂ ਦੇ ਸੇਵਨ ਨਾਲ ਨੌਜਵਾਨ ਵੱਡੇ ਤੋਂ ਵੱਡਾ ਅਪਰਾਧ ਕਰਨ ਤੋਂ ਵੀ ਨਹੀਂ ਡਰਦੇ। ਉਨ੍ਹਾ ਕਿਹਾ ਕਿ ਜਿਸ ਤਰ੍ਹਾਂ ਪਹਿਲਾਂ ਸਾਡੇ ਰੰਗਲੇ ਪੰਜਾਬ ਨੇ ਅੱਤਵਾਦ ਦੇ ਦੌਰ ਵਿੱਚ ਬਹੁਤ ਵੱਡਾ ਸੰਤਾਪ ਭੋਗਿਆ ਹੈ, ਹੁਣ ਫੇਰ ਨਸ਼ਿਆਂ ਦੇ ਅੱਤਵਾਦ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰ ਦਿੱਤਾ ਹੈ। ਉਨ੍ਹਾ ਕਿਹਾ ਕਿ ਇਸ ਕੋਹੜ ਨੂੰ ਜੜ੍ਹੋਂ ਖਤਮ ਕਰਨ ਲਈ ਲੋਕ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ।

ਇਸ ਮੌਕੇ ਮੁੱਖ ਪ੍ਰਬੰਧਕ ਡਾ: ਪਰਮਿੰਦਰ ਸਿੰਘ ਹਮੀਦੀ ਦੀ ਅਗਵਾਈ ਹੇਠ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਡੀ ਐੱਸ ਪੀ ਮਹਿਲ ਕਲਾਂ ਗਮਦੂਰ ਸਿੰਘ ਚਹਿਲ, ਇੰਸਪੈਕਟਰ ਕਮਲਜੀਤ ਸਿੰਘ ਗਿੱਲ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਡਾ: ਅਮਰਜੀਤ ਸਿੰਘ, ਜਗਜੀਤ ਸਿੰਘ ਮਾਹਲ, ਰੰਮੀ ਸੋਢਾ, ਗੁਰਸੇਵਕ ਸਹੋਤਾ ਆਦਿ ਹਾਜ਼ਰ ਸਨ।

# ਅਕਾਲੀ ਵਰਕਰਾਂ ਨੇ ਮੁੱਖ ਮੰਤਰੀ ਖਿਲਾਫ ਰੱਜ ਕੇ ਕੱਢੀ ਭੜਾਸ



**ਨਾਭਾ (ਵਰਿੰਦਰ ਵਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗੁਰਦੁਆਰਾ ਐਕਟ ਦੀ ਸੋਧ ਵਿੱਚ ਕੀਤੀ ਗਈ ਕਾਰਵਾਈ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਬਾਰੇ ਕੀਤੀ ਟਿੱਪਣੀ ਦੇ ਵਿਰੋਧ ਵਿੱਚ ਮੱਖਣ ਸਿੰਘ ਲਾਲਕਾ ਨੇ ਗੁਰਦਵਾਰਾ ਬਾਬਾ ਅਜਾਪਾਲ ਸਿੰਘ ਘੋੜਿਆਂ ਵਾਲਾ ਨਾਭਾ ਵਿਖੇ ਹੰਗਾਮੀ ਮੀਟਿੰਗ ਕੀਤੀ। ਜਥੇਦਾਰ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਵਿਧਾਨ ਸਭਾ ਵਿੱਚ ਸੂਬੇ ਦੇ ਵਿਕਾਸ ਬਾਰੇ ਗੱਲ ਕਰਨ ਦੀ ਬਜਾਏ ਵਿਰੋਧੀ ਆਗੂਆਂ ਨੂੰ ਜ਼ਲੀਲ ਕਰਨ 'ਤੇ ਜ਼ੋਰ ਲਗਾ ਰੱਖਿਆ ਹੈ। ਸੱਤਾ ਦਾ ਨਸ਼ੇ ਵਿੱਚ ਮੁੱਖ ਮੰਤਰੀ ਨੇ ਬਕਾਇਦਾ ਲੋਕਤੰਤਰਿਕ ਢੰਗ ਨਾਲ ਚੁਣੀ ਹੋਈ ਐੱਸ ਜੀ ਪੀ ਸੀ 'ਤੇ ਹਮਲੇ ਕਰਨੇ ਸ਼ੁਰੂ ਕਰ ਦਿੱਤੇ ਹਨ। ਪਵਿੱਤਰ ਗੁਰਬਾਣੀ ਦੇ ਪ੍ਰਸਾਰਣ ਨੂੰ ਮੁੱਦਾ ਬਣਾ ਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਕਰਨ ਦੀ ਕੋਝੀ ਕੋਸ਼ਿਸ਼ ਕੀਤੀ ਹੈ। ਉਨ੍ਹਾ ਕਿਹਾ ਕਿ ਗੁਰਦੁਆਰਾ ਐਕਟ 1959 ਦੇ ਅਨੁਸਾਰ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਦੋ ਤਿਹਾਈ ਬਹੁਮੱਤ ਨਾਲ ਮਤਾ ਦੇਸ਼ ਦੀ ਪਾਰਲੀਮੈਂਟ ਵਿੱਚ ਭੇਜੇਗੀ, ਫਿਰ ਹੀ ਸੋਧ ਕਰ ਸਕਦੀ ਹੈ ਨਾ ਕਿ ਸਟੇਟ ਸਰਕਾਰ। ਇਸ ਦੇ ਨਾਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਬਾਰੇ ਨਿੱਜੀ ਟਿੱਪਣੀ ਕਰਕੇ ਆਪਣੀ ਮਾਨਸਿਕਤਾ ਜ਼ਾਹਰ ਕਰ ਦਿੱਤੀ ਹੈ। ਪਵਿੱਤਰ ਗੁਰਬਾਣੀ ਅਨੁਸਾਰ ਸਾਬਤ ਸੂਰਤ ਦਸਤਾਰ ਤੇ ਦਾੜ੍ਹੀ 'ਤੇ ਕਿੰਤੂ ਪ੍ਰੰਤੂ ਕਰਨ ਦੀ ਹਿਮਾਕਤ ਕੀਤੀ ਹੈ। ਉਨ੍ਹਾ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਗੁਰੂ ਘਰਾਂ ਦੀ ਮਰਯਾਦਾ ਨਾਲ ਛੇੜਛਾੜ ਤੇ ਸਿੱਖੀ ਸਰੂਪ ਬਾਰੇ ਕੀਤੀਆਂ ਟਿੱਪਣੀਆਂ ਦੀ ਭਗਵੰਤ ਮਾਨ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਗੁਰੂ ਘਰਾਂ ਨਾਲ ਮੱਥਾ ਲਾਉਣ ਵਾਲੀ ਸਰਕਾਰ ਖਿਲਾਫ ਸਿੱਖ ਸੰਗਤਾਂ ਪੂਰੇ ਸੰਸਾਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਸਮੇਂ ਉਨ੍ਹਾਂ ਨਾਲ ਸਾਬਕਾ ਚੇਅਰਮੈਨ ਧਰਮ ਸਿੰਘ ਧਾਰੋਂਕੀ, ਸਾਬਕਾ ਚੇਅਰਮੈਨ ਗੁਰਚਰਨ ਸਿੰਘ ਘਮਰੌਦਾ, ਮਤਵਾਲ ਸਿੰਘ ਬੂਹੀ, ਜ਼ੋਰਾ ਸਿੰਘ ਭੜੀ ਪਨੈਚਾ, ਹਰਨੈਬ ਸਿੰਘ, ਲਾਭ ਸਿੰਘ, ਸਾਧੂ ਦਾਸ ਗੁਰਦਿੱਤਪੁਰਾ, ਸੁਰਿੰਦਰ ਸਿੰਘ ਭੜੀ ਪਨੈਚਾ, ਮੋਹਨ ਸਿੰਘ ਰਾਮਗੜ੍ਹ, ਸਰਬਜੀਤ ਸਿੰਘ ਧੀਰੋਮਜਰਾ, ਗੁਰਮੀਤ ਸਿੰਘ ਕੋਟ ਪ੍ਰਧਾਨ, ਹੰਸ ਰਾਜ ਦੁਲੱਦੀ, ਸੁਰਜੀਤ ਸਿੰਘ ਬੌੜਾਂ, ਅਮਰ ਚੰਦ ਲਾਲਕਾ, ਜਥੇਦਾਰ ਅਮਰੀਕ ਸਿੰਘ ਬਿਰੜਵਾਲ, ਗੁਰਪ੍ਰੀਤ ਸਿੰਘ, ਬਹਾਦਰ ਸਿੰਘ, ਕਰਨੈਲ ਸਿੰਘ, ਗੁਰਜੰਟ ਸਿੰਘ ਸਹੋਲੀ, ਸੁਰਜੀਤ ਸਿੰਘ ਜੱਸੋਮਾਜਰਾ, ਪ੍ਰਗਟ ਸਿੰਘ ਹਰੀਗੜ੍ਹ, ਕਰਮਜੀਤ ਸਿੰਘ ਹਰੀਗੜ੍ਹ, ਰਮੇਸ਼ ਕੁਮਾਰ ਨਾਭਾ, ਜਗਜੀਵਨ ਰਾਮ ਨਾਭਾ, ਦਿਨੇਸ਼ ਕੁਮਾਰ, ਰਮੇਸ਼ ਕੁਮਾਰ, ਚੇਅਰਮੈਨ ਬਲਦੇਵ ਸਿੰਘ ਗੁਰਦਿੱਤਪੁਰਾ, ਹਰਜੀਤ ਸਿੰਘ ਧਾਰੋਂਕੀ ਸਾਬਕਾ ਸਰਪੰਚ, ਸ਼ੇਰ ਸਿੰਘ ਪੰਚ ਬਿਰਧਨੋ, ਸਾਬਕਾ ਸਰਪੰਚ ਰੇਸ਼ਮ ਸਿੰਘ, ਪ੍ਰਤਾਪ ਸਿੰਘ ਤੂੰਗਾ ਆਦਿ ਭਾਰੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਹਾਜ਼ਰ ਸਨ।

## ਕਾਤਰਾਂ

### ਗੁਰਦੁਆਰਾ ਸਾਹਿਬ ਸ਼ਕੂਰ ਲਈ ਚੈੱਕ ਭੇਟ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਮੇਂ-ਸਮੇਂ 'ਤੇ ਗੁਰਦੁਆਰਾ ਸਾਹਿਬ ਲਈ ਭੇਜੀ ਜਾਂਦੀ ਸਹਾਇਤਾ ਰਾਸ਼ੀ ਦੇ ਮੱਦੇਨਜ਼ਰ ਜਥੇਦਾਰ ਸਤਪਾਲ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਕਰਮਸਰ ਸਾਹਿਬ ਹੋਤੀ ਮਰਦਾਨ ਪਿੰਡ ਸ਼ਕੂਰ ਨੂੰ 20 ਹਜ਼ਾਰ ਰੁਪਏ ਦੀ ਰਾਸ਼ੀ ਦਾ ਚੈੱਕ ਮੇਜਰ ਸਿੰਘ ਪ੍ਰਧਾਨ ਤੇ ਗੁਰਵਿੰਦਰ ਸਿੰਘ ਗ੍ਰੰਥੀ ਨੂੰ ਸੌਂਪਿਆ ਗਿਆ।ਇਸ ਮੌਕੇ ਜਥੇ. ਸਤਪਾਲ ਸਿੰਘ ਤਲਵੰਡੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਗੁਰਦੁਆਰਾ ਸਾਹਿਬ ਲਈ ਬਰਤਨ, ਦਰੀਆਂ ਆਦਿ ਲੋੜੀਂਦਾ ਸਾਮਾਨ ਭੇਜਿਆ ਜਾਂਦਾ ਹੈ।ਇਸ ਮੌਕੇ ਉਨ੍ਹਾਂ ਨਾਲ ਗੁਰਸੇਵਕ ਸਿੰਘ ਇੰਸਪੈਕਟਰ ਐੱਸ ਜੀ ਪੀ ਸੀ ਵੀ ਮੌਜੂਦ ਸਨ।

### ਲਾਪਤਾ ਵਿਅਕਤੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਰੀਬ ਦੋ ਸਾਲ ਪਹਿਲਾਂ ਸਰਹਿੰਦ ਤੋਂ ਲਾਪਤਾ ਹੋਏ ਇੱਕ ਵਿਅਕਤੀ ਦੇ ਮਾਮਲੇ 'ਚ ਸਰਹਿੰਦ ਪੁਲਸ ਨੇ ਅਣਪਛਾਤਿਆਂ ਵਿਰੁੱਧ ਅ/ਧ 346 ਆਈ.ਪੀ.ਸੀ. ਤਹਿਤ ਕੇਸ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਮਦਨ ਗੋਪਾਲ ਵਾਸੀ ਸਰਹਿੰਦ ਨੇ ਦੱਸਿਆ ਕਿ ਉਸ ਦਾ ਪੁੱਤਰ ਵਿਸ਼ਾਲ 25 ਮਈ 2021 ਦੀ ਸਵੇਰ ਕਰੀਬ 5 ਵਜੇ ਘਰੋਂ ਚਲਾ ਗਿਆ, ਜੋ ਮੁੜ ਘਰ ਵਾਪਸ ਨਹੀਂ ਪਰਤਿਆ। ਇਸ ਤੋਂ ਇੱਕ ਦਿਨ ਬਾਅਦ ਉਸ ਦੀ ਨੂੰਹ ਕਿਰਨ ਆਪਣੇ ਪਤੀ ਦੀ ਤਲਾਸ਼ ਕਰਨ ਬਹਾਨੇ ਘਰੋਂ ਚਲੀ ਗਈ ਸੀ, ਜਿਸ ਨੇ ਗੁਰਚਰਨ ਸਿੰਘ ਨਾਮਕ ਵਿਅਕਤੀ ਨਾਲ ਰਲ ਕੇ ਭਾਖੜਾ ਨਹਿਰ 'ਚ ਛਾਲ ਮਾਰ ਦਿੱਤੀ, ਜਿਨਾਂ ਦਾ ਸੁਸਾਈਡ ਨੋਟ, ਮੋਬਾਈਲ ਫੋਨ ਤੇ ਗੁਰਚਰਨ ਸਿੰਘ ਦਾ ਮੋਟਰਸਾਈਕਲ ਵੀ ਨਹਿਰ ਕੋਲੋਂ ਬਰਾਮਦ ਹੋਇਆ ਸੀ ਤੇ ਉਨ੍ਹਾਂ ਦੋਵਾਂ ਦੀਆਂ ਲਾਸ਼ਾਂ ਸਮਾਣਾ ਨੇੜੇ ਨਹਿਰ 'ਚੋਂ ਤਿੰਨ ਦਿਨਾਂ ਬਾਅਦ ਬਰਾਮਦ ਹੋ ਗਈਆਂ ਸਨ, ਪਰ ਉਸ ਦੇ ਪੁੱਤਰ ਦਾ ਕੁਝ ਨਹੀਂ ਪਤਾ ਲੱਗ ਸਕਿਆ। ਸਹਾਇਕ ਥਾਣੇਦਾਰ ਬਲਵੀਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਰਜਨੀਸ਼ ਦਹੀਆ ਦਾ ਮਮਦੋਟ ਦੌਰਾ ਅੱਜ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ 26 ਜੂਨ ਨੂੰ ਕਸਬਾ ਮਮਦੋਟ ਦਾ ਦੌਰਾ ਕਰਨਗੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ ਤੇ ਨਿਰਵੈਰ ਸਿੰਘ ਸਿੰਧੀ ਨੇ ਦੱਸਿਆ ਕਿ ਸ੍ਰੀ ਦਹੀਆ ਸਭ ਤੋਂ ਪਹਿਲਾਂ ਸਵੇਰੇ ਕਰੀਬ 9 ਵਜੇ ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਦੀ ਹੋਣ ਜਾ ਰਹੀ ਚੋਣ ਵਿੱਚ ਸ਼ਾਮਲ ਹੋਣਗੇ। ਨਵੇਂ ਪ੍ਰਧਾਨ ਦੀ ਚੋਣ ਤੋਂ ਬਾਅਦ ਸ੍ਰੀ ਦਹੀਆ ਕਮਿਊਨਿਟੀ ਹੈਲਥ ਸੈਂਟਰ (ਸਿਵਲ ਹਸਪਤਾਲ) ਮਮਦੋਟ ਵਿਖੇ ਹੈਲਥ ਐਂਡ ਵੈੱਲਨੈੱਸ ਸੈਂਟਰ ਦੀ ਬਿਲਡਿੰਗ ਦਾ ਉਦਘਾਟਨ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਸ੍ਰੀ ਦਹੀਆ ਵੱਲੋਂ ਦੁਪਿਹਰ 11 ਵਜੇ ਪਿੰਡ ਲੱਖਾ ਹਾਜੀ ਵਿਖੇ ਹੈਲਥ ਐਂਡ ਵੈੱਲਨੈੱਸ ਸੈਂਟਰ ਦੀ ਬਿਲਡਿੰਗ ਦਾ ਉਦਘਾਟਨ ਕੀਤਾ ਜਾਵੇਗਾ। ਉਨ੍ਹਾਂ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ 'ਚ ਸ਼ਿਰਕਤ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਸ੍ਰ. ਦਲਜੀਤ ਸਿੰਘ ਬਾਬਾ, ਉਪਿੰਦਰ ਸਿੰਘ ਸਿੰਧੀ, ਹਰਜਿੰਦਰ ਸਿੰਘ ਸਿੰਧੀ, ਸੁਰਿੰਦਰ ਕੁਮਾਰ ਸੋਨੂ ਸੇਠੀ ਤੇ ਕੇਵਲ ਕ੍ਰਿਸ਼ਨ ਵਿਪਿਨ ਹਾਜ਼ਰ ਸਨ।

### ਪੈਨਸ਼ਨਰਾਂ ਦੇ ਦੋ ਸੌ ਰੁਪਏ ਕੱਟਣ ਦੀ ਨਿੰਦਾ

**ਦੋਰਾਹਾ (ਹਰਮਿੰਦਰ ਸੇਠ)**-ਟਰੇਡ ਯੂਨੀਅਨ ਆਗੂਆਂ ਦੀ ਇਥੇ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਨੂੰ ਸੰਬੋਧਨ ਕਰਦਿਆਂ ਸਾਥੀ ਕਰਮ ਸਿੰਘ ਜਟਾਨਾ ਨੇ ਦੱਸਿਆ ਕਿ ਸਰਕਾਰ ਨੇ ਸਾਡੀਆਂ ਪੈਨਸ਼ਨਾਂ 'ਚ ਵਾਧਾ ਤਾਂ ਕੀ ਕਰਨਾ ਸੀ, ਉਲਟਾ ਪਹਿਲਾਂ ਤੋਂ ਮਿਲ ਰਹੀ ਪੈਨਸ਼ਨ 'ਚ ਕੱਟ ਲਾ ਦਿੱਤਾ ਗਿਆ। ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ ਨਹੀਂ ਤਾਂ ਪੰਜਾਬ ਸਰਕਾਰ ਖਿਲਾਫ ਤਕੜਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਸਮੇਂ ਉਨ੍ਹਾਂ ਨਾਲ ਸਾਥੀ ਹਰਪਾਲ ਸਿੰਘ, ਸਾਥੀ ਸਮਸ਼ੇਰ ਸਿੰਘ ਬਾਵਾ, ਮਾਸਟਰ ਹਰਬੰਸ ਸਿੰਘ, ਸਾਥੀ ਹਰਭਜਨ ਸਿੰਘ ਤੇ ਸਾਥੀ ਅਮਰਜੀਤ ਸਿੰਘ ਨੇ ਬੜੇ ਦੁਖੀ ਹਿਰਦੇ ਨਾਲ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਦੇ ਪੈਨਸ਼ਨਰਾਂ ਨਾਲ ਇਹ ਸਰਾਸਰ ਧੱਕਾ ਹੈ ਤੇ ਇਹ ਪੈਨਸ਼ਨਰਜ਼ ਤੇ ਮੁਲਾਜ਼ਮ ਵਿਰੋਧੀ ਫੈਸਲਾ ਸਰਕਾਰ ਤੁਰੰਤ ਵਾਪਸ ਲਵੇ, ਜੇਕਰ ਪੈਨਸ਼ਨਰਜ਼ ਆਉਣ ਵਾਲੇ ਸਮੇਂ ਸੰਘਰਸ਼ ਕਰਦੇ ਹਨ ਤਾਂ ਉਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਕਾਲਾਂਵਾਲੀ ਪੁਲਸ ਨੇ ਨਸ਼ਾ ਰੋਕਣ ਹਿੱਤ ਲੋਕਾਂ ਤੋਂ ਮੰਗਿਆ ਸਹਿਯੋਗ

## ■ ਸਿੰਥੈਟਿਕ ਨਸ਼ਾ ਬਣਿਆ ਪੁਲਸ ਲਈ ਮੁਸੀਬਤ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**

ਸਿਰਸਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਦੀ ਮੁਹਿਮ ਤਹਿਤ ਨਵੀਂ ਅਨਾਜ ਮੰਡੀ ਕਾਲਾਂਵਾਲੀ ਵਿਖੇ ਡੀ ਐੱਸ ਪੀ ਗੁਰਦਿਆਲ ਸਿੰਘ ਤੇ ਥਾਣਾ ਮੁਖੀ ਰਾਮਫਲ ਦੀ ਅਗਵਾਈ ਵਿੱਚ ਨਸ਼ਾ ਮੁਕਤੀ ਸਮਾਗਮ ਹੋਇਆ। ਇਸ ਮੌਕੇ ਬੋਲਦਿਆਂ ਡੀ ਐੱਸ ਪੀ ਗੁਰਦਿਆਲ ਸਿੰਘ ਨੇ ਕਿਹਾ ਕਿ ਅਸੀਂ ਨਸ਼ਾ ਛੁਡਾਉਣ ਦੀ ਮੈਡੀਕਲ ਪ੍ਰਕਿਰਿਆ ਬਾਰੇ ਡਾਕਟਰਾਂ ਨਾਲ ਸੰਪਰਕ ਵਿੱਚ ਹਾਂ। ਉਨ੍ਹਾ ਕਿਹਾ ਕਿ ਅਸੀਂ ਨਸ਼ਾ ਛੁਡਾਊ ਕੇਂਦਰਾਂ 'ਚ ਆਉਣ ਵਾਲੇ ਲੋਕਾਂ ਲਈ ਇਲਾਜ ਹਿੱਤ ਕੰਮ ਕਰ ਰਹੇ ਹਾਂ। ਉਨ੍ਹਾ ਨਸ਼ਾ ਕਰਨ ਵਾਲੇ ਵਿਅਕਤੀਆਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾ ਕਿਹਾ ਕਿ ਸਿਰਸਾ ਪੁਲਸ ਸਮੇਂ-ਸਮੇਂ 'ਤੇ ਨਸ਼ਾ ਛੁਡਾਊ ਮੁਹਿੰਮਾਂ ਚਲਾ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਇਸ ਮੌਕੇ ਬੋਲਦਿਆਂ ਪਤਾਂਜਲੀ ਯੋਗਪੀਠ ਦੇ ਆਗੂ ਹੀਰਾ ਸਿੰਘ ਅਰਨੇਜਾ ਤੇ ਪੂਰਨ ਚੰਦ ਨਾਗਰ ਨੇ ਕਿਹਾ ਕਿ ਨਸ਼ਾ ਇਕ ਸਮਾਜਿਕ ਬੁਰਾਈ ਹੈ। ਉਨ੍ਹਾ ਕਿਹਾ ਕਿ ਇਸ ਨਸ਼ੇ ਦੇ ਕੋਹੜ ਨੂੰ ਅਸੀਂ ਸਭ ਨੇ ਮਿਲ ਕੇ ਦੂਰ ਕਰਨਾ ਹੈ। ਮੰਡੀ ਕਾਲਾਂਵਾਲੀ ਤੇ ਠਾਣਾ ਮੁਖੀ ਰਾਮਫਲ ਨੇ ਕਿਹਾ ਕਿ ਹਰਿਆਣਾ ਪੁਲਸ ਤੁਹਾਡੀ ਸਹਿਯੋਗੀ ਹੈ। ਕਿਸੇ ਵੀ ਸੂਚਨਾ ਹਿੱਤ ਤੁਸੀਂ ਦਿਨ-ਰਾਤ ਪੁਲਸ ਸਟੇਸ਼ਨ ਆ ਕੇ ਸਹੀ ਸੂਚਨਾ ਦੇ ਸਕਦੇ ਹੋ। ਇਸ ਸਮਾਗਮ ਵਿੱਚ ਬੋਲਦਿਆਂ ਪ੍ਰਸਿੱਧ ਸਮਾਜ ਸੇਵਕ ਪ੍ਰਦੀਪ ਜੈਨ ਨੇ ਕਿਹਾ ਕਿ ਮੰਡੀ ਕਾਲਾਂਵਾਲੀ ਵਿੱਚ ਵਿਕ ਰਹੇ ਸਿੰਥੈਟਿਕ ਤੇ ਹੋਰ ਨਸ਼ਿਆਂ ਪ੍ਰਤੀ ਪੁਲਸ ਸਖਤੀ ਵਰਤੇ। ਆਪ ਪਾਰਟੀ ਆਗੂ ਬੀਬਾ ਦਰਸ਼ਨ ਕੌਰ ਜੌੜਾ ਨੇ ਨਸ਼ਿਆਂ ਤੋਂ ਪੀੜਤ ਘਰਾਂ ਦੀਆਂ ਮਹਿਲਾਵਾਂ ਦੀਆਂ ਦਰਦ ਭਰੀਆਂ ਗਥਾਵਾਂ ਸੁਣਾ ਕੇ ਸਭ ਦੀਆਂ ਅੱਖਾਂ ਵਿੱਚ ਹੰਝੂ ਲਿਆ ਦਿੱਤੇ। ਇਸ ਮੌਕੇ ਬੋਲਦਿਆਂ ਮਾ: ਸੁਰਿੰਦਰ ਪਾਲ ਸਿੰਘ ਨੇ ਕਿਹਾ ਕਿ ਵਧ ਰਹੀ ਬੇਰੋਜ਼ਗਾਰੀ, ਰਾਜਨੀਤਕ ਅਸਥਿਰਤਾ, ਗਿਆਨ ਵਿਗਿਆਨ ਦੀ ਘਾਟ, ਤੇਜ਼ੀ ਨਾਲ ਅਲੋਪ ਰਹੀਆਂ ਸਮਾਜੀ ਕਦਰਾਂ ਕੀਮਤਾਂ, ਵਧ ਰਿਹਾ ਕੰਮ ਦਾ ਬੋਝ ਤੇ ਤਣਾਅ ਜਹੀਆਂ ਅਲਾਮਤਾਂ ਸਦਕਾ ਭਾਰਤੀ ਲੋਕ ਤਰ੍ਹਾਂ ਤਰ੍ਹਾਂ ਦੇ ਨਸ਼ਿਆਂ ਦੇ ਦਰਿਆ ਵਿੱਚ ਡੁੱਬ ਰਹੇ ਹਨ। ਸਮਾਜ ਸੇਵਕ ਸੂਰਤ ਸਿੰਘ ਪੂਨੀਆ ਤੇ ਪੂਰਨ ਨਾਗਰ ਨੇ ਕਿਹਾ ਕਿ ਪੁਲਸ ਤੇ ਕਾਲਾਂਵਾਲੀ ਖੇਤਰ ਵਾਸੀ ਮਿਲ ਕੇ ਇਸ ਸਮਾਜਿਕ ਬੁਰਾਈ ਵਿਰੁੱਧ ਲਗਾਤਾਰ ਮੁਹਿੰਮ ਚਲਾਉਣ ਤਾਂ ਕਿ ਜ਼ਿਲ੍ਹੇ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਨਸ਼ਾ ਇੱਕ ਮਿੱਠਾ ਜ਼ਹਿਰ ਹੈ, ਜੋ ਇੱਕ ਵਿਅਕਤੀ ਦੇ ਨਾਲ-ਨਾਲ ਉਸ ਦੇ ਪੂਰੇ ਪਰਿਵਾਰ ਲਈ ਮੁਸੀਬਤ ਬਣ ਜਾਂਦਾ ਹੈ।ਇਸ ਲਈ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਆਪਣੇ ਆਪ ਨੂੰ ਬਚਾਉਣਾ ਚਾਹੀਦਾ ਹੈ।ਇਸ ਪ੍ਰੋਗਰਾਮ ਦਾ ਸਫਲ ਮੰਚ ਸੰਚਾਲਨ ਮਾਸਟਰ ਜਗਦੀਸ਼ ਸਿੰਘਪੁਰਾ ਨੇ ਕੀਤਾ। ਇਸ ਮੌਕੇ ਮੰਡੀ ਕਾਲਾਂਵਾਲੀ ਦੇ ਪਤਵੰਤਿਆਂ ਵਿੱਚ ਭਾਜਪਾ ਆਗੂ ਓਮ ਪ੍ਰਕਾਸ਼ ਬਾਜਪਾਈ, ਜਗਦੀਸ਼ ਪ੍ਰਜਾਪਤੀ, ਨੈਬ ਸਿੰਘ ਦੰਦੀਵਾਲ, ਸੰਜੇ ਦਾਨੇਵਾਲੀਆਂ, ਮਹੇਸ਼ ਝੋਰੜ, ਐਡਵੋਕੇਟ ਰਾਜੀਵ ਬਿੱਟਾ, ਸਾਬਕਾ ਸਰਪੰਚ ਸਤਿੰਦਰਜੀਤ ਸਿੰਘ, ਆਪ ਆਗੂ ਬੀਬਾ ਦਰਸ਼ਨ ਕੌਰ ਜੌੜਾ, ਸੂਰਤ ਸਿੰਘ ਪੂਨੀਆ, ਘਣਸ਼ਾਮ ਐਡਵੋਕੇਟ, ਸੰਤੋਖ ਸਿੰਘ ਸੇਖਲ, ਗੁਰਸੇਵਕ ਸਿੰਘ, ਵਿਨੋਦ ਮਿੱਤਲ ਸਮੇਤ ਹੋਰ ਹਸਤੀਆਂ ਵੀ ਹਾਜ਼ਰ ਸਨ।



ਨਸ਼ਾ ਰੋਕੂ ਮੁਹਿੰਮ ਦੌਰਾਨ ਕਾਲਾਂਵਾਲੀ ਪੁਲਸ ਅਧਿਕਾਰੀ ਤੇ ਸਮਾਜ ਸੇਵਕ।

# ਰਿਉਂਦ ਖੁਰਦ ਦੀ ਜ਼ਮੀਨ 'ਤੇ ਕਬਜ਼ਾ ਨਹੀਂ ਹੋਣ ਦੇਵਾਂਗੇ : ਪੰਜਾਬ ਕਿਸਾਨ ਯੂਨੀਅਨ



**ਮਾਨਸਾ (ਪਮਾਰ)**-ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਸੂਬਾ ਆਗੂ ਰੁਲਦੂ ਸਿੰਘ ਮਾਨਸਾ, ਜਰਨਲ ਸਕੱਤਰ ਗੁਰਨਾਮ ਸਿੰਘ ਭੀਖੀ, ਸੀਨੀਅਰ ਮੀਤ ਪ੍ਰਧਾਨ ਗੋਰਾ ਸਿੰਘ ਭੈਣੀਬਾਘਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਮਤਾ ਪਾਸ ਕਰਕੇ ਬਲਵੀਰ ਸਿੰਘ ਉਰਫ ਕਾਲਾ ਪਿੰਡ ਰਿਉਂਦ ਖੁਰਦ ਦੀ ਜੱਦੀ ਜ਼ਮੀਨ ਤੇ ਭੌਂ ਮਾਫੀਏ ਵੱਲੋਂ ਕੀਤੀ ਜਾ ਰਹੀ ਕਬਜ਼ਾ ਕਾਰਵਾਈ ਸਮੇਂ ਪੰਜਾਬ ਕਿਸਾਨ ਯੂਨੀਅਨ ਦੇ ਵੱਡੀ ਗਿਣਤੀ ਵਰਕਰ ਪਹੁੰਚ ਕੇ ਉਕਤ ਕਾਰਵਾਈ ਨੂੰ ਰੋਕਣਗੇ। ਇਸ ਸਮੇਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਭੌਂ ਮਾਫੀਏ ਵੱਲੋਂ ਭੋਲੇ ਭਾਲੇ ਲੋਕਾਂ ਦੀਆਂ ਮਹਿੰਗੇ ਭਾਅ ਦੀਆਂ ਵਿਵਾਦਤ ਜ਼ਮੀਨਾਂ ਸਸਤੇ ਭਾਅ ਖਰੀਦ ਕੇ ਰਾਜਨੀਤਕ ਲੋਕਾਂ ਦੀ ਮਦਦ ਨਾਲ ਤੇ ਕੁਝ ਪ੍ਰਸ਼ਾਸਨਕ ਢਾਂਚੇ ਨੂੰ ਗੁੰਮਰਾਹ ਕਰ ਕਬਜ਼ੇ ਕਰਕੇ ਬਣਾਈਆਂ ਗਈਆਂ ਜਾਇਦਾਦਾਂ ਦੀ ਸੀ ਬੀ ਆਈ ਤੋਂ ਜਾਂਚ ਕਰਵਾਈ ਜਾਵੇ ਤੇ ਧੋਖਾਧੜੀ ਦੇ ਜੁਰਮ 'ਚ ਭੌਂ ਮਾਫੀਏ 'ਚ ਸ਼ਾਮਲ ਲੋਕਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇਸ਼ ਅੰਦਰ ਅਨਾਰਕੀ ਫੈਲਾਈ ਜਾ ਰਹੀ ਹੈ, ਜਿਸ ਨੂੰ ਜ਼ਿੰਮੇਵਾਰ ਅਧਿਕਾਰੀ ਨੱਥ ਪਾਉਣ ਦਾ ਤਹੱਈਆ ਕਰਨ, ਅਜਿਹਾ ਨਾ ਹੋਣ 'ਤੇ ਕਿਸਾਨ ਮਜਬੂਰਨ ਭਰਾਤਰੀ ਜਥੇਬੰਦੀਆਂ ਦੀ ਮਦਦ ਨਾਲ ਅਜਿਹੇ ਮਸਲੇ ਖੁਦ ਨਜਿੱਠਣ ਲਈ ਮਜਬੂਰ ਹੋਣਗੇ। ਮੀਟਿੰਗ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸਿੰਘ ਅਕਲੀਆ, ਕਰਨੈਲ ਸਿੰਘ ਮਾਨਸਾ, ਗੁਰਤੇਜ ਵਰੇ, ਨਰਿੰਦਰ ਕੌਰ ਬੁਰਜ ਹਮੀਰਾ, ਬਲਦੇਵ ਸਿੰਘ ਭੀਖੀ, ਜਗਤਾਰ ਸਿੰਘ ਸਹਾਰਨਾ, ਅਮਰੀਕ ਸਿੰਘ ਕੋਟਧਰਮੂ, ਸੁਖਚਰਨ ਦਾਨੇਵਾਲੀਆ, ਸੁਰਜੀਤ ਸਿੰਘ ਹੈਪੀ, ਦਰਸ਼ਨ ਮੰਘਾਣੀਆਂ ਤੋਂ ਇਲਾਵਾ ਜ਼ਿਲ੍ਹਾ ਕਮੇਟੀ ਮੈਂਬਰ ਵੀ ਹਾਜ਼ਰ ਸਨ।

# ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਨਮਾਨ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਸਮਾਜ ਸੇਵਾ, ਲੋਕ ਭਲਾਈ ਤੇ ਬਜ਼ੁਰਗਾਂ ਦੇ ਸਤਿਕਾਰ ਨੂੰ ਸਮਰਪਤ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ ਵੱਲੋਂ ਸਨਮਾਨ ਸਮਾਰੋਹ, ਸੱਭਿਆਚਾਰਕ ਸਮਾਗਮ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਤੁਲਸੀ ਦੇ ਬੂਟਿਆਂ ਦਾ ਲੰਗਰ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਲਗਾਇਆ ਗਿਆ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ, ਵਾਈਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖਾਲਸਾ, ਕਰਨੈਲ ਸਿੰਘ ਸੇਖੋਂ, ਡਾ. ਮਨਮੋਹਣ ਸਿੰਘ, ਕਿਸ਼ੋਰੀ ਲਾਲ, ਮੁੱਖ ਸਲਾਹਕਾਰ ਡਾ. ਚਰਨਜੀਤ ਸਿੰਘ ਉਡਾਰੀ, ਆਰ. ਐੱਲ. ਪਾਂਧੀ, ਨੈਸ਼ਨਲ ਐਵਾਰਡੀ ਸੱਤ ਦੇਵ ਸ਼ਰਮਾ, ਮਾਸਟਰ ਰਾਮ ਸਰੂਪ ਅਲੀਸ਼ੇਰ, ਜਨਕ ਰਾਜ ਜੋਸ਼ੀ, ਐਡਵੋਕੇਟ ਅਸ਼ੋਕ ਵਰਮਾ, ਜਗਦੀਸ਼ ਕਾਲੜਾ, ਬਲਦੇਵ ਗੁਪਤਾ, ਜੀਵਨ ਸਿੰਘ ਮਿੱਤਲ, ਗੁਰਦੀਪ ਸਿੰਘ ਮੰਗਵਾਲ ਤੇ ਵਿਪਨ ਮਲਿਕ ਮੌਜੂਦ ਸਨ। ਜਨਰਲ ਸਕੱਤਰ ਕੰਵਲਜੀਤ ਸਿੰਘ, ਅਰਗੇਨਾਈਜ਼ਰ ਸਕੱਤਰ ਸੁਰਿੰਦਰ ਸਿੰਘ ਸੋਢੀ ਤੇ ਰਜਿੰਦਰ ਸਿੰਘ ਚੰਗਾਲ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਸਾਨੂੰ ਵਾਤਾਵਰਣ ਦੀ ਸੰਭਾਲ ਤੇ ਸ਼ੁੱਧਤਾ ਲਈ ਸਮਾਗਮ ਕਰਨੇ ਚਾਹੀਦੇ ਹਨ ਅਤੇ ਪਾਣੀ ਦੀ ਬੱਚਤ ਕਰਨੀ ਚਾਹੀਦੀ ਹੈ।

ਚੇਅਰਮੈਨ ਰਵਿੰਦਰ ਗੁੱਡੂ ਨੇ ਕਿਹਾ ਕਿ ਰਾਜ ਕੁਮਾਰ ਅਰੋੜਾ ਵੱਲੋਂ ਅਰੰਭੀ ਸੰਸਥਾ ਦੀ ਇਹ ਲਹਿਰ ਬੜੀ ਸ਼ਲਾਘਾਯੋਗ ਹੈ ਤੇ ਵਕਤ ਦੀ ਜ਼ਰੂਰਤ ਹੈ। ਸਾਨੂੰ ਸਾਰਿਆਂ ਨੂੰ ਇਸ ਲਹਿਰ ਦਾ ਹਿੱਸਾ ਬਣ ਕੇ ਯੋਗਦਾਨ ਪਾਉਣਾ ਚਾਹੀਦਾ ਹੈ। ਡਾ. ਚਰਨਜੀਤ ਸਿੰਘ ਉਡਾਰੀ ਨੇ ਕਿਹਾ ਕਿ ਤੁਲਸੀ ਦਾ ਬੂਟਾ ਓਜੋਨ ਗੈਸ ਪੈਦਾ ਕਰਦਾ ਹੈ, ਜਿਹੜੀ ਸਾਡੇ ਵਾਤਾਵਰਨ ਨੂੰ ਬਚਾਉਣ ਲਈ ਬਹੁਤ ਜ਼ਰੂਰੀ ਹੈ। ਜੂਨ ਮਹੀਨੇ ਦੌਰਾਨ ਜਿਨ੍ਹਾਂ ਸ਼ਖਸੀਅਤਾਂ ਦੇ ਜਨਮ ਦਿਨ ਹਨ, ਨੂੰ ਵੀ ਸਨਮਾਨਤ ਕੀਤਾ ਗਿਆ।

# ਸਕੂਲੋਂ ਵਿਰਵੇ ਹੋਣਹਾਰ ਬੱਚਿਆਂ ਦਾ ਸਹਾਰਾ ਬਣਿਆ ਅਧਿਆਪਕ ਗੁਰਵਿੰਦਰ ਸਿੰਘ

## ■ ਬੱਚਿਆਂ ਦੀਆਂ ਪੱਲਿਓਂ ਫੀਸਾਂ ਭਰ ਕੇ ਕਰਵਾ ਰਿਹੈ ਦਾਖਲੇ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਕੁਝ ਵਿਅਕਤੀ ਅਜਿਹੇ ਹੁੰਦੇ ਹਨ, ਜੋ ਆਪਣੇ ਕੰਮਾਂ ਨਾਲ ਸਮਾਜ ਵਿੱਚ ਤਾਂ ਮਿਸਾਲ ਪੈਦਾ ਕਰਦੇ ਹੀ ਹਨ ਤੇ ਹੋਰਨਾਂ ਲੋਕਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦੇ ਹਨ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਰਾ ਧੂਰਕੋਟ ਵਿਖੇ ਸੇਵਾਵਾਂ ਨਿਭਾਅ ਰਹੇ ਗੁਰਵਿੰਦਰ ਸਿੰਘ ਸਿੱਧੂ ਅਜਿਹੇ ਹੀ ਇੱਕ ਸਮਾਜ ਸੇਵੀ ਅਧਿਆਪਕ ਹਨ, ਜੋ ਵਿਦਿਆਰਥੀਆਂ ਦੇ ਘਰ-ਘਰ ਜਾ ਕੇ ਉਨ੍ਹਾਂ ਨੂੰ ਪੜ੍ਹਾਈ ਜਾਰੀ ਰੱਖਣ ਲਈ ਪ੍ਰੇਰਿਤ ਕਰ ਰਹੇ ਹਨ ਅਤੇ ਉਨ੍ਹਾਂ ਬੱਚਿਆਂ ਦੀਆਂ ਖੁਦ ਫ਼ੀਸਾਂ ਭਰ ਰਹੇ ਹਨ। ਗੁਰਵਿੰਦਰ ਸਿੱਧੂ ਦਾ ਕਹਿਣਾ ਹੈ ਕਿ ਅਨੇਕਾਂ ਵਿਦਿਆਰਥੀ ਪੜ੍ਹਾਈ ਸਮੇਤ ਹੋਰਨਾਂ ਖੇਤਰਾਂ ਵਿੱਚ ਕਮਾਲ ਦੀ ਮੁਹਾਰਤ ਰੱਖਦੇ ਹਨ, ਪ੍ਰੰਤੂ ਉਨ੍ਹਾਂ ਨੂੰ ਯੋਗ ਅਗਵਾਈ ਨਾ ਮਿਲਣ ਜਾਂ ਫ਼ਿਰ ਪਰਿਵਾਰ ਦੀਆਂ ਆਰਥਿਕ ਤੰਗੀਆਂ ਕਾਰਨ ਆਪਣੀ ਉਚੇਰੀ ਪੜ੍ਹਾਈ ਜਾਰੀ ਨਹੀਂ ਰੱਖ ਸਕਦੇ। ਉਨ੍ਹਾਂ ਕਿਹਾ ਕਿ ਜੋ ਬੱਚੇ ਪੈਸੇ ਦੀ ਤੰਗੀ ਕਾਰਨ ਪੜ੍ਹਾਈ ਵਿਚਾਲੇ ਛੱਡ ਗਏ, ਜਦਕਿ ਦਿਲੋਂ ਪੜ੍ਹਨਾ ਚਾਹੁੰਦੇ ਹਨ, ਅਜਿਹੇ ਵਿਦਿਆਰਥੀਆਂ ਦੀ ਉਨ੍ਹਾਂ ਨੇ ਪੜ੍ਹਾਈ ਦੀ ਜ਼ਿੰਮੇਵਾਰੀ ਖੁਦ ਚੁੱਕਣ ਦਾ ਫ਼ੈਸਲਾ ਕੀਤਾ ਹੈ। ਪੜ੍ਹਾਈ ਤੇ ਵਿੱਦਿਅਕ ਮੁਕਾਬਲਿਆਂ ਵਿੱਚ ਕਈ ਮੈਡਲ ਜੇਤੂ ਵਿਦਿਆਰਥਣਾਂ ਅਰਚਨਾ ਤੇ ਅੰਜਲੀ ਨੇ ਕਿਹਾ ਕਿ ਉਨ੍ਹਾਂ ਦਾ ਸੁਫ਼ਨਾ ਉੱਚ ਅਫ਼ਸਰ ਬਣਨ ਦਾ ਹੈ, ਉਹ ਗ੍ਰੈਜੂਏਸ਼ਨ ਦੀ ਪੜ੍ਹਾਈ ਦੇ ਨਾਲ-ਨਾਲ ਲੋੜੀਂਦੇ ਟੈਸਟਾਂ ਦੀ ਤਿਆਰੀ ਕਰਨਾ ਚਾਹੁੰਦੀਆਂ ਹਨ, ਪ੍ਰੰਤੂ ਗਰੀਬੀ ਕਾਰਨ ਇਹ ਸੰਭਵ ਨਹੀਂ ਸੀ, ਜਿਨ੍ਹਾਂ ਦਾ ਅਧਿਆਪਕ ਗੁਰਵਿੰਦਰ ਸਿੰਘ ਨੇ ਘਰ ਆ ਕੇ ਮਾਪਿਆਂ ਨੂੰ ਪ੍ਰੇਰਿਤ ਕਰ ਕੇ ਫ਼ੀਸ ਦੇ ਕੇ ਅੱਗੇ ਦਾਖ਼ਲਾ ਵੀ ਕਰਵਾ ਦਿੱਤਾ ਹੈ। ਇਨ੍ਹਾਂ ਮਾਪਿਆਂ 'ਚੋਂ ਇੱਕ ਸਬਜ਼ੀ ਦੀ ਰੇਹੜੀ ਲਾ ਕੇ ਗੁਜ਼ਾਰਾ ਕਰਦੇ ਪਿਤਾ ਰਾਜਵੀਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਅਧਿਆਪਕਾਂ ਨੂੰ ਉਹ ਸਿਜਦਾ ਕਰਦੇ ਹਨ।

# ਗਿੱਦੜਬਾਹਾ ਦੀਆਂ ਮੁਸ਼ਕਲਾਂ ਸੰਬੰਧੀ ਚੇਅਰਮੈਨ ਸੰਨੀ ਨਾਲ ਕੀਤੀ ਮੁਲਾਕਾਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਦੇ ਆਗੂ ਤੇ ਗਿੱਦੜਬਾਹਾ ਦੇ ਕੌਂਸਲਰ ਰਾਜੀਵ ਮਿੱਤਲ ਨੇ ਇਥੇ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬੀਤੇ ਕਾਫੀ ਲੰਬੇ ਸਮੇਂ ਤੋਂ ਗਿੱਦੜਬਾਹਾ ਵਾਸੀ ਸੀਵਰੇਜ ਦੇ ਓਵਰਫਲੋ ਹੋਣ, ਸੀਵਰੇਜ ਦੇ ਪਾਣੀ ਦੀ ਸਹੀ ਨਿਕਾਸੀ ਨਾ ਹੋਣ, ਪੀਣ ਵਾਲੇ ਪਾਣੀ 'ਚ ਸੀਵਰੇਜ ਦੇ ਪਾਣੀ ਦੀ ਮਿਲਾਵਟ ਆਦਿ ਮੁਸ਼ਕਲਾਂ ਨਾਲ ਜੂਝ ਰਹੇ ਹਨ। ਇਨ੍ਹਾਂ ਸਾਰੀਆਂ ਸਮੱਸਿਆਵਾਂ ਦੇ ਹੱਲ ਕਰਨ ਲਈ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਪ੍ਰਿਤਪਾਲ ਸ਼ਰਮਾ ਚੇਅਰਮੈਨ ਮਾਰਕਿਟ ਕਮੇਟੀ ਗਿੱਦੜਬਾਹਾ ਦੀ ਅਗਵਾਈ ਵਿੱਚ ਉਹ ਬੀਤੇ ਦਿਨੀਂ ਚੰਡੀਗੜ੍ਹ ਜਾ ਕੇ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਪੰਜਾਬ ਦੇ ਚੇਅਰਮੈਨ ਸੰਨੀ ਆਹਲੂਵਾਲੀਆ ਨੂੰ ਮਿਲ ਕੇ ਸਾਰੀਆਂ ਸਮੱਸਿਆਵਾ ਬਾਰੇ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਸਾਰੀਆਂ ਮੁਸ਼ਕਲਾਂ ਦਾ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾ ਦੱਸਿਆ ਕਿ ਚੇਅਰਮੈਨ ਸੰਨੀ ਆਹਲੂਵਾਲੀਆ ਨੇ ਪੂਰਾ ਭਰੋਸਾ ਦਿੱਤਾ ਹੈ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਇੱਕ ਵਾਰ ਆਰਜ਼ੀ ਹੱਲ ਕਰਵਾ ਕੇ ਫਿਰ ਸੀਵਰੇਜ ਦੀ ਸਮੱਸਿਆ ਦੇ ਪੱਕੇ ਹੱਲ ਲਈ 95 ਲੱਖ ਰੁਪਏ ਜਲਦੀ ਸੀਵਰੇਜ ਬੋਰਡ ਨੂੰ ਦੇ ਦਿੱਤੇ ਜਾਣਗੇ, ਜਿਸ ਨਾਲ ਜਿਹੜੀਆਂ ਪਾਈਪਾਂ ਬਦਲਣ ਦੀ ਜ਼ਰੂਰਤ ਹੋਵੇਗੀ, ਉਹ ਬਦਲੀਆਂ ਜਾਣਗੀਆਂ ਤੇ ਨਾਲ ਹੀ ਸ਼ਹਿਰ ਦੇ ਪੂਰੇ ਸੀਵਰੇਜ ਦੀ ਸਫਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਗਿੱਦੜਬਾਹਾ ਦੇ ਲੋਕਾਂ ਨੂੰ ਸੀਵਰੇਜ ਦੀ ਹਰ ਸਮੱਸਿਆ ਤੋਂ ਨਿਜਾਤ ਮਿਲੇਗੀ। ਸ੍ਰੀ ਮਿੱਤਲ ਨੇ ਕਿਹਾ ਕਿ ਉਹ ਗਿੱਦੜਬਾਹਾ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਰ ਸਮੇਂ ਤਤਪਰ ਹਨ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਤੇ ਆਮ ਲੋਕਾਂ ਦੇ ਕੰਮ ਵੀ ਪਹਿਲ ਦੇ ਅਧਾਰ 'ਤੇ ਹੀ ਕੀਤੇ ਜਾ ਰਹੇ ਹਨ।

# ਕੰਪਿਊਟਰ ਵਿਦਿਆਰਥੀਆਂ ਨੂੰ ਤਪਦਿਕ ਰੋਗ ਪ੍ਰਤੀ ਕੀਤਾ ਜਾਗਰੂਕ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਸਥਾਨਕ ਕੋਟਕਪੂਰਾ ਰੋਡ ਸਥਿਤ "ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੁਆਰਾ ਡਾਇਰੈਕਟੋਰੇਟ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਚੰਡੀਗੜ੍ਹ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਮੁਫਤ ਕੰਪਿਊਟਰ ਸੈਂਟਰ ਦੇ ਵਿਦਿਆਰਥੀਆਂ ਨੂੰ ਤਪਦਿਕ (ਟੀ ਬੀ) ਰੋਗ ਪ੍ਰਤੀ ਜਾਗਰੂਕ ਕੀਤਾ ਗਿਆ। ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਹ ਜਾਗਰੂਕਤਾ ਵਿਭਾਗ ਦੇ ਡਾਇਰੈਕਟਰ ਮੈਡਮ ਮਾਧਵੀ ਕਟਾਰੀਆ (ਆਈ ਏ ਐੱਸ) ਦੀ ਪ੍ਰੇਰਨਾ ਤੇ ਉਨ੍ਹਾਂ ਦੀ ਤੰਦਰੁਸਤ ਉਸਾਰੂ ਸਮਾਜ ਦੇ ਸੁਪਨੇ ਨੂੰ ਹਕੀਕਤ ਵਿੱਚ ਤਬਦੀਲ ਕਰਨ ਲਈ ਕੀਤੀ ਗਈ। ਸੰਸਥਾ ਦੀ ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਸੰਕਲਪ ਸੁਸਾਇਟੀ ਜ਼ਿਲ੍ਹੇ ਦੀ ਇਕਲੌਤੀ ਸੰਸਥਾ ਹੈ, ਜਿਹੜੀ ਕਰੀਬ ਪਿਛਲੇ 13 ਸਾਲਾਂ ਤੋਂ ਤਪਦਿਕ ਰੋਗ ਪ੍ਰਤੀ ਆਮ ਲੋਕਾਂ ਨੂੰ ਸੁਚੇਤ ਕਰਦੀ ਆ ਰਹੀ ਹੈ। ਉਨ੍ਹਾ ਦੱਸਿਆ ਕਿ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਮੈਡਮ ਕਮਲਪ੍ਰੀਤ ਕੌਰ ਸਮਾਘ (ਨਾਨ ਆਫਿਸ਼ੀਅਲ ਮੈਂਬਰ ਸਟੇਟ ਵਿਜੀਲੈਂਸ ਐਂਡ ਮੋਨੀਟਰਿੰਗ ਕਮੇਟੀ ਪੰਜਾਬ) ਨੇ ਸੰਸਥਾ ਦੀਆਂ ਕਾਰਗੁਜ਼ਾਰੀਆਂ 'ਤੇ ਤਸੱਲੀ ਪ੍ਰਗਟਾਈ। ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਕਿਸੇ ਵੀ ਵਿਅਕਤੀ ਨੂੰ ਜੇਕਰ 3 ਹਫਤੇ ਤੋਂ ਵੱਧ ਖੰਘ, ਭਾਰ ਦਾ ਘਟਣਾ, ਥਕਾਵਟ ਮਹਿਸੂਸ ਹੋਣਾ, ਸੀਨੇ 'ਚ ਦਰਦ, ਭੁੱਖ ਨਾ ਲੱਗਣਾ, ਠੰਡ ਲੱਗਣਾ, ਹਲਕਾ ਹਲਕਾ ਬੁਖ਼ਾਰ ਤੇ ਪਸੀਨਾ ਆਵੇ ਤਾਂ ਉਸ ਨੂੰ ਬਿਨਾਂ ਦੇਰੀ ਆਪਣੀ ਬਲਗਮ ਦੀ ਜਾਂਚ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਜਾ ਕੇ ਕਰਵਾ ਲੈਣੀ ਚਾਹੀਦੀ ਹੈ। ਸੰਧੂ ਨੇ ਦੱਸਿਆ ਕਿ ਟੀਬੀ ਰੋਗ ਦੇ ਟੈਸਟ, ਇਲਾਜ ਤੇ ਖ਼ੁਰਾਕ ਦਾ ਇੰਤਜ਼ਾਮ ਸਰਕਾਰ ਦੁਆਰਾ ਸੂਬੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਉਪਲੱਬਧ ਹੈ। ਸੈਂਟਰ ਦੇ ਪ੍ਰਿੰਸੀਪਲ ਮਨਪ੍ਰੀਤ ਸਿੰਘ ਭਾਰੀ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟੀ ਬੀ ਸਾਡੇ ਸਰੀਰ ਦੇ ਕਿਸੇ ਵੀ ਹਿੱਸੇ ਨੂੰ ਹੋ ਸਕਦੀ ਹੈ ਤੇ ਔਰਤਾਂ ਵਿੱਚ ਬਾਂਝਪਨ ਦੀ ਮੁੱਖ ਸਮੱਸਿਆ ਤਪਦਿਕ ਰੋਗ ਵੀ ਹੋ ਸਕਦਾਹੈ। ਉਨ੍ਹਾਂ ਮਰੀਜ਼ਾਂ ਨੂੰ ਤਪਦਿਕ ਰੋਗ ਦਾ ਇਲਾਜ ਸਿਰਫ ਸਰਕਾਰੀ ਹਸਪਤਾਲਾਂ ਵਿੱਚੋਂ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੇਵ ਕੌਰ, ਭਵਕੀਰਤ ਸਿੰਘ ਸੰਧੂ, ਸੁਖਪ੍ਰੀਤ ਕੌਰ, ਅਮਾਨਤ ਕੌਰ ਤੇ ਕੰਪਿਊਟਰ ਸੈਂਟਰ ਦੇ ਵਿਦਿਆਰਥੀ ਮੌਜੂਦ ਸਨ।



# ਵਿਧਾਇਕ ਨੇ ਪੂਣੀਵਾਲ 'ਚ ਰੱਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੇ ਪਿੰਡ ਸ੍ਰੀਨਗਰ (ਪੂਣੀਵਾਲ) ਵਿਖੇ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਗੁਰੂ ਨਾਨਕ ਝੀਰੀ ਬਗੀਚੀ, ਬਸਤੀਆਂ ਦੀਆਂ ਗਲੀਆਂ ਨਾਲੀਆਂ ਤੇ ਠੋਸ ਕੂੜਾ ਪ੍ਰਬੰਧਨ ਪਲਾਂਟ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰੇਕ ਪਿੰਡ ਵਿੱਚ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ। ਦੇਵ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਅਗਵਾਈ ਵਿੱਚ ਵੱਡੇ ਪੱਧਰ 'ਤੇ ਬਿਨਾਂ ਭੇਦ ਭਾਵ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਮਾਨ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਜਨਤਾ ਨੂੰ ਗਰੰਟੀਆਂ ਦਿੱਤੀਆਂ ਗਈਆਂ ਸਨ, ਉਨ੍ਹਾਂ ਨੂੰ ਇਕ ਇਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ, ਜਿਸ ਤੋਂ ਪੰਜਾਬ ਦੀ ਜਨਤਾ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਖੁਸ਼ ਦਿਖਾਈ ਦੇ ਰਹੀ ਹੈ। ਉਨ੍ਹਾ ਪਿੰਡ ਵਾਸੀਆਂ ਵੱਲੋਂ ਦਿੱਤੇ ਪਿਆਰ ਤੇ ਸਤਿਕਾਰ ਲਈ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਦੇਵ ਮਾਨ ਨੇ ਪਿੰਡ ਵਾਸੀਆਂ ਨੂੰ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਮੈਨੂੰ ਦਫਤਰ ਆ ਕੇ ਮਿਲ ਸਕਦੇ ਹਨ। ਉਨ੍ਹਾਂ ਦੀ ਮੁਸ਼ਕਲ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਕ੍ਰਿਸ਼ਨ ਸਿੰਘ ਬੀਡੀਪੀਓ ਨਾਭਾ, ਭਗਵੰਤ ਸਿੰਘ ਪੰਚਾਇਤ ਸਕੱਤਰ, ਕਪਿਲ ਮਾਨ, ਦੀਪਾ ਰਾਮਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਭਾਦਸੋਂ, ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਧਾਰੋਂਕੀ, ਅਵਤਾਰ ਸਿੰਘ ਸਰਪੰਚ, ਜਗਵਿੰਦਰ ਸਿੰਘ ਪੰਚ, ਨਿਹਾਲ ਸਿੰਘ ਪੰਚ, ਲਖਵਿੰਦਰ ਸਿੰਘ ਪੰਚ, ਪਵਨ ਪ੍ਰੀਤ ਗਰਗ, ਹਰਜੀਤ ਸਿੰਘ, ਕੇਸਰ ਸਿੰਘ, ਜਸਵਿੰਦਰ ਸਿੰਘ ਪੂਨੀਆ, ਗੁਰਨਾਮ ਸਿੰਘ ਪੂਨੀਆ, ਗੁਰਤੇਜ ਸਿੰਘ ਬੈਨੀਪਾਲ, ਹਰਚੰਦ ਸਿੰਘ, ਮੁਸਤਾਕ ਖਾਨ ਰੈਸਲ, ਦਵਿੰਦਰ ਸਿੰਘ ਕੁਲਾਰਾਂ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਧਰਮਿੰਦਰ ਸਿੰਘ ਸੁਖੇਵਾਲ, ਬਿੱਲਾ ਖੋਖ, ਜਸਵੀਰ ਸਿੰਘ ਵਜੀਦਪੁਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ

## ■ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਤੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਨਿਯੁਕਤ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.ਨੰ.31) ਜ਼ਿਲ੍ਹਾ ਫਾਜ਼ਿਲਕਾ ਤੇ ਬ੍ਰਾਂਚ ਜਲਾਲਾਬਾਦ ਦੇ ਅਹੁਦੇਦਾਰਾਂ ਦੀ ਚੋਣ ਕਰਨ ਲਈ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਮੀਟਿੰਗ ਹੋਈ।

ਇਹ ਚੋਣ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਤੇ ਸਬ ਕਮੇਟੀ ਦਫਤਰ ਸਟਾਫ ਦੇ ਸੂਬਾ ਪ੍ਰਚਾਰ ਸਕੱਤਰ ਸੁਖਚੈਨ ਸਿੰਘ ਸੋਢੀ ਦੀ ਅਗਵਾਈ ਹੇਠ ਸਰਵਸੰਮਤੀ ਨਾਲ ਨੇਪਰੇ ਚੜ੍ਹੀ। ਇਸ ਮੌਕੇ ਜ਼ਿਲ੍ਹਾ ਕਮੇਟੀ ਦੀ ਸਰਵਸੰਮਤੀ ਨਾਲ ਹੋਈ ਚੋਣ ਵਿੱਚ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜ਼ਿਲ੍ਹਾ ਉੱਪ ਪ੍ਰਧਾਨ ਮਹਿੰਦਰ ਸਿੰਘ ਮੰਨੇਵਾਲਾ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਜ਼ਿਲ੍ਹਾ ਖਜ਼ਾਨਚੀ ਸਤਪਾਲ ਸਿੰਘ, ਸਲਾਹਕਾਰ ਹਰਨੇਕ ਸਿੰਘ ਤੇ ਰਮੇਸ਼ ਸਿੰਘ, ਪ੍ਰੈੱਸ ਸਕੱਤਰ ਅਮਰਜੀਤ ਸਿੰਘ ਨਿਯੁਕਤ ਕੀਤੇ ਗਏ। ਬ੍ਰਾਂਚ ਜਲਾਲਾਬਾਦ ਦੀ ਕਮੇਟੀ ਦੇ ਅਹੁਦੇਦਾਰਾਂ ਦੀ ਵੀ ਚੋਣ ਸਰਵਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਬ੍ਰਾਂਚ ਮੀਤ ਪ੍ਰਧਾਨ ਕਰਤਾਰ ਸਿੰਘ, ਬ੍ਰਾਂਚ ਜਨਰਲ ਸਕੱਤਰ ਕੁੰਦਨ ਸਿੰਘ, ਖਜ਼ਾਨਚੀ ਨਾਨਕ ਚੰਦ, ਸਲਾਹਕਾਰ ਸ਼ੋਕ ਸਿੰਘ ਤੇ ਨਿਸ਼ਾਨ ਸਿੰਘ ਸਿੰਘੇਵਾਲਾ, ਪ੍ਰੈੱਸ ਸਕੱਤਰ ਬਲਦੇਵ ਰਾਜ ਨਿਯੁਕਤ ਕੀਤੇ ਗਏ। ਨਵਨਿਯੁਕਤ ਅਹੁਦੇਦਾਰਾਂ ਨੇ ਵਰਕਰ ਸਾਥੀਆਂ ਨੂੰ ਭਰੋਸਾ ਦਿੱਤਾ ਕਿ ਮਿਲੀ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਵਰਕਰ ਸਾਥੀਆਂ ਨੂੰ ਲੋਕਲ ਪੱਧਰ 'ਤੇ ਆਉਣ ਵਾਲੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਦੇ ਨਾਲ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਮੰਗ ਲਈ ਸੂਬਾ ਕਮੇਟੀ ਦੇ ਚੱਲ ਰਹੇ ਸੰਘਰਸ਼ ਪ੍ਰੋਗਰਾਮ ਨੂੰ ਲਾਗੂ ਕੀਤਾ ਜਾਵੇਗਾ।

# ਭਾਜਪਾ ਨੇ ਆਪਣੇ ਸ਼ਾਸਨ ਕਾਲ 'ਚ ਲੋਕਾਂ ਨੂੰ ਲੁੱਟਣ ਤੇ ਕੁੱਟਣ ਤੋਂ ਸਿਵਾਏ ਕੁਝ ਨਹੀਂ ਕੀਤਾ : ਅਭੈ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਜ਼ਿਲ੍ਹੇ ਦੇ ਪਿੰਡ ਸੁਚਾਨ ਵਿਖੇ ਪੱਤਰਕਾਰ ਵਾਰਤਾ ਦੌਰਾਨ ਇਨੈਲੋ ਦੇ ਵਿਧਾਇਕ ਤੇ ਜਨਰਲ ਸਕੱਤਰ ਅਭੈ ਚੌਟਾਲਾ ਨੇ ਮਹਾਂ-ਗੱਠਜੋੜ ਨੂੰ ਲੈ ਕੇ ਭਾਜਪਾ ਖਿਲਾਫ ਵਿਰੋਧੀ ਪਾਰਟੀਆਂ ਦੀ ਚੱਲ ਰਹੀ ਭਾਜਪਾ ਹਟਾਓ ਮੁਹਿੰਮ ਸਬੰਧੀ ਕਿਹਾ ਕਿ ਦੇਸ਼ ਵਿੱਚ ਮਹਾਂ- ਗੱਠਜੋੜ ਹੋਣਾ ਚਾਹੀਦਾ ਹੈ ਤੇ ਹਰ ਹਾਲਤ ਵਿੱਚ ਮਹਾਂ-ਗੱਠਜੋੜ ਹੋਵੇਗਾ।ਅਭੈ ਨੇ ਸਾਰੀਆਂ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਮਹਾਂ-ਗੱਠਜੋੜ ਨਾ ਬਣਿਆ ਤਾਂ 2024 ਦੀਆਂ ਚੋਣਾਂ ਤੋਂ ਬਾਅਦ ਭਾਜਪਾ ਸਾਰੀਆਂ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਜੇਲ੍ਹਾਂ ਵਿੱਚ ਡੱਕ ਦੇਵੇਗੀ।ਉਨ੍ਹਾ ਕਿਹਾ ਕਿ ਜੋ ਵੀ ਆਗੂ ਭਾਜਪਾ ਸਰਕਾਰ ਖ਼ਿਲਾਫ਼ ਆਵਾਜ਼ ਉਠਾਉਂਦਾ ਹੈ, ਭਾਜਪਾ ਉਸ ਖ਼ਿਲਾਫ਼ ਈ ਡੀ ਰਾਹੀਂ ਕਾਰਵਾਈ ਕਰਦੀ ਹੈ।ਅਭੈ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੀ ਪਰਿਵਰਤਨ ਯਾਤਰਾ ਦਾ ਅਸਰ ਪੂਰੇ ਹਰਿਆਣਾ 'ਚ ਦਿਖਾਈ ਦੇ ਰਿਹਾ ਹੈ।

ਉਨ੍ਹਾ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਸੀ ਐੱਮ ਮਨੋਹਰ ਲਾਲ ਵਿਕਾਸ ਦੇ ਝੂਠੇ ਅੰਕੜੇ ਪੇਸ਼ ਕਰ ਰਹੇ ਹਨ।ਉਨ੍ਹਾ ਕਿਹਾ ਕਿ ਭਾਜਪਾ ਆਗੂਆਂ ਨੂੰ ਸਿਖਲਾਈ ਦੌਰਾਨ ਹੀ ਝੂਠ ਬੋਲਣ ਦਾ ਸਬਕ ਸਿਖਾਇਆ ਜਾਂਦਾ ਹੈ।ਚੌਟਾਲਾ ਨੇ ਭਾਜਪਾ ਨੂੰ ਝੂਠੀ ਤੇ ਲੁਟੇਰੀ ਪਾਰਟੀ ਕਿਹਾ।

ਉਨ੍ਹਾ ਕਿਹਾ ਕਿ ਭਾਜਪਾ ਨੇ ਸਿਰਸਾ ਜ਼ਿਲ੍ਹੇ ਨਾਲ ਵਿਤਕਰਾ ਕੀਤਾ ਹੈ, ਜਿਸ ਕਾਰਨ ਸਿਰਸਾ ਜ਼ਿਲ੍ਹੇ ਵਿੱਚ ਕਿਤੇ ਵੀ ਵਿਕਾਸ ਕਾਰਜ ਨਹੀਂ ਹੋਏ।ਉਨ੍ਹਾ ਕਿਹਾ ਕਿ ਸਿਰਸਾ ਜ਼ਿਲ੍ਹੇ ਦੇ ਲੋਕ ਹੁਣ ਭਾਜਪਾ ਤੋਂ ਨਾਰਾਜ਼ ਹਨ। ਇਸੇ ਕਰਕੇ ਸਿਰਸਾ ਜ਼ਿਲ੍ਹੇ ਦੀਆਂ ਸਾਰੀਆਂ ਪੰਜ ਵਿਧਾਨ ਸਭਾ ਸੀਟਾਂ 'ਤੇ ਇਨੈਲੋ ਜਿੱਤ ਹਾਸਲ ਕਰੇਗੀ।

# ਕਾਮਰੇਡ ਰਘਬੀਰ ਸਿੰਘ ਧੂਤ ਦਾ ਸੰਘਰਸ਼ਮਈ ਜੀਵਨ ਪ੍ਰੇਰਨਾ ਸਰੋਤ : ਮਾੜੀਮੇਘਾ

ਜਲੰਧਰ (ਨਜ਼ਸ)—ਕਾਮਰੇਡ ਰਘਬੀਰ ਸਿੰਘ ਧੂਤ ਨੂੰ ਸੁਖਮਨੀ ਸਾਹਿਬ ਪਾਠ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਕੀਰਤਨ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ, ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਤੇ ਨਵਾਂ ਜ਼ਮਾਨਾ ਅਖਬਾਰ ਦੇ ਟਰੱਸਟੀ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀਪੀਆਈ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਕੱਤਰ ਅਮਰਜੀਤ ਸਿੰਘ, ਬਜ਼ੁਰਗ ਕਾਮਰੇਡ ਨਛੱਤਰ ਪਾਲ ਸਿੰਘ ਸੰਧੂ, ਸੀਪੀਆਈਐਮ ਦੇ ਜ਼ਿਲ੍ਹਾ ਸਕੱਤਰ ਗੁਰਮੇਸ਼ ਸਿੰਘ ਪਹੁੰਚੇ ਸਨ। ਕਾਮਰੇਡ ਰਘਬੀਰ ਸਿੰਘ ਦਾ ਸੰਘਰਸ਼ਮਈ ਜੀਵਨ ਬੜਾ ਪ੍ਰੇਰਨਾ ਸਰੋਤ ਹੈ। ਉਨ੍ਹਾਂ ਦਾ ਜੀਵਨ ਇਹ ਪ੍ਰੇਰਨਾ ਦਿੰਦਾ ਹੈ ਕਿ ਸਾਡੀ ਜਵਾਨੀ ਨੂੰ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਨ ਦੀ ਥਾਂ ਆਪਣੇ ਦੇਸ਼ ਵਿੱਚ ਖੁਸ਼ਹਾਲੀ ਲਿਆਉਣ ਲਈ ਚੇਤਨ ਹੋਣਾ ਚਾਹੀਦਾ ਹੈ। ਹਿੰਦੁਸਤਾਨ ਸੋਨੇ ਦੀ ਚਿੜੀ ਸੀ ਤੇ ਹੈ ਪਰ ਬਦਕਿਸਮਤੀ ਇਹ ਹੈ ਕਿ ਸੋਨੇ ਦੀ ਚਿੜੀ ਨੂੰ ਸਾਡੇ ਰਾਜ ਕਰਤਾ ਲੁੱਟ ਰਹੇ ਹਨ।

ਇਥੇ ਕਿਸੇ ਵੀ ਪਦਾਰਥ ਦਾ ਘਾਟਾ ਨਹੀਂ। ਸਾਡੀ ਧਰਤੀ 'ਤੇ ਹਰ ਪਦਾਰਥ ਪੈਦਾ ਹੋ ਸਕਦਾ ਹੈ ਪਰ ਰਾਜ ਕਰਨ ਵਾਲੀਆਂ ਧਿਰਾਂ ਪੈਦਾ ਨਹੀਂ ਕਰਨ ਦਿੰਦੀਆਂ। ਉਨ੍ਹਾਂ ਨੂੰ ਪਦਾਰਥਾਂ ਵਿੱਚ ਘਾਟਾਂ ਕਮਜ਼ੋਰੀਆਂ ਰਹਿਣੀਆਂ ਸੂਤ ਬੈਠਦੀਆਂ ਹਨ ਕਿਉਂਕਿ ਜਦੋਂ ਕਿਸੇ ਚੀਜ਼ ਭਾਵ ਪਦਾਰਥ ਦੀ ਘਾਟ ਹੁੰਦੀ ਹੈ ਤਾਂ ਇਨਾਂ ਦੀਆਂ ਲੁਟੇਰੀਆਂ ਤਾਕਤਾਂ ਮਹਿੰਗੇ ਭਾਅ ਵੇਚ ਕੇ ਮੁਨਾਫੇ ਕਮਾਉਂਦੀਆਂ ਹਨ। ਇਸ ਲਈ ਪੰਜਾਬ ਦੀ ਜਵਾਨੀ ਵਿਦੇਸ਼ਾਂ ਵਿੱਚ ਜਾਣ ਦੀ ਥਾਂ ਆਪਣੀ ਸੋਨੇ ਦੀ ਚਿੜੀ ਬਚਾ ਕੇ ਦੇਸ਼ ਨੂੰ ਅਮੀਰ ਤੇ ਖੁਸ਼ਹਾਲ ਬਣਾਉਣ ਲਈ ਚੇਤਨ ਰੂਪ ਵਿੱਚ ਜਥੇਬੰਦ ਹੋਣ। ਨਵਜੋਤ ਸਿੰਘ ਧੂਤ ਨੂੰ ਪੱਗ ਸੌਂਪ ਕੇ ਘਰ ਦੀ ਜ਼ਿੰਮੇਵਾਰੀ ਦਿੱਤੀ ਗਈ। ਪੱਗ ਸੌਂਪਣ ਦੇ ਮੌਕੇ ਉਨ੍ਹਾਂ ਦੇ ਮਾਮਾ ਜੀ, ਮਾਤਾ ਗੁਰਦੇਵ ਕੌਰ, ਭੈਣ ਨਵਨੀਤ ਕੌਰ ਤੇ ਭਰਾ ਨਵਤੇਜ ਸਿੰਘ ਵੀ ਹਾਜ਼ਰ ਸਨ।



ਸ਼ਰਧਾਂਜਲੀ ਅਰਪਿਤ ਕਰਨ ਮੌਕੇ ਸੰਤੋਖ ਸਿੰਘ ਧੂਤ, ਤਰਸੇਮ ਸਿੰਘ, ਗੁਰਮੇਲ ਸਿੰਘ ਸਾਬਕਾ ਐਸਡੀਓ, ਸੰਤੋਖ ਸਿੰਘ ਸੋਖਾ ਧੂਤ, ਹਰਬੰਸ ਸਿੰਘ ਧੂਤ, ਮਲਕੀਅਤ ਸਿੰਘ ਪਲਾਹਾ, ਦੇਵ ਕੁਮਾਰ ਤੇ ਮਹਿੰਦਰ ਨਾਥ ਧੂਤ, ਜਰਨੈਲ ਸਿੰਘ ਨਿੱਝਰ ਤੇ ਤਰਸੇਮ ਸਿੰਘ ਹੁੰਦਲ ਹਾਜ਼ਰ ਸਨ।

# ਪਾਕਿਸਤਾਨ ਸਰਕਾਰ ਸਿੱਖਾਂ 'ਤੇ ਹੋ ਰਹੇ ਹਮਲੇ ਰੋਕਣ 'ਚ ਅਸਫਲ : ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪਾਕਿਸਤਾਨ ਦੇ ਸ਼ਹਿਰ ਪਿਸ਼ਾਵਰ ਵਿੱਚ ਦੁਕਾਨਦਾਰ ਮਨਮੋਹਨ ਸਿੰਘ ਨੂੰ ਅੱਤਵਾਦੀਆਂ ਵੱਲੋਂ ਗੋਲੀਆਂ ਮਾਰ ਕੇ ਜਾਨੋਂ ਮਾਰ ਦੇਣ ਅਤੇ ਹਕੀਮ ਤਰਲੋਕ ਸਿੰਘ ਨੂੰ ਜ਼ਖ਼ਮੀ ਕੀਤੇ ਜਾਣ ਦੀਆਂ ਦੋ ਵੱਖ-ਵੱਖ ਵਾਪਰੀਆਂ ਦੁਖਦਾਈ ਅਤੇ ਅਫਸੋਸਜਨਕ ਘਟਨਾਵਾਂ 'ਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਗਹਿਰੀ ਚਿੰਤਾ ਪ੍ਰਗਟਾਈ ਹੈ।

ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਦਲ ਦੇ ਹੈਡਕਵਾਟਰ ਤੋਂ ਜਾਰੀ ਇੱਕ ਲਿਖਤੀ ਪ੍ਰੈਸ ਨੋਟ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਦਸਿਆ ਕਿ ਪਿਸ਼ਾਵਰ ਦੇ ਪਖਤੋਨੋਵਾ ਵਿੱਚ ਸਿੱਖਾਂ 'ਤੇ ਲਗਾਤਾਰ ਜਾਨਲੇਵਾ ਹਮਲੇ ਹੋ ਰਹੇ ਹਨ। ਕਈ ਸਿੱਖਾਂ ਨੂੰ ਪਿਛਲੇ ਸਮੇਂ ਵਿੱਚ ਅਗਵਾ ਕਰ ਕੇ ਜਾਨੋ ਮਾਰ ਦਿੱਤਾ ਗਿਆ ਹੈ। ਫਿਰੌਤੀਆਂ ਦੀ ਮੰਗ ਵਿੱਚ ਕੀਮਤੀ ਜਾਨਾਂ ਬਰੂਦੀ ਗੋਲੀਆਂ ਨਾਲ ਭੁੰਨ ਦਿੱਤੀਆਂ ਜਾ ਰਹੀਆਂ ਹਨ, ਸਿੱਖ ਵਿਉਪਾਰੀਆਂ ਤੇ ਦੁਕਾਨਦਾਰਾਂ ਨੂੰ ਇਹ ਗੁੰਡਾ ਅਨਸਰ ਸਿੱਧੇ ਤੌਰ 'ਤੇ ਨਿਸ਼ਾਨਾ ਬਣਾ ਰਹੇ ਹਨ। ਪਾਕਿਸਤਾਨ ਸਰਕਾਰ ਉਥੇ ਰਹਿ ਰਹੇ ਘੱਟ ਗਿਣਤੀ ਸਿੱਖਾਂ ਦੀ ਜਾਨ ਮਾਲ ਦੀ ਰਾਖੀ ਕਰਨ ਵਿੱਚ ਫੇਲ ਹੋਈ ਹੈ। ਉਨ੍ਹਾਂ ਦੀ ਸੁਰੱਖਿਆਂ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਹੋ ਸਕੇ ਜਿਸ ਵਿੱਚ ਸਿੱਖ ਅਮਨਸ਼ਾਂਤੀ ਤੇ ਸੁੱਖ ਦਾ ਸਾਹ ਲੈ ਸਕਣ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵਿੱਚ ਰਹਿੰਦੇ ਸਿੱਖ ਖੌਫਜ਼ਦਾ ਹਨ, ਪਾਕਿਸਤਾਨ ਸਰਕਾਰ ਨੂੰ ਅਜਿਹੇ ਹਮਲੇ ਕਰਨ ਵਾਲੇ ਮੁਲਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਤੁਰੰਤ ਗ੍ਰਿਫਤਾਰ ਕਰਨਾ ਚਾਹੀਦਾ ਹੈ। ਨਿਹੰਗ ਮੁਖੀ ਨੇ ਮਨਮੋਹਨ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵਿਕਾਸ ਟੈਕਸ ਦੇ ਪੱਤਰ ਦੀਆਂ ਕਾਪੀਆਂ ਸਾੜੀਆਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਪੰਜਾਬ-ਯੂ.ਟੀ. ਮੁਲਾਜ਼ਮ ਪੈਨਸ਼ਨਰਜ਼ ਸਾਂਝੇ ਫਰੰਟ ਦੇ ਸੱਦੇ 'ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਅੱਜ ਵੱਡੀ ਗਿਣਤੀ 'ਚ ਕਸਟਮ ਚੌਕ ਨੇੜੇ ਇਕੱਠੇ ਹੋ ਕੇ ਕੁੰਵਰ ਵਿਜੇ ਪ੍ਰਤਾਪ ਸਿੰਘ ਵਿਧਾਇਕ ਅੰਮ੍ਰਿਤਸਰ ਉੱਤਰੀ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ ਥੋਪੇ ਗਏ 200 ਰੁਪਏ ਪ੍ਰਤੀ ਮਹੀਨਾ ਵਿਕਾਸ ਬਨਾਮ ਜਜੀਆ ਟੈਕਸ ਦੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਮੌਕੇ ਇਕੱਠੇ ਹੋਏ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਜਰਮਨਜੀਤ ਸਿੰਘ, ਮਦਨ ਗੋਪਾਲ, ਮੰਗਲ ਸਿੰਘ ਟਾਂਡਾ, ਸੁਖਦੇਵ ਸਿੰਘ ਪੰਨੂ, ਬੋਬਿੰਦਰ ਸਿੰਘ, ਜੋਗਿੰਦਰ ਸਿੰਘ, ਸੁਖਰਾਜ ਸਿੰਘ ਸਰਕਾਰੀਆ ਅਤੇ ਅਜੈ ਸਨੋਤਰਾ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ 200 ਰੁਪਏ ਪ੍ਰਤੀ ਮਹੀਨਾ ਵਿਕਾਸ ਟੈਕਸ ਲਾਉਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਇਹ ਜਜੀਆ ਟੈਕਸ ਵਾਪਸ ਲਿਆ ਜਾਵੇ, ਛੇਵੇਂ ਪੇ ਕਮਿਸ਼ਨ ਮੁਤਾਬਕ ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਅਤੇ ਨੋਸ਼ਨਲ ਪੈਨਸ਼ਨ ਸੋਧ ਵਿਧੀ ਲਾਗੂ ਕੀਤੀ ਜਾਵੇ ਅਤੇ ਪੈਨਸ਼ਨਰਾਂ ਨੂੰ ਸਾਢੇ ਪੰਜ ਸਾਲ ਦਾ ਬਕਾਇਆ ਯੱਕਮੁਸ਼ਤ ਦਿੱਤਾ ਜਾਵੇ, ਕੱਚੇ ਮੁਲਾਜ਼ਮਾਂ 'ਤੇ ਛੇਵੇਂ ਤਨਖਾਹ ਕਮਿਸ਼ਨ ਦੇ ਸਕੇਲ ਲਾਗੂ ਕਰਦਿਆਂ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮਾਣ ਭੱਤਾ ਵਰਕਰਾਂ ਨੂੰ ਘੱਟੋ-ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ ਅਤੇ ਕੱਟੇ ਗਏ ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਵੱਖ-ਵੱਖ ਭੱਤੇ ਬਹਾਲ ਕੀਤੇ ਜਾਣ।




ਪ੍ਰਦਰਸ਼ਨ ਵਿੱਚ ਚਰਨ ਸਿੰਘ ਸੰਧੂ, ਪ੍ਰਿੰਸੀਪਲ ਬਲਦੇਵ ਸਿੰਘ ਸੰਧੂ, ਪਰਮਜੀਤ ਕੌਰ ਮਾਨ, ਮਮਤਾ ਸ਼ਰਮਾ, ਨਰਿੰਦਰ ਸਿੰਘ, ਪ੍ਰੇਮ ਚੰਦ, ਸੁਖਦੇਵ ਰਾਜ ਕਾਲੀਆ, ਹਰਮੋਹਿੰਦਰ ਸਿੰਘ, ਡਾ. ਗੁਰਦਿਆਲ ਸਿੰਘ, ਕਰਮਜੀਤ ਸਿੰਘ ਕੇਪੀ, ਰਣਵੀਰ ਸਿੰਘ ਉੱਪਲ, ਨਰਿੰਦਰ ਸ਼ਰਮਾ, ਰਾਜੇਸ਼ ਪ੍ਰਾਸ਼ਰ, ਸੁੱਚਾ ਸਿੰਘ ਟਰਪਈ, ਮਦਨ ਲਾਲ ਮੰਨਣ, ਲਖਵਿੰਦਰ ਸਿੰਘ ਗਿੱਲ, ਅਵਤਾਰਜੀਤ ਸਿੰਘ, ਜੋਰਾਵਰ ਸਿੰਘ ਜਲਾਲ, ਅਵਤਾਰਜੀਤ ਸਿੰਘ, ਸੋਮਰਾਜ, ਬਗੀਚਾ ਸਿੰਘ, ਨਾਨਕ ਚੰਦ, ਯਸ਼ਪਾਲ, ਰਾਜ ਮਸੀਹ ਭੋਏਵਾਲ, ਮਨਜੀਤ ਸਿੰਘ ਸ਼ਾਹ ਅਤੇ ਕੁਲਦੀਪ ਸਿੰਘ ਆਦਿ ਸ਼ਾਮਲ ਹੋਏ।

# ਠੱਠਾ 'ਚ ਕਾਂਗਰਸ ਨੂੰ ਵੱਡਾ ਝਟਕਾ, ਸਰਪੰਚ ਸਮੇਤ ਦਰਜਨਾਂ ਪਰਿਵਾਰ 'ਆਪ' 'ਚ ਸ਼ਾਮਲ

ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)—ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਪਿੰਡ ਠੱਠਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਭਾਰੀ ਬਲ ਮਿਲਿਆ ਜਦੋਂ ਕਾਂਗਰਸ ਪਾਰਟੀ ਦੇ ਮੌਜੂਦਾ ਸਰਪੰਚ ਕੰਵਲਜੀਤ ਸਿੰਘ ਢਿੱਲੋਂ ਪੰਜ ਦਰਜਨ ਤੋਂ ਵੱਧ ਪਰਿਵਾਰਾਂ ਸਮੇਤ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੀ ਅਗਵਾਈ ਹੇਠ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਸੋਹਲ ਨੇ ਕਿਹਾ ਕਿ ਪਿੰਡ ਠੱਠਾ ਵਿੱਚ ਰਵਾਇਤੀ ਪਾਰਟੀਆਂ ਕਾਂਗਰਸ ਅਤੇ ਅਕਾਲੀ ਦਲ ਦਾ ਬਿਸਤਰਾ ਗੋਲ ਹੋ ਚੁੱਕਾ ਹੈ।



ਵਧਾਇਕ ਨੇ ਕਿਹਾ ਕਿ ਪਾਰਟੀ ਵਿੱਚ ਵਲੰਟੀਅਰਾਂ ਨੂੰ ਉਨ੍ਹਾਂ ਦਾ ਬਨਦਾ ਮਾਣ ਸਨਮਾਨ ਜ਼ਰੂਰ ਮਿਲੇਗਾ। ਉਨ੍ਹਾਂ ਨੇ ਪਿੰਡ ਠੱਠਾ ਦੇ ਲੋਕਾਂ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਪਿੰਡ ਵਿੱਚ ਸੀਵਰੇਜ, ਛੱਪੜ ਜਾਂ ਗਲੀਆਂ ਨਾਲੀਆਂ ਆਦਿ ਦੀਆਂ ਜੋ ਮੁਸ਼ਕਲਾਂ ਆ ਰਹੀਆਂ ਹਨ, ਉਨ੍ਹਾਂ ਦਾ ਵੀ ਜਲਦ ਹੱਲ ਕਰਵਾਇਆ ਜਾਵੇਗਾ। ਪਾਰਟੀ ਵਿੱਚ ਸ਼ਾਮਲ ਹੋਏ ਸਰਪੰਚ ਕੰਵਲਜੀਤ ਸਿੰਘ ਨੇ ਕਿਹਾ ਕਿ ਵਿਧਾਇਕ ਡਾ. ਸੋਹਲ ਵੱਲੋਂ ਹਲਕੇ ਦਾ ਵਿਕਾਸ ਬਿਨਾਂ ਕਿਸੇ ਭੇਦ ਭਾਵ ਤੋਂ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਵਿੰਦਰ ਸਿੰਘ ਵਿਸਕੀ ਢਿੱਲੋਂ, ਨਿਰਵੈਲ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ ਠੱਠਾ, ਜਸਪਾਲ ਸਿੰਘ, ਰਣਧੀਰ ਸਿੰਘ, ਅੰਮ੍ਰਿਤਪਾਲ ਸਿੰਘ, ਮਾਸਟਰ ਤਸਵੀਰ ਸਿੰਘ, ਮਾਸਟਰ ਸ਼ਿੰਗਾਰਾ ਸਿੰਘ, ਕੈਪਟਨ ਲਖਵਿੰਦਰ ਸਿੰਘ ਮੰਨਣ, ਕੁਲਦੀਪ ਸਿੰਘ ਰੰਧਾਵਾ, ਆਲਮਬੀਰ ਸਿੰਘ, ਕਾਰਜ ਸਿੰਘ ਰੰਧਾਵਾ, ਮੇਜਰ ਸਿੰਘ ਗਿੱਲ, ਹਰਜੀਤ ਸਿੰਘ ਸੋਹਲ, ਮਾਣਕ ਸਿੰਘ ਹੈਪੀ, ਗੁਰਜੀਤ ਸਿੰਘ ਸੋਨੀ ਬਾਬਾ, ਕੁਲਵਿੰਦਰ ਸਿੰਘ, ਸੰਦੀਪ ਸਿੰਘ ਸੰਨੀ ਛੀਨਾ, ਐਡਵੋਕੇਟ ਪਰਦੀਪ ਸਿੰਘ, ਜਰਨੈਲ ਸਿੰਘ, ਸਾਹਿਬ ਸਿੰਘ, ਸਰਬਦੀਪ ਸਿੰਘ, ਮੈਂਬਰ ਜੋਗਿੰਦਰ ਸਿੰਘ, ਮੈਂਬਰ ਜਸਪਾਲ ਸਿੰਘ, ਮੈਂਬਰ ਸੋਨੂੰ ਸਿੰਘ, ਮੈਂਬਰ ਸੁਬੇਗ ਸਿੰਘ, ਮੈਂਬਰ ਅੰਗਰੇਜ਼ ਸਿੰਘ, ਮਮਤਾ ਢਿੱਲੋਂ, ਮੈਂਬਰ ਜਗਰੂਪ ਸਿੰਘ, ਭਗਵਾਨ ਸਿੰਘ, ਗੁਰਦਿਆਲ ਸਿੰਘ, ਸੁਖਦੇਵ ਸਿੰਘ, ਨੰਬਰਦਾਰ ਜਸਵੰਤ ਸਿੰਘ, ਨੰਬਰਦਾਰ ਬਾਬਾ ਗੁਰਦੇਵ ਸਿੰਘ, ਸਾਹਿਬ ਸਿੰਘ, ਪ੍ਰਗਟ ਸਿੰਘ, ਬਲਦੇਵ ਸਿੰਘ, ਕਸ਼ਮੀਰ ਸਿੰਘ, ਨਿਰਵੈਲ ਸਿੰਘ, ਜਸਬੀਰ ਸਿੰਘ, ਰਣਬੀਰ ਸਿੰਘ ਜੌਹਲ, ਮਨੋਹਰ ਸਿੰਘ ਵਿਰਕ, ਵਿਰਸਾ ਸਿੰਘ, ਦਲਬੀਰ ਸਿੰਘ, ਸੁਰਿੰਦਰ ਸਿੰਘ, ਕੁਲਵੰਤ ਸਿੰਘ, ਮਾਸਟਰ ਗੁਰਦੇਵ ਸਿੰਘ, ਸਰਵਨ ਸਿੰਘ, ਜੁਗਰਾਜ ਸਿੰਘ, ਪੱਪੂ ਫੌਜੀ, ਜਗਤਾਰ ਸਿੰਘ, ਗੁਰਦਿਆਲ ਸਿੰਘ, ਕਰਨ ਸਿੰਘ, ਕੁਲਵੰਤ ਸਿੰਘ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਸੋਨਾ ਭਲਵਾਨ, ਸਰਵਣ ਸਿੰਘ, ਬਚਿੱਤਰ ਸਿੰਘ, ਬਲਜੀਤ ਸਿੰਘ, ਮੇਜਰ ਸਿੰਘ, ਬਾਬਾ ਗਿਆਨ, ਦਲਬੀਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਤੋਂ ਨਸ਼ਿਆਂ ਖਿਲਾਫ ਮਸ਼ਾਲ ਜਾਗਰੂਕਤਾ ਰੈਲੀ ਅੱਜ

**ਗੁਰਦਾਸਪੁਰ (ਜਨਕ ਮਹਾਜਨ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ 26 ਜੂਨ ਨੂੰ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ, ਡੇਰਾ ਬਾਬਾ ਨਾਨਕ ਤੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਮਸ਼ਾਲ ਜਾਗਰੂਕਤਾ ਰੈਲੀ ਕੱਢੀ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਅਸ਼ਵਨੀ ਅਰੋੜਾ, ਐੱਸਡੀਐੱਮ ਡੇਰਾ ਬਾਬਾ ਨਾਨਕ ਨੇ ਦੱਸਿਆ ਕਿ 26 ਜੂਨ ਨੂੰ ਸਵੇਰੇ 8 ਵਜੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ, ਡੇਰਾ ਬਾਬਾ ਨਾਨਕ ਤੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਮਸ਼ਾਲ ਜਾਗਰੂਕਤਾ ਰੈਲੀ ਕੱਢੀ ਜਾਵੇਗੀ, ਜੋ ਵੱਖ-ਵੱਖ ਪਿੰਡਾਂ ਤੋਂ ਹੁੰਦੀ ਹੋਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਵਿਖੇ ਸਮਾਪਤ ਹੋਵੇਗੀ। ਇਸ ਜਾਗਰੂਕਤਾ ਰੈਲੀ ਵਿੱਚ ਵਿਦਿਆਰਥੀ, ਉਨ੍ਹਾਂ ਦੇ ਮਾਪੇ ਤੇ ਸਮਾਜ ਸੇਵੀ ਸੰਸਥਾਵਾਂ ਦੇ ਵਲੰਟੀਅਰ ਹਿੱਸਾ ਲੈਣਗੇ।

ਇਸ ਮੌਕੇ ਅਮਰਜੀਤ ਸਿੰਘ ਭਾਟੀਆ, ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਨੇ ਦੱਸਿਆ ਕਿ ਦੁਪਹਿਰ 12 ਵਜੇ ਤੋਂ ਐੱਸ.ਐੱਸ.ਐੱਮ. ਕਾਲਜ ਦੀਨਾਨਗਰ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਸਮਾਜ ਤੇ ਲੋਕਾਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਵਾਲੇ ਵਿਦਿਆਰਥੀਆਂ, ਅਧਿਆਪਕਾਂ, ਕਰਮਚਾਰੀਆਂ, ਤੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਨਗਦ ਇਨਾਮ ਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਿੱਖਿਆ ਸੰਸਥਾਵਾਂ ਦੇ ਮੁਖੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਦੇ ਵਿਸ਼ੇ 'ਤੇ ਵਿਦਿਆਰਥੀਆਂ ਦੇ ਪੇਂਟਿੰਗ, ਪੋਸਟਰ ਤੇ ਸਲੋਗਨ ਆਦਿ ਮੁਕਾਬਲੇ ਕਰਵਾ ਕੇ ਆਨਲਾਈਨ ਲਿੰਕ ਤੇ ਸ਼ੇਅਰ ਕਰ ਸਕਦੇ ਹਨ ਅਤੇ ਇਸ ਤੋ ਇਲਾਵਾ ਪਿਛਲੇ ਸਮੇਂ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਸਮਾਜ ਵਿੱਚ ਪਾਏ ਯੋਗਦਾਨ ਸਬੰਧੀ ਕੀਤੀਆਂ ਗਈਆਂ ਗਤੀਵਿਧੀਆਂ ਦੀ ਜਾਣਕਾਰੀ ਆਨਲਾਈਨ ਲਿੰਕ ਤੇ ਸ਼ੇਅਰ ਕਰ ਸਕਦੇ ਹਨ।

# ਕਸ਼ਮੀਰ ਸਿੰਘ ਗੁਦਾਈਆ 'ਤੇ ਹਮਲਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਦੀ ਮੰਗ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਕਾਮਰੇਡ ਨਰਿੰਦਰ ਸਿੰਘ ਅਲਗੋਂ ਤੇ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ, ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਪਿਥ੍ਰੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗੁਦਾਈਆ ਮਜ਼ਦੂਰ ਜਮਾਤ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲਿਆਂ ਵਿੱਚ ਚੰਗਾ ਨਾਮ ਰੱਖਦਾ ਹੈ।



ਪਿਛਲੇ ਦਿਨੀਂ ਨਾਭਾ ਤਹਿਸੀਲ ਦੇ ਪਿੰਡ ਸਖੇਵਾਲ ਦੇ ਧਨਾਢਾਂ ਨੇ ਸੱਤਾਧਾਰੀ ਧਿਰ ਦੇ ਇਸ਼ਾਰੇ 'ਤੇ ਕਸ਼ਮੀਰ ਸਿੰਘ ਉਪਰ ਕੀਤਾ ਜਾਨਲੇਵਾ ਹਮਲਾ, ਜਾਤੀ ਸੂਚਕ ਸ਼ਬਦ ਬੋਲਣ ਤੇ ਬੰਦੀ ਬਣਾ ਕੇ ਬਾਅਦ ਵਿੱਚ ਥਾਣੇ ਲਿਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਦੋਸ਼ੀ ਧਨਾਢ ਲੋਕਾਂ 'ਤੇ ਐਸਸੀਐਸਟੀ ਕਾਨੂੰਨ ਤਹਿਤ ਪਰਚਾ ਦਰਜ ਕਰਕੇ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ। ਉਪਰੋਕਤ ਆਗੂਆਂ ਨੇ ਕਿਹਾ ਕਿ ਸੱਤਾ ਵਿਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਸਾਫ ਸੁਥਰਾ ਪ੍ਰਸ਼ਾਸਨ ਦੇਣ ਦਾ ਵਾਅਦਾ ਕੀਤਾ ਸੀ ਪਰ ਇਸ ਸਮੇਂ 'ਆਪ' ਪਾਰਟੀ ਉਲਟ ਕਰਦੀ ਹੋਈ ਥਾਂ ਪਰ ਥਾਂ ਮਿਹਨਤਕਸ਼ ਲੋਕਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਮੀਤ ਪ੍ਰਧਾਨ ਕਮਲਜੀਤ ਸਿੰਘ ਨਾਗੋਕੇ, ਕੁਲਵੰਤ ਸਿੰਘ ਖਡੂਰ ਸਾਹਿਬ, ਜਗਤਾਰ ਸਿੰਘ ਖਡੂਰ ਸਾਹਿਬ, ਜਸਵੰਤ ਸਿੰਘ ਖਡੂਰ ਸਾਹਿਬ, ਤਰਸੇਮ ਸਿੰਘ ਨਾਗੋਕੇ, ਜਗੀਰ ਸਿੰਘ ਭਰੋਵਾਲ, ਅਰਸਦੀਪ ਸਿੰਘ ਭਰੋਵਾਲ, ਅਕਾਸਦੀਪ ਸਿੰਘ ਆਦਿ ਆਗੂ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਦੀ ਸਜੀ ਮਹੀਨਾਵਾਰ ਬੈਠਕ, ਰਚਨਾਵਾਂ ਦਾ ਚਲਿਆ ਦੌਰ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਦੀ ਮਹੀਨਾਵਾਰ ਬੈਠਕ ਸਥਾਨਕ ਰਾਮ ਸਿੰਘ ਦੱਤ ਯਾਦਗਾਰੀ ਹਾਲ ਵਿੱਚ ਹੋਈ। ਸਭ ਤੋਂ ਪਹਿਲਾਂ ਬੈਠਕ ਦੇ ਮੁੱਖ ਏਜੰਡੇ 'ਤੇ ਜਨਰਲ ਸਕੱਤਰ ਸੁਭਾਸ਼ ਦੀਵਾਨਾ ਨੇ ਮੈਂਬਰਾਂ ਨੂੰ ਜਾਣੂ ਕਰਵਾਇਆ ਜਿਸ ਵਿਚ ਸਲਾਨਾ ਮੈਂਬਰਸ਼ਿਪ ਅਤੇ ਸਵਰਗੀ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਦੀ ਯਾਦ ਵਿੱਚ ਕਰਾਉਣ ਵਾਲੇ ਪ੍ਰੋਗਰਾਮ ਸਬੰਧੀ ਦੱਸਿਆ।




ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਪ੍ਰਤਾਪ ਪਾਰਸ ਦੇ ਲਿਖੇ ਗੀਤ ਪ੍ਰੀਤ ਰਾਣਾ ਨੇ ਆਪਣੀ ਆਵਾਜ਼ ਵਿਚ ਕੀਤੀ।

ਸੁਨੀਲ ਕੁਮਾਰ, ਕੇ. ਪੀ. ਸਿੰਘ, ਗੁਰਦੇਵ ਭੁੱਲਰ, ਪ੍ਰਤਾਪ ਪਾਰਸ ਨੇ ਗੀਤ ਅਤੇ ਬਲਦੇਵ ਸਿੱਧੂ ਨੇ ਟੱਪੇ ਤਰੰਨਮ ਵਿਚ ਗਾ ਕੇ ਚੰਗਾ ਰੰਗ ਬੰਨ੍ਹਿਆ। ਰਾਜਨ ਤਰੇੜੀਆ ਨੇ ਲੇਖ, ਤਰਸੇਮ ਸਿੰਘ ਭੰਗੂ ਅਤੇ ਕਾਮਰੇਡ ਅਵਤਾਰ ਸਿੰਘ ਨੇ ਮਿੰਨੀ ਕਹਾਣੀਆਂ ਪੇਸ਼ ਕੀਤੀਆਂ। ਬਜ਼ੁਰਗ ਕਾਮਰੇਡ ਮੁਲਖ ਰਾਜ ਨੇ ਜਵਾਨੀ ਵੇਲੇ ਦਾ ਇਨਕਲਾਬੀ ਗੀਤ 'ਓਏ ਜੱਗੂ ਓਏ ਫੱਗੂ' ਸੁਰੀਲੀ ਆਵਾਜ਼ ਵਿੱਚ ਗਾ ਕੇ ਬਾਨਵੇਂ ਸਾਲ ਦੀ ਉਮਰ ਵਿਚ ਵੀ ਵਧੀਆ ਯਾਦਦਾਸ਼ਤ ਅਤੇ ਤੰਦਰੁਸਤੀ ਦਾ ਸਬੂਤ ਦਿੱਤਾ।

ਗਜ਼ਲਾਂ ਦੇ ਦੌਰ ਵਿਚ ਪ੍ਰਤਾਪ ਪਾਰਸ, ਸੁਭਾਸ਼ ਦੀਵਾਨਾ, ਹਰਪਾਲ ਬੈਂਸ ਸੀਤਲ ਸਿੰਘ ਗੁੰਨੋਪੁਰੀ ਨੇ ਭਾਵਪੂਰਨ ਕਹਿ ਕੇ ਵਾਹ-ਵਾਹ ਖੱਟੀ। ਪ੍ਰੋਫੈਸਰ ਰਾਜ ਕੁਮਾਰ ਨੇ ਇਤਿਹਾਸਕ ਜਾਣਕਾਰੀ ਦਿੱਤੀ ਅਤੇ ਐਨ. ਕੇ. ਸੋਈ ਨੇ ਜੋਸ਼ੀਲੀ ਕਵਿਤਾ ਪੜ੍ਹੀ। ਅਖੀਰ ਵਿਚ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ ਨੇ ਸਫਲਤਾਪੂਰਵਕ ਬੈਠਕ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਆਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਬੀਰ ਸਿੰਘ ਅਤੇ ਸੁਰਿੰਦਰ ਮੋਹਨ ਸ਼ਰਮਾ ਵੀ ਹਾਜ਼ਰ ਸਨ।

# ਮੰਤਰੀ ਦੇ ਅੜੀਅਲ ਵਤੀਰੇ ਵਿਰੁੱਧ ਕਿਸਾਨ ਜਥੇਬੰਦੀਆਂ ਨੇ ਫੂਕਿਆ ਪੁਤਲਾ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਹੈਂਕੜ ਭਰੇ ਰਵੱਈਏ ਖਿਲਾਫ ਪਿੰਡ ਭੱਠਲ ਭਾਈਕੇ ਵਿੱਚ ਜਮਹੂਰੀ ਕਿਸਾਨ ਸਭਾ ਦੇ ਜ਼ਿਲਾ ਆਗੂ ਰੇਸਮ ਸਿੰਘ, ਬਲਵਿੰਦਰ ਸਿੰਘ ਫੈਲੋਕੇ, ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਦਲਜੀਤ ਸਿੰਘ ਵਰਿਆ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਮੰਤਰੀ ਦਾ ਪੁਤਲਾ ਫੂਕ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਇਕੱਤਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਆਗੂ ਰੇਸ਼ਮ ਸਿੰਘ ਅਤੇ ਬਲਵਿੰਦਰ ਸਿੰਘ ਨੇ ਕਿਹਾ ਕੇ ਪਾਵਰਕਾਮ ਦੇ ਇਮਾਨਦਾਰ ਅਧਿਕਾਰੀ ਐਸਈ ਗੁਰਸ਼ਰਨ ਸਿੰਘ ਖਹਿਰਾ ਦੀ ਟਰਾਂਸਪੋਰਟ ਮੰਤਰੀ ਵੱਲੋਂ ਰੰਜਿਸ਼ ਤਹਿਤ ਕੀਤੀ ਬਦਲੀ ਖਿਲਾਫ ਸੰਘਰਸ਼ ਕਰ ਰਹੀਆਂ ਜਥੇਬੰਦੀਆਂ 27 ਜੂਨ ਨੂੰ ਡਿਪਟੀ ਕਮਿਸ਼ਨਰ ਦਫਤਰ ਤਰਨ ਤਾਰਨ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਕੇ ਮੰਤਰੀ ਦੀ ਅਰਥੀ ਫੂਕ ਕੇ ਕੀਤੀ ਜਾ ਰਹੀ ਗੁੰਡਾਗਰਦੀ ਖਿਲਾਫ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਡਿਪਟੀ ਕਮਿਸ਼ਨਰ ਰਾਹੀਂ ਦਿੱਤਾ ਜਾਵੇਗਾ। ਇਸ ਮੌਕੇ ਮੌਜੂਦ ਸਾਥੀਆਂ ਰਛਪਾਲ ਸਿੰਘ, ਹੀਰਾ ਸਿੰਘ, ਸੁਰਿੰਦਰ ਸਿੰਘ, ਮੁਖਤਾਰ ਸਿੰਘ, ਕੰਵਲ ਸਿੰਘ ਹੀਰਾ ਸਿੰਘ, ਲਾਡੀ ਸਿੰਘ, ਹਰਪ੍ਰੀਤ ਸਿੰਘ, ਸੁਰਜੀਤ ਸਿੰਘ, ਬਲਵਿੰਦਰ ਸਿੰਘ ਦਿੱਲੀ ਨੇ ਕਿਹਾ ਕਿ ਮੰਤਰੀ ਦੀ ਗੁੰਡਾਗਰਦੀ ਦਾ ਮੂੰਹਤੋੜ ਜਵਾਬ ਸੰਘਰਸ਼ਾਂ ਰਾਹੀਂ ਦਿੱਤਾ ਜਾਵੇਗਾ।



# ਹਲਕੇ 'ਚ ਬਿਨਾਂ ਭੇਦ-ਭਾਵ ਹੋ ਰਿਹੈ ਵਿਕਾਸ : ਡਾ. ਕੁਲਦੀਪ ਢਿੱਲੋਂ

ਤਰਨ ਤਾਰਨ (ਸਾਗਰ ਅਰੋੜਾ)—ਤਰਨਤਾਰਨ ਤੋਂ ਆਪ ਆਗੂ ਅਤੇ ਬਲਾਕ ਪ੍ਰਧਾਨ ਕਿਸਾਨ ਵਿੰਗ ਡਾ. ਕੁਲਦੀਪ ਸਿੰਘ ਢਿੱਲੋਂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤਰਨਤਾਰਨ ਤੋਂ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੀ ਅਗਵਾਈ ਹੇਠ ਹਲਕੇ ਦਾ ਵਿਕਾਸ ਜੰਗੀ ਪੱਧਰ 'ਤੇ ਹੋ ਰਿਹਾ ਹੈ ਅਤੇ ਬਿਨਾਂ ਕਿਸੇ ਭੇਦ-ਭਾਵ ਤੋਂ ਕਰਵਾਇਆ ਜਾ ਰਿਹਾ ਜਿਸ ਕਾਰਨ ਇਲਾਕੇ ਦੇ ਲੋਕ ਵਿਧਾਇਕ ਦੀ ਕਾਰਗੁਜ਼ਾਰੀ ਤੋਂ ਬੇਹੱਦ ਪਸੰਨ ਹਨ।

ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਵੱਲੋਂ ਕਈ ਸਾਲਾਂ ਤੋਂ ਸ਼ਹਿਰ ਦੀਆਂ ਮੁੱਖ ਸੜਕਾਂ ਦਾ ਨਵੀਨੀਕਰਨ ਨਹੀਂ ਕਰਵਾਇਆ ਗਿਆ ਸੀ ਪਰ ਵਿਧਾਇਕ ਸੋਹਲ ਨੇ ਪਹਿਲੇ ਸਾਲ ਵਿਚ ਹੀ ਉਨ੍ਹਾਂ ਸੜਕਾਂ ਦਾ ਨਵੀਨੀਕਰਨ ਕਰਵਾ ਕੇ ਲੋਕਾਂ ਦਾ ਮਨ ਜਿੱਤ ਲਿਆ ਹੈ ਜਿਸ ਕਾਰਨ ਅੱਜ ਵਿਧਾਇਕ ਸੋਹਲ ਲੋਕਾਂ ਦੇ ਹਰਮਨ ਪਿਆਰੇ ਨੇਤਾ ਬਣ ਚੁੱਕੇ ਹਨ।

ਡਾ. ਕੁਲਦੀਪ ਸਿੰਘ ਢਿੱਲੋਂ ਨੇ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤੇਗੀ।

# ਰੋਟਰੀ ਕਲੱਬ ਆਸਥਾ ਦੀ ਅਹਿਮ ਬੈਠਕ



ਅੰਮ੍ਰਿਤਸਰ (ਅਰੋੜਾ)-ਰੋਟਰੀ ਕਲੱਬ ਆਸਥਾ ਦੇ ਪ੍ਰਧਾਨ ਅਸ਼ਵਨੀ ਅਵਸਥੀ ਅਤੇ ਕਲੱਬ ਦੇ ਆਉਣ ਵਾਲੇ ਪ੍ਰਧਾਨ ਅਮਨ ਸ਼ਰਮਾ ਦੀ ਦੇਖ-ਰੇਖ ਵਿੱਚ ਰਾਮ ਬਾਗ ਸਥਿਤ ਸਰਵਿਸ ਕਲੱਬ ਵਿੱਚ ਸੰਪੰਨ ਹੋਈ। ਬੈਠਕ ਵਿੱਚ ਰੋਟਰੀ ਦੇ ਸਾਬਕਾ ਪ੍ਰਧਾਨ ਗੁਰਜੀਤ ਸਿੰਘ ਸੇਖੋ ਮੁੱਖ ਮਹਿਮਾਨ ਅਤੇ ਸਹਾਇਕ ਗਵਰਨਰ ਰਾਕੇਸ਼ ਕੁਮਾਰ ਵਿਸ਼ੇਸ਼ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਏ। ਜ਼ੋਨਲ ਚੇਅਰਮੈਨ ਡਾ. ਜਸਪ੍ਰੀਤ ਗਰੋਵਰ, ਉਪਕਾਰ ਸਿੰਘ ਛਾਬੜਾ , ਕਰਨਲ ਅਨੇਜਾ ਨੇ ਵਿਸ਼ੇਸ਼ ਰੂਪ ਵਿੱਚ ਭਾਗ ਲਿਆ। ਬੈਠਕ ਵਿੱਚ ਦੇਸ਼ ਅਤੇ ਸਮਾਨ ਭਲਾਈ ਦੇ ਕੰਮਾ ਦੇ ਲਈ ਗਲੋਬਲ ਗੰਰਾਟ ਦੇ ਬਾਰੇ ਚਰਚਾ ਕੀਤੀ ਗਈ। ਮੰਚ ਸੰਚਾਲਨ ਦੀ ਭੂਮਿਕਾ ਸਾਬਕਾ ਪ੍ਰਧਾਨ ਇੰਜੀਨੀਅਰ ਅਸ਼ੋਕ ਸ਼ਰਮਾ ਵੱਲੋ ਬਾਖੂਬੀ ਨਿਭਾਈ ਗਈ। ਸਾਲ 2022-23 ਵਿੱਚ ਕੀਤੇ ਗਏ ਪ੍ਰੋਜੈਕਟਾ ਦੇ ਬਾਰੇ ਦੱਸਿਆ ਗਿਆ। ਆਉਣ ਵਾਲੇ ਪ੍ਰਧਾਨ ਕਲੱਬ ਦੇ ਮੈਂਬਰਾ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਸਭ ਦਾ ਸਹਿਯੋਗ ਲੈ ਕੇ ਕੰਮ ਕਰਨ ਦਾ ਸੰਕਲਪ ਲੀਤਾ। ਬੈਠਕ ਦੇ ਅੰਤ ਵਿੱਚ ਮੁਖ ਮਹਿਮਾਨ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਅਵਤਾਰ ਸਿੰਘ ਸਭਰਵਾਲ, ਡਾ. ਰਣਬੀਰ ਬੇਰੀ, ਚੰਦਰ ਮੋਹਨ, ਹਰਮਨਪ੍ਰੀਤ ਸਿੰਘ ਮਲਹਾਰੀ, ਬਿਕਰਮਜੀਤ ਸਿੰਘ, ਆਰੀਅਨ ਸ਼ਰਮਾ, ਸਰਬਜੀਤ ਸਿੰਘ, ਕੰਵਲਜੀਤ ਸਿੰਘ, ਪ੍ਰਿੰਸੀਪਲ ਬਲਦੇਵ ਸਿੰਘ ਸੰਧੂ, ਰਾਹੁਲ ਤਲਵਾਰ, ਮਮਤਾ ਅਰੋੜਾ, ਪ੍ਰਦੀਪ ਸ਼ਰਮਾ, ਮਨਿੰਦਰ ਸਿੰਘ ਸਿਮਰਨ, ਪ੍ਰਮੋਦ ਸੋਢੀ, ਪ੍ਰਮੋਦ ਕਪੂਰ, ਅਤੇ ਕਈ ਹੋਰ ਮੈਂਬਰ ਮੋਜੂਦ ਸਨ।

# ਸਾਲਾਨਾ ਜੋੜ ਮੇਲੇ 'ਤੇ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ ਆਯੋਜਿਤ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਘੁਰਕਵਿੰਡ ਵਿਖੇ ਧੰਨ ਧੰਨ ਬਾਬਾ ਰੁੜਾ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ (ਰਜਿ.) ਵੱਲੋਂ ਇੱਕ ਵਿਸ਼ੇਸ਼ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ 45 ਦਾਨੀ ਸੱਜਣਾਂ ਨੇ ਖ਼ੂਨਦਾਨ ਕਰਕੇ ਇਨਸਾਨੀਅਤ ਲਈ ਆਪਣਾ ਫਰਜ ਅਦਾ ਕੀਤਾ। ਇਸ ਮੌਕੇ ਨਵਲੀਨ ਕੌਰ ਨਾਮਕ ਭੈਣ ਨੇ ਵੀ ਖ਼ੂਨਦਾਨ ਕਰਕੇ ਸਮਾਜ ਨੂੰ ਸੁਨੇਹਾ ਦਿੱਤਾ ਕਿ ਖ਼ੂਨਦਾਨ ਕਰਕੇ ਅਸੀਂ ਕੀਮਤੀ ਜਾਨਾਂ ਬਚਾ ਸਕਦੇ ਹਾਂ। ਇਸ ਮੌਕੇ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ (ਰਜਿ.) ਪੰਜਾਬ ਦੇ ਮੁੱਖ ਸੇਵਾਦਾਰ ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਸੁਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਗੁਰਨਾਮ ਸਿੰਘ ਗੋਰੇ ਵੀਰ ਦੇ ਉੱਦਮ ਤੇ ਸਹਿਯੋਗ ਨਾਲ ਇਹ ਨੇਕ ਉਪਰਾਲਾ ਕੀਤਾ ਗਿਆ ਹੈ। ਬੱਬਲ ਨੇ ਕਿਹਾ ਕਿ ਅੱਜ 45 ਨੌਜਵਾਨਾਂ ਵੱਲੋਂ ਆਪਣਾ ਫਰਜ਼ ਸਮਝ ਕੇ ਖ਼ੂਨਦਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਬਲੱਡ ਦੀ ਜ਼ਰੂਰਤ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ। ਬਲੱਡ ਦੀ ਮੁਸ਼ਕਿਲ ਨੂੰ ਦੂਰ ਕਰਨ ਲਈ ਨੌਜਵਾਨਾਂ ਵੱਲੋਂ ਦਿੱਤਾ ਬਲੱਡ ਹੀ ਕੰਮ ਆਉਂਦਾ ਹੈ, ਜਿਸ ਨਾਲ ਹਰ ਰੋਜ ਅਨੇਕਾਂ ਜ਼ਿੰਦਗੀਆਂ ਬਚਦੀਆਂ ਹਨ। ਉਨ੍ਹਾਂ ਕਿਹਾ ਕਿ ਇਹੋ ਜਿਹੇ ਉਪਰਾਲੇ ਹਰ ਇੱਕ ਨੂੰ ਕਰਨੇ ਚਾਹੀਦੇ ਹਨ ਅਤੇ ਹਰ 18 ਤੋਂ 60 ਸਾਲ ਦੇ ਤੰਦਰੁਸਤ ਇਨਸਾਨ ਨੂੰ ਆਪਣਾ ਫਰਜ਼ ਸਮਝ ਕੇ ਖ਼ੂਨਦਾਨ ਜਰੂਰ ਕਰਨਾ ਚਾਹੀਦਾ ਹੈ। ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਧਾਰਮਿਕ ਸਮਾਗਮਾਂ ਵਿੱਚ ਵੱਧ ਤੋਂ ਵੱਧ ਖ਼ੂਨਦਾਨ ਕੈਂਪ ਲਗਾਉਣੇ ਚਾਹੀਦੇ ਹਨ ਤਾਂ ਜੋ ਹਸਪਤਾਲਾਂ 'ਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਇਨਸਾਨਾਂ ਨੂੰ ਅਤੇ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਦੀ ਜ਼ਿੰਦਗੀ ਨੂੰ ਬਚਾਇਆ ਜਾ ਸਕੇ। ਜ਼ਿਕਰਯੋਗ ਹੈ ਕਿ ਸੁਸਾਇਟੀ ਵੱਲੋਂ ਖ਼ੂਨਦਾਨ ਕਰਨ ਵਾਲੇ ਦਾਨੀ ਸੱਜਣਾਂ ਨੂੰ ਸਰਟੀਫਿਕੇਟ, ਯਾਦਗਾਰੀ ਚਿੰਨ੍ਹ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵੰਤ ਸਿੰਘ,ਗੁਰਨਾਮ ਸਿੰਘ ਗੋਰਾ, ਹਰਪਾਲ ਸਿੰਘ, ਸੇਵਾਦਾਰ ਬਾਬਾ ਟਾਹਲਾ ਸਾਹਿਬ, ਗੁਰਮੀਤ ਸਿੰਘ, ਰੌਬਿਨਪ੍ਰੀਤ ਸਿੰਘ, ਦਲਬੀਰ ਸਿੰਘ, ਬੱਬਰ ਅੰਮ੍ਰਿਤਸਰ, ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ (ਰਜਿ.) ਦੇ ਮੈਂਬਰ ਮਲਕੀਅਤ ਸਿੰਘ ਬੱਬਲ ਪੱਟੀ, ਵਿਕਰਮਜੀਤ ਵਿੱਕੀ ਪੱਟੀ ਅਤੇ ਸਾਗਰ ਪੱਟੀ ਆਦਿ ਹਾਜ਼ਰ ਸਨ।




# ਹੰਗਾਮਾ ਵੱਲੋਂ ਨਵੀਂ ਹਿੰਦੀ ਓਰਿਜਨਲ ਸੀਰੀਜ਼ 'ਮੌਕਾ ਯਾ ਧੋਖਾ' ਪੇਸ਼

ਲੁਧਿਆਣਾ : ਭਾਰਤ ਦੇ ਮਨੋਰੰਜਨ ਦੇ ਪ੍ਰਮੁੱਖ ਡਿਜੀਟਲ ਪਲੇਟਫਾਰਮ ਨੇ ਆਪਣੀ ਬਿਲਕੁੱਲ ਨਵੀਂ ਸਸਪੈਂਸ-ਥ੍ਰਿਲਰ ਸੀਰੀਜ਼ 'ਮੌਕਾ ਯਾ ਧੋਖਾ' ਨੂੰ ਪੇਸ਼ ਕੀਤਾ ਹੈ।

ਇਸ ਸੀਰੀਜ਼ ਵਿੱਚ ਪ੍ਰਤਿਭਾਸ਼ਾਲੀ ਹਿਮਾਂਸ਼ੂ ਮਲਹੋਤਰਾ, ਆਭਾਸ ਮਹਿਤਾ ਅਤੇ ਸਮੀਕਸ਼ਾ ਭਟਨਾਗਰ ਸਮੇਤ ਸ਼ਾਨਦਾਰ ਅਦਾਕਾਰਾਂ ਨੇ ਕੰਮ ਕੀਤਾ ਹੈ, ਜਿਨ੍ਹਾਂ ਨੇ ਕਿਰਦਾਰਾਂ ਵਿੱਚ ਜਾਨ ਪਾਉਣ ਵਾਲਾ ਜ਼ਬਰਦਸਤ ਪ੍ਰਦਰਸ਼ਨ ਕੀਤਾ ਹੈ। 'ਮੌਕਾ ਯਾ ਧੋਖਾ' ਇੱਕ ਦਿਲਚਸਪ ਸੀਰੀਜ਼ ਹੈ ਜੋ ਇੱਛਾਵਾਂ, ਵਿਕਲਪਾਂ ਅਤੇ ਉਸਦੇ ਬਾਅਦ ਦੇ ਨਤੀਜਿਆਂ ਦੀ ਡੂੰਘਾਈ ਵਿੱਚ ਲੈ ਜਾਂਦੀ ਹੈ। ਇਸ ਸ਼ੋਅ ਦੇ ਬਾਰੇ ਬੋਲਦਿਆਂ ਹੰਗਾਮਾ ਡਿਜੀਟਲ ਮੀਡੀਆ ਦੇ ਮੁੱਖ ਕਾਰਜਕਾਰੀ ਅਧਿਕਾਰੀ ਸਿਧਾਰਥ ਰਾਏ ਨੇ ਕਿਹਾ ਕਿ ਹੰਗਾਮਾ ਵਿੱਚ ਸਾਡਾ ਦ੍ਰਿਸ਼ਟੀਕੋਣ ਹਮੇਸ਼ਾ ਇੱਕ ਅਲੱਗ ਤਰ੍ਹਾਂ ਦੀ ਅਤੇ ਮਨਮੋਹਕ ਸਮੱਗਰੀ ਦੇ ਸੰਗ੍ਰਹਿ ਨੂੰ ਤਿਆਰ ਕਰਨਾ ਰਿਹਾ ਹੈ ਜੋ ਸਾਡੇ ਦਰਸ਼ਕਾਂ ਦੀ ਬਿਹਤਰ ਹੋ ਰਹੀ ਪਸੰਦ ਨੂੰ ਪੂਰਾ ਕਰਦਾ ਹੈ।

'ਮੌਕਾ ਯਾ ਧੋਖਾ' ਇੱਕ ਮਨਮੋਹਕ ਸੀਰੀਜ਼ ਹੈ ਜੋ ਸਹਿਜੇ ਹੀ ਸਸਪੈਂਸ, ਰਹੱਸ ਅਤੇ ਰੋਮਾਂਚ ਦਾ ਸੁਮੇਲ ਪੇਸ਼ ਕਰਦੀ ਹੈ।

# ਹਰੀਕੇ 'ਚ ਨਾਕਿਆਂ ਨੂੰ ਜਿੰਦਰੇ ਤਸਕਰਾਂ ਲਈ ਵਰਦਾਨ, ਬੇਖੌਫ ਹੁੰਦੈ ਚਿੱਟੇ ਦਾ ਕਾਲਾ ਕਾਰੋਬਾਰ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਥਾਣਾ ਹਰੀਕੇ ਅਧੀਨ ਵੱਖ ਵੱਖ ਸੜਕਾਂ 'ਤੇ ਲੱਗਦੇ ਨਾਕਿਆਂ ਨੂੰ ਲੱਗੇ ਜਿੰਦਰੇ ਕਥਿਤ ਤਸਕਰਾਂ ਲਈ ਵਰਦਾਨ ਸਿੱਧ ਹੋ ਰਹੇ ਹਨ ਕਿਉਂਕਿ ਕਈ ਇਲਾਕਿਆਂ ਵਿੱਚ ਜਿਥੇ ਸੂਰਜ ਚੜ੍ਹਨ ਤੋਂ ਪਹਿਲਾਂ ਹੀ ਇਲਾਕੇ ਭਰ ਦੇ ਨਸ਼ੇੜੀ ਨਸ਼ਾ ਖਰੀਦਣ ਲਈ ਇਥੋਂ ਦੀਆਂ ਬਦਨਾਮ ਗਲੀਆਂ ਵਿੱਚ ਪਹੁੰਚ ਜਾਂਦੇ ਸਨ ਉਥੇ ਹੀ ਹੁਣ ਤਿੱਖੀ ਧੁੱਪ ਦਾ ਲਾਹਾ ਲੈਂਦਿਆਂ ਤਸਕਰ ਚਿੱਟੇ ਦੇ ਕਾਲੇ ਕਾਰੋਬਾਰ ਨੂੰ ਬੇਖੌਫ ਹੋ ਕੇ ਅੰਜਾਮ ਦਿੰਦਿਆਂ ਹੋਮ ਡਲਿਵਰੀ ਨੂੰ ਸੁਰੱਖਿਅਤ ਮੰਨ ਰਹੇ ਹਨ।



ਸੂਤਰਾਂ ਦੀ ਮੰਨੀਏ ਤਾਂ ਪੁਲਸ ਨੇ ਪੱਟੀ ਰੋਡ ਦਾ ਨਾਕਾ ਮੱਖੂ ਰੋਡ 'ਤੇ ਤਬਦੀਲ ਕਰ ਦਿੱਤਾ ਜਿਸ ਨੂੰ ਇਕ ਸਾਲ ਤੋ ਵੱਧ ਸਮਾਂ ਬੀਤ ਚੁੱਕਾ ਹੈ ਪਰ ਸਵਾਲ ਇਹ ਹੈ ਕਿ ਸਮਸ਼ਾਨਘਾਟ ਅੰਦਰ ਬਣਾਏ ਇਸ ਪੁਰਾਣੇ ਨਾਕੇ ਤੋਂ ਆਪਣਾ ਸਾਮਾਨ ਪੁਲਸ ਨੇ ਕਿਉ ਨਹੀਂ ਚੁੱਕਿਆ ? ਤਬਦੀਲ ਕੀਤੀ ਜਗ੍ਹਾ 'ਤੇ ਵੀ ਪੁਲਸ ਕਰਮਚਾਰੀ ਨਾ ਹੋਣ ਕਾਰਨ ਨਾਕੇ ਦੇ ਹਾਲਾਤ ਇਹ ਹਨ ਕਿ ਨਵੀਂ ਉਸਾਰੀ ਲਈ ਲਿਆਂਦੇ ਇਮਾਰਤੀ ਮਲਬੇ ਵਿੱਚੋਂ ਵੱਡੀ ਗਿਣਤੀ ਇੱਟਾਂ ਚੋਰੀ ਹੋ ਚੁੱਕੀਆਂ ਹਨ ਜਦੋਂਕਿ ਪੁਲਸ ਦਾ ਪੁਰਾਣਾ ਕਮਰਾ ਕਥਿੱਤ ਨਸ਼ੇੜੀਆਂ ਵੱਲੋ ਲੀਕਾਂ ਖਿੱਚਣ ਲਈ ਸਭ ਤੋ ਸੁਰੱਖਿਅਤ ਮੰਨਿਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਦਾ ਕਹਿਣਾ ਹੈ ਕਿ ਬੀਤੇ ਵਰ੍ਹੇ ਹੋਂਦ 'ਚ ਆਈ ਝਾੜੂ ਦੀ ਸਰਕਾਰ ਨੇ ਨਸ਼ਿਆਂ ਖਿਲਾਫ ਲਗਾਮ ਕੱਸਣ ਦਾ ਵਾਅਦਾ ਕੀਤਾ ਸੀ ਜੋ ਵਫਾ ਤਾਂ ਨਹੀ ਹੋਇਆ ਸਗੋਂ ਆਪ ਸਰਕਾਰ ਕੇਂਦਰ ਦੀ ਸ਼ਹਿ 'ਤੇ ਕਿਸਾਨਾਂ 'ਤੇ ਜ਼ਮੀਨਾਂ ਖੋਹਣ ਦਾ ਸ਼ਿਕੰਜਾ ਕੱਸ ਰਹੀ ਹੈ। ਉਨਾਂ ਪੰਜਾਬ ਸਰਕਾਰ ਨੂੰ ਸਵਾਲ ਕੀਤਾ ਕਿ ਹਰੀਕੇ ਵਿਖੇ ਵੱਡੇ ਪੱਧਰ ਦੀ ਤਸਕਰੀ ਲਈ ਜ਼ਿੰਮੇਵਾਰ ਕੌਣ ? ਨੌਜਵਾਨ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਉਨਾਂ ਕਿਹਾ ਕਿ ਨਸ਼ਿਆਂ ਖਿਲਾਫ ਛੇੜੇ ਜਾਣ ਵਾਲੇ ਜੇਹਾਦ ਵਿੱਚ ਜਥੇਬੰਦੀ ਦਾ ਸਹਿਯੋਗ ਕਰਨ। ਸਬ ਡਵੀਜ਼ਨ ਪੱਟੀ ਦੇ ਡੀਐੱਸਪੀ ਸਤਨਾਮ ਸਿੰਘ ਨੇ ਕਿਹਾ ਕਿ ਐਸਐਸਪੀ ਗੁਰਮੀਤ ਸਿੰਘ ਚੌਹਾਨ ਵੱਲੋ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਆਖਰੀ ਤਸਕਰ ਦੇ ਕਾਬੂ ਆਉਣ ਤੱਕ ਜਾਰੀ ਰਹੇਗੀ। ਪੁਲਸ ਵੱਲੋ ਸ਼ੱਕੀ ਤਸਕਰਾਂ 'ਤੇ ਕੇਸੋ ਰੇਡ ਲਗਾਤਾਰ ਜਾਰੀ ਹਨ ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਹਰੀਕੇ ਸਬੰਧੀ ਉਨਾਂ ਕਿਹਾ ਕਿ ਖਾਲੀ ਨਾਕਿਆਂ ਤੇ ਜਲਦੀ ਕਰਮਚਾਰੀ ਤਾਇਨਾਤ ਕਰ ਦਿੱਤੇ ਜਾਣਗੇ।

# ਰੇਹੜੀ-ਫੜ੍ਹੀ ਲਗਾਉਣ ਵਾਲੇ ਸੈਂਕੜੇ ਮਿਹਨਤਕਸ਼ ਲੋਕਾਂ ਪ੍ਰਸ਼ਾਸਨ ਖਿਲਾਫ ਖੋਲ੍ਹਿਆ ਮੋਰਚਾ

ਗੁਰਦਾਸਪੁਰ (ਜਨਕ ਮਹਾਜਨ)—ਸ਼ਹਿਰ ਵਿੱਚ ਰੇਹੜੀ ਫੜ੍ਹੀ ਲਗਾਉਣ ਵਾਲੇ ਸੈਂਕੜਿਆਂ ਦਿਹਾੜੀਦਾਰ ਯੂਨੀਅਨ ਦੇ ਬੈਨਰ ਅਤੇ ਪ੍ਰਧਾਨ ਦਿਨੇਸ਼ ਠਾਕੁਰ ਮੁੰਨਾ ਦੀ ਅਗਵਾਈ ਹੇਠ ਨਹਿਰੂ ਪਾਰਕ ਵਿਖੇ ਇਕੱਠੇ ਹੋਏ ਅਤੇ ਪ੍ਰਸ਼ਾਸਨ ਖਿਲਾਫ ਮੋਰਚਾ ਖੋਲ੍ਹਿਆ। ਇਸ ਦੌਰਾਨ ਯੂਨੀਅਨ ਦੇ ਮੈਂਬਰਾਂ ਨੇ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਜ਼ਿਲਾ ਪ੍ਰਸ਼ਾਸਨ ਤੇ ਗਰੀਬ ਰੇਹੜੀ ਫੜ੍ਹੀ ਵਾਲਿਆਂ ਨਾਲ ਨਾਇਨਸਾਫੀ ਕਰਨ ਦਾ ਦੋਸ਼ ਲਗਾਇਆ। ਉਥੇ ਹੀ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਮੌਕੇ 'ਤੇ ਪਹੁੰਚੇ ਅਤੇ ਰੇਹੜੀ ਫੜ੍ਹੀ ਯੂਨੀਅਨ ਦੇ ਆਗੂਆਂ ਨਾਲ ਗੱਲਬਾਤ ਕਰਨ ਤੋਂ ਬਾਅਦ ਉਨ੍ਹਾਂ ਕੋਲੋਂ ਮੰਗ ਪੱਤਰ ਲਿਆ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਉਨ੍ਹਾਂ ਦੀ ਮੀਟਿੰਗ ਕਰਵਾਉਣ ਦਾ ਯਕੀਨ ਦਿਵਾਇਆ।



ਮਾਮਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਰੈਫਿਕ ਸਮੱਸਿਆ ਸੁਲਝਾਉਣ ਦੀ ਆੜ ਵਿੱਚ ਰੇਹੜੀ-ਫੜ੍ਹੀ ਵਾਲਿਆਂ ਨੂੰ ਸ਼ਿਵਾ ਰਿਸੋਰਟਸ ਦੇ ਨੇੜੇ ਢਾਬ ਵਾਲੀ ਜਗ੍ਹਾ ਅਲਾਟ ਕਰਨ ਦਾ ਹੈ। ਪ੍ਰਸ਼ਾਸਨ ਵੱਲੋਂ ਹੁਕਮ ਜਾਰੀ ਕਰ ਦਿੱਤੇ ਗਏ ਹਨ ਕਿ 30 ਜੂਨ ਤੱਕ ਤਮਾਮ ਸਬਜ਼ੀਆਂ ਅਤੇ ਫਰੂਟ ਦੀਆਂ ਰੇਹੜੀਆਂ ਫੜ੍ਹੀਆਂ ਲਗਾਉਣ ਵਾਲੇ ਨਗਰ ਕੌਂਸਲ ਵਿੱਚ ਰਜਿਸਟਰੇਸ਼ਨ ਕਰਵਾ ਕੇ ਢਾਬ ਵਾਲੀ ਜਗ੍ਹਾ ਤੇ ਆਪਣੀ-ਆਪਣੀ ਜਗ੍ਹਾ ਲੈ ਲੈਣ ਕਿਉਂਕਿ ਇਕ ਜੁਲਾਈ ਤੋਂ ਬਾਅਦ ਸਹਿਰ ਵਿਚ ਕੋਈ ਰੇਹੜੀ-ਫੜੀ ਨਹੀਂ ਲੱਗਣ ਦਿੱਤੀ ਜਾਵੇਗੀ ਪਰ ਇਸ ਹੁਕਮ ਨੂੰ ਰੇਹੜੀ ਫੜੀ ਯੂਨੀਅਨ ਵੱਲੋਂ ਮੰਨਣ ਤੋਂ ਸਾਫ ਇਨਕਾਰ ਕਰ ਦਿੱਤਾ ਗਿਆ ਹੈ। ਰੇਹੜੀ-ਫੜੀ ਲਗਾਉਣ ਵਾਲਿਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਅਲਾਟ ਕੀਤੀ ਗਈ ਜਗ੍ਹਾ ਗੰਦਗੀ ਭਰੀ ਹੈ। ਇਸ ਜਗ੍ਹਾ ਦੇ ਨੇੜਿਓਂ ਹੀ ਸ਼ਹਿਰ ਦਾ ਮੁੱਖ ਨਿਕਾਸੀ ਨਾਲਾ ਹੋ ਕੇ ਗੁਜ਼ਰਦਾ ਹੈ। ਇਸ ਲਈ ਉਸ ਜਗ੍ਹਾ 'ਤੇ ਕੋਈ ਵੀ ਸਬਜ਼ੀਆਂ, ਫਲ ਖਰੀਦਣ ਲਈ ਆਉਣਾ ਪਸੰਦ ਨਹੀਂ ਕਰੇਗਾ। ਇਸ ਲਈ ਉਹ ਕਿਸੇ ਵੀ ਸੂਰਤ ਵਿੱਚ ਪ੍ਰਸ਼ਾਸਨ ਦੇ ਇਸ ਫੈਸਲੇ ਨੂੰ ਨਹੀਂ ਮੰਨਦੇ ਅਤੇ ਜੇਕਰ ਇਸ ਫੈਸਲੇ ਨੂੰ ਬਦਲ ਕੇ ਉਨ੍ਹਾਂ ਨੂੰ ਸ਼ਹਿਰ ਵਿੱਚ ਕੋਈ ਹੋਰ ਯੋਗ ਜਗ੍ਹਾ ਅਲਾਟ ਨਹੀਂ ਕੀਤੀ ਗਈ ਤਾਂ ਉਹ ਆਪਣੇ ਬੱਚਿਆਂ ਅਤੇ ਪਰਿਵਾਰ ਸਮੇਤ ਸੜਕਾਂ 'ਤੇ ਆ ਕੇ ਪ੍ਰਸ਼ਾਸਨ ਖਿਲਾਫ ਮੋਰਚਾ ਲਗਾਉਣ ਤੋਂ ਗੁਰੇਜ਼ ਨਹੀਂ ਕਰਗੇ। ਚੇਅਰਮੈਨ ਰਮਨ ਬਹਿਲ ਯਕੀਨ ਦਿਵਾਇਆ ਕਿ ਉਹ ਜਲਦੀ ਹੀ ਯੂਨੀਅਨ ਆਗੂਆਂ ਦੀ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਵਾ ਕੇ ਰੇਹੜੀ ਫੜ੍ਹੀ ਯੂਨੀਅਨ ਅਤੇ ਪ੍ਰਸ਼ਾਸਨ ਦਰਮਿਆਨ ਚੱਲ ਰਹੇ ਇਸ ਮਸਲੇ ਦਾ ਹੱਲ ਕਰਾਉਣ ਦੀ ਕੋਸ਼ਿਸ਼ ਕਰਨਗੇ।

# ਪੀ ਐੱਚ ਡੀ ਸੀ ਸੀ ਆਈ ਵੱਲੋਂ ਪਹਿਲੀ ਵਾਰ 'ਸ਼ੀ' ਫੋਰਮ ਦਾ ਗਠਨ

## ਮਹਿਲਾ ਉੱਦਮੀਆਂ ਨੂੰ ਪਾਈਟੈਕਸ 'ਚ ਮਿਲਣਗੇ ਭਰਪੂਰ ਮੌਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਦੇਸ਼ ਭਰ ਦੇ ਉਦਯੋਗਪਤੀਆਂ ਅਤੇ ਸਰਕਾਰ ਵਿਚਕਾਰ ਪੁਲ ਦਾ ਕੰਮ ਕਰਨ ਵਾਲੇ ਪੀ. ਐੱਚ. ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਨੇ ਇੱਕ ਨਵੀਂ ਪਹਿਲਕਦਮੀ ਕਰਦਿਆਂ ਪੰਜਾਬ ਵਿੱਚ ਮਹਿਲਾ ਉੱਦਮੀ ਪੈਦਾ ਕਰਨ ਦੇ ਉਦੇਸ਼ ਨਾਲ 'ਸ਼ੀ' ਫੋਰਮ ਦਾ ਗਠਨ ਕੀਤਾ ਹੈ। ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਅੱਜ ਪੰਜਾਬ ਐਗਰੋ ਅਤੇ ਸਟਾਰਟਅੱਪ ਪੰਜਾਬ ਦੇ ਸਹਿਯੋਗ ਨਾਲ ਕਰਵਾਏ ਗਏ ਪ੍ਰੋਗਰਾਮ ਦੌਰਾਨ ਚੈਂਬਰ ਦੀ ਰੈਜ਼ੀਡੈਂਟ ਡਾਇਰੈਕਟਰ ਭਾਰਤੀ ਸੂਦ ਦੀ ਅਗਵਾਈ ਹੇਠ ਫੋਰਮ ਦਾ ਰਸਮੀ ਉਦਘਾਟਨ ਕੀਤਾ ਗਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਮਹਿਲਾ ਉੱਦਮੀ, ਪੀ.ਐਚ.ਡੀ.ਸੀ.ਸੀ.ਆਈ. 'ਚ ਮਹਿਲਾ, ਬਾਲ ਵਿਕਾਸ ਅਤੇ ਇੰਟਪ੍ਰੀਨਿਓਰ ਕਮੇਟੀ ਦੀ ਕੋ-ਚੇਅਰ ਬਲੋਸਮ ਕੋਚਰ ਨੇ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਨੂੰ ਇਸ ਸਮੇਂ ਇੱਕ ਅਜਿਹੇ ਪਲੇਟਫਾਰਮ ਦੀ ਲੋੜ ਹੈ ਜਿੱਥੇ ਨਾ ਸਿਰਫ਼ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ ਸਗੋਂ ਉਨ੍ਹਾਂ ਨੂੰ ਸਫਲ ਉੱਦਮੀ ਬਣਨ ਲਈ ਸਿਖਲਾਈ ਵੀ ਪ੍ਰਾਪਤ ਹੋਵੇ। ਅੱਜ ਵੀ ਮਹਿਲਾਵਾਂ ਦਾ ਦਾਇਰਾ ਸੀਮਤ ਹੈ। ਅਜਿਹੇ ਵਿੱਚ ਚੈਂਬਰ ਵੱਲੋਂ ਉਨ੍ਹਾਂ ਦੇ ਦਾਇਰੇ ਵਿੱਚ ਰਹਿ ਕੇ ਹੀ ਉਨ੍ਹਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਪ੍ਰਧਾਨਗੀ ਭਾਸ਼ਣ ਵਿੱਚ ਪੀ.ਐਚ.ਡੀ.ਸੀ.ਸੀ.ਆਈ. ਦੀ ਰੈਜ਼ੀਡੈਂਟ ਡਾਇਰੈਕਟਰ ਭਾਰਤੀ ਸੂਦ ਨੇ ਕਿਹਾ ਕਿ ਪੀ.ਐਚ.ਡੀ.ਸੀ.ਸੀ.ਆਈ. 'ਸ਼ੀ' ਦਾ ਮਤਲਬ ਸਟ੍ਰਾਂਗ, ਹੋਲੀਸਟਿਕ, ਐਨਰਜੇਟਿਕ ਫੋਰਮ ਹੈ। ਇਹ ਹੀ ਮਹਿਲਾ ਦੀ ਪਰਿਭਾਸ਼ਾ ਹੈ। ਉਨ੍ਹਾਂ ਕਿਹਾ ਕਿ ਇਸ ਫੋਰਮ ਰਾਹੀਂ ਜਿੱਥੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਚੱਲ ਰਹੇ ਮਹਿਲਾ ਸਵੈ-ਸਹਾਇਤਾ ਗਰੁੱਪਾਂ ਨੂੰ ਆਪਣੇ ਉਤਪਾਦਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਮੁਹੱਈਆ ਕਰਵਾਇਆ ਜਾਵੇਗਾ, ਉੱਥੇ ਹੀ ਇਸ ਫੋਰਮ ਵਿੱਚ ਸ਼ਾਮਲ ਸਫਲ ਮਹਿਲਾ ਉੱਦਮੀਆਂ ਅੱਗੇ ਨਵੀਆਂ ਮਹਿਲਾ ਉੱਦਮੀਆਂ ਨੂੰ ਤਿਆਰ ਕਰਨਗੀਆਂ। ਉਨ੍ਹਾਂ ਕਿਹਾ ਕਿ 'ਸ਼ੀ' ਫੋਰਮ ਰਾਹੀਂ ਮਹਿਲਾਵਾਂ ਨੂੰ ਨਵੇਂ ਉਤਪਾਦ ਤਿਆਰ ਕਰਨ, ਉਤਪਾਦਾਂ ਦੇ ਮੰਡੀਕਰਨ ਆਦਿ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਵਾਰ 'ਪਾਈਟੈਕਸ' ਵਿੱਚ ਮਹਿਲਾ ਉੱਦਮੀਆਂ ਦੀ ਭਾਗੀਦਾਰੀ ਨੂੰ ਪਹਿਲਾਂ ਦੇ ਮੁਕਾਬਲੇ ਵਧਾਉਣ ਲਈ ਯਤਨ ਕੀਤੇ ਜਾ ਰਹੇ ਹਨ।



ਇਸ ਮੌਕੇ ਬੋਲਦਿਆਂ ਓਜਸ ਫਿਟਨੈਸ ਕਲੀਨਿਕ ਐਂਡ ਐਜੂਕੇਸ਼ਨਲ ਸੈਂਟਰ ਦੀ ਸੰਸਥਾਪਕ ਡਾ. ਵਿਭਾ ਬਾਵਾ ਨੇ ਕਿਹਾ ਕਿ ਮਹਿਲਾਵਾਂ ਨੂੰ ਹੁਣ ਆਪਣੀ ਪ੍ਰਤਿਭਾ ਖੁਦ ਦਿਖਾਉਣੀ ਪਵੇਗੀ। ਅਜਿਹੇ ਪਲੇਟਫਾਰਮ ਮਹਿਲਾਵਾਂ ਦੇ ਹੁਨਰ ਨੂੰ ਉਤਸ਼ਾਹਿਤ ਕਰਨ ਵਿੱਚ ਮਦਦਗਾਰ ਸਾਬਤ ਹੋ ਸਕਦੇ ਹਨ। ਹਿਮਾਚਲ ਦੀ ਸਹਾਇਕ ਕਮਿਸ਼ਨਰ ਵਿਕਰੀ ਕਰ ਅਤੇ ਆਬਕਾਰੀ ਪੂਨਮ ਠਾਕੁਰ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੀਆਂ ਮਹਿਲਾ ਉੱਦਮੀਆਂ ਅੱਜ ਦੇਸ਼ ਭਰ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮੰਨਵਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਫੋਰਮ ਰਾਹੀਂ ਹਿਮਾਚਲ ਅਤੇ ਪੰਜਾਬ ਦੀਆਂ ਮਹਿਲਾਵਾਂ ਦੀ ਸਾਂਝੀ ਮੀਟਿੰਗ ਕਰਵਾਈ ਜਾਵੇਗੀ ਤਾਂ ਜੋ ਉਹ ਆਪਣੇ ਵਿਚਾਰ ਇੱਕ ਦੂਜੇ ਨਾਲ ਸਾਂਝੇ ਕਰ ਸਕਣ। ਪੀ.ਐਚ.ਡੀ.ਸੀ.ਸੀ.ਆਈ. ਦੀ ਖੇਤਰੀ ਮਹਿਲਾ ਵਿਕਾਸ ਕਮੇਟੀ ਦੀ ਕਨਵੀਨਰ ਐਡਵੋਕੇਟ ਪੂਜਾ ਨਾਇਰ ਨੇ ਦੱਸਿਆ ਕਿ ਇਸ ਬੈਨਰ ਦੇ ਮਾਧਿਅਮ ਰਾਹੀਂ ਮਹਿਲਾਵਾਂ ਨੂੰ ਕਾਨੂੰਨੀ ਹੱਕਾਂ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਸਿੰਬਾ ਕੁਆਰਟਜ਼ ਦੀ ਸੰਸਥਾਪਕ ਸੀਈਓ ਮਨਦੀਪ ਟਾਂਗਰਾ, ਸਥਾਨਕ ਕੋਆਰਡੀਨੇਟਰ ਜੈਦੀਪ ਸਿੰਘ ਸਮੇਤ ਕਈ ਪਤਵੰਤੇ ਹਾਜ਼ਰ ਸਨ।

26-June-Page-12.qxd 6/25/2023 8:56 PM Page 1



# ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨੇ ਫੂਕਿਆ ਪੰਜਾਬ ਸਰਕਾਰ ਦਾ ਪੁਤਲਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਪੈਨਸ਼ਨਰਾਂ ਉੱਪਰ ਜਬਰੀ ਥੋਪਿਆ ਗਿਆ ਡਿਵੈਲਪਮੈਂਟ ਟੈਕਸ, ਜੋ ਕਿ ਇਕ ਜਜ਼ੀਆ ਟੈਕਸ ਹੈ, ਦੇ ਵਿਰੋਧ ਵਜੋਂ ਅੱਡਾ ਈਸਪੁਰ ਵਿਖੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ ਮੁਲਾਜ਼ਮ ਆਗੂ ਨਰਿੰਦਰ ਅਜਨੋਹਾ, ਉਂਕਾਰ ਸਿੰਘ ਅਤੇ ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ, ਸਤਪਾਲ ਲੱਠ ਅਤੇ ਹਰਭਜਨ ਸਿੰਘ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਅਤੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਆਪਣਾ ਵਿਰੋਧ ਪ੍ਰਦਰਸ਼ਨ ਦਰਜ ਕਰਵਾਇਆ ਗਿਆ।

ਆਗੂਆਂ ਕਿਹਾ ਗਿਆ ਕਿ ਪੰਜਾਬ ਸਰਕਾਰ ਦੇ ਸਿਰ ਸੱਤਾ ਦਾ ਨਸ਼ਾ ਸਿਰ ਚੜ੍ਹ ਕੇ ਬੋਲ ਰਿਹਾ ਹੈ ਜੋ ਆਏ ਦਿਨ ਮੁਲਾਜ਼ਮ-ਪੈਨਸ਼ਨਰ ਵਿਰੋਧੀ ਪੱਤਰ ਜਾਰੀ ਕਰ ਰਹੀ ਹੈ ਅਤੇ ਪੰਜਾਬ-ਯੂਟੀ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਨੂੰ ਵਾਰ-ਵਾਰ ਮੀਟਿੰਗ ਲਈ ਸਮਾਂ ਦੇ ਕੇ ਸਰਕਾਰ ਵੱਲੋਂ ਮੰਗਾਂ ਪ੍ਰਤੀ ਟਾਲਮਟੋਲ ਦੀ ਨੀਤੀ ਅਪਣਾਈ ਹੋਈ ਹੈ। ਪੰਜਾਬ ਦੀ ਪਿਛਲੀ ਕਾਂਗਰਸ ਦੀ ਸਰਕਾਰ ਵੱਲੋਂ ਡਿਵੈਲਪਮੈਂਟ ਦੇ ਨਾਂਅ 'ਤੇ ਮੁਲਾਜ਼ਮਾਂ ਕੋਲੋਂ ਡਿਵੈਲਪਮੈਂਟ ਟੈਕਸ ਉਗਰਾਹੁਣਾ ਸ਼ੁਰੂ ਕੀਤਾ ਸੀ ਜੋ ਕਿ ਅੱਜ ਤੱਕ ਜਾਰੀ ਹੈ। ਪ੍ਰੰਤੂ 'ਆਪ' ਸਰਕਾਰ ਵੱਲੋਂ ਹੁਣ ਇਸ ਨੂੰ ਮੁਲਾਜ਼ਮਾਂ ਦੇ ਨਾਲ-ਨਾਲ ਪੈਨਸ਼ਨਰਾਂ 'ਤੇ ਵੀ ਜਬਰੀ ਥੋਪ ਦਿੱਤਾ ਗਿਆ ਹੈ। ਪੁਰਾਣੀ ਪੈਨਸ਼ਨ, ਕੱਚੇ ਮੁਲਾਜ਼ਮ ਪੱਕੇ ਕਰਨ, ਮਾਣਭੱਤੇ, ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜ਼ਮਾਂ ਲਈ ਕੋਈ ਢੁਕਵੀਂ ਨੀਤੀ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ 66 ਮਹੀਨਿਆਂ ਦੇ ਪੇਅ-ਕਮਿਸ਼ਨ ਦੇ ਬਕਾਏ, ਡੀ ਏ ਦੇ ਬਕਾਏ, 2.59 ਫੈਕਟਰ ਗੁਣਾਂਕ ਅਤੇ ਹੋਰ ਕਈ ਜਾਇਜ਼ ਅਤੇ ਹੱਕੀ ਮੰਗਾਂ ਬਾਰੇ ਕੋਈ ਠੋਸ ਕਾਰਵਾਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਤੱਕ ਨਹੀਂ ਕੀਤੀ ਗਈ। ਅਜੇ ਕੁਮਾਰ, ਟੇਕਚੰਦ ਅਤੇ ਬਲਜੀਤ ਸਿੰਘ ਵੱਲੋਂ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਸੰਬੰਧੀ ਅਪਣਾਏ ਅੜੀਅਲ ਰਵੱਈਏ ਦੀ ਅਲੋਚਨਾ ਕੀਤੀ ਗਈ ਅਤੇ ਕਿਹਾ ਗਿਆ ਕਿ ਪੰਜਾਬ ਸਰਕਾਰ ਕੇਵਲ ਪ੍ਰਚਾਰ ਕਰਨ ਵਿੱਚ ਹੀ ਰੁੱਝੀ ਹੋਈ ਹੈ।



ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਇਕੱਠ ਵੱਲੋਂ ਮੇਨ ਬੋਹੜ ਵਾਲੇ ਚੌਕ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਅਤੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸਗਲੀ ਰਾਮ, ਪਵਨ ਕੁਮਾਰ, ਮਹਿੰਦਰ ਪਾਲ, ਪ੍ਰਿੰਸੀਪਲ ਦਵਿੰਦਰ ਸਿੰਘ, ਅਜੇ ਕੁਮਾਰ, ਸੁਦਾਗਰ ਸਿੰਘ, ਗੁਰਮੀਤ ਸਿੰਘ, ਰਾਮ ਸਰੂਪ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਬਲਵੀਰ ਚੰਦ, ਕਸ਼ਮੀਰ ਸਿੰਘ, ਸ਼ਿੰਗਾਰਾ ਸਿੰਘ, ਜਸਵੰਤ ਰਾਏ, ਜਸਵਿੰਦਰ ਸਿੰਘ, ਸੁਰਿੰਦਰ ਸਿੰਘ ਮੋਨਾ, ਬਖਤਾਵਰ ਸਿੰਘ, ਮੋਹਣ ਸਿੰਘ, ਰਜਿੰਦਰ ਕੁਮਾਰ, ਗੁਰਨਾਮ ਚੰਦ, ਜਸਵੀਰ ਸਿੰਘ, ਸੋਹਣ ਸਿੰਘ, ਹਰਬੰਸ ਲਾਲ, ਅਬਾਦ ਅਲੀ, ਕੁਲਦੀਪ ਸਿੰਘ, ਸੋਹਣ ਲਾਲ, ਲਖਵਿੰਦਰ ਪਾਲ, ਪ੍ਰਦੀਪ ਕੁਮਾਰ, ਕੁਲਵੰਤ ਸਿੰਘ, ਸਤਵਿੰਦਰ ਸਿੰਘ, ਅਮਰਜੀਤ ਸਿੰਘ, ਬਲਵਿੰਦਰ ਰਾਮ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਐੱਲ ਪੀ ਯੂ ਦੇ ਵਿਦਿਆਰਥੀਆਂ ਨੇ ਇੱਕ ਸਾਲ 'ਚ ਗੂਗਲ ਪਲੇ ਸਟੋਰ 'ਤੇ 20 ਗੇਮਿੰਗ ਐਪਾਂ ਕੀਤੀਆਂ ਪ੍ਰਕਾਸ਼ਤ



**ਜਲੰਧਰ ( ਸ਼ੈਲੀ ਐਲਬਰਟ)**-ਗੇਮ ਡਿਵੈਲਪਰਾਂ ਅਤੇ ਡਿਜ਼ਾਈਨਰਾਂ ਲਈ ਇੱਕ ਪ੍ਰਮੁੱਖ ਕੇਂਦਰ ਵਜੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਕੂਲ ਆਫ ਮਲਟੀ ਮੀਡੀਆ ਡਿਜ਼ਾਈਨ ਨੇ ਸਿਰਫ ਇੱਕ ਸਾਲ ਵਿੱਚ ਗੂਗਲ ਪਲੇ ਸਟੋਰ 'ਤੇ 20 ਤੋਂ ਵੱਧ ਗੇਮਾਂ ਨੂੰ ਪ੍ਰਕਾਸ਼ਤ ਕਰਨ ਲਈ ਆਪਣੇ ਵਿਦਿਆਰਥੀਆਂ ਨੂੰ ਭਰਪੂਰ ਟ੍ਰੇਨਿੰਗ ਦਿੱਤੀ। ਇਹ ਨੌਜਵਾਨ ਡਿਜ਼ਾਈਨਰਾਂ ਲਈ ਇੱਕ ਸ਼ਾਨਦਾਰ ਜਿੱਤ ਹੈ। ਔਨਲਾਈਨ ਗੂਗਲ ਪਲੇ ਸਟੋਰ 'ਤੇ ਦੁਨੀਆ ਭਰ ਦੇ ਅਰਬਾਂ ਲੋਕ ਆਪਣੀਆਂ ਮਨਪਸੰਦ ਦੀਆਂ ਐਪਾਂ, ਗੇਮਾਂ, ਫਿਲਮਾਂ, ਟੀ ਵੀ ਸ਼ੋਅ, ਕਿਤਾਬਾਂ ਆਦਿ ਬਹੁਤ ਕੁਝ ਲੱਭਦੇ ਰਹਿੰਦੇ ਹਨ। ਅੱਜ ਤੱਕ ਇਹ ਡਿਵੈਲਪਰਾਂ ਲਈ ਸੈਂਕੜੇ ਬਿਲੀਅਨ ਡਾਲਰ ਦੀ ਕਮਾਈ ਵੱਲ 2 ਮਿਲੀਅਨ ਐਪਸ ਅਤੇ ਗੇਮਾਂ ਪ੍ਰਦਾਨ ਕਰਦਾ ਹੈ। ਐਲ ਪੀ ਯੂ ਦੇ ਵਿਦਿਆਰਥੀਆਂ ਦੁਆਰਾ ਵਿਕਸਤ ਕੀਤੀਆਂ ਮਹੱਤਵਪੂਰਨ ਖੇਡਾਂ ਵਿੱਚੋਂ, "ਡੂ ਯੂ ਡੇਅਰ" ਇੱਕ ਫਲੈਗਸ਼ਿਪ ਪ੍ਰਾਪਤੀ ਵਜੋਂ ਖੜ੍ਹੀ ਹੈ। ਇੱਥੇ, ਖਿਡਾਰੀ ਨੂੰ ਖੇਡ ਦੇ ਆਕਾਰ ਦੀ ਪਰਵਾਹ ਕੀਤੇ ਬਿਨਾਂ ਇੱਕ ਦਿਲਚਸਪ ਸਾਹਸ ਬਣਾ ਕੇ, ਦਲੇਰ ਚੁਣੌਤੀਆਂ, ਪਹੇਲੀਆਂ ਅਤੇ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਵਿਦਿਆਰਥੀ-ਸਿਰਜਣਹਾਰ ਦੀ ਰੋਸ਼ਨੀ ਨਿਯੰਤਰਣ ਦੀ ਮੁਹਾਰਤ, ਹੁਸ਼ਿਆਰ ਪੱਧਰ ਦੇ ਡਿਜ਼ਾਈਨ ਅਤੇ ਚੁਣੌਤੀਆਂ ਵੱਲ ਹੈ, ਜੋ ਦਲੇਰੀ ਅਤੇ ਮੌਲਿਕਤਾ ਦੀ ਭਾਵਨਾ ਨੂੰ ਦਰਸਾਉਂਦਾ ਹੈ। ਇਸ ਤੋਂ ਇਲਾਵਾ ਟੈਕਨਾਲੋਜੀ ਦੇ ਸਦਾ-ਵਿਕਸਿਤ ਸੰਸਾਰ ਵਿੱਚ ਨਵੇਂ ਰੁਝਾਨਾਂ ਜਿਵੇਂ ਕਿ ਔਗਮੈਂਟੇਡ ਰਿਐਲਿਟੀ (ਏਆਰ), ਵਰਚੂਅਲ ਰਿਐਲਿਟੀ (ਵੀਆਰ), ਅਤੇ ਮੈਟਾ-ਵਰਸ ਦੀ ਧਾਰਨਾ ਕੇਂਦਰ ਬਣ ਚੁੱਕੀ ਹੈ। ਫੇਸਬੁੱਕ, ਗੂਗਲ ਅਤੇ ਮਾਈਕ੍ਰੋਸਾਫਟ ਵਰਗੀਆਂ ਕੰਪਨੀਆਂ ਇਨ੍ਹਾਂ ਕਾਢਾਂ ਵਿੱਚ ਸਭ ਤੋਂ ਅੱਗੇ ਹਨ। ਇਨ੍ਹਾਂ ਤਰੱਕੀਆਂ ਤੋਂ ਪ੍ਰੇਰਿਤ ਹੋ ਕੇ ਐਲ ਪੀ ਯੂ ਦੇ ਵਿਦਿਆਰਥੀਆਂ ਨੇ ਕਈ ਹੋਰ ਮਹੱਤਵਪੂਰਨ ਐਪਲੀਕੇਸ਼ਨਾਂ ਦੇ ਵਿਕਾਸ ਵਿੱਚ ਵੀ ਖੋਜ ਕੀਤੀ ਹੈ। ਗੇਮਿੰਗ ਐਪਸ ਡਿਜ਼ਾਈਨ ਦੇ ਵਿਦਿਆਰਥੀਆਂ ਦੀਪਾਂਸ਼ੂ ਸੋਨੀ, ਲਤਿਕਾ, ਅਰਪਿਤ, ਅਭਿਸ਼ੇਕ ਅਤੇ ਜਸਕਰਨ ਨੇ ਸਾਂਝਾ ਕੀਤਾ ਕਿ ਕਈ ਹੋਰ ਖੇਡਾਂ ਅੰਤਿਮ ਵਿਕਾਸ ਲਈ ਤਿਆਰ ਹਨ। ਵਰਤਮਾਨ ਵਿੱਚ, "ਇੰਡੀ" ਗੇਮਾਂ ਮਨੋਰੰਜਨ ਉਦਯੋਗ ਵਿੱਚ ਇੱਕ ਵਰਤਾਰਾ ਬਣ ਗਈਆਂ ਹਨ, ਜਿੱਥੇ ਕੋਈ ਵੀ ਆਪਣੇ ਹੁਨਰ ਅਤੇ ਕਾਬਲੀਅਤਾਂ ਦੁਆਰਾ ਹੀ ਅਮੀਰ ਅਤੇ ਮਸ਼ਹੂਰ ਬਣ ਸਕਦਾ ਹੈ। ਐਲ ਪੀ ਯੂ ਵਿਖੇ ਆਪਣੇ ਟ੍ਰੇਨਰਾਂ ਦੇ ਸਮਰਥਨ ਨਾਲ, ਵਿਦਿਆਰਥੀ ਭਾਰਤ ਅਤੇ ਦੁਨੀਆ ਭਰ ਵਿੱਚ ਆਪਣੇ ਆਪ ਨੂੰ ਪ੍ਰਮੁੱਖ ਗੇਮ ਡਿਵੈਲਪਰਾਂ ਵਜੋਂ ਸਥਾਪਤ ਕਰ ਰਹੇ ਹਨ। ਐਲ ਪੀ ਯੂ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਡਿਜ਼ਾਈਨ ਅਤੇ ਐਨੀਮੇਸ਼ਨ ਟੂਲਸ ਅਤੇ ਤਕਨਾਲੋਜੀ ਨਾਲ ਕੰਮ ਕਰਨ ਲਈ ਹੱਥੀਂ ਸਿਖਲਾਈ ਅਤੇ ਹੁਨਰ ਦਿੱਤੇ ਜਾਂਦੇ ਹਨ। ਉਹ ਵੈੱਬ, ਟੈਲੀਵਿਜ਼ਨ, ਫਿਲਮਾਂ ਅਤੇ ਵੀਡੀਓ ਗੇਮਾਂ ਸਮੇਤ ਵੱਖ-ਵੱਖ ਮੀਡੀਆ ਲਈ ਚਿੱਤਰਾਂ ਅਤੇ ਜਾਣਕਾਰੀ ਦੀਆਂ ਦਿਲਚਸਪ ਪੇਸ਼ਕਾਰੀਆਂ ਬਣਾਉਂਦੇ ਹਨ।

# ਬਾਬਾ ਚੁੱਪ ਸ਼ਾਹ ਦਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਦਰਬਾਰ ਬਾਬਾ ਚੁੱਪ ਸ਼ਾਹ ਪਿੰਡ ਸੰਘੇ ਜਗੀਰ ਦਾ ਸਾਲਾਨਾ ਜੋੜ ਮੇਲਾ ਹਰ ਸਾਲ ਵਾਂਗ ਇਸ ਸਾਲ ਵੀ 22,23 ਜੂਨ ਦਿਨ ਵੀਰਵਾਰ ਤੇ ਸ਼ੁੱਕਰਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਵੀਰਵਾਰ ਸਵੇਰੇ 11 ਵਜੇ ਚਿਰਾਗ ਅਤੇ ਝੰਡੇ ਦੀ ਰਸਮ ਤੋਂ ਆਰੰਭ ਹੋਇਆ। ਪਹਿਲੇ ਦਿਨ ਕਵਾਲ ਸਲਾਮਤ ਅਲੀ ਮਲੇਰਕੋਟਲੇ ਵਾਲੇ ਅਤੇ ਦਰਬਾਰੀ ਗਾਇਕ ਜਮਨਾ ਰਸੀਲਾ ਨੇ ਮੇਲੇ ਵਿੱਚ ਖੂਬ ਰੰਗ ਬੰਨ੍ਹਿਆ। ਸੂਫੀ ਗਾਇਕ ਕੁਲਵਿੰਦਰ ਕਿੰਦਾ ਨੇ "ਸਾਨੂੰ ਬੜੀ ਔਖੀ ਮਿਲੀ ਏ ਫਕੀਰੀ ਸੱਜਣਾ ਵੇ " ਕਲਾਮ ਗਾ ਕੇ ਮੇਲੇ ਦੀ ਸ਼ੁਰੂਆਤ ਕੀਤੀ। ਗਾਇਕ ਸਰਫੂ ਸਦੀਕ, ਪਾਲੀ ਭਾਰ ਸਿੰਘ ਪੁਰੀ,ਹਰਮੇਸ਼ ਰਸੀਲਾ, ਜੋਤੀ ਸੱਭਰਵਾਲ, ਚੀਮਾ ਨੂਰੀ, ਵਿਸ਼ਾਲ ਬਾਠ ਨੇ ਧਾਰਮਿਕ ਗੀਤ ਗਾ ਕੇ ਵਾਹ ਵਾਹ ਖੱਟੀ, ਸਟੇਜ ਦੀ ਮੁੱਖ ਭੂਮਿਕਾ ਡਾ.ਇੰਦਾ ਘਈ ਨੇ ਨਿਭਾਈ । ਇਸ ਮੌਕੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫ਼ੇਅਰ ਸੋਸਾਇਟੀ, ਨਕੋਦਰ, ਜ਼ਿਲ੍ਹਾ ਜਲੰਧਰ (ਪੰਜਾਬ) ਦੇ ਨੂਰਮਹਿਲ ਬਲਾਕ ਤੋਂ ਪ੍ਰਧਾਨ ਰਾਜੂ ਭੰਡਾਲ ਵੱਲੋਂ ਵਿਸੇਸ਼ ਸਹਿਯੋਗ ਕੀਤਾ ਗਿਆ। ਕਲੱਬ ਦੇ ਪੰਜਾਬ ਪ੍ਰਧਾਨ ਐਡਵੋਕੇਟ ਗੌਰਵ ਨਾਗਰਾਜ ਅਤੇ ਉਨ੍ਹਾਂ ਦੇ ਨਾਲ ਆਏ ਸਾਰੇ ਕਲੱਬ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ । ਪੱਤਰਕਾਰ ਭਾਈਚਾਰੇ ਨੂੰ ਵੀ ਦਰਬਾਰ ਵੱਲੋਂ ਸਨਮਾਨਤ ਕੀਤਾ ਗਿਆ । ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਰਾਜੂ ਭੰਡਾਲ ਨੇ ਦੱਸਿਆ ਕਿ ਮੇਲੇ ਵਿੱਚ ਆਈਆਂ ਹੋਈਆਂ ਸੰਗਤਾਂ ਲਈ ਲਗਾਤਾਰ ਲੰਗਰ ਦਾ ਖਾਸ ਪ੍ਰਬੰਧ ਕੀਤਾ ਗਿਆ। ਇਸ ਮੌਕੇ ਕਸ਼ਮੀਰੀ ਲਾਲ ਸਰਪੰਚ, ਲਖਵਿੰਦਰ ਪਾਲ, ਹਰਬੰਸ ਲਾਲ, ਸਿਮਰਨਪ੍ਰੀਤ ਸਿੰਘ, ਗੁਰਨਾਮ ਸਿੰਘ, ਕੁਲਵਿੰਦਰ ਸੰਘਾ, ਰਘਬੀਰ ਸਿੰਘ ਪ੍ਰਧਾਨ ਕੇਵਲ ਸਿੰਘ ਰੰਧਾਵਾ, ਜਗਦੀਸ਼ ਸਿੰਘ ਭੰਡਾਲ, ਗੇਜੀ ਸੰਘਾ, ਕੁਲਵਿੰਦਰ ਸੰਘਾ, ਸੋਖਾ ਚੁੰਬਰ ਅਤੇ ਐਨ ਆਰ ਆਈ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਨੇ ਹਾਜ਼ਰੀ ਭਰੀ ।

# ਠੱਕਰਵਾਲ 'ਚ ਡਾ. ਰਾਜ ਕੁਮਾਰ ਵਿਧਾਇਕ ਨੇ ਨਵੀਂ ਬਣੀ ਗਲੀ ਦਾ ਕੀਤਾ ਉਦਘਾਟਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਠੱਕਰਵਾਲ ਵਿਖੇ ਖੇੜਾ ਰੋਡ ਤੋਂ ਧੰਨ ਧੰਨ ਬ੍ਰਹਮਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਗੁਰਦੁਆਰਾ ਸਾਹਿਬ ਨੂੰ ਜਾਂਦੀ ਸੜਕ ਦਾ ਉਦਘਾਟਨ ਮੁੱਖ ਮਹਿਮਾਨ ਡਾ. ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਕੀਤਾ। ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਠੱਕਰਵਾਲ ਨੰਬਰਦਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨੇ ਦੱਸਿਆ ਕਿ ਇਸ ਗਲੀ ਦੀ ਕਾਫੀ ਸਮੇਂ ਤੋਂ ਮੰਗ ਚੱਲੀ ਆ ਰਹੀ ਸੀ। ਸੋ ਕਿ ਟਾਇਲਾਂ ਵਾਲੀ ਗਲੀ ਬਣਾਈ ਗਈ। ਇਸ ਮੌਕੇ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ (ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ) ਨੇ ਮੁੱਖ ਮਹਿਮਾਨ ਡਾ. ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੇ ਮੁੱਖ ਮਹਿਮਾਨ ਡਾ. ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੂੰ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ। ਇਸ ਮੌਕੇ ਉਨ੍ਹਾ ਪਿੰਡ ਦੇ ਵਿਕਾਸ ਕਾਰਜਾਂ ਲਈ 15 ਲੱਖ ਦੇਣ ਦਾ ਐਲਾਨ ਕੀਤਾ। ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਡਾ. ਰਾਜ ਕੁਮਾਰ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਸਰਪੰਚ ਜਸਵਿੰਦਰ ਸਿੰਘ ਠੱਕਰਵਾਲ ਨੰਬਰਦਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਥੇਦਾਰ ਰਘਬੀਰ ਸਿੰਘ ਠੱਕਰਵਾਲ, ਮਾਸਟਰ ਸਰਬਜੀਤ ਸਿੰਘ ਮੰਝ, ਕੈਪਟਨ ਗਿਆਨ ਸਿੰਘ, ਠੇਕੇਦਾਰ ਰਵੀ ਕੁਮਾਰ ਰਹੱਲੀ, ਮਨਜੀਤ ਸਿੰਘ ਪੰਚ, ਦਲਜੀਤ ਸਿੰਘ ਪੰਚ, ਸੁਮਨ ਕੁਮਾਰੀ ਪੰਚ, ਜੋਗਿੰਦਰ ਕੌਰ ਪੰਚ, ਰਣਜਿੰਦਰ ਸਿੰਘ, ਕੈਪਟਨ ਅਮਨਚੈਨ ਸਿੰਘ, ਡਾ. ਪਰਮਜੀਤ ਸਿੰਘ ਠੱਕਰਵਾਲ, ਹਰਵਿੰਦਰ ਸਿੰਘ ਸੋਨਾ, ਜਸਵਿੰਦਰ ਸਿੰਘ, ਗਿਆਨ ਚੰਦ, ਸੁਰਿੰਦਰ ਸਿੰਘ ਸ਼ਿੰਦਾ, ਸੇਵਾ ਸਿੰਘ, ਰਤਨ ਚੰਦ, ਜਰਨੈਲ ਸਿੰਘ, ਵਰਿੰਦਰਜੀਤ ਸਿੰਘ, ਕਰਮਜੀਤ ਸਿੰਘ, ਹਰਮੇਸ਼ ਚੰਦ, ਬਲਵੀਰ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ ਸਾਬੀ, ਮਨਜੀਤ ਸਿੰਘ, ਦਲਜੀਤ ਸਿੰਘ ਮੰਝ ਆਦਿ ਹਾਜ਼ਰ ਸਨ।

## ਨਸ਼ਿਆਂ ਤੋਂ ਬਚਾਉਣ ਲਈ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਲੋੜ : ਅਮਨਾ ਮੇਹਲੀ



**ਮੇਹਲੀ ( ਗੁਰਨਾਮ)**-ਜੇਕਰ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ ਤਾਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਵਰਕਰ ਤੇ ਹਾਕੀ ਖਿਡਾਰੀ ਅਮਨਦੀਪ ਸਿੰਘ (ਅਮਨਾ ਮੇਹਲੀ) ਨੇ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਕਿਹਾ ਕਿ ਅਜੋਕੇ ਦੌਰ 'ਚ ਜਿਸ ਤਰ੍ਹਾਂ ਨਸ਼ਿਆਂ ਦਾ ਰੁਝਾਨ ਚੱਲ ਰਿਹਾ ਹੈ, ਉਸ ਨੂੰ ਠੱਲ੍ਹ ਪਾਉਣ ਲਈ ਸਾਰਿਆਂ ਨੂੰ ਇਕਜੁੱਟ ਹੋਣ ਦੀ ਲੋੜ ਹੈ ਤੇ ਜੇਕਰ ਨੌਜਵਾਨ ਖੇਡਾਂ ਵੱਲ ਨੂੰ ਪ੍ਰੇਰਿਤ ਹੋਣਗੇ ਤਾਂ ਉਹ ਤੰਦਰੁਸਤ ਵੀ ਰਹਿ ਸਕਣਗੇ ਤੇ ਨਾਲ ਦੀ ਨਾਲ ਖੇਡਾਂ ਵਿਚ ਨਾਮਣਾ ਵੀ ਕੱਟ ਸਕਣਗੇ।

## ਪਿੰਡ ਬਘੌਰਾ ਵਿਖੇ ਦਰਬਾਰ ਪੀਰ ਬਾਬਾ ਗੁੱਲ ਮੁਹੰਮਦ ਸਾਹਿਬ 'ਤੇ ਸਾਲਾਨਾ ਮੇਲਾ ਸ਼ਰਧਾਪੂਰਵਕ ਮਨਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** - ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਬਘੌਰਾ ਵਿਖੇ ਦਰਬਾਰ ਪੀਰ ਬਾਬਾ ਗੁੱਲ ਮੁਹੰਮਦ ਸਾਹਿਬ ਜੀ ਤੇ ਸਾਲਾਨਾ ਮੇਲਾ ਸ਼ਰਧਾਪੂਰਵਕ ਮਨਾਇਆ ਗਿਆ। ਇਸ ਮੇਲੇ ਦੀ ਸ਼ੁਰੂਆਤ ਦਰਬਾਰ ਪੀਰ ਬਾਬਾ ਗੁਲ ਮੁਹੰਮਦ ਸਾਹਿਬ ਦੇ ਦਰਬਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕਰ ਕੇ ਕੀਤੀ ਗਈ। ਚਿਰਾਗ ਰੋਸ਼ਨ ਕੀਤੇ ਗਏ। ਬਾਅਦ 'ਚ ਲੰਗਰ ਅਤੁੱਟ ਵਰਤਾਇਆ ਗਿਆ। ਸੇਵਾਦਾਰ ਪੰਮਾ ਬਘੌਰੀਆ ਨੇ ਕਿਹਾ ਕਿ ਪੀਰ-ਪੈਗੰਬਰਾਂ ਦੇ ਦਰਬਾਰਾਂ 'ਤੇ ਮੇਲੇ ਕਰਵਾਉਣੇ ਸ਼ਲਾਘਾਯੋਗ ਉਪਰਾਲੇ ਹਨ। ਨੌਜਵਾਨ ਪੀੜ੍ਹੀ ਕੁਰਾਹੇ ਪੈ ਰਹੀ ਹੈ, ਜੋ ਕਿ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਤੋਂ ਇਲਾਵਾ ਪੰਜਾਬ ਦੇ ਮਸ਼ਹੂਰ ਗਾਇਕ ਅਤੇ ਕੱਵਾਲ ਸਲੀਮ ਜਾਡਲਾ ਨੇ ਆਪਣੀ ਸੁਰੀਲੀ ਆਵਾਜ਼ 'ਚ ਆਪਣੀਆਂ ਮਸ਼ਹੂਰ ਕੱਵਾਲੀਆਂ ਪੇਸ਼ ਕੀਤੀਆਂ । ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਕੁਲਵਿੰਦਰ ਸਿੰਘ, ਮਨਜੀਤ ਸਿੰਘ, ਗਾਇਕ ਕਾਕਾ ਫਰੀਦਕੋਟੀਆ ਨੂੰ ਸਨਮਾਨ ਚਿੰਨ੍ਹ ਭੇਟ ਕਰ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਪ੍ਰੀਤਮ ਸਿੰਘ, ਹਰਮਨ ਸਿੰਘ, ਪੰਮਾ ਮੁੱਖ ਸੇਵਾਦਾਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

## ਬਾਬਾ ਖਵਾਜਾ ਪੀਰ ਮੇਲਾ ਪਿੰਡ ਮਹਿਮਦਵਾਲ 'ਚ ਮਨਾਇਆ



**ਮਾਹਿਲਪੁਰ (ਸਫਰੀ)**- ਪਿੰਡ ਮਹਿਮਦਵਾਲ ਵਿਖੇ ਬਾਬਾ ਖਵਾਜਾ ਪੀਰ ਦੀ ਯਾਦ ਵਿਚ ਪੰਦਰਵਾਂ ਮੇਲਾ ਮੁੱਖ ਪ੍ਰਬੰਧਕ ਵਕੀਲ ਸਿੰਘ ਮਿੰਟੂ, ਸਰਪੰਚ ਅਮਰਜੀਤ ਸਿੰਘ, ਸਰਪੰਚ ਗੁਰਵਿੰਦਰ ਸਿੰਘ ਅਤੇ ਦੋਨਾਂ ਨਗਰਾਂ ਦੀ ਪੰਚਾਇਤ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਜਿਸ ਵਿੱਚ ਦੂਰ ਨੇੜੇ ਦੀ ਸੰਗਤ ਤੋਂ ਇਲਾਵਾ ਕਲਾਕਾਰ ਵੀ ਸ਼ਾਮਲ ਹੋਏ। ਡੇਰਾ ਜਪਵਾਲ ਵਿਖੇ ਝੰਡਾ ਚੜ੍ਹਾਉਣ ਤੋਂ ਬਾਅਦ ਬੇੜਾ ਤਾਰਿਆ ਗਿਆ। ਸੰਗਤ ਨੇ ' ਲਾ ਖੁਆਜਾ ਪੀਰ ਬੇੜੀਆਂ ਲਾ ਬੰਨੇ ' ਸ਼ਬਦ ਨਾਲ ਅਰਦਾਸ ਬੇਨਤੀ ਕੀਤੀ। ਪ੍ਰਬੰਧਕ ਕਮੇਟੀ ਵੱਲੋਂ ਦੋ ਦਿਨ ਚਾਹ-ਪਕੌੜੇ ਅਤੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਡਾ. ਜਸਵੰਤ ਸਿੰਘ ਥਿੰਦ ਦੀ ਅਗਵਾਈ ਹੇਠ ਫ੍ਰੀ ਮੈਡੀਕਲ ਕੈਂਪ ਦਾ ਪ੍ਰਬੰਧ ਕੀਤਾ ਗਿਆ। ਸਹਿਯੋਗੀਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਤ ਵੀ ਕੀਤਾ ਗਿਆ। ਕਲਾਕਾਰ ਜੀ ਖਾਨ, ਸੂਰਜ ਚੰਡੇਰ, ਅਜਮੇਰ ਅਤੇ ਗੁਰਮੇਜ ਬਖਸ਼ੀ ਨੇ ਖੂਬ ਰੌਣਕਾਂ ਲਾਈਆਂ। ਸੰਤ ਰਮੇਸ਼ ਦਾਸ ਸਮੇਤ ਕਈ ਡੇਰਿਆਂ ਦੇ ਮੁਖੀਆਂ ਨੇ ਸ਼ਾਮਲ ਹੋ ਕੇ ਅਸ਼ੀਰਵਾਦ ਦਿੱਤਾ। ਚੱਬੇਵਾਲ ਦੇ ਐਮ ਐਲ ਏ ਡਾ. ਰਾਜ ਕੁਮਾਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਬਲਜਿੰਦਰ ਮਾਨ, ਰਾਮ ਸਰੂਪ, ਮੈਨੇਜਰ ਦੇਵ ਰਾਜ ਪਰਮਾਰ, ਸੰਤੋਖ ਸਿੰਘ, ਤਰਸੇਮ ਸਿੰਘ, ਗੁਰਦੀਪ ਸਿੰਘ, ਗੁਰਪਾਲ ਸਿੰਘ, ਅਮਨਦੀਪ ਸਿੰਘ ਬੈਂਸ ਨੇ ਹਾਜ਼ਰੀ ਭਰੀ। ਮਿੰਟੂ ਸਾਊਂਡ ਅਤੇ ਮੇਲਾ ਪ੍ਰਬੰਧਕ ਵਕੀਲ ਸਿੰਘ ਮਿੰਟੂ ਨੇ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ।

# ਭਾਰਤੀ ਜਨਤਾ ਪਾਰਟੀ ਨੇ ਐਮਰਜੈਂਸੀ ਦੇ ਵਿਰੋਧ 'ਚ ਕਾਲਾ ਦਿਵਸ ਮਨਾਇਆ



**ਫਿਲੌਰ (ਨਿਰਮਲ)**- ਭਾਰਤੀ ਜਨਤਾ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਫਿਲੌਰ ਵਿਖੇ ਰਣਜੀਤ ਸਿੰਘ ਪਵਾਰ ਪ੍ਰਧਾਨ ਜ਼ਿਲ੍ਹਾ ਜਲੰਧਰ ਦਿਹਾਤੀ ਦੀ ਅਗਵਾਈ 'ਚ ਅੱਜ ਦਾ ਦਿਨ ਕਾਲੇ ਦਿਨ ਵਜੋਂ ਕਾਲੀਆਂ ਪੱਟੀਆਂ ਬੰਨ੍ਹ ਕੇ ਮਨਾਇਆ ਗਿਆ। ਇਸ ਸੰਬੰਧੀ ਰਣਜੀਤ ਪਵਾਰ ਨੇ ਕਿਹਾ ਕਿ 25 ਜੂਨ 1975 ਵਿੱਚ ਇੰਦਰਾ ਗਾਂਧੀ ਨੇ ਸੰਵਿਧਾਨ ਦਾ ਨਿਰਾਦਰ ਕਰਦਿਆਂ ਬਿਨਾਂ ਵਜ੍ਹਾ ਐਮਰਜੈਂਸੀ ਲਗਾਈ ਸੀ, ਉਸ ਦਾ ਅਸੀਂ ਵਿਰੋਧ ਕਰਦੇ ਹਾਂ ਤੇ ਹਮੇਸ਼ਾ ਕਰਦੇ ਰਹਾਂਗੇ। ਉਨ੍ਹਾ ਕਿਹਾ ਕਿ 25 ਜੂਨ 1975 ਦੀ ਰਾਤ ਨੂੰ ਰਾਸ਼ਟਰਪਤੀ ਫਖਰੁੱਦੀਨ ਅਹਿਮਦ ਵੱਲੋਂ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਹਿਣ 'ਤੇ (ਕਾਂਗਰਸ ਸਰਕਾਰ) ਸੰਵਿਧਾਨ ਵਿੱਚ ਆਰਟੀਕਲ 352 ਦੇ ਸਹਾਰੇ ਪੂਰੇ ਦੇਸ਼ ਵਿਚ ਐਮਰਜੈਂਸੀ ਲਗਾ ਦਿੱਤੀ ਗਈ। ਸਾਡੇ ਦੇਸ਼ ਦੀ ਆਤਮਾ ਨੂੰ ਪੂਰੀ ਤਰ੍ਹਾਂ ਕੁਚਲ ਕੇ ਰੱਖ ਦਿੱਤਾ, ਸੰਵਿਧਾਨ ਦਾ ਨਿਰਾਦਰ ਕੀਤਾ ਗਿਆ। ਐਮਰਜੈਂਸੀ ਦਾ ਮਤਲਬ ਸੀ ਕਿ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਜਦੋਂ ਤੱਕ ਚਾਹੇ ਪਾਵਰ 'ਚ ਰਹਿ ਸਕਦੀ ਹੈ। ਲੋਕ ਸਭਾ ਚੁਣਾਂ ਅਤੇ ਵਿਧਾਨ ਸਭਾ ਚੁਣਾਂ ਦੀ ਕੋਈ ਜ਼ਰੂਰਤ ਨਹੀਂ ਹੋਵੇਗੀ। ਇਸ ਦੌਰਾਨ ਬਹੁਤ ਵੱਡੇ- ਵੱਡੇ ਨੇਤਾਵਾਂ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ। ਜਿਨ੍ਹਾਂ ਵਿਚ ਜੈ ਪ੍ਰਕਾਸ਼ ਨਰਾਇਣ, ਚੰਦਰਸ਼ੇਖਰ, ਮੋਰਾਰਜੀ ਦੇਸਾਈ, ਅਟਲ ਬਿਹਾਰੀ ਬਾਜਪਾਈ, ਲਾਲ ਕ੍ਰਿਸ਼ਨ ਅਡਵਾਨੀ ਨੂੰ ਬਿਨਾਂ ਕਿਸੇ ਕਾਰਨ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ ਅਤੇ ਨਾਲ ਹੀ ਬਹੁਤ ਸਾਰੇ ਬੇਕਸੂਰ ਲੋਕਾਂ ਨੂੰ ਵੀ ਜੇਲ੍ਹਾਂ ਵਿੱਚ ਸੁੱਟਿਆ ਗਿਆ। ਅਖ਼ਬਾਰਾਂ 'ਤੇ ਪਾਬੰਦੀਆਂ ਲਗਾਈਆਂ ਗਈਆਂ। ਅਦਾਲਤਾਂ ਨੂੰ ਬੰਦ ਕਰਵਾ ਦਿੱਤਾ ਗਿਆ। ਸਰੇਆਮ ਲੋਕਾਂ ਨੂੰ ਬਿਨਾਂ ਕਿਸੇ ਕਸੂਰ ਦੇ ਗ੍ਰਿਫਤਾਰ ਕੀਤਾ ਗਿਆ ਅਤੇ ਲੋਕਾਂ ਨਾਲ ਬਹੁਤ ਹੀ ਤਾਨਾਸ਼ਾਹੀ ਵਾਲਾ ਸਲੂਕ ਕੀਤਾ ਜਾਂਦਾ ਸੀ। 21 ਮਾਰਚ 1977 ਨੂੰ ਐਮਰਜੈਂਸੀ ਖਤਮ ਹੋਈ ਨਵੀਂ ਸਰਕਾਰ ਬਣੀ। ਅੱਜ ਦਾ ਕਾਲਾ ਦਿਨ ਜਦੋਂ ਸਾਡੇ ਦੇਸ਼ ਵਿੱਚ 25 ਜੂਨ 1975 ਨੂੰ ਐਮਰਜੈਂਸੀ ਲਗਾਈ ਗਈ ਸੀ ਜਿਸ ਨੇ ਸਾਡੇ ਦੇਸ਼ ਦੀ ਸੁਤੰਤਰਤਾ ਨੂੰ ਖਤਮ ਕਰ ਦਿੱਤਾ ਅਤੇ ਲੋਕਾਂ ਦਾ ਸ਼ੋਸ਼ਣ ਕੀਤਾ ਹੈ, ਇਸ ਦਾ ਡਟ ਕੇ ਵਿਰੋਧ ਕਰਦੇ ਹਾ। ਇਸ ਮੌਕੇ ਗੋਲਡੀ ਨਾਹਰ ਕਾਰਜਕਾਰਨੀ ਮੈਂਬਰ ਪੰਜਾਬ, ਮੰਡਲ ਪ੍ਰਧਾਨ ਵਿਨੋਦ ਰਹੇਜਾ, ਮੰਡਲ ਰੁੜਕਾ ਸੁਰਿੰਦਰ ਕੁਮਾਰ, ਸ਼ਾਮ ਲਾਲ ਸ਼ਰਮਾ , ਗੋਪਾਲ ਕ੍ਰਿਸ਼ਨ ਸਕੱਤਰ, ਵਿਪਨ ਯਾਦਵ ਜਨਰਲ ਸਕੱਤਰ ਗੁਰਾਇਆ, ਅਜੇ ਪੁੰਜ, ਸ਼ਾਮ ਲਾਲ ਬਾਬਾ, ਅਮਰਜੀਤ ਸਿੰਘ ਗੁਰਾਇਆ, ਰਾਜਿੰਦਰ ਕੁਮਾਰ ਸੋਨੂੰ ਨਵੀਨ, ਪਾਰਸ ਨੰਦਾ, ਮਾਸਟਰ ਬਲਵਿੰਦਰ ਪਾਲ ਅਤੇ ਹੋਰ ਹਾਜ਼ਰ ਸਨ।

## ਸ੍ਰੀ ਖੁਰਾਲਗੜ੍ਹ ਸਾਹਿਬ ਵਿਸ਼ਵ ਭਰ ਦੀਆਂ ਸੰਗਤਾਂ ਲਈ ਮਹੱਤਵਪੂਰਨ ਸਥਾਨ : ਸੰਤ ਨਿਰਮਲ ਦਾਸ,ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ )** ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ,ਨਾਰੀ ਸ਼ਕਤੀ ਫਾਂਉਡੇਸ਼ਨ ਦੀ ਰਾਸ਼ਟਰੀ ਪ੍ਰਧਾਨ ਭੈਣ ਸੰਤੋਸ਼ ਕੁਮਾਰੀ, ਸ੍ਰੀ ਚਰਨਛੋਹ ਗੰਗਾ ਅੰਮ੍ਰਿਤਕੁੰਡ ਸੱਚਖੰਡ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦਾ ਇਥੇ ਪਹੁੰਚਣ 'ਤੇ ਉਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਨੂੰ ਹੋਰ ਵਧੇਰੇ ਮਜਬੂਤੀ ਨਾਲ ਜਨ ਜਨ ਤਕ ਪਹੁੰਚਾਉਣ ਦਾ ਪ੍ਰਣ ਕੀਤਾ। ਇਸ ਮੌਕੇ ਸੰਤ ਬਲਬੀਰ ਧਾਂਦਰਾ ਜਰਨਲ ਸਕੱਤਰ ਸ੍ਰੀ ਚਰਨਛੋਹ ਗੰਗਾ, ਸੰਤ ਤੀਰਥ ਸਮਰਾ, ਸੰਤ ਚਰਨ ਦਾਸ ਮਾਂਗਟ, ਸੰਤ ਬੀਬੀ ਪੂਨਮ ਹੀਰਾ, ਬੀਬੀ ਸੁਰਿੰਦਰ ਕੌਰ ਵੀ ਹਾਜਰ ਸਨ। ਇਸ ਮੌਕੇ ਸੰਤ ਨਿਰਮਲ ਦਾਸ,ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ੍ਰੀ ਚਰਨਛੋਹ ਗੰਗਾ ਸੱਚਖੰਡ ਖੁਰਾਲਗੜ੍ਹ ਸਾਹਿਬ ਵਿਸ਼ਵ ਭਰ ਦੀਆਂ ਸੰਗਤਾਂ ਲਈ ਸ਼ਰਧਾ ਦਾ ਪ੍ਰਤੀਕ ਬਣ ਗਿਆ ਹੈ। ਉਨਾਂ ਕਿਹਾ ਸਤਿਗੁਰੂ ਰਵਿਦਾਸ ਜੀ, ਬਾਬੂ ਮੰਗੂ ਰਾਮ ਮੁਗੋਵਾਲੀਆ,ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਇਕ ਉੱਚ ਪੱਧਰੀ ਸਕੂਲ,ਕਾਲਜ,ਯੂਨੀਵਰਸਿਟੀ ਦੀ ਸਥਾਪਨਾ ਕੀਤੀ ਜਾਵੇਗੀ। ਸਾਧੂ ਸੰਪਰਦਾਇ ਸੁਸਾਇਟੀ ਵਲੋਂ ਸੰਗਤਾਂ ਦੀ ਸੇਵਾ ਲਈ ਇਕ ਹਸਪਤਾਲ ਵੀ ਖੋਲਿਆ ਜਾਵੇਗਾ। ਇਸ ਮੌਕੇ ਸੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਂਉਡੇਸ਼ਨ ਨੇ ਕਿਹਾ ਕਿ ਨਾਰੀ ਸ਼ਕਤੀ ਨੂੰ ਆਪਣੀ ਅਸਲ ਸ਼ਕਤੀ ਦੀ ਪਹਿਚਾਣ ਕਰਕੇ ਸਮਾਜ ਵਿਚੋਂ ਅਗਿਆਨਤਾ ਨੂੰ ਦੂਰ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਬਣਾਉਣ ਦੇ ਯਤਨ ਕਰਨੇ ਚਾਹੀਦੇ ਹਨ।

## ਬਿਜਲੀ ਚੋਰੀ: ਇਨਫੋਰਸਮੈਂਟ ਵਿੰਗ ਨੇ 8.93 ਲੱਖ ਰੁਪਏ ਦਾ ਜੁਰਮਾਨਾ ਵਸੂਲਿਆ

**ਜਲੰਧਰ ( ਸ਼ੈਲੀ ਐਲਬਰਟ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.), ਜਲੰਧਰ ਦੇ ਇਨਫੋਰਸਮੈਂਟ ਵਿੰਗ ਦੀਆਂ ਟੀਮਾਂ ਵੱਲੋਂ ਬਿਜਲੀ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਟੀਮ ਨੇ ਬਿਜਲੀ ਚੋਰੀ ਦੇ 23 ਮਾਮਲਿਆਂ 'ਚ 8.93 ਲੱਖ ਰੁਪਏ ਜੁਰਮਾਨਾ ਵਸੂਲਿਆ। ਪੀਐਸਪੀਸੀਐਲ ਜਲੰਧਰ ਦੇ ਐਸ ਈ (ਇਨਫੋਰਸਮੈਂਟ) ਨੇ ਦੱਸਿਆ ਕਿ ਜਲੰਧਰ ਦੇ ਇਨਫੋਰਸਮੈਂਟ ਵਿੰਗ ਦੀਆਂ ਟੀਮਾਂ ਨੇ ਸ਼ੁੱਕਰਵਾਰ ਨੂੰ ਰਾਤ ਦੇ ਸਮੇਂ ਦੌਰਾਨ ਬੰਗਾ ਨੇੜੇ ਪਿੰਡ ਚੱਕ ਮੈਦਾਸ, ਮਾਡਲ ਟਾਊਨ ਅਤੇ ਬਸਤੀ ਬਾਵਾ ਖੇਲ ਆਦਿ ਖੇਤਰਾਂ ਵਿੱਚ ਵਿਸ਼ੇਸ਼ ਚੈਕਿੰਗ ਕੀਤੀ। ਉਨ੍ਹਾ ਦੱਸਿਆ ਕਿ ਟੀਮਾਂ ਨੇ ਰਾਤ 9 ਤੋਂ 10 ਵਜੇ ਤੱਕ ਚੈਕਿੰਗ ਕੀਤੀ, ਤਾਂ ਬਿਜਲੀ ਚੋਰੀ ਦੇ ਤਿੰਨ ਮਾਮਲੇ ਸਾਹਮਣੇ ਆਏ। ਇਨ੍ਹਾਂ ਤਿੰਨ ਖਪਤਕਾਰਾਂ ਵਿੱਚ ਇੱਕ ਫਿਟਨੈਸ ਜਿਮ ਸੈਂਟਰ ਅਤੇ ਦੋ ਪਰਵਾਰ ਸ਼ਾਮਲ ਸਨ। ਵਿਭਾਗ ਨੇ ਖਪਤਕਾਰਾਂ 'ਤੇ 1.59 ਲੱਖ ਰੁਪਏ ਦਾ ਜੁਰਮਾਨਾ ਲਗਾਇਆ। ਉਨ੍ਹਾ ਦੱਸਿਆ ਕਿ ਇਸ ਦੌਰਾਨ ਨਕੋਦਰ ਨੇੜਲੇ ਪਿੰਡਾਂ ਜਿਨ੍ਹਾਂ ਵਿੱਚ ਬਿਟਲਾਣ, ਰਾਏਪੁਰ ਅਰਾਈਆਂ, ਝੁੱਗੀਆਂ, ਛੋਲੇ ਆਦਿ ਸ਼ਾਮਲ ਹਨ, ਵਿੱਚ ਚੈਕਿੰਗ ਦੌਰਾਨ ਟੀਮਾਂ ਨੇ 20 ਦੇ ਕਰੀਬ ਖਪਤਕਾਰਾਂ ਨੂੰ ਬਿਜਲੀ ਚੋਰੀ ਕਰਦੇ ਹੋਏ ਫੜਿਆ। ਟੀਮਾਂ ਨੇ ਘਰਾਂ ਵਿੱਚ ਇੱਕ ਗੈਰ-ਕਾਨੂੰਨੀ ਟਿਊਬਵੈੱਲ ਕੁਨੈਕਸ਼ਨ ਅਤੇ 19 'ਕੁੰਡੀ' ਕੁਨੈਕਸ਼ਨ ਫੜੇ। ਇਸ ਤਹਿਤ ਵਿਭਾਗ ਨੇ 20 ਖਪਤਕਾਰਾਂ 'ਤੇ ਕੁੱਲ 7.34 ਲੱਖ ਦਾ ਜੁਰਮਾਨਾ ਲਗਾਇਆ। ਉਨ੍ਹਾ ਖੁਲਾਸਾ ਕੀਤਾ ਕਿ ਟੀਮਾਂ ਨੂੰ ਚਾਰ ਬਿਜਲੀ ਮੀਟਰ ਵੀ ਮਿਲੇ ਹਨ, ਜਿਨ੍ਹਾਂ ਨਾਲ ਛੇੜਛਾੜ ਕੀਤੇ ਜਾਣ ਦਾ ਸ਼ੱਕ ਹੈ। ਟੀਮਾਂ ਵੱਲੋਂ ਇਹ ਮੀਟਰ ਜ਼ਬਤ ਕੀਤੇ ਗਏ। ਐਸ ਈ ਨੇ ਸਪੱਸ਼ਟ ਕੀਤਾ ਕਿ ਵਿਭਾਗ ਵੱਲੋਂ ਬਿਜਲੀ ਚੋਰੀ ਕਰਨ ਵਾਲਿਆਂ ਨੂੰ ਫੜਨ ਦੀ ਮੁਹਿੰਮ ਅੱਗੇ ਵੀ ਜਾਰੀ ਰੱਖੀ ਜਾਵੇਗੀ।

# ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਦਾ ਸੱਦਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨ ਲਈ ਨਿਰੰਤਰ ਉਪਰਾਲੇ ਸਫਲਤਾਪੂਰਵਕ ਉਪਰਾਲੇ ਕੀਤੇ ਜਾ ਰਹੇ ਹਨ, ਪ੍ਰੰਤੂ ਇਸ ਵਿੱਚ ਨੌਜਵਾਨਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ। ਪਿੰਡਾਂ ਵਿੱਚ ਯੂਥ ਕਲੱਬ ਬਣਾ ਕੇ ਖੇਡ ਮੁਕਾਬਲੇ ਅਤੇ ਖੂਨਦਾਨ ਕੈਂਪ ਲਗਾਉਣ ਲਈ ਨੌਜਵਾਨ ਜਾਗਰੂਕ ਹੋਣ ਅਤੇ ਹਰ ਨੌਜਵਾਨਾਂ ਦਾ ਰੁਖ ਖੇਡ ਮੈਦਾਨ ਵੱਲ ਹੋਵੇ, ਸਾਡੀ ਸਰਕਾਰ ਇਨ੍ਹਾਂ ਕਲੱਬਾਂ, ਸੰਸਥਾਵਾਂ, ਸੰਗਠਨਾਂ ਨੂੰ ਹਰ ਤਰ੍ਹਾਂ ਦੀ ਮਾਲੀ ਮਦਦ ਅਤੇ ਖੇਡਾਂ ਲਈ ਢੁਕਵਾਂ ਵਾਤਾਵਰਣ, ਖੇਡ ਮੈਦਾਨ ਉਪਲਬਧ ਕਰਵਾਉਣ ਲਈ ਪੂਰੀ ਤਰਾਂ ਬਚਨਬੱਧ ਹੈ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਬੀਤੀ ਸ਼ਾਮ ਆਪਣੇ ਵਿਧਾਨ ਸਭਾ ਹਲਕੇ ਦੇ ਦੌਰੇ ਦੌਰਾਨ ਐਸ.ਜੀ.ਐਸ ਖਾਲਸਾ ਸੀਨੀ.ਸੈਕੰ.ਸਕੂਲ ਵਿੱਚ ਆਯੋਜਿਤ ਤੀਜਾ ਫੁੱਟਬਾਲ ਟੂਰਨਾਮੈਂਟ ਮੌਕੇ ਖਿਡਾਰੀਆਂ, ਖੇਡ ਪ੍ਰੇਮੀਆਂ ਤੇ ਪਤਵੰਤਿਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਸ੍ਰੀ ਅਨੰਦਪੁਰ ਸਾਹਿਬ ਫੁੱਟਬਾਲ ਕਲੱਬ ਵੱਲੋਂ 22 ਤੋਂ 25 ਜੂਨ ਤੱਕ ਇਹ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਫੁੱਟਬਾਲ ਖਿਡਾਰੀਆਂ ਨੇ ਭਾਗ ਲਿਆ। ਕੈਬਨਿਟ ਮੰਤਰੀ ਵੱਲੋਂ ਕਲੱਬ ਨੂੰ 50 ਹਜ਼ਾਰ ਰੁਪਏ ਦੀ ਮਾਲੀ ਮਦਦ ਦੇਣ ਦਾ ਐਲਾਨ ਕੀਤਾ ਗਿਆ ਅਤੇ ਭਵਿੱਖ ਵਿੱਚ ਕਲੱਬ ਦੀ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਹਰਜੋਤ ਬੈਂਸ ਨੇ ਕਿਹਾ ਕਿ ਸਰਕਾਰ, ਪ੍ਰਸ਼ਾਸਨ ਅਤੇ ਪੁਲਸ ਵੱਲੋਂ ਨਸ਼ੇ ਨੂੰ ਖਤਮ ਕਰਨ ਦੀ ਮੁਹਿੰਮ ਜਾਰੀ ਹੈ, ਇਸ ਵਿੱਚ ਨੌਜਵਾਨਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਜਿਹੜੇ ਨੌਜਵਾਨ ਕਿਸੇ ਕਾਰਨ ਨਸ਼ੇ ਦੀ ਪਕੜ ਵਿਚ ਆ ਗਏ ਹਨ ਉਨ੍ਹਾਂ ਨੂੰ ਹਮਦਰਦੀ ਅਤੇ ਮੇਲਜੋਲ ਨਾਲ ਮੁੜ ਲੀਹ 'ਤੇ ਲਿਆਉਣਾ ਹੈ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਪਿੰਡਾਂ ਤੇ ਸ਼ਹਿਰਾਂ ਵਿਚ ਕਲੱਬ ਬਣਾਉਣੇ ਚਾਹੀਦੇ ਹਨ, ਅਜਿਹੇ ਕਲੱਬ ਖੂਨਦਾਨ ਕੈਂਪ ਲਗਾਉਣ, ਟੂਰਨਾਮੈਂਟ ਕਰਵਾਉਣ, ਸਰਕਾਰ ਉਨ੍ਹਾਂ ਦੀ ਪੂਰੀ ਮਦਦ ਕਰੇਗੀ। ਕੈਬਨਿਟ ਮੰਤਰੀ ਨੇ ਤੀਜਾ ਖੇਡ ਮੁਕਾਬਲਾ ਕਰਵਾਉਣ ਲਈ ਸੰਸਥਾ ਦੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨੇ ਸਸਕੌਰ ਤੇ ਨੰਗਲ ਦੇ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਤੇ ਫੁੱਟਬਾਲ ਮੈਚ ਦਾ ਅਨੰਦ ਮਾਣਿਆ। ਕਲੱਬ ਵੱਲੋਂ ਕੈਬਨਿਟ ਮੰਤਰੀ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਕਲੱਬ ਮੈਂਬਰ ਪ੍ਰਧਾਨ ਰਾਜਨਦੀਪ ਸਿੰਘ, ਕਮਲਜੀਤ ਸਿੰਘ, ਗੁਰਪਵਿੱਤਰਾ ਸਿੰਘ, ਐਨ ਸੀ ਸੀ ਅਫਸਰ ਰਣਜੀਤ ਸਿੰਘ, ਰਾਜ ਪਵਿੱਤਰਾ ਸਿੰਘ, ਰਮਨਦੀਪ ਸਿੰਘ, ਡਾ.ਸੰਜੀਵ ਗੌਤਮ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਵੀਰ ਸਿੰਘ ਵਪਾਰ ਮੰਡਲ ਪ੍ਰਧਾਨ, ਜਗਜੀਤ ਸਿੰਘ ਜੱਗੀ, ਸੰਮੀ ਬਰਾਰੀ, ਜੱਗਾ ਕਲੇਰ, ਨੀਰਜ ਸ਼ਰਮਾ, ਨਿਤਿਨ ਬਾਸੋਵਾਲ ਹਾਜ਼ਰ ਸਨ।

## ਸੇਂਟ ਸੋਲਜਰ ਦੇ ਪਾੜ੍ਹਿਆਂ ਨੇ ਬਾਲ ਮਜ਼ਦੂਰੀ ਵਿਰੁੱਧ ਕੀਤਾ ਜਾਗਰੂਕ

**ਜਲੰਧਰ ( ਇਕਬਾਲ ਸਿੰਘ ਉਭੀ )**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਿਖੇ ਬਾਲ ਮਜ਼ਦੂਰ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਬਾਲ ਮਜ਼ਦੂਰੀ ਵਿਰੁੱਧ ਅਵਾਜ਼ ਚੁੱਕਣ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਬਗ਼ੀਚੀ 'ਚ ਫੁੱਲ-ਬੂਟਿਆਂ ਨੂੰ ਪਾਣੀ ਦੇ ਕੇ ਤੇ ਝਾੜੂ ਲਗਾ ਕੇ ਬਾਲ ਮਜ਼ਦੂਰਾਂ ਦੀ ਸਥਿਤੀ ਤੋਂ ਜਾਣੂ ਕਰਵਾਇਆ। ਇਸ ਮੌਕੇ ਸਕੂਲ ਡਾਇਰੈਕਟਰ ਉਰਮਿਲ ਸੂਦ ਨੇ ਵਿਦਿਆਰਥੀਆਂ ਨੂੰ ਬਾਲ ਮਜ਼ਦੂਰੀ ਵਿਰੁੱਧ ਵਿਸ਼ਵ ਭਰ ਮਨਾਏ ਜਾਣ ਵਾਲੇ ਇਸ ਦਿਵਸ ਦੇ ਮਹੱਤਵ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਭਾਰਤ ਸਮੇਤ ਸਾਰੇ ਦੇਸ਼ਾਂ 'ਚ ਬਾਲ ਮਜ਼ਦੂਰੀ ਗ਼ੈਰ-ਕਾਨੂੰਨੀ ਹੈ। ਬਾਲ ਮਜ਼ਦੂਰੀ ਸਾਡੇ ਸਮਾਜ ਲਈ ਕਲੰਕ ਬਣ ਚੁੱਕਾ ਹੈ। ਬਾਲ ਮਜ਼ਦੂਰੀ ਸਮੇਂ ਦੇ ਨਾਲ-ਨਾਲ ਬਹੁਤ ਉਗਰ ਰੂਪ ਲੈਂਦੀ ਜਾ ਰਹੀ ਹੈ। ਉਨ੍ਹਾਂ ਕੋਵਿਡ-19 ਦੌਰਾਨ ਸਿੱਖਿਆ ਤੋਂ ਵਾਂਝੇ ਹੋਏ ਬਾਲ ਮਜ਼ਦੂਰ ਵਿਦਿਆਰਥੀਆਂ ਨੂੰ ਨਾਲ ਜੋੜਨ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਸ ਸਮੱਸਿਆ ਨੂੰ ਸਮਾਂ ਰਹਿੰਦੇ ਜੜ੍ਹ ਤੋਂ ਨਾ ਮਿਟਾਇਆ ਗਿਆ ਤਾਂ ਇਸ ਨਾਲ ਪੂਰੇ ਦੇਸ਼ ਦਾ ਭਵਿੱਖ ਸੰਕਟ 'ਚ ਆ ਸਕਦਾ ਹੈ।

# ਪੈਨਸ਼ਨਰਾਂ 'ਤੇ ਲਗਾਏ ਵਿਕਾਸ ਟੈਕਸ ਦੇ ਪੱਤਰ ਦੀਆਂ ਕਾਪੀਆਂ ਸਾੜ ਕੇ ਕੀਤਾ ਪੰਜਾਬ ਸਰਕਾਰ ਦੇ ਫੈਸਲੇ ਦਾ ਵਿਰੋਧ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਪੰਜਾਬ ਵੱਲੋਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ ਲਗਾਏ ਵਿਕਾਸ ਟੈਕਸ ਦਾ ਵਿਰੋਧ ਕਰਨ ਅਤੇ ਪੱਤਰ ਤੁਰੰਤ ਵਾਪਸ ਲੈਣ ਦੀ ਮੰਗ ਕਰਦੇ ਹੋਏ 24, 25ਜੂਨ ਨੂੰ ਪੰਜਾਬ ਭਰ ਵਿੱਚ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਸਾਹਮਣੇ ਪੱਤਰ ਸਾੜਨ ਦੇ ਦਿੱਤੇ ਸੱਦੇ ਦੇ ਅਨੁਸਾਰ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਫਗਵਾੜਾ ਦੇ ਪੈਨਸ਼ਨਰਾਂ ਵੱਲੋਂ ਜਸਵਿੰਦਰ ਸਿੰਘ, ਮੋਹਣ ਸਿੰਘ ਭੱਟੀ, ਹੰਸ ਰਾਜ ਬੰਗੜ ਦੀ ਅਗਵਾਈ ਵਿੱਚ ਟਾਊਨ ਹਾਲ ਫਗਵਾੜਾ ਦੇ ਸਾਹਮਣੇ ਪਾਰਕ ਵਿੱਚ ਇਕੱਠੇ ਹੋ ਕੇ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਵਿਰੋਧ ਪ੍ਰਦਰਸ਼ਨ ਕੀਤਾ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਵਿਕਾਸ ਟੈਕਸ ਲਾਉਣ ਲਈ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਸਾੜ ਕੇ ਪੱਤਰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ। ਇਸ ਸਮੇਂ ਸੰਬੋਧਨ ਕਰਦੇ ਹੋਏ ਨਿਰਮੋਲਕ ਸਿੰਘ ਹੀਰਾ, ਗੁਰਮੁੱਖ ਲੋਕਪ੍ਰੇਮੀ, ਰਾਮ ਲੁਭਾਇਆ ਰਿਹਾਣਾ ਜੱਟਾਂ, ਤਰਸੇਮ ਲਾਲ ਅਹੀਰ, ਸੁਖਦੇਵ ਸਿੰਘ ਮਾਹੀ, ਮੋਹਣ ਸਿੰਘ ਭੱਟੀ, ਜਸਵਿੰਦਰ ਸਿੰਘ, ਪ੍ਰਮੋਦ ਕੁਮਾਰ ਜੋਸ਼ੀ, ਹਰਭਜਨ ਲਾਲ, ਤਰਲੋਕ ਸਿੰਘ, ਪਰਮਿੰਦਰ ਪਾਲ ਸਿੰਘ ਅਤੇ ਕੁਲਦੀਪ ਸਿੰਘ ਕੌੜਾ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਮੁਲਾਜ਼ਮਾਂ 'ਤੇ ਲਗਾਇਆ ਗਿਆ ਵਿਕਾਸ ਟੈਕਸ ਤੁਰੰਤ ਰੱਦ ਕੀਤਾ ਜਾਵੇਗਾ ਪ੍ਰੰਤੂ ਹੁਣ ਚੋਣ ਵਾਅਦੇ ਤੋਂ ਪਿੱਛੇ ਹਟਦੇ ਹੋਏ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ 200 ਰੁਪਏ ਮਹੀਨਾ ਜਬਰੀ ਜਜ਼ੀਆ ਟੈਕਸ ਲਗਾਉਣਾ, ਪੈਨਸ਼ਨਰਾਂ ਦੇ ਪੈਨਸ਼ਨ ਰੀਵਾਈਜ਼ ਦੇ 66 ਮਹੀਨਿਆਂ ਦੇ ਬਕਾਏ ਦੇਣ ਅਤੇ ਪੇ ਕਮਿਸ਼ਨ ਦੁਆਰਾ ਦਿੱਤੇ ਲਾਭ ਤੁਰੰਤ ਜਾਰੀ ਕਰਨ ਦੀ ਬਜਾਏ, ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਰਿਸਦੇ ਜ਼ਖ਼ਮਾਂ 'ਤੇ ਲੂਣ ਭੁੱਕਣ ਦੇ ਬਰਾਬਰ ਹੈ। ਸਾਂਝਾ ਫਰੰਟ ਫਗਵਾੜਾ ਦੇ ਆਗੂਆਂ ਨੇ ਪੰਜਾਬ ਸਰਕਾਰ ਦੇ ਇਸ ਅਤਿ ਘਟੀਆ ਵਰਤਾਰੇ ਦੀ ਸਖਤ ਸ਼ਬਦਾਂ ਵਿੱਚ ਤਿੱਖੀ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਪੈਨਸ਼ਨਰਾਂ 'ਤੇ ਲਗਾਏ ਵਿਕਾਸ ਟੈਕਸ ਦਾ ਪੱਤਰ ਤੁਰੰਤ ਵਾਪਸ ਨਾ ਲਿਆ ਤਾਂ ਸਮੂਹ ਪੈਨਸ਼ਨਰ ਤਿੱਖਾ ਸੰਘਰਸ਼ ਕਰਨ ਲਈ ਸੜਕਾਂ 'ਤੇ ਆਉਣ ਲਈ ਮਜਬੂਰ ਹੋਣਗੇ ਅਤੇ ਪੰਜਾਬ ਸਰਕਾਰ ਦਾ ਹਰ ਪੱਧਰ ਤੇ ਵਿਰੋਧ ਕਰਨਗੇ। ਲਟਕਦੀਆਂ ਮੰਗਾਂ ਦਾ ਜ਼ਿਕਰ ਕਰਦੇ ਹੋਏ ਆਗੂਆਂ ਕਿਹਾ ਕਿ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣ,01/01/2016 ਤੋਂ 30/60/2021 ਤੱਕ ਦੇ 66 ਮਹੀਨਿਆਂ ਦੇ ਬਕਾਏ ਦੇਣ,01/01/2016 ਤੋਂ ਸੇਵਾ ਮੁਕਤ ਮੁਲਾਜ਼ਮਾਂ ਨੂੰ ਛੇਵੇਂ ਪੇਅ ਕਮਿਸ਼ਨ ਅਨੁਸਾਰ ਸੋਧੀ ਬੇਸਿਕ ਪੇਅ ਅਨੁਸਾਰ ਕਮਾਈ ਛੁੱਟੀ ਦਾ ਬਣਦਾ ਲਾਭ ਦੇਣ, ਡੀ.ਏ.ਦੀਆਂ ਰਹਿੰਦੀਆਂ ਦੋ ਕਿਸ਼ਤਾਂ ਤੁਰੰਤ ਦੇਣ ਅਤੇ ਡੀ.ਏ.ਦੇ ਰਹਿੰਦੇ ਬਕਾਏ ਦੇਣ, ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਦੇਣ, ਬੰਦ ਹੋਈ ਕੈਸ਼ਲੈੱਸ ਹੈੱਲਥ ਸਕੀਮ ਨੂੰ ਸੋਧ ਕੇ ਤੁਰੰਤ ਲਾਗੂ ਕਰਨ, ਕੀਤੇ ਚੋਣ ਵਾਅਦੇ ਅਨੁਸਾਰ 2004 ਤੋਂ ਨਿਯੁਕਤ ਮੁਲਾਜ਼ਮਾਂ ਤੇ 1972 ਦੇ ਨਿਯਮਾਂ ਅਨੁਸਾਰ ਤੁਰੰਤ ਪੁਰਾਣੀ ਪੈਨਸ਼ਨ ਬਹਾਲ ਕਰਕੇ ਮੁਲਾਜ਼ਮਾਂ ਦੇ ਬੁਢਾਪੇ ਦੀ ਡੰਗੋਰੀ ਨੂੰ ਸੁਰੱਖਿਅਤ ਕਰਨ ਦੇ ਪੱਤਰ ਤੁਰੰਤ ਜਾਰੀ ਕਰਕੇ ਪੈਨਸ਼ਨਰਾਂ ਨੂੰ ਤੁਰੰਤ ਰਾਹਤ ਦਿੱਤੀ ਜਾਵੇ। ਅਗਲੇ ਸੰਘਰਸ਼ ਦਾ ਐਲਾਨ 2 ਜੁਲਾਈ ਨੂੰ ਪੰਜਾਬ-ਯੂ.ਟੀ.ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਹੋ ਰਹੀ ਸੂਬਾਈ ਮੀਟਿੰਗ ਵਿੱਚ ਕੀਤਾ ਜਾਵੇਗਾ। ਅਖੀਰ 'ਚ ਹਲਕਾ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਰਿਹਾਇਸ਼ 'ਤੇ ਪੁੱਜ ਕੇ ਬੇਟੇ ਕਮਲ ਧਾਲੀਵਾਲ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਵੀ ਸੌਂਪਿਆ । ਇਸ ਸਮੇਂ ਹੋਰਨਾਂ ਤੋਂ ਇਲਾਵਾ ਸੀਤਲ ਰਾਮ ਬੰਗਾ, ਰਤਨ ਸਿੰਘ, ਗੁਰਵਿੰਦਰ ਸਿੰਘ ਭੋਗਲ, ਸਤਪਾਲ ਸਿੰਘ, ਬਲਵੀਰ ਚੰਦ, ਕਰਨੈਲ ਸਿੰਘ, ਲਛਮਣ ਦਾਸ, ਗਿਆਨ ਚੰਦ ਰੱਤੂ, ਗਿਆਨ ਚੰਦ ਬਰਨਾ, ਹਰਦੇਵ ਸਿੰਘ, ਗੁਰਮੇਲ ਚੰਦ, ਰੌਸ਼ਨ ਲਾਲ, ਮਨਿੰਦਰ ਕੁਮਾਰ ਸ਼ਰਮਾ, ਬਰਿੰਦਰ ਕੁਮਾਰ ਬਰਮਾ, ਅਮਰਜੀਤ ਕੁਮਾਰ, ਅਮਨ ਸੋਨੀ, ਪ੍ਰਿੰਸੀਪਲ ਮੋਹਣ ਲਾਲ ਅਨੋਖਰਵਾਲ, ਯੋਗ ਰਾਜ, ਗੁਰਵਿੰਦਰ ਸਿੰਘ ਭੋਗਲ, ਨਿੰਦਰ ਸਿੰਘ, ਗੁਲਸ਼ਨ ਕੁਮਾਰ, ਮਹਿੰਦਰ ਪਾਲ, ਸੁਰਿੰਦਰ ਪਾਲ ਸਿੰਘ, ਪ੍ਰੇਮ ਖਲਵਾੜਾ, ਸਾਧੂ ਰਾਮ ਜੱਖੂ, ਸੋਹਣ ਸਿੰਘ ਭਿੰਡਰ ਆਦਿ ਸਾਥੀ ਹਾਜ਼ਰ ਹੋਏ।




## ਕਾਮਰੇਡ ਪ੍ਰੀਤਮ ਸਿੰਘ ਦੇ ਪੁੱਤਰ ਦਾ ਦੇਹਾਂਤ, ਮਜ਼ਦੂਰ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



**ਸ਼ਾਹਕੋਟ (ਗਿਆਨ ਸੈਦਪੁਰੀ)**- ਮਜ਼ਦੂਰ ਵਰਗ ਅੰਦਰ ਇਹ ਖਬਰ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਪ੍ਰੀਤਮ ਸਿੰਘ ਨਿਆਮਤ ਪੁਰ ਦੇ ਜਵਾਨ ਪੁੱਤਰ ਦਵਿੰਦਰ ਸਿੰਘ ਦੀ ਮੌਤ ਹੋ ਗਈ। ਇਸ ਮੌਕੇ ਵੱਖ ਵੱਖ ਆਗੂਆਂ ਨੇ ਕਾਮਰੇਡ ਨਿਆਮਤਪੁਰ ਅਤੇ ਸਮੁੱਚੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਪ੍ਰੀਤਮ ਸਿੰਘ ਨਿਆਮਤ ਪੁਰ ਨੇ ਪੰਜਾਬ ਖੇਤ ਮਜ਼ਦੂਰ ਸਭਾ ਵਿੱਚ ਵੱਡੀਆਂ ਜ਼ੁੰਮੇਵਾਰੀਆਂ ਨਿਭਾਈਆਂ ਹਨ। ਉਹ ਸਭਾ ਦੀ ਹਰ ਸਰਗਰਮੀ ਵਿੱਚ ਸਰਗਰਮ ਹਿੱਸੇ ਲੈਂਦੇ ਹਨ। ਜਵਾਨ ਪੁੱਤਰ ਦਾ ਵਿਛੋੜਾ ਉਨ੍ਹਾਂ ਲਈ ਅਸਹਿ ਹੈ। ਦਵਿੰਦਰ ਸਿੰਘ ਦੀ ਦੁਖਦਾਈ ਮੌਤ ਦਾ ਪਰਵਾਰ ਦੇ ਨਾਲ ਨਾਲ ਪੰਜਾਬ ਖੇਤ ਮਜ਼ਦੂਰ ਸਭਾ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਹੈ। ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਨੇ ਦੁਖੀ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਦਵਿੰਦਰ ਸਿੰਘ ਬਹੁਤ ਸਿਆਣਾ ਸੀ ਤੇ ਸਭਾ ਦਾ ਉਹ ਹਮੇਸ਼ਾ ਸਹਿਯੋਗੀ ਰਿਹਾ ਹੈ। ਕੁਵੇਲੇ ਦੀ ਮੌਤ ਨੇ ਪਰਵਾਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਪੰਜਾਬ ਖੇਤ ਮਜ਼ਦੂਰ ਸਭਾ ਦੇ ਮੀਤ ਪ੍ਰਧਾਨ ਕਾਮਰੇਡ ਨਾਨਕ ਚੰਦ ਬਜਾਜ (ਲੰਬੀ) ਅਤੇ ਕਾਮਰੇਡ ਮੁਖਤਾਰ ਸਿੰਘ ਜਲਾਲਾਬਾਦ ਨੇ ਵੀ ਦੁਖੀ ਪਰਵਾਰ ਨਾਲ ਆਪਣੀਆਂ ਸੰਵੇਦਨਾਵਾਂ ਸਾਂਝੀਆਂ ਕੀਤੀਆਂ। ਪਰਵਾਰਕ ਸੂਤਰਾਂ ਮੁਤਾਬਕ ਦਵਿੰਦਰ ਸਿੰਘ ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਦੋ ਜੁਲਾਈ ਨੂੰ ਪਿੰਡ ਨਿਆਮਤ ਪੁਰ (ਸੰਗਰੂਰ) ਵਿਖੇ ਹੋਵੇਗੀ।